ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 43
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 13 February, 2026) ਸ਼ੁੱਕਰਵਾਰ , 13 ਫਰਵਰੀ, 2026, 2 ਫੱਗਣ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ 19 ਨੂੰ

ਅੰਮ੍ਰਿਤਸਰ, 12 ਫਰਵਰੀ (ਬਬਲੂ ਮਹਾਜਨ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 19 ਫਰਵਰੀ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਬੰਧੀ ਏਜੰਡਾ ਤੇ ਪੱਤਰ ਅੰਤ੍ਰਿੰਗ ਕਮੇਟੀ ਮੈਂਬਰਾਂ ਨੂੰ ਭੇਜ ਦਿੱਤਾ ਹੈ। ਇਹ ਮੀਟਿੰਗ ਹੰਗਾਮੀ ਹੋ ਸਕਦੀ ਹੈ, ਪਿਛਲੇ ਸਮੇਂ ਦੌਰਾਨ ਚੱਲ ਰਹੇ ਪੰਥਕ ਮਾਮਲਿਆਂ ਸਮੇਤ ਕਈ ਮਤੇ ਪਾਸ ਕੀਤੇ ਜਾ ਸਕਦੇ ਹਨ, ਪ੍ਰੋ. ਦਵਿੰਦਰਪਾਲ ਸਿੰਘ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਵੀ ਮਤਾ ਪਾਸ ਕੀਤਾ (ਬਾਕੀ ਸਫਾ 2 'ਤੇ)

## ਭਾਜਪਾ ਮੈਂਬਰ ਵੱਲੋਂ ਰਾਹੁਲ ਗਾਂਧੀ ਖ਼ਿਲਾਫ਼ ਟਿੱਪਣੀ ਤੋਂ ਬਾਅਦ ਹੰਗਾਮੇ ਕਾਰਨ ਸੰਸਦ ਦਿਨ ਭਰ ਲਈ ਮੁਲਤਵੀ



ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 12 ਫਰਵਰੀ : ਭਾਜਪਾ ਮੈਂਬਰ ਨਿਸ਼ੀਕਾਂਤ ਦੂਬੇ ਦੀ ਰਾਹੁਲ ਗਾਂਧੀ ਖ਼ਿਲਾਫ਼ ਟਿੱਪਣੀ ਤੋਂ ਬਾਅਦ ਵਿਰੋਧੀ ਧਿਰਾਂ ਨੇ ਹੰਗਾਮਾ ਕੀਤਾ ਜਿਸ ਕਾਰਨ ਲੋਕ ਸਭਾ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇੱਕ ਪੱਤਰ ਲਿਖ ਕੇ ਕਾਂਗਰਸ ਨੇਤਾ ਰਾਹੁਲ ਗਾਂਧੀ ਦੇ ਸੰਸਦ ਵਿੱਚ ਕੀਤੇ ਵਿਹਾਰ ਦੀ ਜਾਂਚ ਲਈ ਇੱਕ ਵਿਸ਼ੇਸ਼ ਕਮੇਟੀ ਬਣਾਉਣ ਦੀ ਮੰਗ ਕੀਤੀ ਹੈ। ਦੂਬੇ ਨੇ ਰਾਹੁਲ ਗਾਂਧੀ ਉੱਤੇ ਗੈਰ-ਇਖਲਾਕੀ ਵਿਹਾਰ ਦੇ ਦੋਸ਼ ਲਗਾਉਂਦਿਆਂ ਕਿਹਾ ਹੈ ਕਿ ਉਹ ਦੇਸ਼ ਨੂੰ ਅੰਦਰੋਂ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਰਾਹੁਲ ਗਾਂਧੀ ਨੇ ਸਾਬਕਾ ਫੌਜ ਮੁਖੀ ਜਨਰਲ ਮਨੋਜ ਮੁਕੰਦ ਨਰਵਣੇ ਦੀ ਇੱਕ ਅਣਪ੍ਰਕਾਸ਼ਿਤ ਕਿਤਾਬ ਦਾ ਗਲਤ ਹਵਾਲਾ ਦੇ ਕੇ ਭਾਰਤੀ ਫੌਜ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਹੈ ਅਤੇ ਇਸ ਵਿੱਚ ਪ੍ਰਧਾਨ ਮੰਤਰੀ ਦਾ ਨਾਮ ਵੀ ਘਸੀਟਿਆ ਗਿਆ ਹੈ। ਇਸ ਦੇ ਨਾਲ ਹੀ ਨਿਸ਼ੀਕਾਂਤ ਦੂਬੇ ਨੇ ਇਹ ਵੀ ਕਿਹਾ ਕਿ ਰਾਹੁਲ ਗਾਂਧੀ ਭਾਰਤ ਦੇ ਬੈਂਕਿੰਗ ਸਿਸਟਮ ਅਤੇ ਕਾਰਪੋਰੇਟ ਜਗਤ ਦੀ ਗਲਤ ਤਸਵੀਰ ਪੇਸ਼ ਕਰ ਰਹੇ ਹਨ ਅਤੇ ਉਹ ਜਾਰਜ ਸੋਰੋਸ ਤੇ ਫੋਰਡ ਫਾਊਂਡੇਸ਼ਨ ਵਰਗੀਆਂ ਵਿਦੇਸ਼ੀ ਸੰਸਥਾਵਾਂ ਦੇ ਪ੍ਰਭਾਵ ਹੇਠ ਕੰਮ ਕਰ ਰਹੇ ਹਨ। ਉਨ੍ਹਾਂ ਇਲਜ਼ਾਮ ਲਗਾਇਆ ਕਿ ਕਾਂਗਰਸੀ ਨੇਤਾ ਨੇ ਬਿਨਾਂ ਕਿਸੇ ਸਬੂਤ ਦੇ ਚੋਣ ਕਮਿਸ਼ਨ ਅਤੇ ਸੁਪਰੀਮ ਕੋਰਟ ਵਰਗੀਆਂ ਸੰਵਿਧਾਨਕ ਸੰਸਥਾਵਾਂ 'ਤੇ ਵੀ ਸਵਾਲ ਚੁੱਕੇ ਹਨ ਜੋ ਚਿੰਤਾਜਨਕ ਹੈ। ਦੂਬੇ ਨੇ ਸਪੀਕਰ ਨੂੰ (ਬਾਕੀ ਸਫਾ 2 'ਤੇ)

### ਮੁੱਖ ਮੰਤਰੀ ਵੱਲੋਂ ਪੁਲਿਸ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ

## ਮਾਨ ਵੱਲੋਂ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਨਜ਼ਰ ਰੱਖਣ ਦੇ ਨਿਰਦੇਸ਼



ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 12 ਫਰਵਰੀ:ਨਸ਼ਿਆਂ ਅਤੇ ਸੰਗਠਿਤ ਅਪਰਾਧ ਵਿਰੁੱਧ ਆਪਣਾ ਦ੍ਰਿੜ ਸਟੈਂਡ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਮੁੱਚੀ ਸੀਨੀਅਰ ਪੁਲਿਸ ਲੀਡਰਸ਼ਿਪ ਨੂੰ ਸੁਰੱਖਿਆ ਵਿਵਸਥਾ ਸਖਤੀ ਨਾਲ ਲਾਗੂ ਕਰਨ ਦੇ ਆਦੇਸ਼ ਦਿੰਦਿਆਂ ਕਿਹਾ ਕਿ ਸੂਬੇ ਭਰ ਵਿੱਚ ਅਮਨ ਕਾਨੂੰਨ ਵਿਵਸਥਾ ਯਕੀਨੀ ਬਣਾਇਆ ਜਾਵੇ। ਪੁਲਿਸ ਕਮਿਸ਼ਨਰਾਂ, ਇੰਸਪੈਕਟਰ ਜਨਰਲ (ਆਈਜੀ), ਡਿਪਟੀ ਇੰਸਪੈਕਟਰ ਜਨਰਲ (ਡੀਆਈਜੀ) ਅਤੇ ਸੀਨੀਅਰ ਸੁਪਰਡੈਂਟਸ ਆਫ਼ ਪੁਲਿਸ (ਐਸ.ਐਸ.ਪੀ.) ਨਾਲ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਪੰਜਾਬ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਹਨ ਅਤੇ ਨਸ਼ਿਆਂ ਦੇ ਖਤਰੇ ਅਤੇ ਗੈਂਗਸਟਰ ਨੈੱਟਵਰਕ ਨੂੰ ਜੜ੍ਹੋਂ ਖਤਮ ਕਰਨਾ ਚਾਹੀਦਾ ਹੈ।

ਸਮੁੱਚੇ ਤਾਲਮੇਲ, ਜਵਾਬਦੇਹੀ ਅਤੇ ਜ਼ਮੀਨੀ ਪੱਧਰ 'ਤੇ ਪ੍ਰਤੱਖ ਨਤੀਜਿਆਂ ਦੀ ਉਮੀਦ ਕਰਦਿਆਂ ਮੁੱਖ ਮੰਤਰੀ ਨੇ ਦੁਹਰਾਇਆ ਕਿ 'ਆਪ' ਸਰਕਾਰ ਆਮ ਨਾਗਰਿਕਾਂ ਦੀ ਸੁਰੱਖਿਆ ਅਤੇ ਰਾਖੀ ਲਈ ਦ੍ਰਿੜ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿੱਥੇ (ਬਾਕੀ ਸਫਾ 2 'ਤੇ)

## ਮੁੱਖ ਮੰਤਰੀ ਵੱਲੋਂ ਜਲੰਧਰ 'ਚ ਲੋਕ ਮਿਲਣੀ ਦੌਰਾਨ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ

ਚੜ੍ਹਦੀਕਲਾ ਬਿਊਰੋ
================

ਜਲੰਧਰ, 12 ਫਰਵਰੀ: ਆਮ ਲੋਕਾਂ ਨਾਲ ਸਿੱਧੇ ਰਾਬਤਾ ਕਾਇਮ ਕਰਨ ਸਬੰਧੀ ਆਪਣੀਆਂ ਸਰਗਰਮੀਆਂ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਆਪਣੇ ਨਿਵਾਸ ਸਥਾਨ 'ਤੇ ਲੋਕ ਮਿਲਣੀ ਪ੍ਰੋਗਰਾਮ ਰੱਖ ਕੇ ਇਥੋਂ ਦੇ ਨਾਗਰਿਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਪਹਿਲਕਦਮੀ ਨੂੰ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਹੱਲ ਕਰਨ ਲਈ ਸਭ ਤੋਂ ਪ੍ਰਭਾਵਸਾਲੀ ਜ਼ਰੀਆ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਕਲੌਤਾ ਸੂਬਾ ਹੈ ਜਿੱਥੇ ਸੂਬੇ ਦਾ ਮੁਖੀ ਲੋਕਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੇ ਮਸਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨਾ ਯਕੀਨੀ ਬਣਾਉਂਦਾ ਹੈ।

ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ 'ਆਪ' ਸਰਕਾਰ ਪੂਰੀ ਇਮਾਨਦਾਰੀ ਅਤੇ ਜਵਾਬਦੇਹੀ ਨਾਲ ਲੋਕਾਂ ਦੀ ਹਰ ਸਮੱਸਿਆ ਹੱਲ ਕਰਨ ਲਈ ਵਚਨਬੱਧ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਸਰਕਾਰ ਅਤੇ ਜਨਤਾ ਦਰਮਿਆਨ ਇੱਕ ਢਾਂਚਾਗਤ ਪੁਲ ਵਜੋਂ ਕੰਮ ਕਰਦਿਆਂ ਜਵਾਬਦੇਹ ਅਤੇ ਪਾਰਦਰਸ਼ੀ ਸ਼ਾਸਨ ਨੂੰ ਯਕੀਨੀ ਬਣਾਉਂਦਾ ਹੈ, ਜਿਸਨੂੰ ਅੱਗੇ ਵੀ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ। (ਬਾਕੀ ਸਫਾ 2 'ਤੇ)

## ਦੇਸ਼ ਵਿੱਚ ਜਨਵਰੀ ਮਹੀਨੇ ਦੌਰਾਨ ਪ੍ਰਚੂਨ ਮਹਿੰਗਾਈ ਦਰ 2.75 ਫ਼ੀਸਦੀ ਰਹੀ

ਨਵੀਂ ਦਿੱਲੀ, 12 ਫਰਵਰੀ (ਚ.ਨ.ਸ.):ਇਸ ਵਾਰ ਦੇਸ਼ ਵਿੱਚ ਮਹਿੰਗਾਈ ਨੂੰ ਮਾਪਣ ਦਾ ਨਵਾਂ ਪੈਮਾਨਾ ਲਾਗੂ ਕੀਤਾ ਗਿਆ ਹੈ। ਨੈਸ਼ਨਲ ਸਟੈਟਿਸਟਿਕਸ ਆਫਿਸ ਵੱਲੋਂ ਅੱਜ ਜਾਰੀ ਕੀਤੇ ਗਏ ਨਵੇਂ ਅੰਕੜਿਆਂ ਮੁਤਾਬਕ ਜਨਵਰੀ ਮਹੀਨੇ ਵਿੱਚ ਪ੍ਰਚੂਨ ਮਹਿੰਗਾਈ ਦਰ 2.75 ਫੀਸਦੀ ਦਰਜ ਕੀਤੀ ਗਈ ਹੈ। ਇਹ ਨਵੀਂ ਗਣਨਾ 2024 ਨੂੰ ਆਧਾਰ ਸਾਲ ਮੰਨ ਕੇ ਕੀਤੀ ਗਈ ਹੈ। ਇਸ ਵਾਰ ਸਰਕਾਰ ਨੇ ਮਹਿੰਗਾਈ ਨੂੰ ਮਾਪਣ ਲਈ ਵਸਤੂਆਂ ਦੀ ਗਿਣਤੀ 259 ਤੋਂ ਵਧਾ ਕੇ 308 ਕਰ ਦਿੱਤੀ ਹੈ ਅਤੇ ਸੇਵਾਵਾਂ ਨੂੰ ਵੀ 40 ਤੋਂ ਵਧਾ ਕੇ 50 ਕਰ ਦਿੱਤਾ ਹੈ ਤਾਂ ਕਿ ਦੇਸ਼ ਵਿੱਚ ਕੀਮਤਾਂ ਦੀ ਅਸਲ ਸਥਿਤੀ ਦਾ ਬਿਹਤਰ ਢੰਗ ਨਾਲ ਪਤਾ ਲੱਗ ਸਕੇ। ਖਾਸ ਗੱਲ ਇਹ ਹੈ ਕਿ ਜਨਵਰੀ ਮਹੀਨੇ ਲਈ ਖਾਣ-ਪੀਣ ਵਾਲੀਆਂ ਚੀਜ਼ਾਂ ਦੀ ਮਹਿੰਗਾਈ (ਬਾਕੀ ਸਫਾ 2 'ਤੇ)

## ਦਿੱਲੀ ਸਰਕਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਨੂੰ ਹਮਦਰਦੀ ਨਾਲ ਵਿਚਾਰੇ: ਗਿ. ਗੜਗੱਜ




ਬਬਲੂ ਮਹਾਜਨ
================

ਅੰਮਿਤਸਰ 12 ਫਰਵਰੀ : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਭਾਜਪਾ ਸਰਕਾਰ ਵੱਲੋਂ ਬੰਦੀ ਸਿੰਘ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਪਟੀਸ਼ਨ ਨੂੰ ਅਸਵੀਕਾਰ ਕਰਨ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਕੈਬਨਿਟ ਮੰਤਰੀ ਸ. ਮਨਜਿੰਦਰ ਸਿੰਘ ਸਿਰਸਾ ਅਤੇ ਹੋਰ ਮੰਤਰੀ ਉਨ੍ਹਾਂ ਨੂੰ ਮਿਲਣ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਏ ਸਨ ਤਾਂ ਉਨ੍ਹਾਂ ਨੇ ਉਸ ਵੇਲੇ ਮੁੱਖ ਮੰਤਰੀ ਨੂੰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਕਰਵਾਉਣ (ਬਾਕੀ ਸਫਾ 2 'ਤੇ)

## ਐੱਸ.ਐੱਸ.ਪੀ. ਫ਼ਾਜ਼ਿਲਕਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਪੇਸ਼

ਅੰਮ੍ਰਿਤਸਰ, 12 ਫਰਵਰੀ (ਬਬਲੂ ਮਹਾਜਨ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪਰਿਕਰਮਾ ਵਿਚੋਂ ਮੁਲਜ਼ਮਾਂ ਦੀ ਪੁਲਿਸ ਵੱਲੋਂ ਗ੍ਰਿਫ਼ਤਾਰੀ ਨੂੰ ਲੈ ਕੇ ਪੈਦਾ ਹੋਏ ਵਿਵਾਦ ਤੋਂ ਬਾਅਦ ਮਾਮਲਾ ਵਧਦਾ ਜਾ ਰਿਹਾ ਹੈ। ਵੀਰਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖੇ ਫਾਜ਼ਿਲਕਾ ਦੇ ਐਸਐਸਪੀ ਗੁਰਮੀਤ ਸਿੰਘ ਪਹੁੰਚੇ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ (ਬਾਕੀ ਸਫਾ 2 'ਤੇ)

## ਬਠਿੰਡਾ ਅਦਾਲਤ ਵੱਲੋਂ ਜਬਰ-ਜਨਾਹ ਮਾਮਲੇ 'ਚ ਏ.ਐਸ.ਆਈ. ਨੂੰ ਉਮਰ ਕੈਦ

ਬਠਿੰਡਾ, 12 ਫਰਵਰੀ (ਚ.ਨ.ਸ.): ਬਠਿੰਡਾ ਦੀ ਅਦਾਲਤ ਵੱਲੋਂ ਚਾਰ ਸਾਲ ਪੁਰਾਣੇ ਇੱਕ ਜਬਰ-ਜਨਾਹ ਦੇ ਮਾਮਲੇ ਵਿੱਚ ਵੱਡਾ ਫੈਸਲਾ ਸੁਣਾਇਆ ਗਿਆ ਹੈ। ਅਦਾਲਤ ਨੇ ਬਠਿੰਡਾ ਜ਼ਿਲ੍ਹੇ ਦੇ ਇੱਕ ਪਿੰਡ ਦੀ ਮਹਿਲਾ ਨਾਲ ਜਬਰ-ਜਨਾਹ ਕਰਨ ਦੇ ਇਲਜ਼ਾਮ ਹੇਠ ਉਸ ਸਮੇਂ ਦੇ ਸੀ.ਆਈ.ਏ. ਸਟਾਫ ਦੇ ਏ.ਐੱਸ.ਆਈ. ਗੁਰਵਿੰਦਰ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਇਹ ਮਾਮਲਾ ਸਾਲ 2021 ਦਾ ਹੈ ਜੋ ਬਠਿੰਡਾ (ਬਾਕੀ ਸਫਾ 2 'ਤੇ)

## ਅਮਰੀਕਾ-ਭਾਰਤ ਸਮਝੌਤਾ 'ਇਤਿਹਾਸਕ': ਟਰੰਪ

ਚੜ੍ਹਦੀਕਲਾ ਬਿਊਰੋ
================

ਵਾਸ਼ਿੰਗਟਨ, 12 ਫਰਵਰੀ :ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਨਾਲ ਹੋਏ ਤਾਜ਼ਾ ਵਪਾਰਕ ਸਮਝੌਤੇ ਨੂੰ 'ਇਤਿਹਾਸਕ' ਕਰਾਰ ਦਿੱਤਾ ਹੈ। 'ਚੈਂਪੀਅਨ ਆਫ਼ ਕੋਲ' ਪ੍ਰੋਗਰਾਮ ਦੌਰਾਨ ਬੋਲਦਿਆਂ ਟਰੰਪ ਨੇ ਐਲਾਨ ਕੀਤਾ ਕਿ ਇਸ ਡੀਲ ਤਹਿਤ ਅਮਰੀਕਾ ਤੋਂ ਭਾਰਤ ਨੂੰ ਕੋਲੇ ਦੀ ਬਰਾਮਦ ਵਿੱਚ ਭਾਰੀ ਵਾਧਾ ਕੀਤਾ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਅਮਰੀਕੀ ਕੋਲਾ ਦੁਨੀਆਂ ਵਿੱਚ ਸਭ ਤੋਂ ਉੱਤਮ ਹੈ ਅਤੇ ਹੁਣ ਭਾਰਤ ਵਰਗੇ ਵੱਡੇ ਬਾਜ਼ਾਰ ਇਸ ਦੀ ਵਰਤੋਂ ਕਰਨਗੇ। ਇਸ ਸਮਝੌਤੇ ਦੇ ਫਰੇਮਵਰਕ ਮੁਤਾਬਕ, ਭਾਰਤ ਅਗਲੇ ਪੰਜ ਸਾਲਾਂ ਵਿੱਚ ਅਮਰੀਕਾ ਤੋਂ 500 ਅਰਬ ਡਾਲਰ ਦੇ ਊਰਜਾ ਉਤਪਾਦ, ਹਵਾਈ ਜਹਾਜ਼, ਕੀਮਤੀ ਧਾਤਾਂ ਅਤੇ ਤਕਨਾਲੋਜੀ ਦਾ ਸਮਾਨ ਖਰੀਦਣ ਦੀ ਤਿਆਰੀ ਵਿੱਚ ਹੈ। ਇਸ ਅੰਤਰਿਮ ਸਮਝੌਤੇ ਤਹਿਤ ਭਾਰਤ ਅਮਰੀਕੀ ਉਦਯੋਗਿਕ ਵਸਤੂਆਂ ਅਤੇ ਖੇਤੀਬਾੜੀ ਉਤਪਾਦਾਂ 'ਤੇ ਲੱਗਣ ਵਾਲੀਆਂ ਦਰਾਮਦ ਡਿਊਟੀਆਂ ਨੂੰ ਜਾਂ ਤਾਂ ਖ਼ਤਮ ਕਰ ਦੇਵੇਗਾ ਜਾਂ ਕਾਫ਼ੀ ਹੱਦ ਤੱਕ ਘਟਾ ਦੇਵੇਗਾ। ਦੋਵਾਂ ਦੇਸ਼ਾਂ ਦੇ ਸਾਂਝੇ ਬਿਆਨ ਮੁਤਾਬਕ, ਇਹ ਕਦਮ ਆਪਸੀ ਲਾਭਕਾਰੀ ਵਪਾਰ ਅਤੇ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਲਈ ਚੁੱਕਿਆ ਗਿਆ ਹੈ। ਰਾਸ਼ਟਰਪਤੀ ਟਰੰਪ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਫਰਵਰੀ, 2025 ਵਿੱਚ ਸ਼ੁਰੂ ਹੋਈ ਗੱਲਬਾਤ ਹੁਣ ਇਸ ਵੱਡੇ ਨਤੀਜੇ ਤੱਕ ਪਹੁੰਚੀ ਹੈ।

## ਦਿੱਲੀ ਪੁਲਿਸ ਵੱਲੋਂ 'ਪੇਂਗੁਇਨ ਇੰਡੀਆ' ਦੇ ਅਧਿਕਾਰੀਆਂ ਤੋਂ ਪੁੱਛਗਿੱਛ

ਨਵੀਂ ਦਿੱਲੀ, 12 ਫਰਵਰੀ (ਚ.ਨ.ਸ.): ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਸਾਬਕਾ ਫੌਜ ਮੁਖੀ ਐੱਮ.ਐੱਮ. ਨਰਵਣੇ ਦੀ ਅਣਪ੍ਰਕਾਸ਼ਿਤ ਕਿਤਾਬ ਨਾਲ ਜੁੜੇ ਵਿਵਾਦ ਸਬੰਧੀ ਪਬਲਿਸ਼ਰ 'ਪੇਂਗੁਇਨ ਇੰਡੀਆ' ਦੇ ਨੁਮਾਇੰਦਿਆਂ ਤੋਂ ਪੁੱਛਗਿੱਛ ਕੀਤੀ। ਸਪੈਸ਼ਲ ਸੈੱਲ ਨੇ ਨੋਟਿਸ ਜਾਰੀ ਕਰਕੇ ਲਗਭਗ 12 ਅਹਿਮ ਸਵਾਲ ਪੁੱਛੇ ਹਨ। ਪੇਂਗੁਇਨ ਇੰਡੀਆ ਦੇ ਨੁਮਾਇੰਦਿਆਂ ਨੇ ਕੁਝ ਸਵਾਲਾਂ ਦੇ ਜਵਾਬ ਦਿੱਤੇ ਅਤੇ ਬਾਕੀ ਸਵਾਲਾਂ ਦੇ ਜਵਾਬ ਦੇਣ ਲਈ ਵਾਧੂ ਸਮਾਂ ਮੰਗਿਆ। (ਬਾਕੀ ਸਫਾ 2 'ਤੇ)

### ਭਾਰਤ-ਫਰਾਂਸ ਰੱਖਿਆ ਸੌਦੇ 'ਤੇ ਰੱਖਿਆ ਮੰਤਰਾਲੇ ਦਾ ਵੱਡਾ ਫ਼ੈਸਲਾ

## 114 ਰਾਫੇਲ ਅਤੇ ਛੇ ਪੀ-89 ਲੜਾਕੂ ਜਹਾਜ਼ਾਂ ਦੀ ਡੀਲ 'ਤੇ ਲਗਾਈ ਮੋਹਰ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 12 ਫਰਵਰੀ : ਭਾਰਤ ਨੇ ਫਰਾਂਸ ਤੋਂ 114 ਰਾਫੇਲ ਲੜਾਕੂ ਜਹਾਜ਼ ਖਰੀਦਣ ਦੇ ਇੱਕ ਵੱਡੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਰੱਖਿਆ ਪ੍ਰਾਪਤੀ ਪ੍ਰੀਸ਼ਦ (ਡੀਏਸੀ) ਨੇ ਵੀਰਵਾਰ ਨੂੰ ਸ਼ੁਰੂਆਤੀ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ। ਇਸ ਸੌਦੇ ਦੀ ਅਨੁਮਾਨਤ ਕੀਮਤ 3.25 ਲੱਖ ਕਰੋੜ ਹੈ। ਇਹ ਸੌਦਾ ਫਰਾਂਸੀਸੀ ਕੰਪਨੀ ਡਸਾਲਟ ਐਵੀਏਸ਼ਨ ਨਾਲ ਹੋਵੇਗਾ, ਅਤੇ ਦੋਵਾਂ ਦੇਸ਼ਾਂ ਵਿਚਕਾਰ ਵਪਾਰਕ ਅਤੇ ਤਕਨੀਕੀ ਗੱਲਬਾਤ ਜਲਦੀ ਹੀ ਸ਼ੁਰੂ ਹੋਵੇਗੀ।

ਇਹ ਫੈਸਲਾ ਅਜਿਹੇ ਸਮੇਂ ਆਇਆ ਹੈ ਜਦੋਂ ਪਿਛਲੇ ਕੁਝ ਮਹੀਨਿਆਂ ਵਿੱਚ ਪੁਰਾਣੇ ਜਹਾਜ਼ਾਂ ਦੀ ਸੇਵਾਮੁਕਤੀ ਕਾਰਨ ਭਾਰਤੀ ਹਵਾਈ ਸੈਨਾ (ਆਈ.ਏ.ਐੱਫ.) ਦੀ ਸਕੁਐਡਰਨ ਤਾਕਤ 42 ਦੀ ਮਨਜ਼ੂਰਸ਼ੁਦਾ ਤਾਕਤ ਦੇ ਮੁਕਾਬਲੇ ਘੱਟ ਕੇ ਸਿਰਫ਼ 29 ਰਹਿ ਗਈ ਹੈ। ਸਤੰਬਰ ਵਿੱਚ, ਭਾਰਤ ਨੇ ਆਪਣੇ ਪੁਰਾਣੇ ਮਿਗ-21 ਬੇੜੇ ਨੂੰ ਪੂਰੀ ਤਰ੍ਹਾਂ ਸੇਵਾਮੁਕਤ ਕਰ ਦਿੱਤਾ। ਇਸ ਤੋਂ ਬਾਅਦ, ਮਿਗ-29, ਜੈਗੁਆਰ ਅਤੇ ਮਿਰਾਜ 2000 ਦੇ ਸ਼ੁਰੂਆਤੀ ਰੂਪਾਂ ਵਰਗੇ ਜਹਾਜ਼ਾਂ ਨੂੰ ਵੀ ਸੇਵਾਮੁਕਤ ਕਰਨ ਦੀ ਯੋਜਨਾ ਹੈ। ਇਸ ਨਾਲ ਹਵਾਈ ਸੈਨਾ ਵਿੱਚ ਲੜਾਕੂ ਜਹਾਜ਼ਾਂ ਦੀ ਗੰਭੀਰ ਘਾਟ ਪੈਦਾ ਹੋ ਗਈ ਹੈ। ਗੁਆਂਢੀ (ਬਾਕੀ ਸਫਾ 2 'ਤੇ)

## ਦੇਸ਼ ਦੇ ਹਰ ਕਿਸਾਨ ਪਰਿਵਾਰ ਸਿਰ ਹੈ ਲਗਭਗ 74,121 ਰੁਪਏ ਦਾ ਕਰਜ਼ਾ

ਚੜ੍ਹਦੀਕਲਾ ਬਿਊਰੋ
================

**ਪੰਜਾਬ ਦੇਸ਼ ਭਰ ਵਿੱਚੋਂ ਤੀਜੇ ਸਥਾਨ 'ਤੇ**

ਚੰਡੀਗੜ੍ਹ, 12 ਫਰਵਰੀ:ਭਾਰਤ ਦੇ ਅੰਨ ਭੰਡਾਰ ਵਿੱਚ ਸਭ ਤੋਂ ਵੱਧ ਹਿੱਸਾ ਪਾਉਣ ਵਾਲੇ ਪੰਜਾਬ ਅਤੇ ਹਰਿਆਣਾ ਦੇ ਕਿਸਾਨ ਦੇਸ਼ ਵਿੱਚ ਖੇਤੀਬਾੜੀ ਕਰਜ਼ੇ ਦੇ ਮਾਮਲੇ ਵਿੱਚ ਕ੍ਰਮਵਾਰ ਤੀਜੇ ਅਤੇ ਚੌਥੇ ਸਥਾਨ 'ਤੇ ਹਨ। ਪੰਜਾਬ ਵਿੱਚ ਪ੍ਰਤੀ ਕਿਸਾਨ ਪਰਿਵਾਰ 'ਤੇ ਕਰਜ਼ਾ 2.03 ਲੱਖ ਰੁਪਏ ਅਤੇ ਹਰਿਆਣਾ ਵਿੱਚ 1.83 ਲੱਖ ਰੁਪਏ ਹੈ। ਆਂਧਰਾ (2.45 ਲੱਖ) ਅਤੇ ਕੇਰਲਾ (2.42 ਲੱਖ) ਪੰਜਾਬ ਅਤੇ ਹਰਿਆਣਾ ਤੋਂ ਅੱਗੇ ਹਨ। ਲੋਕ ਸਭਾ ਵਿੱਚ ਸੰਸਦ ਮੈਂਬਰ ਕੇ. ਸਾਰੇਨ ਖੇਰਵਾਲ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਦੱਸਿਆ ਕਿ ਦੇਸ਼ ਵਿੱਚ ਪ੍ਰਤੀ ਕਿਸਾਨ ਪਰਿਵਾਰ ਔਸਤ ਬਕਾਇਆ ਕਰਜ਼ਾ 74,121 ਰੁਪਏ ਹੈ। ਸਭ ਤੋਂ ਘੱਟ ਕਰਜ਼ਾ ਨਾਗਾਲੈਂਡ ਵਿੱਚ ਪ੍ਰਤੀ ਕਿਸਾਨ ਪਰਿਵਾਰ ਸਿਰਫ਼ 1,750 ਰੁਪਏ ਹੈ। ਮੇਘਾਲਿਆ (2,237) ਤੇ ਅਰੁਣਾਚਲ ਪ੍ਰਦੇਸ਼ (3,581) ਇਸ ਤੋਂ ਬਾਅਦ ਆਉਂਦੇ ਹਨ। ਰਾਜਸਥਾਨ ਵਿੱਚ ਪ੍ਰਤੀ ਪਰਿਵਾਰ ਕਰਜ਼ਾ 1.13 ਲੱਖ ਰੁਪਏ, ਹਿਮਾਚਲ 'ਚ 85,825 ਰੁਪਏ ਅਤੇ ਜੰਮੂ-ਕਸ਼ਮੀਰ ਵਿੱਚ 30,435 ਰੁਪਏ ਹੈ। 1 ਲੱਖ ਰੁਪਏ ਤੋਂ ਵੱਧ ਕਰਜ਼ੇ ਵਾਲੇ ਰਾਜਾਂ ਵਿੱਚ ਤਾਮਿਲਨਾਡੂ (1.06 ਲੱਖ ), ਕਰਨਾਟਕ (1.26 ਲੱਖ) ਅਤੇ ਤਿਲੰਗਾਨਾ (1.52 ਲੱਖ) ਸ਼ਾਮਲ ਹਨ। ਹਿੰਦੀ ਪੱਟੀ ਵਾਲੇ ਰਾਜਾਂ 'ਚ ਬਿਹਾਰ (23,534), ਛੱਤੀਸਗੜ੍ਹ (21,443), ਝਾਰਖੰਡ (8,415), ਮੱਧ ਪ੍ਰਦੇਸ਼ (74,420), ਉੱਤਰਾਖੰਡ (48,338) (ਬਾਕੀ ਸਫਾ 2 'ਤੇ)

## 'ਰੇਰਾ' ਨੂੰ ਬੰਦ ਹੀ ਕਰ ਦਿਓ, ਇਹ ਸਿਰ.ਫ ਬਿਲਡਰਾਂ ਦਾ ਦਿੰਦੈ ਸਾਥ': ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 12 ਫਰਵਰੀ :ਸੁਪਰੀਮ ਕੋਰਟ ਨੇ ਵੀਰਵਾਰ ਨੂੰ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਾਰੇ ਰਾਜ ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ (ਰੇਰਾ) ਦੇ ਗਠਨ 'ਤੇ ਮੁੜ ਵਿਚਾਰ ਕਰਨ ਕਿਉਂਕਿ ਇਹ ਸੰਸਥਾ ਡਿਫਾਲਟ ਬਿਲਡਰਾਂ ਦੀ ਮਦਦ ਕਰਨ ਤੋਂ ਇਲਾਵਾ ਕੁਝ ਨਹੀਂ ਕਰ ਰਹੀ ਹੈ। ਅਦਾਲਤ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਦੀ ਸੇਵਾ ਲਈ ਰੇਰਾ ਬਣਾਇਆ ਗਿਆ ਸੀ, ਉਹ ਪੂਰੀ ਤਰ੍ਹਾਂ ਨਿਰਾਸ਼ ਅਤੇ ਹਤਾਸ਼ ਹਨ। ਬਿਹਤਰ ਹੋਵੇਗਾ ਜੇਕਰ ਇਸ ਸੰਸਥਾ ਨੂੰ ਖਤਮ ਕਰ ਦਿੱਤਾ ਜਾਵੇ, ਇਸ ਅਦਾਲਤ ਨੂੰ ਇਸ ਨਾਲ ਕੋਈ ਸਮੱਸਿਆ ਨਹੀਂ ਹੋਵੇਗੀ।

ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਲਿਆ ਬਾਗਚੀ ਦੇ ਬੈਂਚ ਨੇ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਰੇਰਾ ਦਫ਼ਤਰ ਨੂੰ ਆਪਣੀ ਪਸੰਦ ਦੀ ਜਗ੍ਹਾ 'ਤੇ ਤਬਦੀਲ ਕਰਨ ਦੀ ਇਜਾਜ਼ਤ ਦਿੰਦੇ ਹੋਏ ਇਹ ਟਿੱਪਣੀਆਂ ਕੀਤੀਆਂ।

ਬੈਂਚ ਨੇ ਹਿਮਾਚਲ ਪ੍ਰਦੇਸ਼ ਸਰਕਾਰ ਅਤੇ ਹੋਰਾਂ ਵੱਲੋਂ ਦਾਇਰ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ, ਜਿਸ ਵਿੱਚ ਰਾਜ ਦੇ ਰੇਰਾ ਦਫ਼ਤਰ ਨੂੰ ਸ਼ਿਮਲਾ ਤੋਂ ਧਰਮਸ਼ਾਲਾ ਤਬਦੀਲ ਕਰਨ ਨਾਲ ਸਬੰਧਤ ਮਾਮਲੇ ਵਿੱਚ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਸੀ। ਹਾਈ ਕੋਰਟ ਨੇ (ਬਾਕੀ ਸਫਾ 2 'ਤੇ)

## ਫ਼ਿਲਮ 'ਘੂਸਖੋਰ ਪੰਡਤ' ਦੇ ਨਿਰਮਾਤਾ ਤੇ ਨੈਟਫਲਿਕਸ ਨੂੰ ਨੋਟਿਸ ਜਾਰੀ

ਨਵੀਂ ਦਿੱਲੀ , 12 ਫਰਵਰੀ (ਚ.ਨ.ਸ.):ਫਿਲਮ 'ਘੂਸਖੋਰ ਪੰਡਤ' ਨੂੰ ਲੈ ਕੇ ਵਿਵਾਦ ਵਧਦਾ ਜਾ ਰਿਹਾ ਹੈ ਤੇ ਮਾਮਲਾ ਸੁਪਰੀਮ ਕੋਰਟ ਦੇ ਅਧੀਨ ਹੈ। ਹੁਣ ਸੁਪਰੀਮ ਕੋਰਟ ਨੇ ਫਿਲਮ ਨਿਰਮਾਤਾ ਨੀਰਜ ਪਾਂਡੇ ਨੂੰ 'ਘੂਸਖੋਰ ਪੰਡਤ' ਲਈ ਫਿਟਕਾਰ ਲਗਾਉਂਦੇ ਹੋਏ ਕਿਹਾ ਕਿ ਉਹ ਅਜਿਹੇ ਸਿਰਲੇਖ ਦੀ ਵਰਤੋਂ ਕਰਕੇ ਸਮਾਜ ਦੇ ਕਿਸੇ ਹਿੱਸੇ ਨੂੰ ਬਦਨਾਮ ਨਹੀਂ ਕਰ ਸਕਦੇ। ਸਰਵਉੱਚ ਅਦਾਲਤ ਨੇ ਮਨੋਜ ਬਾਜਪਾਈ ਸਟਾਰਰ ਫਿਲਮ ਦੀ ਓਟੀਟੀ ਪਲੇਟਫਾਰਮ (ਬਾਕੀ ਸਫਾ 2 'ਤੇ)

## ਪੰਜਾਬ 'ਚ ਦੂਜੇ ਦਿਨ ਵੀ ਬੱਸਾਂ ਦਾ ਮੁਕੰਮਲ ਚੱਕਾ ਜਾਮ, ਮੁਸਾਫ਼ਰ ਹੋਏ ਖੱਜਲ-ਖ਼ੁਆਰ

ਪਟਿਆਲਾ, 12 ਫਰਵਰੀ (ਚ.ਨ.ਸ.):ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਦਿੱਤੇ ਗਏ 'ਭਾਰਤ ਬੰਦ' ਦੇ ਸੱਦੇ ਦਰਮਿਆਨ ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ. (PRTC) ਦੇ ਕੱਚੇ ਮੁਲਾਜ਼ਮਾਂ ਦੀ ਹੜਤਾਲ ਅੱਜ ਵੀਰਵਾਰ ਨੂੰ ਦੂਜੇ ਦਿਨ ਵੀ ਜਾਰੀ ਰਹੀ। ਪੰਜਾਬ ਭਰ ਦੇ 27 ਡਿਪੂਆਂ ਦੇ ਲਗਭਗ 8,000 ਮੁਲਾਜ਼ਮਾਂ ਨੇ ਬੱਸਾਂ ਦਾ ਚੱਕਾ ਪੂਰੀ ਤਰ੍ਹਾਂ ਜਾਮ ਕਰ ਦਿੱਤਾ ਹੈ, ਜਿਸ ਕਾਰਨ ਆਮ ਜਨਤਾ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੁੱਧਵਾਰ ਨੂੰ ਟਰਾਂਸਪੋਰਟ ਸਕੱਤਰ ਨਾਲ ਹੋਈ ਲੰਬੀ ਮੀਟਿੰਗ ਬੇਸਿੱਟਾ ਰਹਿਣ ਤੋਂ ਬਾਅਦ ਯੂਨੀਅਨ ਨੇ ਹੜਤਾਲ ਜਾਰੀ ਰੱਖਣ ਦਾ ਫੈਸਲਾ ਕੀਤਾ। ਬੱਸ ਅੱਡਿਆਂ 'ਤੇ ਸਵਾਰੀਆਂ ਦੀਆਂ ਲੰਬੀਆਂ ਲਾਈਨਾਂ ਦੇਖਣ ਨੂੰ ਮਿਲ ਰਹੀਆਂ ਹਨ ਅਤੇ ਲੋਕ ਮਜਬੂਰਨ ਪ੍ਰਾਈਵੇਟ ਬੱਸਾਂ ਜਾਂ ਹੋਰ ਸਾਧਨਾਂ ਦੀ (ਬਾਕੀ ਸਫਾ 2 'ਤੇ)



## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ

ਜਾ ਸਕਦਾ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਦੇ ਛੁੱਟੀ 'ਤੇ ਜਾਣ ਤੋਂ ਬਾਅਦ ਕਾਰਜਕਾਰੀ ਤੌਰ 'ਤੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੂੰ ਕਾਰਜਕਾਰੀ ਸੇਵਾਵਾਂ ਸੌਂਪੀਆਂ ਗਈਆਂ ਹਨ। ਇਸ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਲਗਾਉਣ ਦਾ ਫੈਸਲਾ ਲਿਆ ਜਾ ਸਕਦਾ ਹੈ। ਚਰਚਾ ਹੈ ਕਿ ਪਹਿਲਾਂ ਇਹ ਫੈਸਲਾ 31 ਜਨਵਰੀ ਨੂੰ ਰੱਖੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲੈਣਾ ਸੀ, ਪਰ ਕੁਝ ਜਰੂਰੀ ਰਝੇਵਿਆਂ ਕਾਰਨ ਇਸ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਸੀ। ਹੁਣ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 19 ਫਰਵਰੀ ਨੂੰ ਰੱਖੀ ਗਈ ਹੈ, ਜਿਸ ਦਾ ਏਜੰਡਾ ਮੈਂਬਰਾਂ ਨੂੰ ਭੇਜ ਦਿੱਤਾ ਗਿਆ ਹੈ, ਫੁੱਟਕਲ ਏਜੰਡਾ 2 ਦਿਨ ਪਹਿਲਾ ਤਿਆਰ ਹੋਵੇਗਾ, ਜਿਸ ਵਿਚ ਅਹਿਮ ਫੈਂਸਲਿਆਂ ਦਾ ਏਜੰਡਾ ਸ਼ਾਮਲ ਹੋਵੇਗਾ। ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੀ ਨਿਯੁਕਤੀ ਦਾ ਫੈਸਲਾ ਵੀ ਕੀਤਾ ਜਾ ਸਕਦਾ ਹੈ। ਇਥੇ ਇਹ ਵੀ ਦਸਣਯੋਗ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਪਿਛਲੇ ਤਿੰਨ ਮਹੀਨਿਆਂ ਤੋਂ ਛੁੱਟੀ ਲੈ ਕੇ ਨਿੱਜੀ ਤੌਰ 'ਤੇ ਆਮ ਲੋਕਾਂ ਵਿਚ ਵਿਚਰ ਰਹੇ ਹਨ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਸੁਲਤਾਨ ਸਿੰਘ ਨੇ ਇਕ ਸਾਲ ਦੀ ਵਿਦੇਸ਼ ਛੁੱਟੀ ਲਈ ਹੈ, ਜੋ ਕਿ ਅਮਰੀਕਾ ਦਾ ਆਰ.ਵਨ ਵੀਜਾ ਲੈ ਕੇ ਅਮਰੀਕਾ ਪੱਕੇ ਤੌਰ 'ਤੇ ਰਹਿਣ ਦੀ ਤਿਆਰੀ ਕਰ ਰਹੇ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਰ ਗ੍ਰੰਥੀ ਸਿੰਘ ਨਿਯੁਕਤ ਕਰਨ ਦਾ ਵੀ ਮਤਾ ਪਾਸ ਕੀਤਾ ਜਾ ਸਕਦਾ ਹੈ।

ਬੀਤੇ ਦਿਨੀਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚ ਪ੍ਰਬੰਧਕਾਂ ਦੀ ਆਗਿਆ ਤੋਂ ਬਿਨਾਂ ਪੁਲਿਸ ਕਾਰਵਾਈ ਕਰਕੇ ਦੋ ਵਿਅਕਤੀਆਂ ਨੂੰ ਚੁੱਕਣ ਦੇ ਮਾਮਲੇ ਵਿੱਚ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਐੱਸਐੱਸਪੀ ਗੁਰਮੀਤ ਸਿੰਘ ਸਮੇਤ ਸ੍ਰੀ ਅੰਮ੍ਰਿਤਸਰ ਦੇ ਕਮਿਸ਼ਨਰ ਗੁਰਪ੍ਰੀਤ ਸਿੰਘ ਨੇ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ ਤੇ ਐੱਸਐੱਸਪੀ ਗੁਰਮੀਤ ਸਿੰਘ ਨੇ ਜਥੇਦਾਰ ਗੜਗੱਜ ਨੂੰ ਆਪਣਾ ਸਪੱਸ਼ਟੀਕਰਨ ਦਿੱਤਾ ਅਤੇ ਹੋਈ ਭੁੱਲ ਦੀ ਖਿਮਾ ਜਾਚਨਾ ਕੀਤੀ।ਅੱਗੇ ਤੋਂ ਅਜਿਹੀ ਘਟਨਾ ਦੁਬਾਰਾ ਨਾ ਹੋਵੇ ਇਸ ਸਬੰਧੀ ਵੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਕੋਈ ਠੋਸ ਫੈਸਲਾ ਲਿਆ ਜਾ ਸਕਦਾ ਹੈ।

## ਮਾਨ ਵੱਲੋਂ ਕਾਨੂੰਨ ਵਿਵਸਥਾ ਦੀ ਸਥਿਤੀ

ਕਾਨੂੰਨ ਲਾਗੂ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ, ਉੱਥੇ ਹੀ ਪੰਜਾਬ ਦੇ ਨੌਜਵਾਨਾਂ ਲਈ ਲੰਬੇ ਸਮੇਂ ਵਾਸਤੇ ਸੁਰੱਖਿਅਤ ਰੋਜ਼ਗਾਰ ਦੇ ਮੌਕਿਆਂ ਨੂੰ ਵਧਾਉਣ, ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਕਰੀਅਰ ਕਾਉਂਸਲਿੰਗ ਨੂੰ ਸੰਸਥਾਗਤ ਬਣਾਉਣ 'ਤੇ ਵੀ ਨਿਰਭਰ ਕਰਦੀ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਅਤੇ ਅਪਰਾਧ ਦਾ ਸ਼ਿਕਾਰ ਹੋਣ ਤੋਂ ਬਚਾਇਆ ਜਾ ਸਕੇ।

ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੰਜਾਬ ਪੁਲਿਸ ਦੀ ਸ਼ਾਨਦਾਰ ਵਿਰਾਸਤ ਰਹੀ ਹੈ ਅਤੇ ਸਮੇਂ ਦੀ ਲੋੜ ਹੈ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖਤਰੇ ਅਤੇ ਗੈਂਗਸਟਰਾਂ ਦਾ ਖਾਤਮਾ ਕਰਕੇ ਇਸ ਵਿਰਾਸਤ ਨੂੰ ਕਾਇਮ ਰੱਖਿਆ ਜਾਵੇ ਅਤੇ ਇਸ ਕਾਰਜ ਲਈ ਉਨ੍ਹਾਂ ਸਾਰਿਆਂ ਨੂੰ ਅਹਿਮ ਭੂਮਿਕਾ ਨਿਭਾਉਣੀ ਪਵੇਗੀ।

ਹੁਣ ਤੱਕ ਦੀ ਪ੍ਰਗਤੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੇ ਪੂਰਨ ਸਮਰਥਨ ਅਤੇ ਸਹਿਯੋਗ ਨਾਲ ਸੂਬਾ ਸਰਕਾਰ ਦੀਆਂ ਦੋ ਪ੍ਰਮੁੱਖ ਮੁਹਿੰਮਾਂ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਸਫਲਤਾਪੂਰਵਕ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਿਆਂ ਅਤੇ ਗੈਂਗਸਟਰਾਂ ਦੀ ਕੋਹੜ ਤੋਂ ਮੁਕਤ ਕਰਨ ਦੇ ਉਦੇਸ ਨਾਲ ਸ਼ੁਰੂ ਕੀਤੀਆਂ ਇਨ੍ਹਾਂ ਦੋਵਾਂ ਮੁਹਿੰਮਾਂ ਦੇ ਨਤੀਜੇ ਸ਼ਾਨਦਾਰ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਦੋਵਾਂ ਸਮਾਜਿਕ ਬੁਰਾਈਆਂ ਨੂੰ ਜੜ੍ਹੋਂ ਖ਼ਤਮ ਕਰਨਾ ਸਮੇਂ ਦੀ ਲੋੜ ਹੈ ਅਤੇ ਇਸ ਲਈ ਹਰ ਅਧਿਕਾਰੀ ਨੂੰ ਸਰਗਰਮ ਭੂਮਿਕਾ ਨਿਭਾਉਣੀ ਹੋਵੇਗੀ।

ਸਖਤ ਨਿਗਰਾਨੀ 'ਤੇ ਜੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੈਂ ਰੋਜਾਨਾ ਇਨ੍ਹਾਂ ਮੁਹਿੰਮਾਂ ਦੀ ਪ੍ਰਗਤੀ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਦਾ ਰਹਾਂਗਾ ਤਾਂ ਜੋ ਸੂਬੇ ਨੂੰ ਨਸ਼ਿਆਂ ਅਤੇ ਗੈਂਗਸਟਰਾਂ ਤੋਂ ਮੁਕਤ ਕਰਨਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਹਰੇਕ ਮੁਲਾਜ਼ਮ ਨਿਗਰਾਨੀ ਹੇਠ ਹੈ ਅਤੇ ਉਨ੍ਹਾਂ ਨੂੰ ਵਧੀਆ ਢੰਗ ਨਾਲ ਡਿਊਟੀ ਕਰਨ ਲਈ ਇਨਾਮ ਦਿੱਤਾ ਜਾਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਲਈ ਜਵਾਬਦੇਹ ਠਹਿਰਾਇਆ ਜਾਵੇਗਾ। ਇਨ੍ਹਾਂ ਦੋਵਾਂ ਮੁਹਿੰਮਾਂ ਤਹਿਤ ਸਾਨਦਾਰ ਡਿਊਟੀ ਲਈ ਪੰਜਾਬ ਪੁਲਿਸ ਦੀ ਸਲਾਘਾ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਅਜੇ ਬਹੁਤ ਕੁਝ ਕਰਨ ਦੀ ਲੋੜ ਹੈ, ਜਿਸ ਲਈ ਹਰੇਕ ਮੁਲਾਜ਼ਮ ਨੂੰ ਸਖਤ ਮਿਹਨਤ ਕਰਨੀ ਹੋਵੇਗੀ।

ਸੂਬਾ ਸਰਕਾਰ ਵੱਲੋਂ ਦਿਲੋਂ ਸਹਿਯੋਗ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪੁਲਿਸ ਨੂੰ ਨਵੀਨਤਮ ਤਕਨਾਲੋਜੀ ਨਾਲ ਲੈਸ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਭਾਗ ਦੀਆਂ ਜਰੂਰਤਾਂ ਅਨੁਸਾਰ ਸਟਾਫ਼, ਵਹੀਕਲ ਫਲੀਟ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਰਾਦਾ ਸਪੱਸਟ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਪੰਜਾਬ ਪੁਲਿਸ ਕਿਸੇ ਵੀ ਤਰ੍ਹਾਂ ਦੀ ਚੁਣੌਤੀ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਨਾਲ, ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਦੇਸ ਦੇ ਬਾਕੀ ਹਿੱਸਿਆਂ ਨਾਲੋਂ ਬਹੁਤ ਬਿਹਤਰ ਹੈ।

ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਾਸਨਕਾਲਾਂ ਦੇ ਮੁਕਾਬਲੇ ਸੂਬੇ ਵਿੱਚ ਇੱਕ ਵੱਡਾ ਬਦਲਾਅ ਆਇਆ ਹੈ ਕਿਉਂਕਿ ਹੁਣ ਪੁਲਿਸ ਫੋਰਸ ਨੂੰ ਝੂਠੇ ਕੇਸ ਦਰਜ ਕਰਨ ਲਈ ਨਹੀਂ ਵਰਤਿਆ ਜਾਂਦਾ। ਉਨ੍ਹਾਂ ਅੱਗੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸਟੀ ਵਾਲੀ ਗੱਲ ਹੈ ਕਿ ਸੂਬਾ ਸਰਕਾਰ ਵੱਲੋਂ ਅਪਰਾਧੀਆਂ ਦੀ ਕੋਈ ਸਰਪ੍ਰਸਤੀ ਨਹੀਂ ਕੀਤੀ ਜਾ ਰਹੀ।

ਮੁੱਖ ਮੰਤਰੀ ਨੇ ਸਿਵਲ ਅਤੇ ਪੁਲਿਸ ਪ੍ਰਸਾਸਨ ਨੂੰ ਸੂਬੇ ਭਰ ਵਿੱਚ ਹਥਿਆਰਾਂ ਦੇ ਲਾਇਸੈਂਸਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਵਿਆਪਕ ਮੁਹਿੰਮ ਸ਼ੁਰੂ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਹਥਿਆਰ ਦੇ ਲਾਇਸੈਂਸ ਦੀ ਵਰਤੋਂ ਕਿਸੇ ਅਪਰਾਧ ਲਈ ਕੀਤੀ ਜਾਂਦੀ ਹੈ, ਤਾਂ ਜ਼ਿਲ੍ਹਾ ਅਧਿਕਾਰੀ ਉਸ ਦੇ ਲਾਇਸੈਂਸ ਨੂੰ ਤੁਰੰਤ ਰੱਦ ਕਰ ਸਕਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਪੂਰੀ ਤਰ੍ਹਾਂ ਗੈਰ-ਵਾਜਬ ਹੈ। ਇਸ ਮੁਹਿੰਮ ਨੂੰ ਧਿਆਨ ਨਾਲ ਯੋਜਨਾਬੱਧ ਕੀਤਾ ਜਾਣਾ ਚਾਹੀਦਾ ਹੈ ਅਤੇ ਬਿਨਾਂ ਕਿਸੇ ਰੁਕਾਵਟ ਦੇ ਲਾਗੂ ਕੀਤਾ ਜਾਣਾ ਚਾਹੀਦਾ ਹੈ।

ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਵਿੱਚ ਰੁੱਝੇ ਰੱਖਣ ਦੀ ਲੋੜ 'ਤੇ ਜੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿਵੇਂ ਕਿ ਵਿਹਲਾ ਦਿਮਾਗ ਸੈਤਾਨ ਦਾ ਘਰ ਹੈ, ਇਸ ਲਈ ਸੂਬਾ ਸਰਕਾਰ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜਗਾਰ ਪ੍ਰਦਾਨ ਕਰਨ ਦੀ ਕੋਸ਼ਿਸ ਕਰ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਿਆ ਜਾ ਸਕੇ।

ਸਕੂਲ ਡਰੋਪਆਊਟ ਦਰ ਨੂੰ ਰੋਕਣ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ ਕਿ ਨਸੇ ਦੇ ਸੰਵੇਦਨਸ਼ੀਲ ਖੇਤਰਾਂ ਅਤੇ ਸਮੂਹਾਂ ਵਿੱਚ, ਸਿੱਖਿਆ ਵਿਭਾਗ ਨੂੰ ਢੁੱਕਵਾਂ ਉਪਾਅ ਕਰਨ ਅਤੇ ਇਸਦੀ ਜਾਂਚ ਕਰਨ ਲਈ ਸਾਮਲ ਕੀਤਾ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਵਿੱਚ ਵਿਆਪਕ ਪੱਧਰ ਉੱਤੇ ਕਰੀਅਰ ਕਾਉਂਸਲਿੰਗ ਪ੍ਰੋਗਰਾਮ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ।

ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਮੁੱਖ ਮੰਤਰੀ ਵੱਲੋਂ ਜਲੰਧਰ 'ਚ

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀਆਂ ਇਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਅਤੇ ਸੁਚੱਜੇ ਸਾਸਨ ਸਬੰਧੀ ਜਨਤਾ ਤੋਂ ਫੀਡਬੈਕ ਲੈਣ ਲਈ ਸਭ ਤੋਂ ਬਿਹਤਰੀਨ ਢੰਗਾਂ ਵਿੱਚੋਂ ਇੱਕ ਹਨ। ਉਨ੍ਹਾਂ ਕਿਹਾ ਕਿ ਦੇਸ ਭਰ ਵਿੱਚ ਸ਼ਾਇਦ ਹੀ ਕਿਤੇ ਅਜਿਹੀ ਨਾਗਰਿਕ ਕੇਂਦਰਿਤ ਪਹਿਲ ਦੇਖਣ ਨੂੰ ਮਿਲੇ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਅਜਿਹਾ ਕੋਈ ਹੋਰ ਰਾਜ ਨਹੀਂ ਹੈ ਜੋ ਆਮ ਜਨਤਾ ਦੀ ਭਲਾਈ ਲਈ ਅਜਿਹੀ ਲੋਕ-ਪੱਖੀ ਪਹਿਲਕਦਮੀ ਕਰ ਰਿਹਾ ਹੋਵੇ। ਉਨ੍ਹਾਂ ਕਿਹਾ ਕਿ ਇਹ ਰਿਕਾਰਡ 'ਤੇ ਹੈ ਕਿ ਲੋਕ ਮਿਲਣੀ ਪ੍ਰੋਗਰਾਮ ਸਮਾਜ ਦੇ ਹਰ ਵਰਗ ਦੀਆਂ ਸਿ਼ਕਾਇਤਾਂ ਦੇ ਨਿਪਟਾਰੇ ਵਿੱਚ ਵਧੇਰੇ ਲਾਹੇਵੰਦ ਸਿੱਧ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਲੋਕ ਮਿਲਣੀ ਸੱਚਮੁੱਚ ਇੱਕ ਵਿਲੱਖਣ ਪਹਿਲ ਹੈ ਜਿੱਥੇ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਯੋਜਨਾਬੱਧ ਹੱਲ ਲਈ ਉਨ੍ਹਾਂ ਨਾਲ ਨਿੱਜੀ ਤੌਰ 'ਤੇ ਰਾਬਤਾ ਕਾਇਮ ਕਰਦੀ ਹੈ।

ਇਸ ਪਹਿਲਕਦਮੀ ਨੂੰ ਪੰਜਾਬ ਲਈ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸਟੀ ਵਾਲੀ ਗੱਲ ਹੈ ਕਿ ਪੰਜਾਬ ਇਕਲੌਤਾ ਸੂਬਾ ਹੈ ਜਿੱਥੇ ਰਾਜ ਦਾ ਮੁਖੀ ਜਨਤਾ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਅਜਿਹੀ ਮੁਹਿੰਮ ਵਿੱਚ ਨਿੱਜੀ ਤੌਰ 'ਤੇ ਸ਼ਾਮਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਲੋਕ ਮਿਲਣੀ ਇੱਕ ਪਾਸੇ ਰਾਜ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਂਦੀ ਹੈ ਉਥੇ ਇਹ ਦੂਜੇ ਪਾਸੇ ਸਰਕਾਰ ਨੂੰ ਆਪਣੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਬਾਰੇ ਚੰਗੀ ਤਰ੍ਹਾਂ ਜਾਨਣ ਦਾ ਮੌਕਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਪੂਰੇ ਦੇਸ ਵਿੱਚ ਆਪਣੀ ਕਿਸਮ ਦਾ ਪਹਿਲਾ ਪ੍ਰੋਗਰਾਮ ਹੈ, ਕਿਉਂਕਿ ਕਿਸੇ ਵੀ ਹੋਰ ਰਾਜ ਦਾ ਮੁੱਖ ਮੰਤਰੀ ਲੋਕਾਂ ਨਾਲ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਨ ਅਤੇ ਇਨ੍ਹਾਂ ਦੇ ਹੱਲ ਦੀ ਖੇਚਲ ਨਹੀਂ ਕਰਦਾ।

ਇਸ ਗੱਲ 'ਤੇ ਜੋਰ ਦਿੰਦਿਆਂ ਕਿ ਇਹ ਪਹਿਲ ਪੱਖਪਾਤੀ ਵਿਚਾਰਾਂ ਤੋਂ ਕਿਤੇ ਉੱਪਰ ਦੀ ਗੱਲ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀਆਂ ਦਾ ਸਿਆਸਤ ਨਾਲ ਕੋਈ ਸਬੰਧ ਨਹੀਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਇੱਕੋ-ਇੱਕ ਉਦੇਸ ਸੂਬੇ ਅਤੇ ਇਥੋਂ ਦੇ ਲੋਕਾਂ ਦੇ ਵਿਕਾਸ ਅਤੇ ਖੁਸਹਾਲੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦਾ ਸਭ ਤੋਂ ਵਧੀਆ ਜ਼ਰੀਆ ਹਨ, ਕਿਉਂਕਿ ਇਹ ਸਰਕਾਰ ਅਤੇ ਜਨਤਾ ਵਿਚਕਾਰ ਸੰਚਾਰ ਦੇ ਪਾੜੇ ਨੂੰ ਪੂਰਦਿਆਂ ਲੋਕਤੰਤਰੀ ਢਾਂਚੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਦਾ ਬਿਹਤਰੀਨ ਢੰਗ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਿਸ ਲਈ ਸੂਬੇ ਵਿੱਚ ਪਹਿਲਾਂ ਹੀ ਕਈ ਮੁੱਖ ਪਹਿਲਕਦਮੀਆਂ ਕੀਤੀਆਂ ਜਾ ਚੁੱਕੀਆਂ ਹਨ।

ਨੌਜਵਾਵਾਂ ਦੇ ਸਸਕਤੀਕਰਨ 'ਤੇ ਸਰਕਾਰ ਦੇ ਧਿਆਨ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਸਰਕਾਰ ਦਾ ਕੰਮ ਨੌਜਵਾਨਾਂ ਦੇ ਸੁਪਨਿਆਂ ਨੂੰ ਖੰਭ ਦੇਣਾ ਹੁੰਦਾ ਹੈ ਤਾਂ ਜੋ ਉਹ ਜ਼ਿੰਦਗੀ ਵਿੱਚ ਸਫ਼ਲਤਾ ਦੀਆਂ ਨਵੀਆਂ ਕਹਾਣੀਆਂ ਲਿਖ ਸਕਣ। ਉਨ੍ਹਾਂ ਕਿਹਾ ਕਿ ਮੇਰੇ ਦੁਆਰਾ ਦਸਤਖਤ ਕੀਤੀ ਜਾਂਦੀ ਹਰ ਫਾਈਲ ਆਮ ਆਦਮੀ ਅਤੇ ਰਾਜ ਦੇ ਲਾਭ ਲਈ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਭ੍ਰਿਸਟਾਚਾਰ ਜਾਂ ਸਿਫਾਰਸ ਤੋਂ ਬਿਨਾਂ 63,000 ਤੋਂ ਵੱਧ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਹਰ ਫੈਸਲਾ ਸੂਬੇ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਵੱਲ ਸੇਧਿਤ ਹੁੰਦਾ ਹੈ।

ਸਿੱਖਿਆ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਸਕੂਲ ਆਫ ਐਮੀਨੈਂਸ ਸਥਾਪਤ ਕੀਤੇ ਗਏ ਹਨ। ਇਨ੍ਹਾਂ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਪੂਰੀ ਤਰ੍ਹਾਂ ਲੈਸ ਲੈਬਾਟਰੀਆਂ ਅਤੇ ਵਿਗਿਆਨਕ ਸਿੱਖਿਆ ਲਈ ਪਲੇਅ-ਗਰਾਊਂਡ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਮੁਹਾਰਤ ਨੂੰ ਨਿਖਾਰਨ ਲਈ ਇੱਕ ਵਿਸੇਸ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲਈ ਵਿਦੇਸ ਭੇਜਿਆ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਆਧੁਨਿਕ ਸਿੱਖਿਆ ਅਭਿਆਸਾਂ ਤੋਂ ਜਾਣੂੰ ਹੋ ਕੇ ਵਿਦਿਆਰਥੀਆਂ ਨੂੰ ਅੰਤਰਰਾਸਟਰੀ ਪੱਧਰ 'ਤੇ ਭਵਿੱਖ ਦੇ ਮੁਕਾਬਲਿਆਂ ਲਈ ਤਿਆਰ ਕਰ ਸਕਣ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਨੇ ਭਾਰਤ ਸਰਕਾਰ ਦੁਆਰਾ ਕਰਵਾਏ ਗਏ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਕੇਰਲਾ ਨੂੰ ਵੀ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਸੂਬੇ ਦੇ ਵਿਦਿਆਰਥੀਆਂ ਨੂੰ ਹਥਿਆਰਬੰਦ ਬਲਾਂ ਦੀ ਪ੍ਰੀਖਿਆ ਲਈ ਤਿਆਰੀਆਂ ਦੇ ਨਾਲ-ਨਾਲ ਨੀਟ, ਜੇਈਈ, ਕਲੈਟ ਅਤੇ ਐਨਆਈਐਫਟੀ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਵਿਸੇਸ ਕੋਚਿੰਗ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸਟੀ ਦੀ ਗੱਲ ਹੈ ਕਿ ਸਕੂਲ ਆਫ ਐਮੀਨੈਂਸ ਅਤੇ ਹੋਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਜੇਈਈ ਮੇਨਜ, ਜੇਈਈ ਐਡਵਾਂਸਡ ਅਤੇ ਨੀਟ ਪ੍ਰੀਖਿਆਵਾਂ ਲਈ ਕੁਆਲੀਫਾਈ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਹੋਰ ਮਹੱਤਵਪੂਰਨ ਕਦਮ ਵਿੱਚ ਰਾਜ ਦੇ ਸਾਰੇ 65 ਲੱਖ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੇ ਨਾਲ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ।

ਸਿਹਤ ਸੰਭਾਲ ਪਹਿਲਕਦਮੀਆਂ ਦਾ ਵੇਰਵਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਤਹਿਤ ਆਮਦਨੀ ਦੀ ਕੋਈ ਸਰਤ ਨਹੀਂ ਲਾਈ ਗਈ ਅਤੇ ਹੁਣ ਸਰਕਾਰੀ ਮੁਲਾਜ਼ਮਾਂ ਅਤੇ ਪੈਨਸਨਰਾਂ ਨੂੰ ਵੀ ਇਸ ਯੋਜਨਾ ਅਧੀਨ ਸਾਮਲ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਸਮੁੱਚੇ ਨਾਗਰਿਕਾਂ ਨੂੰ ਮੁਫਤ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਵਾਲਾ ਪਹਿਲਾ ਰਾਜ ਬਣ ਗਿਆ ਹੈ। ਉਨ੍ਹਾਂ ਕਿਹਾ ਕਿ 881 ਆਮ ਆਦਮੀ ਕਲੀਨਿਕ ਰੋਜਾਨਾ ਮੁਫ਼ਤ ਇਲਾਜ ਪ੍ਰਦਾਨ ਕਰ ਰਹੇ ਹਨ ਅਤੇ ਸਾਲ 2022 ਵਿੱਚ ਰਾਜ ਸਰਕਾਰ ਦੇ ਸੱਤਾ ਸੰਭਾਲਣ ਤੋਂ ਲੈ ਕੇ ਸੂਬੇ ਦੇ ਲੱਗਭੱਗ 90 ਫੀਸਦ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।

ਕਿਸਾਨਾਂ ਲਈ ਸਹੂਲਤ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦਾ ਜ਼ਿ?ਕਰ ਕਰਦਿਆਂ ਉਨ੍ਹਾਂ ਕਿਹਾ ਕਿ ਰਾਜ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜਨ ਦੌਰਾਨ ਟਿਊਬਵੈੱਲਾਂ ਨੂੰ ਦਿਨ ਵੇਲੇ ਵੀ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਰਾਜ ਵਿੱਚ 6900 ਕਿਲੋਮੀਟਰ ਦੀ ਲੰਬਾਈ ਵਾਲੇ 18349 ਜਲ ਮਾਰਗਾਂ ਨੂੰ ਮੁੜ ਸੁਰਜੀਤ ਕਰਦਿਆਂ ਟੇਲਾਂ 'ਤੇ ਰਹਿੰਦੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਰਾਜ ਵਿੱਚ ਕਈ ਸਰਕਾਰੀ ਲਾਇਬ੍ਰੇਰੀਆਂ ਖੋਲ੍ਹੀਆਂ ਗਈਆਂ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਦਿਆਰਥੀ ਚੰਗੀ ਪੜ੍ਹਾਈ-ਲਿਖਾਈ ਕਰ ਕਰਕੇ ਜ਼ਿੰਦਗੀ ਵਿੱਚ ਉੱਚੇ ਮੁਕਾਮ ਹਾਸਲ ਕਰ ਸਕਣ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅੱਜ ਪੰਜਾਬ ਹਰ ਖੇਤਰ ਵਿੱਚ ਤੇਜੀ ਨਾਲ ਤਰੱਕੀ ਕਰ ਰਿਹਾ ਹੈ। ਕਿਉਂਕਿ

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪਹਿਲੇ ਸਫ਼ੇ ਦੀ ਬਾਕੀ

ਸੂਬਾ ਸਰਕਾਰ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਹਰ ਸੰਭਵ ਕਦਮ ਚੁੱਕਿਆ ਹੈ। ਸੂਬਾ ਸਰਕਾਰ ਨੇ ਸਿਹਤ, ਸਿੱਖਿਆ, ਬਿਜਲੀ ਅਤੇ ਹੋਰ ਖੇਤਰਾਂ ਵਿੱਚ ਲੀਹੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ 49,000 ਕਿਲੋਮੀਟਰ ਤੋਂ ਵੱਧ ਸੜਕਾਂ ਦੇ ਨਿਰਮਾਣ ਦਾ ਕੰਮ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ, ਜੋ ਜਲਦ ਹੀ ਮੁਕੰਮਲ ਹੋ ਜਾਵੇਗਾ।

ਜਨਤਾ ਲਈ ਰਾਹਤ ਉਪਾਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਪੰਜਾਬ ਵਿੱਚ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ ਜਿਸ ਨਾਲ ਆਮ ਆਦਮੀ ਦੀ ਜੇਬ ਵਿੱਚੋਂ ਟੋਲ ਫੀਸ ਦੇ ਰੋਜ਼ਾਨਾ 64 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਉਹਨਾਂ ਕਿਹਾ ਕਿ ਸੁਚੱਜੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਜੋ ਲੋਕਾਂ ਨੂੰ ਮੁਫਤ ਇਲਾਜ ਅਤੇ ਦਵਾਈਆਂ ਪ੍ਰਦਾਨ ਕਰ ਰਹੇ ਹਨ। ਉਹਾਂ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ ਰਾਜ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ।

ਅਖੀਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਰਾਜ ਸਰਕਾਰ ਸੂਬੇ ਦੀ ਹਰ ਮਹਿਲਾ ਨੂੰ 1000 ਰੁਪਏ ਦੇਣ ਦੀ ਯੋਜਨਾ ਜਲਦ ਲਾਗੂ ਕਰੇਗੀ, ਜਿਸ ਲਈ ਆਉਣ ਵਾਲੇ ਬਜਟ ਵਿੱਚ ਜਰੂਰੀ ਉਪਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਰਾਜ ਦੇ ਲੋਕਾਂ ਨਾਲ ਕੀਤਾ ਗਿਆ ਹਰ ਵਾਅਦਾ ਹਰ ਹੀਲੇ ਪੂਰਾ ਕੀਤਾ ਜਾਵੇਗਾ। ਕਿਉਂਕਿ ਸਾਡੀ ਸਰਕਾਰ ਸਭਨਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਇੱਕੋ ਇੱਕ ਏਜੰਡਾ ਰਾਜ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸਹਾਲੀ ਨੂੰ ਯਕੀਨੀ ਬਣਾਉਣਾ ਹੈ।

## ਭਾਜਪਾ ਮੈਂਬਰ ਵੱਲੋਂ ਰਾਹੁਲ ਗਾਂਧੀ ਖ਼ਿਲਾਫ਼

ਅਪੀਲ ਕੀਤੀ ਹੈ ਕਿ ਰਾਹੁਲ ਗਾਂਧੀ ਦੇ ਇਨ੍ਹਾਂ ਕਦਮਾਂ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਲੋਕ ਸਭਾ ਦੀ ਮੈਂਬਰੀ ਤੋਂ ਤੁਰੰਤ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ।

ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਸੰਸਦ 'ਚ ਹੰਗਾਮਾ

ਵੀਰਵਾਰ ਨੂੰ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਭਾਰਤ ਅਤੇ ਅਮਰੀਕਾ ਵਿਚਾਲੇ ਹੋਏ ਅੰਤਰਿਮ ਵਪਾਰ ਸਮਝੌਤੇ ਨੂੰ ਲੈ ਕੇ ਵਿਰੋਧੀ ਧਿਰ ਨੇ ਜ਼ਬਰਦਸਤ ਹੰਗਾਮਾ ਕੀਤਾ। ਜਿਵੇਂ ਹੀ ਪ੍ਰਸ਼ਨ ਕਾਲ ਸ਼ੁਰੂ ਹੋਇਆ, ਕਾਂਗਰਸ ਸਮੇਤ ਹੋਰ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

ਕਈ ਮੈਂਬਰ ਸਦਨ ਦੇ ਵਿਚਾਲੇ (ਵੈੱਲ) ਤੱਕ ਪਹੁੰਚ ਗਏ ਅਤੇ 'ਵਪਾਰ ਸਮਝੌਤਾ ਵਾਪਸ ਲਓ' ਦੇ ਨਾਅਰੇ ਲਾਏ। ਵਿਰੋਧੀ ਧਿਰ ਦਾ ਦੋਸ਼ ਹੈ ਕਿ ਇਸ ਸਮਝੌਤੇ ਵਿੱਚ ਖੇਤੀਬਾੜੀ ਸੈਕਟਰ ਨੂੰ ਲੈ ਕੇ ਦਿੱਤੀਆਂ ਗਈਆਂ ਛੋਟਾਂ ਭਾਰਤੀ ਕਿਸਾਨਾਂ ਦੇ ਹਿੱਤ ਵਿੱਚ ਨਹੀਂ ਹਨ। ਇਸ ਦੇ ਨਾਲ ਹੀ ਨਵੇਂ ਲੇਬਰ ਕੋਡ ਨੂੰ ਵਾਪਸ ਲੈਣ ਦੀ ਮੰਗ ਵੀ ਚੁੱਕੀ ਗਈ।

ਸਦਨ ਦੀ ਪ੍ਰਧਾਨਗੀ ਕਰ ਰਹੇ ਕ੍ਰਿਸ਼ਨਾ ਪ੍ਰਸਾਦ ਤੇਨੇਤੀ ਨੇ ਪ੍ਰਦਰਸ਼ਨ ਕਰ ਰਹੇ ਮੈਂਬਰਾਂ ਨੂੰ ਵਾਰ-ਵਾਰ ਆਪਣੀਆਂ ਸੀਟਾਂ 'ਤੇ ਜਾਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਦਨ ਦੇ ਅੰਦਰ ਤਖ਼ਤੀਆਂ ਦਿਖਾਉਣਾ ਨਿਯਮਾਂ ਦੇ ਖ਼ਿਲਾਫ਼ ਹੈ। ਭਾਰੀ ਸ਼ੋਰ-ਸ਼ਰਾਬੇ ਕਾਰਨ ਸਿਰਫ਼ ਸੱਤ ਮਿੰਟ ਹੀ ਕਾਰਵਾਈ ਚੱਲ ਸਕੀ, ਜਿਸ ਦੌਰਾਨ ਸਿਰਫ਼ ਇੱਕ ਸਵਾਲ ਹੀ ਲਿਆ ਜਾ ਸਕਿਆ। ਹੰਗਾਮਾ ਵਧਦਾ ਦੇਖ ਸਦਨ ਦੀ ਕਾਰਵਾਈ ਦੁਪਹਿਰ 12 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ।

## ਦਿੱਲੀ ਪੁਲਿਸ ਵੱਲੋਂ 'ਪੇਂਗੁਇਨ ਇੰਡੀਆ' ਦੇ

ਸਪੈਸ਼ਲ ਸੈੱਲ ਹੁਣ ਪ੍ਰਕਾਸ਼ਕਾਂ ਦੇ ਜਵਾਬਾਂ ਦਾ ਵਿਸ਼ਲੇਸ਼ਣ ਕਰੇਗਾ ਅਤੇ ਜਾਂਚ ਕਰੇਗਾ ਕਿਤਾਬ ਦਾ ਖਰੜਾ ਲੀਕ ਹੋਣ ਪਿੱਛੇ ਕੋਈ ਸਾਜ਼ਿਸ਼ ਸੀ ਜਾਂ ਲਾਪਰਵਾਹੀ। ਜਾਂਚ ਤੋਂ ਬਾਅਦ ਤੱਥ ਸਾਹਮਣੇ ਲਿਆਂਦੇ ਜਾਣਗੇ। ਪਿਛਲੇ ਹਫ਼ਤੇ ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਮਤੇ 'ਤੇ ਲੋਕ ਸਭਾ ਵਿੱਚ ਆਪਣੇ ਭਾਸ਼ਣ ਦੌਰਾਨ ਕਾਂਗਰਸ ਨੇਤਾ ਰਾਹੁਲ ਗਾਂਧੀ ਵੱਲੋਂ ਜਨਰਲ ਮਨੋਜ ਮੁਕੁੰਦ ਨਰਵਣੇ ਦੀ 'ਪ੍ਰੀ-ਪ੍ਰਿੰਟ ਕਿਤਾਬ' ਦਾ ਹਵਾਲਾ ਦੇਣ ਤੋਂ ਬਾਅਦ ਇੱਕ ਸਿਆਸੀ ਹੰਗਾਮਾ ਸ਼ੁਰੂ ਹੋ ਗਿਆ ਸੀ, ਜਿਸ ਦਾ ਸੱਤਾਧਾਰੀ ਬੈਂਚਾਂ ਨੇ ਸਖ਼ਤ ਵਿਰੋਧ ਕੀਤਾ। ਇਸ ਮੁੱਦੇ 'ਤੇ ਕਈ ਵਾਰ ਸਦਨ ਦੀ ਕਾਰਵਾਈ ਮੁਲਤਵੀ ਹੋਣ ਤੋਂ ਬਾਅਦ, ਪਿਛਲੇ ਹਫਤੇ ਵਿਰੋਧੀ ਧਿਰ ਦੀ ਨਾਅਰੇਬਾਜ਼ੀ ਦਰਮਿਆਨ ਸਦਨ ਨੇ ਜ਼ਬਾਨੀ ਵੋਟ ਨਾਲ ਧੰਨਵਾਦ ਮਤਾ ਪਾਸ ਕਰ ਦਿੱਤਾ ਸੀ। ਪੇਂਗੁਇਨ ਰੈਂਡਮ ਹਾਊਸ ਇੰਡੀਆ ਨੇ ਇੱਕ ਬਿਆਨ ਵਿੱਚ ਸਪੱਸ਼ਟ ਕੀਤਾ ਕਿ ਜਨਰਲ ਨਰਵਣੇ ਦੀ ਸਵੈ-ਜੀਵਨੀ 'ਫੋਰ ਸਟਾਰਜ਼ ਆਫ ਡੈਸਟੀਨੀ' ਦੇ ਪ੍ਰਕਾਸ਼ਨ ਦੇ ਅਧਿਕਾਰ ਉਸ ਕੋਲ ਹਨ। ਪ੍ਰਕਾਸ਼ਕ ਨੇ ਕਿਹਾ ਕਿ ਕਿਤਾਬ ਅਜੇ ਪ੍ਰਕਾਸ਼ਨ ਵਿੱਚ ਨਹੀਂ ਗਈ ਹੈ ਅਤੇ ਇਸ ਦੀ ਕੋਈ ਵੀ ਕਾਪੀ, ਪ੍ਰਿੰਟ ਜਾਂ ਡਿਜੀਟਲ ਰੂਪ ਵਿੱਚ, ਪ੍ਰਕਾਸ਼ਿਤ, ਵੰਡੀ, ਵੇਚੀ ਜਾਂ ਜਨਤਾ ਲਈ ਉਪਲੱਬਧ ਨਹੀਂ ਕਰਵਾਈ ਗਈ ਹੈ। ਇਸ ਤੋਂ ਪਹਿਲਾਂ ਦਿੱਲੀ ਪੁਲਿਸ ਨੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਨਿਊਜ਼ ਫੋਰਮਾਂ 'ਤੇ ਮਿਲੀ ਜਾਣਕਾਰੀ ਦਾ ਨੋਟਿਸ ਲਿਆ ਸੀ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ 'ਫੋਰ ਸਟਾਰਜ਼ ਆਫ ਡੈਸਟੀਨੀ' ਦੀ ਇੱਕ ਪ੍ਰੀ-ਪ੍ਰਿੰਟ ਕਾਪੀ ਪ੍ਰਸਾਰਿਤ ਕੀਤੀ ਜਾ ਰਹੀ ਹੈ। ਸਪੈਸ਼ਲ ਸੈੱਲ ਨੇ 'ਅਜੇ ਤੱਕ ਮਨਜ਼ੂਰ ਨਾ ਹੋਏ ਪ੍ਰਕਾਸ਼ਨ ਦੇ ਕਥਿਤ ਉਲੰਘਣਾ ਦੇ ਮਾਮਲੇ ਵਿੱਚ ਕੇਸ ਦਰਜ ਕੀਤਾ ਹੈ।

## ਬਠਿੰਡਾ ਅਦਾਲਤ ਵੱਲੋਂ ਜਬਰ-ਜ਼ਨਾਹ ਮਾਮਲੇ 'ਚ

ਹੀ ਨਹੀਂ ਸਗੋਂ ਦੇਸ਼ ਵਿਦੇਸ਼ ਵਿੱਚ ਚਰਚਾ ਦਾ ਵਿਸ਼ਾ ਰਿਹਾ ਹੈ। ਪੀੜਤ ਨੇ ਦੱਸਿਆ ਸੀ ਕਿ ਉਕਤ ਥਾਣੇਦਾਰ ਉਸ ਨਾਲ ਸਰੀਰਕ ਸਬੰਧ ਬਣਾਉਣਾ ਚਾਹੁੰਦਾ ਸੀ ਪਰ ਜਦੋਂ ਉਸ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ 6 ਮਈ, 2021 ਨੂੰ ਵਕਤ ਏ.ਐਸ.ਆਈ. ਗੁਰਵਿੰਦਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਉਸ ਦੇ ਪੁੱਤਰ ਮਨਪ੍ਰੀਤ ਸਿੰਘ ਖਿਲਾਫ ਐਨ.ਡੀ.ਪੀ.ਐਸ. ਦਾ ਝੂਠਾ ਕੇਸ ਦਰਜ ਕਰ ਦਿੱਤਾ ਅਤੇ ਘਰ ਵਿੱਚ ਪਏ ਪੈਸੇ ਚੁੱਕ ਕੇ ਲੈ ਗਏ। ਪੀੜਤ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੇ ਫੋਨ ਕਰਕੇ ਕਿਹਾ ਕਿ ਉਹ ਉਸ ਦੇ ਪੁੱਤਰ ਨੂੰ ਕਾਰਵਾਈ ਤੋਂ ਬਚਾ ਸਕਦਾ ਹੈ। ਪੀੜਤ ਨੇ ਦੱਸਿਆ ਸੀ ਕਿ 10 ਮਈ ਨੂੰ ਗੁਰਵਿੰਦਰ ਸਿੰਘ ਨੇ ਗੱਡੀ ਵਿੱਚ ਹੀ ਉਸ ਨਾਲ ਜਬਰ ਜ਼ਨਾਹ ਕੀਤਾ। ਇਸ ਤੋਂ ਬਾਅਦ ਉਕਤ ਏ.ਐਸ.ਆਈ. ਨੇ ਬਲੈਕਮੇਲ ਕਰਦਿਆਂ ਅਗਲੇ ਦਿਨ ਘਰ ਆਉਣ ਬਾਰੇ ਕਿਹਾ ਪਰ ਉਸ ਵੱਲੋਂ ਮਨਾ ਕਰਨ ਦੇ ਬਾਵਜੂਦ ਉਸ ਨੇ ਆਪਣੀ ਜ਼ਿੱਦ ਫੜੀ ਰੱਖੀ। 11 ਮਈ, 2021 ਦੀ ਰਾਤ ਨੂੰ ਉਕਤ ਥਾਣੇਦਾਰ ਮਹਿਲਾ ਦੇ ਘਰ ਪੁੱਜ ਗਿਆ। ਇਸ ਦੀ ਭਿਣਕ ਪੈਂਦਿਆਂ ਹੀ ਉਸ ਦੇ ਰਿਸ਼ਤੇਦਾਰਾਂ ਅਤੇ ਪਿੰਡ ਵਾਸੀਆਂ ਨੇ ਥਾਣੇਦਾਰ ਨੂੰ ਰੰਗੇ ਹੱਥੀਂ ਕਾਬੂ ਕਰਕੇ ਪੁਲਿਸ ਹਵਾਲੇ ਕਰ ਦਿੱਤਾ। ਪੀੜਤ ਧਿਰ ਵੱਲੋਂ ਪੰਜਾਬ ਹਰਿਆਣਾ ਹਾਈ ਕੋਰਟ ਦੇ ਵਕੀਲ ਗੁਰਪ੍ਰੀਤ ਸਿੰਘ ਭਸੀਨ ਨੇ ਇਸ ਕੇਸ ਦੀ ਪੈਰਵਾਈ ਕੀਤੀ। ਅਡੀਸ਼ਨਲ ਸੈਸ਼ਨ ਜੱਜ ਰਜੇਸ਼ ਕੁਮਾਰ ਦੀ ਅਦਾਲਤ ਵਿੱਚ ਐਡਵੋਕੇਟ ਗੁਰਪ੍ਰੀਤ ਸਿੰਘ ਭਸੀਨ ਨੇ ਪੀੜਤ ਮਹਿਲਾ ਦਾ ਪੱਖ ਤੱਥਾਂ ਸਮੇਤ ਅਦਾਲਤ ਅੱਗੇ ਰੱਖ ਕੇ ਮੁਲਜ਼ਮ ਨੂੰ ਉਮਰ ਕੈਦ ਦੀ ਸਜ਼ਾ ਕਰਨ ਦੀ ਮੰਗ ਕੀਤੀ ਸੀ।

## ਦੇਸ਼ ਵਿੱਚ ਜਨਵਰੀ ਮਹੀਨੇ ਦੌਰਾਨ

ਦਰ 2.13 ਫੀਸਦੀ ਰਹੀ ਹੈ। ਨਵੀਂ ਪ੍ਰਣਾਲੀ ਵਿੱਚ ਹੁਣ ਪੇਂਡੂ ਘਰਾਂ ਦੇ ਕਿਰਾਏ, ਸੀਐਨਜੀ, ਪੀਐਨਜੀ ਅਤੇ ਆਨਲਾਈਨ ਮੀਡੀਆ ਵਰਗੀਆਂ ਸੇਵਾਵਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਡਿਜੀਟਲ ਸਰੋਤਾਂ ਜਿਵੇਂ ਕਿ ਮੋਬਾਈਲ ਖਰਚੇ, ਰੇਲ ਅਤੇ ਹਵਾਈ ਸਫਰ ਦੇ ਕਿਰਾਏ ਅਤੇ ਓਟੀਟੀ ਪਲੇਟਫਾਰਮਾਂ ਦੀ ਫੀਸ ਨੂੰ ਵੀ ਇਸ ਨਵੀਂ ਸੂਚੀ ਵਿੱਚ ਥਾਂ ਦਿੱਤੀ ਗਈ ਹੈ। ਜੇ ਪੁਰਾਣੇ ਤਰੀਕੇ (2012 ਆਧਾਰ ਸਾਲ) ਨਾਲ ਤੁਲਨਾ ਕੀਤੀ ਜਾਵੇ ਤਾਂ ਜਨਵਰੀ 2025 ਵਿੱਚ ਮਹਿੰਗਾਈ ਦਰ 4.26 ਫੀਸਦੀ ਸੀ, ਜੋ ਕਿ ਦਸੰਬਰ ਵਿੱਚ 1.33 ਫੀਸਦੀ ਦਰਜ ਕੀਤੀ ਗਈ ਸੀ।

## 'ਰੇਰਾ' ਨੂੰ ਬੰਦ ਹੀ ਕਰ ਦਿਓ,

ਪਹਿਲਾਂ ਰੇਰਾ ਦਫ਼ਤਰ ਨੂੰ ਤਬਦੀਲ ਕਰਨ ਸੰਬੰਧੀ ਜੂਨ 2025 ਦੇ ਨੋਟੀਫਿਕੇਸ਼ਨ 'ਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ ਸੀ। ਬਾਅਦ ਵਿੱਚ, 30 ਦਸੰਬਰ, 2025 ਦੇ ਇੱਕ ਹੁਕਮ ਵਿੱਚ, ਇਸਨੇ ਅੰਤਰਿਮ ਹੁਕਮ ਨੂੰ ਜਾਰੀ ਰੱਖਣ ਦਾ ਨਿਰਦੇਸ਼ ਦਿੱਤਾ। ਸੁਪਰੀਮ ਕੋਰਟ ਨੇ ਹੁਕਮ 'ਤੇ ਰੋਕ ਲਗਾ ਦਿੱਤੀ। ਹਿਮਾਚਲ ਪ੍ਰਦੇਸ਼ ਨੇ ਐਡਵੋਕੇਟ ਸੁਗੰਧਾ ਆਨੰਦ ਰਾਹੀਂ ਸੁਪਰੀਮ ਕੋਰਟ ਵਿੱਚ ਦਾਇਰ ਆਪਣੀ ਪਟੀਸ਼ਨ ਵਿੱਚ ਕਿਹਾ ਕਿ ਰਾਜ ਰੇਰਾ ਦਫ਼ਤਰ ਨੂੰ ਸ਼ਿਮਲਾ ਤੋਂ ਧਰਮਸ਼ਾਲਾ ਤਬਦੀਲ ਕਰਨ ਦਾ ਫੈਸਲਾ ਸ਼ਿਮਲਾ ਸ਼ਹਿਰ ਵਿੱਚ ਭੀੜ-ਭੜੱਕੇ ਨੂੰ ਘਟਾਉਣ ਲਈ ਲਿਆ ਗਿਆ ਸੀ ਅਤੇ ਇਹ ਸਿਰਫ਼ ਪ੍ਰਬੰਧਕੀ ਕਾਰਨਾਂ ਕਰਕੇ ਸੀ। ਪ੍ਰਤੀਵਾਦੀ ਦੀ ਨੁਮਾਇੰਦਗੀ ਕਰਨ ਵਾਲੇ ਇੱਕ ਵਕੀਲ ਨੇ ਕਿਹਾ ਕਿ ਅਥਾਰਟੀ ਦੇ ਸਾਹਮਣੇ 90 ਪ੍ਰਤੀਸ਼ਤ ਪ੍ਰਾਜੈਕਟ ਸ਼ਿਮਲਾ, ਸੋਲਨ, ਪਰਵਾਨੂ ਅਤੇ ਸਿਰਮੌਰ ਵਿੱਚ ਹਨ, ਜੋ ਕਿ ਵੱਧ ਤੋਂ ਵੱਧ 40 ਕਿਲੋਮੀਟਰ ਦੇ ਘੇਰੇ ਵਿੱਚ ਹਨ। ਰੇਰਾ ਦੇ ਸਾਹਮਣੇ ਲੰਬਿਤ ਲਗਭਗ 92 ਪ੍ਰਤੀਸ਼ਤ ਸ਼ਿਕਾਇਤਾਂ ਇਨ੍ਹਾਂ ਜ਼ਿਲ੍ਹਿਆਂ ਤੋਂ ਹਨ, ਅਤੇ ਧਰਮਸ਼ਾਲਾ ਵਿੱਚ ਸਿਰਫ਼ 20 ਪ੍ਰੋਜੈਕਟ ਹਨ। ਜਦੋਂ ਬੈਂਚ ਨੂੰ ਦੱਸਿਆ ਗਿਆ ਕਿ ਇੱਕ ਸੇਵਾਮੁਕਤ ਆਈ.ਏ.ਐਸ. ਅਧਿਕਾਰੀ ਨੂੰ ਰੇਰਾ ਵਿੱਚ ਨਿਯੁਕਤ ਕੀਤਾ ਗਿਆ ਹੈ, ਤਾਂ ਚੀਫ਼ ਜਸਟਿਸ ਨੇ ਕਿਹਾ, 'ਇਹ ਹਰ ਰਾਜ ਵਿੱਚ ਇੱਕ ਪੁਨਰਵਾਸ ਕੇਂਦਰ ਬਣ ਗਿਆ ਹੈ। ਇਨ੍ਹਾਂ ਸਾਰੇ ਅਧਿਕਾਰੀਆਂ 'ਤੇ ਇਨ੍ਹਾਂ ਲੋਕਾਂ ਦਾ ਕਬਜ਼ਾ ਹੈ।' ਉਨ੍ਹਾਂ ਅੱਗੇ ਕਿਹਾ, 'ਜਿਨ੍ਹਾਂ ਲੋਕਾਂ ਲਈ ਇਹ ਸੰਸਥਾ ਬਣਾਈ ਗਈ ਸੀ, ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਕੋਈ ਪ੍ਰਭਾਵਸ਼ਾਲੀ ਰਾਹਤ ਨਹੀਂ ਮਿਲ ਰਹੀ ਹੈ।'

ਜਦੋਂ ਤੁਸੀਂ ਇਨ੍ਹਾਂ ਲੋਕਾਂ ਨੂੰ ਮਿਲੋਗੇ ਤਾਂ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਇਹ ਸੰਗਠਨ ਅਸਲ ਵਿੱਚ ਹੁਣ ਕਿਸ ਲਈ ਕੰਮ ਕਰ ਰਿਹਾ ਹੈ।' ਸੁਪਰੀਮ ਕੋਰਟ ਨੇ ਇਹ ਵੀ ਕਿਹਾ ਕਿ ਸ਼ਿਮਲਾ ਪੂਰੀ ਤਰ੍ਹਾਂ ਭੀੜ-ਭੜੱਕੇ ਵਾਲਾ ਹੈ। ਪਟੀਸ਼ਨ 'ਤੇ ਨੋਟਿਸ ਜਾਰੀ ਕਰਦੇ ਹੋਏ ਬੈਂਚ ਨੇ ਕਿਹਾ, 'ਰਾਜ ਨੂੰ ਰੇਰਾ ਦਫਤਰ ਨੂੰ ਆਪਣੀ ਪਸੰਦ ਦੀ ਜਗ੍ਹਾ 'ਤੇ ਤਬਦੀਲ ਕਰਨ ਦੀ ਇਜਾਜ਼ਤ ਹੈ। ਪਰ ਇਹ ਹਾਈ ਕੋਰਟ ਵਿੱਚ ਲੰਬਿਤ ਰਿੱਟ ਪਟੀਸ਼ਨ ਦੇ ਅੰਤਮ ਨਤੀਜੇ 'ਤੇ ਨਿਰਭਰ ਕਰੇਗਾ।' ਹਿਮਾਚਲ ਪ੍ਰਦੇਸ਼ ਦੇ ਐਡਵੋਕੇਟ ਜਨਰਲ ਨੇ ਬੈਂਚ ਨੂੰ ਦੱਸਿਆ ਕਿ ਰਾਜ ਪਾਲਮਪੁਰ, ਧਰਮਸ਼ਾਲਾ ਅਤੇ ਹੋਰ ਸ਼ਹਿਰਾਂ ਨੂੰ ਨੀਤੀਗਤ ਫੈਸਲੇ ਦੇ ਹਿੱਸੇ ਵਜੋਂ ਵਿਕਸਤ ਕਰ ਰਿਹਾ ਹੈ। ਚੀਫ਼ ਜਸਟਿਸ ਨੇ ਪੁੱਛਿਆ, 'ਇੱਕ ਸੇਵਾਮੁਕਤ ਪ੍ਰਸ਼ਾਸਨਿਕ ਅਧਿਕਾਰੀ ਦੀ ਨਿਯੁਕਤੀ ਪਿੱਛੇ ਕੀ ਤਰਕ ਹੈ?' 'ਉਹ ਪਾਲਮਪੁਰ ਨੂੰ ਵਿਕਸਤ ਕਰਨ ਵਿੱਚ ਕਿਵੇਂ ਮਦਦ ਕਰ ਸਕਦਾ ਹੈ? ਤੁਹਾਨੂੰ ਇੱਕ ਅਜਿਹੇ ਆਰਕੀਟੈਕਟ ਨੂੰ ਨਿਯੁਕਤ ਕਰਨ ਦੀ ਜ਼ਰੂਰਤ ਹੈ ਜੋ ਵਾਤਾਵਰਣ ਪ੍ਰਤੀ ਜਾਗਰੂਕ ਹੋਵੇ ਅਤੇ ਪਾਲਮਪੁਰ, ਧਰਮਸ਼ਾਲਾ ਅਤੇ ਇਨ੍ਹਾਂ ਸਾਰੇ ਖੇਤਰਾਂ ਨੂੰ ਜਾਣਦਾ ਹੋਵੇ। ਸਿਰਫ਼ ਉਹੀ ਮਦਦ ਕਰ ਸਕਣਗੇ।' ਬੈਂਚ ਨੂੰ ਇਹ ਵੀ ਦੱਸਿਆ ਗਿਆ ਕਿ ਸ਼ਿਮਲਾ ਜ਼ਿਲ੍ਹਾ ਜੱਜ ਰੇਰਾ ਦੁਆਰਾ ਜਾਰੀ ਕੀਤੇ ਗਏ ਆਦੇਸ਼ਾਂ ਵਿਰੁੱਧ ਅਪੀਲਾਂ ਦੀ ਸੁਣਵਾਈ ਕਰਦਾ ਹੈ। ਇਸ 'ਤੇ ਬੈਂਚ ਨੇ ਕਿਹਾ,'ਇਹ ਯਕੀਨੀ ਬਣਾਉਣ ਲਈ ਕਿ ਰੇਰਾ ਦੇ ਹੁਕਮ ਤੋਂ ਪ੍ਰਭਾਵਿਤ ਲੋਕਾਂ ਨੂੰ ਸ਼ਿਮਲਾ ਆ ਕੇ ਅਪੀਲ ਦਾਇਰ ਕਰਨ ਵਿੱਚ ਕੋਈ ਮੁਸ਼ਕਲ ਨਾ ਆਵੇ, ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਅਪੀਲੀ ਸ਼ਕਤੀ ਸ਼ਿਮਲਾ ਦੇ ਪ੍ਰਿੰਸੀਪਲ ਜ਼ਿਲ੍ਹਾ ਜੱਜ ਤੋਂ ਧਰਮਸ਼ਾਲਾ ਦੇ ਪ੍ਰਿੰਸੀਪਲ ਜ਼ਿਲ੍ਹਾ ਜੱਜ ਨੂੰ ਤਬਦੀਲ ਕੀਤੀ ਜਾਵੇ।' ਇੱਕ ਵੱਖਰੇ ਮਾਮਲੇ ਵਿੱਚ, 9 ਫਰਵਰੀ ਨੂੰ, ਸੁਪਰੀਮ ਕੋਰਟ ਨੇ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਓਬੀਸੀ ਕਮਿਸ਼ਨ ਨੂੰ ਸ਼ਿਮਲਾ ਤੋਂ ਧਰਮਸ਼ਾਲਾ ਤਬਦੀਲ ਕਰਨ ਦੇ ਰਾਜ ਸਰਕਾਰ ਦੇ ਫੈਸਲੇ 'ਤੇ ਰੋਕ ਲਗਾਉਣ ਵਾਲੇ ਅੰਤਰਿਮ ਆਦੇਸ਼ ਨੂੰ ਵੀ ਖਾਲੀ ਕਰ ਦਿੱਤਾ। ਸੁਪਰੀਮ ਕੋਰਟ ਨੇ ਕਿਹਾ ਸੀ ਕਿ ਅਜਿਹੇ ਮਾਮਲਿਆਂ ਵਿੱਚ ਨੀਤੀਗਤ ਫੈਸਲੇ ਸ਼ਾਮਲ ਹੁੰਦੇ ਹਨ ਅਤੇ ਆਮ ਤੌਰ 'ਤੇ ਨਿਆਂਇਕ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੇ।

## ਪੰਜਾਬ 'ਚ ਦੂਜੇ ਦਿਨ ਵੀ ਬੱਸਾਂ ਦਾ ਮੁਕੰਮਲ ਚੱਕਾ ਜਾਮ

ਵਰਤੋਂ ਕਰ ਰਹੇ ਹਨ।ਯੂਨੀਅਨ ਆਗੂ ਹਰਕੇਸ਼ ਵਿੱਕੀ ਨੇ ਦੱਸਿਆ ਕਿ ਉਨ੍ਹਾਂ ਦੀ ਮੁੱਖ ਮੰਗ ਪਿਛਲੇ ਅੰਦੋਲਨਾਂ ਦੌਰਾਨ ਜੇਲ੍ਹ ਭੇਜੇ ਗਏ ਸਾਥੀਆਂ ਦੀ ਤੁਰੰਤ ਰਿਹਾਈ ਅਤੇ ਕਿਲੋਮੀਟਰ ਸਕੀਮ ਤਹਿਤ ਹੋ ਰਹੇ ਨਿੱਜੀਕਰਨ ਨੂੰ ਰੋਕਣਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵਾਅਦੇ ਕਰਕੇ ਮੁਕਰ ਰਹੀ ਹੈ ਅਤੇ ਮੁਲਾਜ਼ਮਾਂ 'ਤੇ ਇਰਾਦਾ ਕਤਲ ਵਰਗੀਆਂ ਸੰਗੀਨ ਧਾਰਾਵਾਂ ਤਹਿਤ ਪਰਚੇ ਦਰਜ ਕੀਤੇ ਗਏ ਹਨ।

ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਵੀ ਇਸ ਹੜਤਾਲ ਨੂੰ ਆਪਣਾ ਸਮਰਥਨ ਦਿੰਦਿਆਂ ਕਿਹਾ ਕਿ ਇਹ ਲੜਾਈ ਸਰਕਾਰੀ ਅਦਾਰਿਆਂ ਨੂੰ ਬਚਾਉਣ ਲਈ ਹੈ। ਸਥਿਤੀ ਨੂੰ ਕਾਬੂ ਹੇਠ ਰੱਖਣ ਲਈ ਸੂਬੇ ਭਰ ਵਿੱਚ ਪੁਲੀਸ ਤੈਨਾਤ ਕੀਤੀ ਗਈ ਹੈ, ਜਦ ਕਿ ਯੂਨੀਅਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਸਥਿਤ ਰਿਹਾਇਸ਼ ਦਾ ਘਿਰਾਓ ਕਰਨਗੇ।

## ਦੇਸ਼ ਦੇ ਹਰ ਕਿਸਾਨ ਪਰਿਵਾਰ ਸਿਰ

ਅਤੇ ਉੱਤਰ ਪ੍ਰਦੇਸ਼ (51,107 ਰੁਪਏ) 'ਤੇ ਦਰਮਿਆਨੇ ਪੱਧਰ ਦਾ ਕਰਜ਼ੇ ਦਾ ਬੋਝ ਹੈ। ਮਾਹਿਰਾਂ ਮੁਤਾਬਕ ਕਿਸਾਨਾਂ ਵਿੱਚ ਲਗਾਤਾਰ ਕਰਜ਼ਾ ਨਿਰਭਰਤਾ ਦੇ ਕਾਰਨ ਵੱਧ ਰਹੀ ਲਾਗਤ, ਸੀਮਤ ਆਮਦਨ, ਅਨਿਸ਼ਚਿਤ ਮੌਸਮੀ ਹਾਲਾਤ, ਖ਼ਾਸ ਕਰਕੇ ਮੌਨਸੂਨ ਦੀ ਅਨਿਸ਼ਚਿਤਤਾ, ਖਰੀਦ ਭੁਗਤਾਨ ਵਿੱਚ ਦੇਰੀ, ਛੋਟੇ ਖੇਤ, ਸਮਾਜਿਕ ਸਮਾਰੋਹਾਂ 'ਤੇ ਫ਼ਜ਼ੂਲ ਖ਼ਰਚੀ ਅਤੇ ਉੱਚ ਅਨਪੜ੍ਹਤਾ ਦਰ ਨਾਲ ਜੁੜੇ ਹਨ।

## 114 ਰਾਫੇਲ ਅਤੇ ਛੇ ਪੀ-89 ਲੜਾਕੂ

ਦੇਸ਼ਾਂ ਨਾਲ ਵਧਦੇ ਤਣਾਅ ਨੇ ਫ਼ੌਜੀ ਆਧੁਨਿਕੀਕਰਨ ਦੀ ਜ਼ਰੂਰਤ ਨੂੰ ਵੀ ਤੇਜ਼ ਕਰ ਦਿੱਤਾ ਹੈ। ਅਜਿਹੀ ਸਥਿਤੀ ਵਿੱਚ, 114 ਨਵੇਂ ਰਾਫੇਲ ਜੈੱਟ ਹਵਾਈ ਸੈਨਾ ਨੂੰ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮਜ਼ਬੂਤ ਬਣਾਉਣਗੇ। ਰਾਫੇਲ ਪਹਿਲਾਂ ਹੀ ਭਾਰਤੀ ਹਵਾਈ ਸੈਨਾ ਦੀ ਸੇਵਾ ਵਿੱਚ ਹੈ। 2016 ਵਿੱਚ, ਭਾਰਤ ਨੇ ਫਰਾਂਸ ਤੋਂ 36 ਰਾਫੇਲ ਜੈੱਟ ਖਰੀਦੇ, ਜੋ ਹੁਣ ਪੂਰੀ ਤਰ੍ਹਾਂ ਕਾਰਜਸ਼ੀਲ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੇ ਰੱਖਿਆ ਖੇਤਰ ਵਿੱਚ ਸਵਦੇਸ਼ੀ ਨਿਰਮਾਣ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਹੈ। ਪਹਿਲਾਂ, ਭਾਰਤ ਜ਼ਿਆਦਾਤਰ ਹਥਿਆਰ ਅਤੇ ਮਸ਼ੀਨਰੀ ਆਯਾਤ ਕਰਦਾ ਸੀ, ਪਰ ਇਹ ਸਥਿਤੀ ਬਦਲ ਰਹੀ ਹੈ। ਸਵਦੇਸ਼ੀ ਲੜਾਕੂ ਜਹਾਜ਼ਾਂ ਨੂੰ ਵਿਕਸਤ ਕਰਨ ਦੇ ਯਤਨ 1980 ਦੇ ਦਹਾਕੇ ਤੋਂ ਚੱਲ ਰਹੇ ਹਨ ਪਰ ਅਸਲ ਸਫਲਤਾ ਪਿਛਲੇ ਦਹਾਕੇ ਵਿੱਚ ਤੇਜਸ ਲੜਾਕੂ ਜਹਾਜ਼ ਦੀ ਸ਼ੁਰੂਆਤ ਨਾਲ ਪ੍ਰਾਪਤ ਹੋਈ। ਤੇਜਸ ਪੁਰਾਣੇ ਸੋਵੀਅਤ ਜਹਾਜ਼ਾਂ ਜਿਵੇਂ ਕਿ ਮਿਗ-21 ਦੀ ਥਾਂ ਲੈ ਰਿਹਾ ਹੈ। ਹਿੰਦੁਸਤਾਨ ਏਅਰੋਨੌਟਿਕਸ ਲਿਮਿਟਿਡ (ਹਾਲ) ਨੂੰ ਪਹਿਲਾਂ ਹੀ 180 ਤੇਜਸ ਐੱਮਕੇ-1ਏ ਵੇਰੀਐਂਟਸ ਦਾ ਆਰਡਰ ਮਿਲ ਚੁੱਕਾ ਹੈ, ਪਰ ਜੀਈ ਏਅਰੋਸਪੇਸ ਵਿੱਚ ਇੰਜਣ ਸਪਲਾਈ ਚੇਨ ਦੇ ਮੁੱਦਿਆਂ ਕਾਰਨ ਡਿਲੀਵਰੀ ਅਜੇ ਸ਼ੁਰੂ ਨਹੀਂ ਹੋਈ ਹੈ। ਰਾਫੇਲ ਸੌਦੇ ਵਿੱਚ ਮੇਕ ਇਨ ਇੰਡੀਆ ਵੀ ਇੱਕ ਵੱਡੀ ਭੂਮਿਕਾ ਨਿਭਾਏਗਾ। ਰਿਪੋਰਟਾਂ ਦੇ ਅਨੁਸਾਰ, ਕੁਝ ਜੈੱਟ ਫਰਾਂਸ ਤੋਂ ਫਲਾਈ-ਅਵੇ ਸਥਿਤੀ ਵਿੱਚ ਆਉਣਗੇ, ਜਦੋਂ ਕਿ ਬਾਕੀ ਭਾਰਤ ਵਿੱਚ ਬਣਾਏ ਜਾਣਗੇ, ਜਿਸ ਵਿੱਚ ਭਾਰਤੀ ਕੰਪਨੀਆਂ ਭਾਈਵਾਲ ਹੋਣਗੀਆਂ।

## ਐਸ.ਐਸ.ਪੀ. ਫ਼ਾਜ਼ਿਲਕਾ ਸਕੱਤਰੇਤ ਸ੍ਰੀ ਅਕਾਲ ਤਖ਼ਤ

ਕਰਕੇ ਇਸ ਘਟਨਾ ਸਬੰਧੀ ਆਪਣਾ ਜ਼ੁਬਾਨੀ ਸਪਸ਼ਟੀਕਰਨ ਦਿੱਤਾ। ਜਥੇਦਾਰ ਨੇ ਇਸ ਘਟਨਾ ਦੀ ਸਖਤ ਨਿੰਦਾ ਕੀਤੀ ਅਤੇ ਗੁਰੂ ਘਰ ਦੀ ਮਰਿਆਦਾ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਜਥੇਦਾਰ ਨੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਕਿ ਭਵਿੱਖ ਵਿਚ ਕੋਈ ਵੀ ਪੁਲਿਸ ਮੁਲਾਜ਼ਮ ਸ੍ਰੀ ਹਰਿਮੰਦਰ ਸਾਹਿਬ ਵਿਚ ਦਾਖਲ ਨਾ ਹੋਵੇ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਅਤੇ ਮਰਿਆਦਾ ਸਭ ਤੋਂ ਮਹੱਤਵਪੂਰਨ ਹੈ ਅਤੇ ਹਰ ਹਾਲਾਤ ਵਿਚ ਬਣਾਈ ਰੱਖਣਾ ਸਾਰਿਆਂ ਦੀ ਜਿੰਮੇਵਾਰੀ ਹੈ। ਉਪਰੋਕਤਾਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਸਾਰੀ ਘਟਨਾ ਬਾਰੇ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਐਸਐਸਪੀ ਗੁਰਮੀਤ ਸਿੰਘ ਨੇ ਮੀਡੀਆ ਨਾਲ ਸੰਖੇਪ ਵਿਚ ਗੱਲਬਾਤ ਕਰਦਿਆਂ ਕਿਹਾ ਕਿ ਉਹ ਦਰਸ਼ਨ ਲਈ ਆਏ ਸਨ ਅਤੇ ਗੁਰ ਘਰ ਮੱਥਾ ਟੇਕਣ ਨਾਲ ਉਨ੍ਹਾਂ ਦੇ ਮਨ ਨੂੰ ਸ਼ਾਂਤੀ ਮਿਲੀ ਹੈ। ਹਾਲਾਂਕਿ ਜਦੋਂ ਪੱਤਰਕਾਰਾਂ ਨੇ ਪਰਿਕਰਮਾ ਵਿਚੋਂ ਪਿਛਲੇ ਦਿਨੀਂ ਮੁਜਲਮਾਂ ਦੀ ਗ੍ਰਿਫ਼ਤਾਰੀ ਬਾਰੇ ਸਵਾਲ ਪੁੱਛੇ ਤਾਂ ਪੁਲਿਸ ਅਧਿਕਾਰੀਆਂ ਨੇ ਇਸ ਦਾ ਜਵਾਬ ਨਹੀਂ ਦਿੱਤਾ। ਜਥੇਦਾਰ ਗੜਗੱਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦੇ ਨਾਲ-ਨਾਲ ਸਾਰੇ ਧਰਮਾਂ, ਸਾਰੀ ਮਨੁੱਖਤਾ ਲਈ ਇੱਕ ਸਾਂਝਾ ਧਾਰਮਿਕ ਸਥਾਨ ਹੈ। ਇਸ ਦੇ ਚਾਰ ਦਰਵਾਜ਼ੇ ਸਾਰੇ ਧਰਮਾਂ ਅਤੇ ਵਰਗਾਂ ਦੇ ਲੋਕਾਂ ਲਈ ਖੁੱਲ੍ਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਕਿਸੇ ਵੀ ਏਜੰਸੀ ਜਾਂ ਵਿਭਾਗ ਨੂੰ ਕੋਈ ਵੀ ਅਜਿਹੀ ਕਾਰਵਾਈ ਨਹੀਂ ਕਰਨੀ ਚਾਹੀਦੀ ਜੋ ਗਲਤ ਸੁਨੇਹਾ ਦਿੰਦੀ ਹੋਵੇ ਜਾਂ ਧਾਰਮਿਕ ਮਰਿਆਦਾ ਨੂੰ ਪ੍ਰਭਾਵਿਤ ਕਰਦੀ ਹੋਵੇ। ਉਨ੍ਹਾਂ ਕਿਹਾ ਕਿ ਪੁਲਿਸ ਅਫ਼ਸਰਾਂ ਨੇ ਕਾਰਵਾਈ ਦਾ ਆਪਣਾ ਪੱਖ ਪੇਸ਼ ਕੀਤਾ ਅਤੇ ਭਵਿੱਖ ਵਿੱਚ ਅਜਿਹੀ ਗਲਤੀ ਨਾ ਦੁਹਰਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਇਹ ਵੀ ਕਿਹਾ ਕਿ ਉਹ ਲਿਖਤੀ ਸਪੱਸ਼ਟੀਕਰਨ ਦੇਣਗੇ। ਪੰਜ ਸਿੰਘ ਸਾਹਿਬਾਨ ਦੀ ਸੰਭਾਵੀ ਮੀਟਿੰਗ ਸੰਬੰਧੀ ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਨੇ ਕਿਹਾ ਕਿ ਅਜੇ ਕੋਈ ਤਾਰੀਖ ਨਿਰਧਾਰਤ ਨਹੀਂ ਕੀਤੀ ਗਈ ਹੈ। ਜਿਸ ਦਾ ਫੈਂਸਲਾ ਲੋੜ ਪੈਣ 'ਤੇ ਲਿਆ ਜਾਵੇਗਾ। ਜਥੇਦਾਰ ਨੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਭੁੱਲਰ ਨੇ ਆਪਣੀ ਸਜ਼ਾ ਪੂਰੀ ਕਰ ਲਈ ਹੈ ਅਤੇ ਮਨੁੱਖੀ ਅਧਿਕਾਰਾਂ ਤਹਿਤ ਰਿਹਾਈ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦਿੱਲੀ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਇਸ ਮਾਮਲੇ ਵਿਚ ਸੰਵੇਦਨਸ਼ੀਲਤਾ ਦਿਖਾਉਣ ਅਤੇ ਸਬੰਧਤ ਫਾਈਲਾਂ 'ਤੇ ਦਸਤਖਤ ਕਰਕੇ ਰਿਹਾਈ ਪ੍ਰਕਿਰਿਆ ਨੂੰ ਪੂਰਾ ਕਰਨ। ਜਥੇਦਾਰ ਗੜਗੱਜ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਸਮੇਤ ਹਰ ਸੰਕਟ ਵਿਚ ਸਿੱਖ ਭਾਈਚਾਰੇ ਨੇ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਲਈ ਸਰਕਾਰਾਂ ਨੂੰ ਸਿੱਖਾਂ ਨਾਲ ਸਬੰਧਤ ਮੁੱਦਿਆਂ ਨੂੰ ਹਮਦਰਦੀ, ਸਮਝ ਅਤੇ ਸਤਿਕਾਰ ਨਾਲ ਵਿਚਾਰਨਾ ਚਾਹੀਦਾ ਹੈ।

## ਦਿੱਲੀ ਸਰਕਾਰ ਪ੍ਰੋ. ਦਵਿੰਦਰਪਾਲ ਸਿੰਘ

ਲਈ ਆਖਿਆ ਸੀ। ਉਨ੍ਹਾਂ ਕਿਹਾ ਕਿ ਪਹਿਲਾਂ ਦਸ ਸਾਲ ਦਿੱਲੀ ਦੀ ਆਮ ਆਦਮੀ ਪਾਰਟੀ ਦੀ ਅਰਵਿੰਦ ਕੇਜਰੀਵਾਲ ਸਰਕਾਰ ਨੇ ਪ੍ਰੋ. ਭੁੱਲਰ ਦੀ ਰਿਹਾਈ ਦਾ ਮਾਮਲਾ ਲਟਕਾ ਕੇ ਰੱਖਿਆ ਅਤੇ ਸਿੱਖ ਭਾਵਨਾਵਾਂ ਦੀ ਕਦਰ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਹੁਣ ਜਦੋਂ ਦਿੱਲੀ ਵਿਖੇ ਸਰਕਾਰ ਬਦਲ ਕੇ ਭਾਜਪਾ ਦੀ ਬਣ ਗਈ ਹੈ ਤਾਂ ਸਰਕਾਰ ਦੇ ਸਜ਼ਾ ਸਮੀਖਿਆ ਬੋਰਡ ਦੀ ਇਕੱਤਰਤਾ ਵਿੱਚ ਕੁੱਲ 51 ਕੈਦੀਆਂ ਦੀ ਰਿਹਾਈ ਦੇ ਮਾਮਲੇ ਵਿਚਾਰੇ ਗਏ ਜਿਨ੍ਹਾਂ ਵਿੱਚੋਂ 24 ਕੇਸਾਂ ਨੂੰ ਅਪ੍ਰਵਾਨ ਕੀਤਾ ਗਿਆ ਹੈ ਜਦਕਿ ਬਾਕੀ 27 ਪ੍ਰਵਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਦੋਂ ਬਾਕੀ ਕੈਦੀਆਂ ਨੂੰ ਰਿਹਾਅ ਕਰਨ ਦਾ ਫੈਸਲਾ ਕੀਤਾ ਜਾ ਸਕਦਾ ਹੈ ਤਾਂ ਜੇਕਰ ਸਰਕਾਰ ਚਾਹੇ ਤਾਂ ਉਹ ਪ੍ਰੋ. ਭੁੱਲਰ ਨੂੰ ਵੀ ਰਿਹਾਅ ਕਰ ਸਕਦੀ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪ੍ਰੋ. ਭੁੱਲਰ ਦੇ ਮਾਮਲੇ ਨੂੰ ਮਨੁੱਖਤਾ ਤੇ ਹਮਦਰਦੀ ਦੇ ਤੌਰ ਉੱਤੇ ਦੇਖਦਿਆਂ ਸਰਕਾਰ ਨੂੰ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਉਨ੍ਹਾਂ ਨੂੰ ਪੱਕੇ ਤੌਰ ਉੱਤੇ ਰਿਹਾਅ ਕਰਨਾ ਚਾਹੀਦਾ ਹੈ ਕਿਉਂਕਿ ਉਹ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਸਮੁੱਚੀ ਜ਼ਿੰਮੇਵਾਰੀ ਹੁਣ ਕੇਵਲ ਦਿੱਲੀ ਸਰਕਾਰ ਦੀ ਹੈ ਅਤੇ ਸਰਕਾਰ ਨੂੰ ਦੇਸ਼ ਅੰਦਰ ਸਿੱਖਾਂ ਦੇ ਯੋਗਦਾਨ ਦੇ ਮੱਦੇਨਜ਼ਰ ਪ੍ਰੋ. ਭੁੱਲਰ ਦੀ ਫਾਈਲ ਉੱਤੇ ਦਸਤਖ਼ਤ ਕਰਕੇ ਉਨ੍ਹਾਂ ਦੀ ਰਿਹਾਈ ਕਰ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਜ ਦੇਸ਼ ਅਜ਼ਾਦੀ ਦਾ ਨਿੱਘ ਮਾਣ ਰਿਹਾ ਹੈ ਤਾਂ ਇਸ ਵਿੱਚ ਸਭ ਤੋਂ ਵੱਡਾ ਯੋਗਦਾਨ ਸਿੱਖਾਂ ਦਾ ਹੈ ਅਤੇ ਕਦੇ ਕੋਈ ਮੁਸ਼ਕਿਲ ਵੀ ਪੈਂਦੀ ਹੈ ਤਾਂ ਸਿੱਖ ਸਭ ਤੋਂ ਮੂਹਰੇ ਹੋ ਕੇ ਸੇਵਾਵਾਂ ਲਈ ਖੜ੍ਹਦੇ ਹਨ। ਸਰਕਾਰ ਨੂੰ ਸਿੱਖਾਂ ਦੇ ਅਜਿਹੇ ਹਰ ਮਸਲੇ ਨੂੰ ਸੰਜੀਦਗੀ ਨਾਲ ਹੱਲ ਕਰਨਾ ਚਾਹੀਦਾ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਲਗਾਤਾਰ ਸ਼ਾਂਤਮਈ ਢੰਗ ਨਾਲ ਅਵਾਜ਼ ਬੁਲੰਦ ਕੀਤੀ ਜਾਵੇ ਅਤੇ ਇਸੇ ਵਿਸ਼ੇ ਉੱਤੇ ਸਮੁੱਚਾ ਖ਼ਾਲਸਾ ਪੰਥ ਇਕਜੁੱਟ ਹੋ ਕੇ ਕਾਰਜ ਕਰੇ।

## ਫ਼ਿਲਮ 'ਘੂਸਖੋਰ ਪੰਡਤ' ਦੇ ਨਿਰਮਾਤਾ

ਨੈੱਟਫਲਿਕ 'ਤੇ ਰਿਲੀਜ਼ 'ਤੇ ਰੋਕ ਲਗਾਉਣ ਦੀ ਮੰਗ ਵਾਲੀ ਪਟੀਸ਼ਨ 'ਤੇ ਸੁਣਵਾਈ ਕੀਤੀ।

ਜਸਟਿਸ ਬੀ.ਵੀ. ਨਾਗਰਤਨਾ ਅਤੇ ਉੱਜਲ ਭੁਈਆ ਦੇ ਬੈਂਚ ਨੇ ਫਿਲਮ ਵਿਰੁੱਧ ਦਾਖਲ ਪਟੀਸ਼ਨ 'ਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ, ਸੈਂਟਰਲ ਬੋਰਡ ਫਾਰ ਫਿਲਮ ਸਰਟੀਫਿਕੇਸ਼ਨ ਅਤੇ ਪਾਂਡੇ ਨੂੰ ਨੋਟਿਸ ਜਾਰੀ ਕੀਤੇ।

ਬੈਂਚ ਨੇ ਕਿਹਾ, ਤੁਹਾਨੂੰ ਅਜਿਹੇ ਸਿਰਲੇਖ ਦੀ ਵਰਤੋਂ ਕਰਕੇ ਸਮਾਜ ਦੇ ਇੱਕ ਹਿੱਸੇ ਨੂੰ ਬਦਨਾਮ ਨਹੀਂ ਕਰਨਾ ਚਾਹੀਦਾ ਹੈ। ਇਹ ਨੈਤਿਕਤਾ ਅਤੇ ਜਨਤਕ ਵਿਵਸਥਾ ਦੇ ਵਿਰੁੱਧ ਹੈ। ਅਸੀਂ ਤੁਹਾਨੂੰ ਫਿਲਮ ਰਿਲੀਜ਼ ਕਰਨ ਦੀ ਇਜਾਜ਼ਤ ਨਹੀਂ ਦੇਵਾਂਗੇ ਜਦੋਂ ਤੱਕ ਤੁਸੀਂ ਸਾਨੂੰ ਬਦਲਿਆ ਹੋਇਆ ਸਿਰਲੇਖ ਨਹੀਂ ਦੱਸਦੇ।ਸਰਵਉੱਚ ਅਦਾਲਤ ਨੇ ਪਾਂਡੇ ਨੂੰ ਇੱਕ ਹਲਫ਼ਨਾਮਾ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਕਿ ਫਿਲਮ 'ਘੂਸਖੋਰ ਪੰਡਤ' ਸਮਾਜ ਦੇ ਕਿਸੇ ਵੀ ਹਿੱਸੇ ਨੂੰ ਬਦਨਾਮ ਨਹੀਂ ਕਰਦੀ।

ਇਸ ਮਾਮਲੇ ਦੀ ਅਗਲੀ ਸੁਣਵਾਈ 19 ਫਰਵਰੀ ਨੂੰ ਹੋਵੇਗੀ। ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਸੀ ਕਿ ਇਹ ਫਿਲਮ ਜਾਤ ਅਤੇ ਧਰਮ ਅਧਾਰਤ ਰੂੜ੍ਹੀਵਾਦ ਨੂੰ ਉਤਸ਼ਾਹਤ ਕਰਦੀ ਹੈ ਅਤੇ ਜਨਤਕ ਵਿਵਸਥਾ, ਫਿਰਕੂ ਸਦਭਾਵਨਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਲਈ ਖ਼ਤਰਾ ਪੈਦਾ ਕਰਦੀ ਹੈ।ਨੀਰਜ ਪਾਂਡੇ ਵੱਲੋਂ ਨਿਰਮਿਤ 'ਘੂਸਖੋਰ ਪੰਡਤ' ਦਾ ਐਲਾਨ ਹਾਲ ਹੀ ਵਿੱਚ ਮੁੰਬਈ ਵਿੱਚ ਇੱਕ ਸਮਾਗਮ ਵਿੱਚ ਨੈੱਟਫਲਿਕਸ ਦੁਆਰਾ ਕੀਤਾ ਗਿਆ ਸੀ।ਇਸ ਫਿਲਮ ਵਿੱਚ ਮਨੋਜ ਵਾਜਪਾਈ ਦੇ ਨਾਲ ਨੁਸਰਤ ਭਰੂਚਾ, ਸਾਕਿਬ ਸਲੀਮ, ਅਕਸ਼ੈ ਓਬਰਾਏ ਅਤੇ ਦਿਵਿਆ ਦੱਤਾ ਮੁੱਖ ਭੂਮਿਕਾਵਾਂ ਵਿੱਚ ਹਨ।ਸਰਵਉੱਚ ਅਦਾਲਤ ਨੇ 'ਬ੍ਰਾਹਮਣ ਸਮਾਜ ਆਫ਼ ਇੰਡੀਆ' ਦੇ ਰਾਸ਼ਟਰੀ ਸੰਗਠਨ ਸਕੱਤਰ ਅਤੁਲ ਮਿਸ਼ਰਾ ਵੱਲੋਂ ਦਾਇਰ ਇੱਕ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕੀਤੀ, ਜਿਸ ਵਿੱਚ ਨੈੱਟਫਲਿਕਸ 'ਤੇ ਸਟ੍ਰੀਮ ਹੋਣ ਵਾਲੀ ਫਿਲਮ ਦੀ ਰਿਲੀਜ਼ 'ਤੇ ਰੋਕ ਲਗਾਉਣ ਦੇ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ।

ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਸੀ ਕਿ ਫਿਲਮ ਦਾ ਸਿਰਲੇਖ ਅਤੇ ਕਹਾਣੀ ਪਹਿਲੀ ਨਜ਼ਰੇ ਹੀ ਅਪਮਾਨਜਨਕ ਹੈ, ਜੋ ਬ੍ਰਾਹਮਣ ਭਾਈਚਾਰੇ ਨੂੰ ਮਾਨਹਾਨੀ ਵਾਲੇ ਤਰੀਕੇ ਨਾਲ ਪੇਸ਼ ਕਰਦੀ ਹੈ।ਪਟੀਸ਼ਨ ਵਿੱਚ ਘੂਸਖੋਰ (ਰਿਸ਼ਵਤਖੋਰ) ਦੇ ਨਾਲ ਪੰਡਤ ਸ਼ਬਦ ਦੀ ਵਰਤੋਂ 'ਤੇ ਇਤਰਾਜ਼ ਜਤਾਇਆ ਗਿਆ ਸੀ, ਜੋ ਕਿ ਜਾਤ ਅਤੇ ਧਰਮ ਦੀ ਪਛਾਣ ਕਰਨ ਵਾਲਾ ਸਿਰਲੇਖ ਹੈ ਅਤੇ ਨੈਤਿਕ ਭ੍ਰਿਸ਼ਟਾਚਾਰ ਨੂੰ ਦਰਸਾਉਂਦਾ ਹੈ।

# ਬੈਂਸ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਹਲਕੇ 'ਚ ਚੱਲ ਰਹੇ 100 ਕਰੋੜ ਦੇ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਹੁਕਮ

ਸ੍ਰੀ ਅਨੰਦਪੁਰ ਸਾਹਿਬ, 12 ਫਰਵਰੀ (ਤਰਲੋਚਨ ਸਿੰਘ ) : ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ 100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਨ੍ਹਾਂ ਪ੍ਰੋਜੈਕਟਾਂ ਵਿੱਚ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਜਾ ਰਹੇ ਚਾਰ ਪੁਲ ਸ਼ਾਮਲ ਹਨ, ਜੋ 100 ਤੋਂ ਵੱਧ ਪਿੰਡਾਂ ਅਤੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਨਾਲ ਸੰਪਰਕ ਨੂੰ ਬਿਹਤਰ ਬਣਾਉਣਗੇ।

ਰੋਪੜ ਜ਼ਿਲ੍ਹੇ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਆਪਣੇ ਦਫ਼ਤਰ ਵਿਖੇ ਮੀਟਿੰਗ ਦੌਰਾਨ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਗਏ ਚਾਰ ਪੁਲਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਬੈਂਸ ਨੇ ਕਿਹਾ ਕਿ ਭੱਲੜੀ-ਖੇੜਾ ਕਲਮੋਟ, ਐਲਗਰਾਂ, ਕਲਿੱਤਰਾਂ-ਬੇਲਾ ਧਿਆਨੀ ਅਤੇ ਬੇਲਾ ਧਿਆਨੀ-ਪਲਾਸੀ ਵਿਖੇ ਪੁਲਾਂ ਦੀ ਉਸਾਰੀ ਨਾਲ ਆਉਣ-ਜਾਣ ਦੇ ਸਮੇਂ ਵਿੱਚ ਕਮੀ ਆਵੇਗੀ, ਅੰਤਰ-ਰਾਜੀ ਵਪਾਰ ਨੂੰ ਹੁਲਾਰਾ ਮਿਲੇਗਾ ਅਤੇ ਖੇਤਰ ਵਿੱਚ ਆਰਥਿਕ ਵਿਕਾਸ ਵਧੇਗਾ ਅਤੇ ਸਥਾਨਕ ਨਿਵਾਸੀਆਂ ਨੂੰ ਬਹੁਤ ਲਾਭ ਮਿਲੇਗਾ।

ਸ. ਹਰਜੋਤ ਸਿੰਘ ਬੈਂਸ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਪ੍ਰੋਜੈਕਟਾਂ 'ਤੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਗੁਣਵੱਤਾ ਦੇ ਉੱਚਤਮ ਮਿਆਰਾਂ ਨੂੰ ਕਾਇਮ ਰੱਖਿਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਦੇਰੀ ਦੀ ਸੂਰਤ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਿਕਾਸ ਅਤੇ ਪੰਜਾਬ ਦੇ ਲੋਕਾਂ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਪ੍ਰਤੀ ਵਚਨਬੱਧਤਾ ਨੂੰ ਦਹੁਰਾਇਆ।

# ਪ੍ਰਬੰਧਕੀ ਸੁਧਾਰਾਂ ਤਹਿਤ ਸ਼੍ਰੋਮਣੀ ਕਮੇਟੀ 'ਚ ਸਕੱਤਰਾਂ ਦੇ ਵਿਭਾਗਾਂ ਵਿੱਚ ਤਬਦੀਲੀ

, ਅੰਮ੍ਰਿਤਸਰ, 12 ਫਰਵਰੀ (ਬਬਲੂ ਮਹਾਜਨ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਬੰਧ ਨੂੰ ਮੁੱਖ ਰੱਖਦਿਆਂ ਕੁਝ ਸਕੱਤਰਾਂ ਦੇ ਵਿਭਾਗਾਂ ਵਿੱਚ ਤਬਦੀਲੀ ਕੀਤੀ ਹੈ। ਸਕੱਤਰ ਪ੍ਰਤਾਪ ਸਿੰਘ ਪਾਸੋਂ ਗੁਰਦੁਆਰਾ ਸੈਕਸ਼ਨ 85 ਵਿਭਾਗ ਵਾਪਸ ਲੈਂਦਿਆਂ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਨੂੰ ਆਜ਼ਾਦਾਨਾ ਤੌਰ 'ਤੇ ਗੁਰਦੁਆਰਾ ਸੈਕਸ਼ਨ 85 ਦਾ ਵਿਭਾਗ ਸੌਂਪਿਆ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ ਨੂੰ ਧਰਮ ਪ੍ਰਚਾਰ ਕਮੇਟੀ ਵਿਚ ਮੀਤ ਸਕੱਤਰ ਲਗਾਇਆ ਹੈ ।



ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਗੁਰਦਿਆਲ ਸਿੰਘ ਨੂੰ ਜਸਵਿੰਦਰ ਸਿੰਘ ਜੱਸੀ ਦੀ ਥਾਂ 'ਤੇ ਟਰੱਸਟ ਵਿਭਾਗ, ਵਿਦੇਸ਼ ਵਿਭਾਗ ਤੇ ਵਿੱਦਿਆ ਵਿਭਾਗ ਸੌਂਪਿਆ ਹੈ। ਇਸ ਦੇ ਨਾਲ ਹੀ ਗੁਰਦੁਆਰਾ ਸੈਕਸ਼ਨ 85 ਅਤੇ ਫਲਾਇੰਗ ਵਿਭਾਗ ਦੇ ਇੰਚਾਰਜਾਂ ਨੂੰ ਆਪਸ ਵਿੱਚ ਤਬਦੀਲ ਕੀਤਾ ਹੈ।

# ਪੰਜਾਬ ਦੇ ਕਰ ਵਿਭਾਗ ਵੱਲੋਂ 9 ਕਰੋੜ ਦੇ ਜੀ.ਐਸ.ਟੀ. ਘੁਟਾਲੇ ਤੇ ਅੰਦਰੂਨੀ ਅਨੁਸ਼ਾਸਨਹੀਣਤਾ ਵਿਰੁੱਧ ਵੱਡੀ ਕਾਰਵਾਈ : ਚੀਮਾ

ਚੰਡੀਗੜ੍ਹ, 12 ਫਰਵਰੀ (ਚ.ਨ.ਸ.): ਦੋ ਅਹਿਮ ਮੋਰਚਿਆਂ 'ਤੇ ਫੈਸਲਾਕੁੰਨ ਕਾਰਵਾਈ ਦਾ ਐਲਾਨ ਕਰਦਿਆਂ ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਦੀ ਵਿੱਤੀ ਇਮਾਨਦਾਰੀ ਤੇ ਪ੍ਰਬੰਧਕੀ ਜਵਾਬਦੇਹੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ ਦੱਸਿਆ ਕਿ ਲੁਧਿਆਣਾ ਦੇ ਇੱਕ ਕਾਰੋਬਾਰੀ ਨੂੰ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦਕਿ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਬਿਨਾਂ ਦੱਸੇ ਗੈਰ-ਹਾਜ਼ਰ ਰਹਿਣ ਕਾਰਨ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਸਿਪੂ), ਲੁਧਿਆਣਾ ਵੱਲੋਂ ਕੀਤੀ ਗਈ ਇੱਕ ਵੱਡੀ ਕਾਰਵਾਈ ਦੌਰਾਨ ਕਰ ਵਿਭਾਗ ਨੇ ਮੈਸਰਜ਼ ਐਮ.ਏ.ਏ ਸਟੀਲ, ਲੁਧਿਆਣਾ ਦੇ ਮਾਲਕ ਰੋਹਿਤ ਗੁਪਤਾ ਨੂੰ ਗ੍ਰਿਫ਼ਤਾਰ ਕੀਤਾ ਹੈ। ਕੇਸ ਦਾ ਵੇਰਵਾ ਦਿੰਦਿਆਂ ਉਨ੍ਹਾਂ ਕਿਹਾ, 'ਕਰ ਵਿਭਾਗ ਨੇ ਇੱਕ ਵੱਡੇ ਜੀ.ਐਸ.ਟੀ. ਘੁਟਾਲੇ ਦਾ ਪਰਦਾਫਾਸ਼ ਕੀਤਾ ਹੈ, ਜਿੱਥੇ ਮੈਸਰਜ਼ ਐਮ.ਏ.ਏ ਸਟੀਲ ਵੱਲੋਂ ਬਿਨਾਂ ਕਿਸੇ



ਅਸਲ ਸਪਲਾਈ ਦੇ ਐਚ.ਆਰ./ਸੀ.ਆਰ. ਕੋਇਲਜ਼ ਅਤੇ ਸਟ੍ਰਿਪਸ ਦੇ ਜਾਅਲੀ ਇਨਵੌਇਸ ਜਾਰੀ ਕੀਤੇ ਜਾ ਰਹੇ ਸਨ। ਇਸ ਧੋਖਾਧੜੀ ਵਾਲੇ ਨੈੱਟਵਰਕ ਰਾਹੀਂ 9 ਕਰੋੜ ਰੁਪਏ ਤੋਂ ਵੱਧ ਦਾ ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ) ਵੱਖ-ਵੱਖ ਲਾਭਪਾਤਰੀਆਂ ਨੂੰ ਦਿੱਤਾ ਗਿਆ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਸਿੱਧਾ ਤੇ ਵੱਡਾ ਨੁਕਸਾਨ ਹੋਇਆ। ਛਾਪੇਮਾਰੀ ਦੌਰਾਨ ਵਿਭਾਗ ਦੀਆਂ ਟੀਮਾਂ ਨੇ ਮੌਕੇ 'ਤੇ ਮੌਜੂਦ ਸਟਾਕ ਅਤੇ ਫਰਮ ਦੇ ਅਧਿਕਾਰਤ ਬੁੱਕ ਰਿਕਾਰਡ ਵਿੱਚ ਵੀ ਵੱਡਾ ਫਰਕ ਪਾਇਆ ਹੈ।'

ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਮਾਮਲੇ ਵਿੱਚ ਜਾਂਚ ਦਾ ਘੇਰਾ ਹੋਰ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ, 'ਅਸੀਂ ਸਾਈਕਲ ਪਾਰਟਸ ਅਤੇ ਸਪੇਅਰ ਪਾਰਟਸ ਦੇ ਕਈ ਨਿਰਮਾਤਾਵਾਂ ਦੀ ਜਾਂਚ ਕਰ ਰਹੇ ਹਾਂ, ਜਿਨ੍ਹਾਂ ਦੇ ਇਸ ਘੁਟਾਲੇ ਵਿੱਚ ਸ਼ਾਮਲ ਹੋਣ ਦਾ ਸ਼ੱਕ ਹੈ। ਇਹ ਇਕਾਈਆਂ ਗਲਤ ਤਰੀਕੇ ਨਾਲ ਐਕਸਪੋਰਟ ਰਿਫੰਡ ਜਾਂ ਇਨਵਰਟਿਡ ਡਿਊਟੀ ਸਟ੍ਰਕਚਰ ਰਾਹੀਂ ਲਾਭ ਲੈਣ ਲਈ ਜਾਂਚ ਦੇ ਘੇਰੇ ਵਿੱਚ ਹਨ। ਸਾਡੀ ਸਰਕਾਰ ਕਰ ਚੋਰੀ ਵਿਰੁੱਧ ਸਖ਼ਤੀ ਨਾਲ ਲੜਨ, ਸਰਕਾਰੀ ਮਾਲੀਏ ਦੀ ਰਾਖੀ ਕਰਨ ਤੇ ਪੰਜਾਬ ਦੇ ਹਰ ਇਮਾਨਦਾਰ ਕਰਦਾਤਾ ਲਈ ਬਰਾਬਰ ਦੇ ਮੌਕੇ ਯਕੀਨੀ ਬਣਾਉਣ ਲਈ ਵਚਨਬੱਧ ਹੈ।'

ਇਸੇ ਦੌਰਾਨ ਅੰਦਰੂਨੀ ਪ੍ਰਬੰਧਕੀ ਅਨੁਸ਼ਾਸਨ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਗੈਰ-ਹਾਜ਼ਰ ਰਹਿਣ ਕਾਰਨ ਪੰਜਾਬ ਸਿਵਲ ਸਰਵਿਸਿਜ਼ (ਸਜ਼ਾ ਅਤੇ ਅਪੀਲ) ਨਿਯਮ, 1970 ਤਹਿਤ ਤੁਰੰਤ ਪ੍ਰਭਾਵ ਨਾਲ ਬਰਖਾਸਤ ਕਰ ਦਿੱਤਾ ਹੈ। ਅਨੁਸ਼ਾਸਨ ਪ੍ਰਤੀ ਪੰਜਾਬ ਸਰਕਾਰ ਦੇ ਸਖ਼ਤ ਰੁਖ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, 'ਭਗਵੰਤ ਮਾਨ ਸਰਕਾਰ ਇਸ ਗੱਲ ਲਈ ਦ੍ਰਿੜ ਹੈ ਕਿ ਕਿਸੇ ਵੀ ਕੀਮਤ 'ਤੇ ਅਨੁਸ਼ਾਸਨਹੀਣਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਅਸੀਂ ਪਹਿਲਾਂ ਵੀ ਅਜਿਹੀ ਅਨੁਸ਼ਾਸਨਹੀਣਤਾ ਕਾਰਨ ਚਾਰ ਮੁਲਾਜ਼ਮਾਂ ਦੀਆਂ ਸੇਵਾਵਾਂ ਸਮਾਪਤ ਕਰ ਚੁੱਕੇ ਹਾਂ ਤੇ ਇੱਕ ਹੋਰ ਆਬਕਾਰੀ ਤੇ ਕਰ ਇੰਸਪੈਕਟਰ ਅਤੇ ਇੱਕ ਕਲਰਕ ਵਿਰੁੱਧ ਅਨੁਸ਼ਾਸਨੀ ਕਾਰਵਾਈ ਜਾਰੀ ਹੈ।' ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਜਵਾਬਦੇਹੀ, ਕਾਰਜ਼ਕੁਸ਼ਲਾ ਅਤੇ ਅਨੁਸ਼ਾਸਨੀ ਕਾਰਜ਼ਪ੍ਰਣਾਲੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਾਰਵਾਈਆਂ ਸੂਬਾ ਸਰਕਾਰ ਦੇ ਸੰਕਲਪ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ, 'ਅਸੀਂ ਕਰ ਚੋਰੀ ਅਤੇ ਸਰਕਾਰੀ ਕਰਮਚਾਰੀਆਂ ਵੱਲੋਂ ਕੀਤੀ ਜਾਣ ਵਾਲੀ ਕਿਸੇ ਵੀ ਕੁਤਾਹੀ ਵਿਰੁੱਧ ਜ਼ੀਰੋ-ਸਹਿਣਸ਼ੀਲਤਾ ਦੀ ਨੀਤੀ ਜਾਰੀ ਰੱਖਾਂਗੇ।'

# ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਤਸਕਰੀ ਨੈੱਟਵਰਕ ਦੇ ਦੋ ਕਾਰਕੁੰਨ 7.6 ਕਿਲੋ ਹੈਰੋਇਨ ਤੇ ਡਰੱਗ ਮਨੀ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 12 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਤਸਕਰੀ ਨੈੱਟਵਰਕ ਨਾਲ ਜੁੜੇ ਦੋ ਕਾਰਕੁਨਾਂ ਨੂੰ 7.6 ਕਿਲੋਗ੍ਰਾਮ ਹੈਰੋਇਨ ਅਤੇ 21,800 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਕੇ ਇਸ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਾਹਿਬਪ੍ਰੀਤ ਸਿੰਘ ਉਰਫ਼ ਸਾਹਿਬ (19), ਵਾਸੀ ਫਤਿਹਗੜ੍ਹ ਚੂੜੀਆਂ, ਬਟਾਲਾ ਤੇ ਮੌਜੂਦਾ ਪਤਾ ਛੇਹਰਟਾ, ਅੰਮ੍ਰਿਤਸਰ ਤੇ ਗਗਨਦੀਪ ਸਿੰਘ ਉਰਫ਼ ਗਗਨ (26) ਵਾਸੀ ਗੁਰੂ ਨਾਨਕਪੁਰਾ, ਕੋਟ ਖਾਲਸਾ, ਅੰਮ੍ਰਿਤਸਰ ਵਜੋਂ ਹੋਈ ਹੈ। ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਹਨਾਂ ਵਿਰੁੱਧ ਅਸਲਾ ਐਕਟ ਅਤੇ ਲੁੱਟ-ਖੋਹ ਨਾਲ ਸਬੰਧਤ



ਮਾਮਲੇ ਦਰਜ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਦੁਬਈ ਸਥਿਤ ਇੱਕ ਹੈਂਡਲਰ ਜੋ ਪਾਕਿਸਤਾਨ ਤੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਭੇਜਣਾ ਯਕੀਨੀ ਬਣਾਉਂਦਾ ਸੀ ਤੇ ਪਿਕਅੱਪ ਸਥਾਨਾਂ ਤੇ ਸਪਲਾਈ ਚੇਨ ਬਾਰੇ ਨਿਰਦੇਸ਼ ਦਿੰਦਾ ਸੀ, ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਦੁਬਈ ਸਥਿਤ ਹੈਂਡਲਰ ਨਸ਼ੀਲੇ ਪਦਾਰਥਾਂ ਦੇ ਕਈ ਨੈੱਟਵਰਕਾਂ ਅਤੇ 43 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਨਾਲ ਸਬੰਧਤ ਇੱਕ ਵੱਡੇ ਐਨਡੀਪੀਐਸ ਕੇਸ ਨਾਲ ਵੀ ਜੁੜਿਆ ਹੋਇਆ ਹੈ।

ਡੀਜੀਪੀ ਨੇ ਦੱਸਿਆ ਕਿ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਹੋਰ ਜਾਣਕਾਰੀ ਦਿੰਦਿਆਂ, ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖਾਸ ਅਤੇ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇੱਕ ਯੋਜਨਾਬੱਧ ਆਪਰੇਸ਼ਨ ਚਲਾਇਆ ਅਤੇ ਦੋਵਾਂ ਸ਼ੱਕੀਆਂ ਨੂੰ 7.6 ਕਿਲੋਗ੍ਰਾਮ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰ ਲਿਆ। ਸੀਪੀ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੁਬਈ ਸਥਿਤ ਹੈਂਡਲਰ ਨਸ਼ੀਲੇ ਪਦਾਰਥਾਂ ਦੇ ਕਈ ਨੈੱਟਵਰਕ ਚਲਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਸਬੰਧੀ, ਐਫਆਈਆਰ ਨੰਬਰ 29 ਮਿਤੀ 11.02.2026 ਨੂੰ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21-ਸੀ, 25 ਅਤੇ 27-ਏ ਤਹਿਤ ਦਰਜ ਕੀਤੀ ਗਈ ਹੈ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ 'ਆਪ' ਵੱਲੋਂ ਜ਼ੋਰਦਾਰ ਪ੍ਰਦਰਸ਼ਨ



ਚੰਡੀਗੜ੍ਹ, 12 ਫਰਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਕਿਸਾਨ ਤੇ ਵਪਾਰੀ ਮਾਰੂ ਸਮਝੌਤੇ ਨੂੰ ਭਾਰਤੀ ਕਿਸਾਨਾਂ ਅਤੇ ਵਪਾਰੀਆਂ ਲਈ 'ਘਾਤਕ' ਕਰਾਰ ਦਿੰਦਿਆਂ ਵੀਰਵਾਰ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤਾ। ਪਾਰਟੀ ਵਰਕਰਾਂ ਨੇ ਕੇਂਦਰ ਸਰਕਾਰ ਦੇ ਇਸ ਕਦਮ ਖ਼ਿਲਾਫ਼ 'ਭਾਰਤ ਬੰਦ' ਦਾ ਪੂਰਨ ਸਮਰਥਨ ਕੀਤਾ ਤੇ ਸੜਕਾਂ 'ਤੇ ਉਤਰ ਕੇ ਆਪਣਾ ਰੋਸ ਪ੍ਰਗਟਾਇਆ। ਪ੍ਰਦਰਸ਼ਨ ਦੌਰਾਨ 'ਆਪ' ਆਗੂਆਂ ਅਤੇ ਵਰਕਰਾਂ ਨੇ ਸਮਝੌਤੇ ਦੇ ਵਿਰੋਧ ਵਿੱਚ ਲਿਖੇ ਨਾਅਰਿਆਂ ਵਾਲੀਆਂ ਤਖ਼ਤੀਆਂ ਹੱਥਾਂ ਵਿੱਚ ਫੜ ਕੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। 'ਆਪ' ਨੇ ਕੇਂਦਰ ਸਰਕਾਰ 'ਤੇ ਅਮਰੀਕਾ ਦੇ ਦਬਾਅ ਹੇਠ ਆ ਕੇ ਦੇਸ਼ ਦੇ ਹਿੱਤਾਂ ਨਾਲ ਸਮਝੌਤਾ ਕਰਨ ਦਾ ਦੋਸ਼ ਲਾਇਆ ਅਤੇ ਇਸ ਵਪਾਰਕ ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਕਿਸਾਨ ਵਿੰਗ ਦੇ ਪ੍ਰਧਾਨ ਮੋਹਿੰਦਰ ਸਿੰਘ ਸਿੱਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਮਝੌਤਾ ਭਾਰਤੀ ਖੇਤੀਬਾੜੀ ਵਿਵਸਥਾ ਦੀ ਕਮਰ ਤੋੜ ਦੇਵੇਗਾ। ਇਸ ਸੰਧੀ ਤਹਿਤ ਅਮਰੀਕਾ ਨੂੰ ਡੇਅਰੀ ਅਤੇ ਹੋਰ ਖੇਤੀ ਉਤਪਾਦਾਂ ਨੂੰ ਭਾਰਤੀ ਬਾਜ਼ਾਰਾਂ ਵਿੱਚ ਬਿਨਾਂ ਕਿਸੇ ਟੈਕਸ ਦੇ ਵੇਚਣ ਦੀ ਇਜਾਜ਼ਤ ਦਿੱਤੀ ਗਈ ਹੈ। ਇਸ ਨਾਲ ਅਮਰੀਕੀ ਉਤਪਾਦ ਭਾਰਤੀ ਬਾਜ਼ਾਰਾਂ ਵਿੱਚ ਬਹੁਤ ਸਸਤੇ ਭਾਅ 'ਤੇ ਉਪਲਬਧ ਹੋਣਗੇ ਅਤੇ ਸਾਡੇ ਸਥਾਨਕ ਕਿਸਾਨਾਂ ਤੇ ਡੇਅਰੀ ਸੰਚਾਲਕਾਂ ਦਾ ਕਾਰੋਬਾਰ ਪੂਰੀ ਤਰ੍ਹਾਂ ਠੱਪ ਹੋ ਜਾਵੇਗਾ।

'ਆਪ' ਆਗੂ ਅਤੇ ਟ੍ਰੇਡ ਵਿੰਗ ਦੇ ਜਨਰਲ ਸਕੱਤਰ ਰਣਜੀਤ ਪਾਲ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਫੈਸਲਾ ਸਾਡੇ ਅੰਨਦਾਤਾ ਦੇ ਪੇਟ 'ਤੇ ਲੱਤ ਮਾਰਨ ਦੇ ਬਰਾਬਰ ਹੈ। ਜਿੱਥੇ ਇੱਕ ਪਾਸੇ ਅਮਰੀਕੀ ਉਤਪਾਦਾਂ 'ਤੇ ਕੋਈ ਟੈਕਸ ਨਹੀਂ ਲੱਗੇਗਾ, ਉੱਥੇ ਹੀ ਭਾਰਤੀ ਵਪਾਰੀਆਂ ਨੂੰ ਅਮਰੀਕਾ ਵਿੱਚ 18% ਤੱਕ ਟੈਕਸ ਦੇਣਾ ਪਵੇਗਾ। ਇਹ ਮੁਕਾਬਲਾ ਬਰਾਬਰੀ ਦਾ ਨਹੀਂ ਹੈ। ਅਸੀਂ ਇਸ ਸਮਝੌਤੇ ਨੂੰ ਉਦੋਂ ਤੱਕ ਸਵੀਕਾਰ ਨਹੀਂ ਕਰਾਂਗੇ ਜਦੋਂ ਤੱਕ ਇਸ ਨੂੰ ਵਾਪਸ ਨਹੀਂ ਲਿਆ ਜਾਂਦਾ। ਜਨਰਲ ਸਕੱਤਰ ਸਤਵੀਰ ਸਿੰਘ ਬਖਸ਼ੀਵਾਲਾ ਨੇ ਕਿਹਾ ਕਿ ਇਹ ਸਮਝੌਤਾ ਆਰਥਿਕ ਗੁਲਾਮੀ ਵੱਲ ਇੱਕ ਕਦਮ ਹੈ। ਕੇਂਦਰ ਸਰਕਾਰ ਨੇ ਦੇਸ਼ ਦੀ ਆਰਥਿਕਤਾ ਨੂੰ ਵਿਦੇਸ਼ੀ ਕੰਪਨੀਆਂ ਦੇ ਹਵਾਲੇ ਕਰ ਦਿੱਤਾ ਹੈ। ਇਸ ਨਾਲ ਨਾ ਸਿਰਫ਼ ਕਿਸਾਨ ਸਗੋਂ ਹਰ ਦੇਸ਼ ਵਾਸੀ ਨੂੰ ਆਰਥਿਕ ਨੁਕਸਾਨ ਝੱਲਣਾ ਪਵੇਗਾ। ਅਸੀਂ ਜਨਤਾ ਦੇ ਵਿਚਕਾਰ ਜਾ ਕੇ ਕੇਂਦਰ ਦੀ ਇਸ ਲੋਕ-ਵਿਰੋਧੀ ਨੀਤੀ ਦਾ ਪਰਦਾਫਾਸ਼ ਕਰਾਂਗੇ।

# ਭਾਜਪਾ ਦਾ ਅਮਰੀਕਾ-ਭਾਰਤ ਸੌਦਾ ਪੰਜਾਬ ਦੇ ਕਿਸਾਨਾਂ ਨੂੰ ਤਬਾਹ ਕਰਨ ਤੇ ਭਾਰਤ ਦੀ ਖੇਤੀਬਾੜੀ ਨੂੰ ਅਮਰੀਕਾ ਨੂੰ ਵੇਚਣ ਦੀ ਸਾਜਿਸ਼ : ਚੀਮਾ

ਚੰਡੀਗੜ੍ਹ, 12 ਫਰਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਦੋਸ਼ ਲਾਇਆ ਕਿ ਉਸ ਨੇ ਕਥਿਤ 'ਭਾਰਤ-ਅਮਰੀਕਾ ਸੌਦੇ' ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਬਰਬਾਦ ਕਰਨ ਅਤੇ ਭਾਰਤ ਦੀ ਖੇਤੀਬਾੜੀ ਨੂੰ



ਅਮਰੀਕਾ ਕੋਲ ਵੇਚਣ ਦੀ 'ਵੱਡੀ ਯੋਜਨਾ ਤੇ ਸਾਜ਼ਿਸ਼' ਰਚੀ ਹੈ। ਪਾਰਟੀ ਦਫ਼ਤਰ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਸਤਾ ਅਮਰੀਕੀ ਦੁੱਧ ਪਾਊਡਰ, ਪਨੀਰ, ਅਨਾਜ ਅਤੇ ਹੋਰ ਖੇਤੀ ਉਤਪਾਦ ਘੱਟ ਕੀਮਤਾਂ 'ਤੇ ਭਾਰਤ ਵਿੱਚ ਆਉਣੇ ਸ਼ੁਰੂ ਹੋ ਗਏ ਤਾਂ ਇਹ ਸਿੱਧੇ ਤੌਰ 'ਤੇ ਪੰਜਾਬ ਅਤੇ ਦੇਸ਼ ਭਰ ਦੇ ਕਿਸਾਨਾਂ ਨੂੰ ਕੁਚਲ ਦੇਵੇਗਾ। ਉਨ੍ਹਾਂ ਸਵਾਲ ਉਠਾਇਆ ਕਿਪੰਜਾਬ ਦੇ ਕਿਸਾਨ ਕਿੱਥੇ ਜਾਣਗੇ? ਦੇਸ਼ ਦਾ ਕਿਸਾਨ ਕਿੱਥੇ ਜਾਵੇਗਾ?

ਚੀਮਾ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਦਹਾਕਿਆਂ ਤੋਂ ਦੇਸ਼ ਦਾ ਪੇਟ ਭਰ ਰਿਹਾ ਹੈ ਤੇ ਪੰਜਾਬ ਨੇ ਪਿਛਲੇ ਲਗਭਗ 50 ਸਾਲਾਂ ਤੋਂ ਕਣਕ ਅਤੇ ਝੋਨੇ ਰਾਹੀਂ ਭਾਰਤ ਦੇ ਰਾਸ਼ਟਰੀ ਅੰਨ ਭੰਡਾਰ ਵਿੱਚ ਵੱਡਾ ਯੋਗਦਾਨ ਪਾਇਆ ਹੈ ਤੇ ਅੱਜ ਵੀ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਸ਼ਰਮਨਾਕ ਗੱਲ ਹੈ ਕਿ ਜਿਸ 'ਅੰਨਦਾਤਾ' ਨੇ ਦੇਸ਼ ਵਿੱਚ ਵੱਡੀ ਖੁਰਾਕੀ ਕ੍ਰਾਂਤੀ ਲਿਆਂਦੀ, ਉਸੇ ਨੂੰ ਹੁਣ ਡੂੰਘੀ ਸਿਆਸੀ ਤੇ ਆਰਥਿਕ ਸਾਜ਼ਿਸ਼ ਰਾਹੀਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਚੀਮਾ ਨੇ ਕਿਹਾ ਕਿ ਰਾਸ਼ਟਰਵਾਦੀ ਪਾਰਟੀ ਹੋਣ ਦਾ ਦਾਅਵਾ ਕਰਨ ਵਾਲੀ ਤੇ "ਸਵਦੇਸ਼ੀ ਭਾਰਤ" ਦੀ ਗੱਲ ਕਰਨ ਵਾਲੀ ਭਾਜਪਾ ਅੱਜ ਪੂਰੀ ਤਰ੍ਹਾਂ ਅਮਰੀਕਾ ਦੇ ਹੱਥ ਵਿਕ ਚੁੱਕੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਦੀ ਕੇਂਦਰ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਹਨ ਅਤੇ ਹੁਣ ਭਾਰਤ ਨੂੰ ਮੁੜ ਨਿਰਭਰ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਅਮਰੀਕੀ ਖੇਤੀਬਾੜੀ ਸਕੱਤਰ ਬਰੂਕ ਰੌਲਿਨਜ਼ ਦੇ ਇੱਕ ਟਵੀਟ ਦਾ ਹਵਾਲਾ ਦਿੰਦੇ ਹੋਏ ਚੀਮਾ ਨੇ ਕਿਹਾ ਕਿ ਸੱਚ ਹੁਣ ਪੂਰੀ ਦੁਨੀਆ ਦੇ ਸਾਹਮਣੇ ਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅਮਰੀਕੀ ਖੇਤੀਬਾੜੀ ਸਕੱਤਰ ਬਰੂਕ ਰੌਲਿਨਜ਼ ਨੇ ਜਨਤਕ ਤੌਰ 'ਤੇ ਰਾਸ਼ਟਰਪਤੀ ਟਰੰਪ ਦਾ ਧੰਨਵਾਦ ਕੀਤਾ ਅਤੇ ਖੁੱਲ੍ਹੇਆਮ ਇਸ ਸੌਦੇ ਦਾ ਜਸ਼ਨ ਮਨਾਇਆ।

ਚੀਮਾ ਨੇ ਜਾਖੜ ਤੇ ਭਾਜਪਾ ਲੀਡਰਸ਼ਿਪ ਨੂੰ ਇੱਕ ਸਧਾਰਨ ਸਵਾਲ ਪੁੱਛਿਆ ਕਿ ਕੀ ਤੁਹਾਡੇ ਵਿੱਚ ਇਸ ਬਿਆਨ ਨੂੰ ਟਵੀਟ ਰਾਹੀਂ ਕੋਟ ਕਰਨ ਤੇ ਅਮਰੀਕਾ ਨੂੰ ਜਵਾਬ ਦੇਣ ਦੀ ਹਿੰਮਤ ਹੈ? ਚੀਮਾ ਨੇ ਮੰਗ ਕੀਤੀ ਕਿ ਸੁਨੀਲ ਜਾਖੜ, ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਭਾਜਪਾ ਦੇ ਸੰਸਦ ਮੈਂਬਰ ਰਵਨੀਤ ਬਿੱਟੂ ਤੁਰੰਤ ਇਸ ਸੌਦੇ ਦੇ ਦਸਤਾਵੇਜ਼ ਪੰਜਾਬ ਦੇ ਲੋਕਾਂ, ਭਾਰਤ ਦੇ ਕਿਸਾਨਾਂ ਅਤੇ ਦੇਸ਼ ਦੇ ਆਮ ਨਾਗਰਿਕਾਂ ਦੇ ਸਾਹਮਣੇ ਜਨਤਕ ਕਰਨ। ਟੈਰਿਫ ਤੇ ਟੈਕਸ ਦੇ ਮੁੱਦਿਆਂ 'ਤੇ ਚਾਨਣਾ ਪਾਉਂਦੇ ਹੋਏ ਚੀਮਾ ਨੇ ਕਿਹਾ ਕਿ ਪਹਿਲਾਂ ਜਦੋਂ ਭਾਰਤੀ ਉਤਪਾਦ ਅਮਰੀਕਾ ਜਾਂਦੇ ਸਨ ਤਾਂ ਲਗਭਗ 50% ਟੈਰਿਫ ਲਗਾਇਆ ਜਾਂਦਾ ਸੀ, ਪਰ ਹੁਣ ਇਸ ਨੂੰ ਘਟਾ ਕੇ 18% ਕਰ ਦਿੱਤਾ ਗਿਆ ਹੈ। ਦੂਜੇ ਪਾਸੇ, ਭਾਰਤ ਵੱਲੋਂ ਵੇਚੇ ਜਾਣ ਵਾਲੇ ਉਤਪਾਦਾਂ 'ਤੇ ਟੈਰਿਫ ਘਟਾ ਕੇ ਜ਼ੀਰੋ ਕਰ ਦਿੱਤਾ ਗਿਆ ਹੈ। ਚੀਮਾ ਨੇ ਕਿਹਾ ਕਿ ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਵੱਡੇ ਕਾਰਪੋਰੇਟ ਘਰਾਣਿਆਂ ਲਈ ਕੰਮ ਕਰਨ ਵਾਲੀ ਅਤੇ ਵੱਡੇ ਕਾਰਪੋਰੇਟ ਪਰਿਵਾਰਾਂ ਵੱਲੋਂ ਚਲਾਈ ਜਾਣ ਵਾਲੀ ਭਾਜਪਾ ਹੁਣ ਭਾਰਤ ਦੇ ਕਿਸਾਨਾਂ ਨੂੰ ਪੂੰਜੀਪਤੀਆਂ ਕੋਲ ਵੇਚਣ ਦੀ ਕੋਸ਼ਿਸ਼ ਕਰ ਰਹੀ ਹੈ ਤੇ ਅਜਿਹਾ ਅਮਰੀਕਾ ਰਾਹੀਂ ਕੀਤਾ ਜਾ ਰਿਹਾ ਹੈ। ਚੀਮਾ ਨੇ ਅੱਗੇ ਕਿਹਾ ਕਿ ਭਾਜਪਾ ਭਾਰਤ ਦੀ ਆਜ਼ਾਦੀ ਦੀ ਕੀਮਤ ਨਹੀਂ ਸਮਝਦੀ ਕਿਉਂਕਿ ਆਜ਼ਾਦੀ ਦੀ ਲੜਾਈ ਵੇਲੇ ਭਾਜਪਾ ਦਾ ਕੋਈ ਵਜੂਦ ਨਹੀਂ ਸੀ। ਉਨ੍ਹਾਂ ਕਿਹਾ ਕਿ ਨਾ ਸਿਰਫ਼ ਮੌਜੂਦਾ ਆਗੂਆਂ, ਸਗੋਂ ਉਨ੍ਹਾਂ ਦੀ ਪੁਰਾਣੀ ਲੀਡਰਸ਼ਿਪ ਦੀ ਵੀ ਦੇਸ਼ ਨੂੰ ਆਜ਼ਾਦ ਕਰਵਾਉਣ ਦੇ ਸੰਘਰਸ਼ ਵਿੱਚ ਕੋਈ ਭੂਮਿਕਾ ਨਹੀਂ ਸੀ। ਚੀਮਾ ਨੇ ਕਿਹਾ ਕਿ ਅੱਜ ਭਾਜਪਾ ਦੇਸ਼ ਨੂੰ ਅਮਰੀਕਾ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸਿੱਧੀ ਸਿਆਸੀ ਚੁਣੌਤੀ ਦਿੰਦਿਆਂ ਚੀਮਾ ਨੇ ਕਿਹਾ ਕਿ ਭਾਜਪਾ ਦਾ ਕੋਈ ਵੀ ਆਗੂ, ਚਾਹੇ ਉਹ ਪੰਜਾਬ ਇਕਾਈ ਦਾ ਹੋਵੇ ਜਾਂ ਰਾਸ਼ਟਰੀ ਇਕਾਈ ਦਾ, ਇਸ ਮੁੱਦੇ 'ਤੇ ਬਹਿਸ ਲਈ ਅੱਗੇ ਆ ਸਕਦਾ ਹੈ। ਉਨ੍ਹਾਂ ਕਿਹਾ ਕਿ 'ਆਪ' ਇਹ ਗੱਲ ਬੇਨਕਾਬ ਕਰੇਗੀ ਕਿ ਭਾਜਪਾ ਨੇ ਪੰਜਾਬ ਅਤੇ ਭਾਰਤ ਦੇ ਕਿਸਾਨਾਂ ਨੂੰ ਕਿਵੇਂ ਵੇਚਿਆ ਹੈ। ਚੀਮਾ ਨੇ ਭਾਜਪਾ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਪੰਜਾਬ ਦੇ ਲੋਕ ਦੇਸ਼ ਦੇ 'ਅੰਨਦਾਤਾ' ਦੀ ਸ਼ਾਨ ਤੇ ਭਵਿੱਖ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕਰਨਗੇ ਤੇ ਸੱਚਾਈ ਨੂੰ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ।

# ਕਸਟਮਜ਼ ਵਿਭਾਗ ਵੱਲੋਂ ਜ਼ਬਤ 35 ਕਿਰਪਾਨਾਂ ਤੇ ਗਾਤਰੇ ਵਾਪਸ, ਹਵਾਈ ਅੱਡਿਆਂ 'ਤੇ ਸੁਰੱਖਿਆ ਜਾਂਚਾਂ ਬਾਰੇ ਮੁੜ ਚਰਚਾ ਛਿੜੀ

ਚੰਡੀਗੜ੍ਹ, 12 ਫਰਵਰੀ (ਹਰਦੀਪ ਕੌਰ): ਸਿੱਖ ਸੰਸਥਾਵਾਂ ਵੱਲੋਂ ਸਵਾਗਤ ਕੀਤੇ ਗਏ ਪਰ ਲੰਬੇ ਸਮੇਂ ਤੋਂ ਕੀਤੀਆਂ ਜਾ ਰਹੀਆਂ ਸ਼ਿਕਾਇਤਾਂ ਨੂੰ ਉਜਾਗਰ ਕਰਨ ਵਾਲੇ ਇਕ ਪਹਿਲੂ ਦੇ ਮੱਦੇਨਜ਼ਰ ਮੁੰਬਈ ਹਵਾਈ ਅੱਡੇ ਦੇ ਕਸਟਮਜ਼ ਅਧਿਕਾਰੀਆਂ ਨੇ ਪਿਛਲੇ ਸਮਿਆਂ ਦੌਰਾਨ ਜ਼ਬਤ ਕੀਤੀਆਂ 35 ਕਿਰਪਾਨਾਂ ਗਾਤਰਿਆਂ ਸਮੇਤ ਸਿੱਖ ਕੌਮ ਦੇ ਪ੍ਰਤੀਨਿਧੀਆਂ ਨੂੰ ਬੁੱਧਵਾਰ ਨੂੰ ਵਾਪਸ ਸੌਂਪ ਦਿੱਤੀਆਂ। ਇਹ ਕਾਰਵਾਈ ਉਸ ਵੇਲੇ ਹੋਈ ਹੈ ਜਦੋਂ ਵੱਖ-ਵੱਖ ਸਿੱਖ ਸੰਸਥਾਵਾਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਤਾਰ ਇਹ ਮਸਲਾ ਉਠਾਇਆ ਜਾਂਦਾ ਰਿਹਾ ਹੈ ਕਿ ਭਾਰਤੀ ਹਵਾਈ ਅੱਡਿਆਂ ਦੀਆਂ ਸੁਰੱਖਿਆ ਜਾਂਚਾਂ ਅਕਸਰ ਹੀ ਸੰਵਿਧਾਨਕ ਤੌਰ ਤੇ ਪ੍ਰਾਪਤ ਧਾਰਮਿਕ ਅਜ਼ਾਦੀ ਨਾਲ ਟਕਰਾਉਂਦੀਆਂ ਹਨ। ਕਸਟਮ ਕਰਮਚਾਰੀਆਂ ਨੇ ਇਹ ਧਾਰਮਿਕ ਵਸਤੂਆਂ ਵੱਖ-ਵੱਖ ਸਮਿਆਂ ਤੇ ਅੰਮ੍ਰਿਤਧਾਰੀ ਸਿੱਖ ਯਾਤਰੀਆਂ ਤੋਂ ਸੁਰੱਖਿਆ ਜਾਂਚ ਦੌਰਾਨ ਇਸ ਕਰਕੇ ਕਬਜ਼ੇ ਵਿੱਚ ਲੈ ਲਈਆਂ ਗਈਆਂ ਸਨ ਕਿਉਂਕਿ ਉਨ੍ਹਾਂ ਵੱਲੋਂ ਧਾਰਨ ਕੀਤੀਆਂ ਇਹ ਛੋਟੀਆਂ ਕਿਰਪਾਨਾਂ ਨਿਰਧਾਰਿਤ ਹਵਾਈ ਮਾਪਦੰਡਾਂ ਜਾਂ ਨਾਲ ਲਿਜਾਣ ਸਬੰਧੀ ਨਿਯਮਾਂ ਦੇ ਅਨੁਕੂਲ ਨਹੀਂ ਸਨ। ਕਿਰਪਾਨ, ਜਿਸਨੂੰ ਅੰਮ੍ਰਿਤਧਾਰੀ ਸਿੱਖ ਆਪਣੇ ਪੰਜ ਕਕਾਰਾਂ ਵਿੱਚੋਂ ਇਕ ਵਜੋਂ ਧਾਰਨ ਕਰਦੇ ਹਨ, ਸਿੱਖਾਂ ਲਈ ਗਹਿਰਾ ਆਧਿਆਤਮਿਕ ਮਹੱਤਵ ਰੱਖਦੀ ਹੈ ਤੇ ਧਾਰਮਿਕ ਪਛਾਣ ਨਾਲ ਅਟੁੱਟ ਮੰਨੀ ਜਾਂਦੀ ਹੈ।

ਮਹਾਰਾਸ਼ਟਰ ਆਧਾਰਿਤ 'ਸਤਿ ਸ੍ਰੀ ਅਕਾਲ ਵੈਲਫੇਅਰ ਟਰੱਸਟ' ਦੇ ਸਕੱਤਰ ਪੂਰਨ ਸਿੰਘ ਬੰਗਾ ਨੇ ਇਹ ਕਿਰਪਾਨਾਂ ਲੈਣ ਵੇਲੇ ਕਿਹਾ ਕਿ ਇਹ ਪਵਿੱਤਰ ਵਸਤੂਆਂ ਵਾਪਸ ਲੈਣ ਦੀ ਕੋਸ਼ਿਸ਼ ਸਿੱਖੀ ਮਰਿਆਦਾ ਦੀ ਰੱਖਿਆ ਭਾਵਨਾ ਨਾਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਹਵਾਈ ਅੱਡੇ ਉਤੇ ਜਦੋਂ ਕਿਰਪਾਨ ਜ਼ਬਤ ਕੀਤੀ ਜਾਂਦੀ ਹੈ ਤਾਂ ਸਿੱਖ ਅਨੁਯਾਈ ਉਸਨੂੰ ਆਮ ਚੀਜ਼ ਨਹੀਂ ਸਗੋਂ ਆਸਥਾ ਦੇ ਪ੍ਰਤੀਕ ਵਜੋਂ ਦੇਖਦੇ ਹਨ ਜਿਸ ਨਾਲ ਅਦਬ ਨਾਲ ਵਰਤਾਅ ਹੋਣਾ ਚਾਹੀਦਾ ਹੈ। ਉਨ੍ਹਾਂ ਦੇ ਮੁਤਾਬਕ ਸੁਰੱਖਿਆ ਸਕ੍ਰੀਨਿੰਗ ਦੌਰਾਨ ਕਈ ਵਾਰ ਸਿੱਖ ਮੁਸਾਫ਼ਰ ਅਣਜਾਣੇ ਵਿੱਚ ਹੀ ਕਿਰਪਾਨਾਂ ਓਥੇ ਹੀ ਛੱਡ ਜਾਂਦੇ ਹਨ ਜਿਸ ਤੋਂ ਬਾਅਦ ਕਈ ਵਸਤੂਆਂ ਸਰਕਾਰੀ ਹਿਰਾਸਤ ਵਿੱਚ ਬਿਨਾਂ ਦਾਅਵੇ ਪਈਆਂ ਰਹਿ ਜਾਂਦੀਆਂ ਹਨ। ਟਰੱਸਟ ਨੇ ਹਵਾਈ ਅੱਡਿਆਂ 'ਤੇ ਇਸ ਵੇਲੇ ਰੱਖੀਆਂ ਧਾਰਮਿਕ ਵਸਤੂਆਂ ਦੀ ਪਛਾਣ ਲਈ ਕਸਟਮਜ਼ ਅਧਿਕਾਰੀਆਂ ਨਾਲ ਸਹਿਯੋਗ ਸ਼ੁਰੂ ਕਰ ਦਿੱਤਾ ਹੈ। ਤਸਦੀਕ ਤੋਂ ਬਾਅਦ ਐਸੀਆਂ ਧਾਰਮਿਕ ਵਸਤੂਆਂ ਟਰੱਸਟ ਜਾਂ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜਿੱਥੇ ਸੰਭਵ ਹੋਵੇਗਾ ਉਨ੍ਹਾਂ ਨੂੰ ਸੰਬੰਧਿਤ ਪਰਿਵਾਰਾਂ ਨੂੰ ਵਾਪਸ ਕੀਤਾ ਜਾਵੇਗਾ ਨਹੀਂ ਤਾਂ ਸਿੱਖ ਧਾਰਮਿਕ ਪਰੰਪਰਾਵਾਂ ਅਨੁਸਾਰ ਸਨਮਾਨ ਢੰਗ ਨਾਲ ਜਲ ਪ੍ਰਵਾਹ ਕੀਤਾ ਜਾਵੇਗਾ ਅਤੇ ਸਾਰੀਆਂ ਕਾਨੂੰਨੀ ਕਾਰਵਾਈਆਂ ਪੂਰੀਆਂ ਕੀਤੀਆਂ ਜਾਣਗੀਆਂ।

ਪੂਰਨ ਸਿੰਘ ਨੇ ਹੋਰ ਜਾਣਕਾਰੀ ਦਿੱਤੀ ਕਿ ਕਸਟਮਜ਼ ਅਧਿਕਾਰੀਆਂ ਨੇ ਦੱਸਿਆ ਹੈ ਕਿ ਹਾਲ ਹੀ ਵਿੱਚ ਹੋਰ ਧਰਮਾਂ ਨਾਲ ਸਬੰਧਤ ਵਸਤੂਆਂ ਲਈ ਵੀ ਇਸੇ ਤਰ੍ਹਾਂ ਦੀ ਪ੍ਰਕਿਰਿਆ ਅਪਣਾਈ ਗਈ ਹੈ। ਪਵਿੱਤਰ ਕੁਰਆਨ ਸ਼ਰੀਫ ਤੇ ਪਵਿੱਤਰ ਬਾਈਬਲ ਦੀਆਂ ਪ੍ਰਤੀਆਂ ਤੇ 'ਜਮਜਮ' ਪਾਣੀ ਦੀਆਂ ਬੋਤਲਾਂ ਵੀ ਯਾਤਰੀਆਂ ਜਾਂ ਕੌਮੀ ਪ੍ਰਤੀਨਿਧੀਆਂ ਨੂੰ ਵਾਪਸ ਕੀਤੀਆਂ ਗਈਆਂ ਹਨ। ਇਸ ਪਹਿਲਕਦਮੀ ਦੇ ਬਾਵਜੂਦ ਵੀ ਸਿੱਖ ਸੰਸਥਾਵਾਂ ਹਵਾਈ ਅੱਡਿਆਂ ਦੀਆਂ ਸੁਰੱਖਿਆ ਪ੍ਰਕਿਰਿਆਵਾਂ ਬਾਰੇ ਚਿੰਤਾ ਜਤਾਉਂਦੀਆਂ ਆ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਕਈ ਵਾਰ ਯਾਤਰੀਆਂ ਨੂੰ ਸਰੀਰਕ ਜਾਂਚ ਦੌਰਾਨ ਕੜਾ, ਜੋ ਧਾਰਮਿਕ ਤੌਰ ਤੇ ਲਾਜ਼ਮੀ ਚਿੰਨ੍ਹ ਹੈ, ਵੀ ਸਿੱਖਾਂ ਨੂੰ ਉਤਾਰਣ ਲਈ ਕਿਹਾ ਜਾਂਦਾ ਹੈ। ਸਿੱਖ ਚਿੰਤਕ ਐਡ. ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਹਵਾਈ ਸੁਰੱਖਿਆ ਨਿਯਮਾਂ ਤੇ ਸੰਵਿਧਾਨਕ ਧਾਰਮਿਕ ਅਧਿਕਾਰਾਂ ਵਿਚਕਾਰ ਸੰਤੁਲਨ ਬਣਾਉਣ ਲਈ ਸਾਰੇ ਹਵਾਈ ਅੱਡਿਆਂ 'ਤੇ ਸਪਸ਼ਟ ਦਿਸ਼ਾ-ਨਿਰਦੇਸ਼ ਤੇ ਸੁਰੱਖਿਆ ਕਰਮਚਾਰੀਆਂ ਨੂੰ ਲਾਜ਼ਮੀ ਤੌਰ ਤੇ ਬਿਹਤਰ ਤਰੀਕੇ ਨਾਲ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਅੰਮ੍ਰਿਤਧਾਰੀ ਸਿੱਖ ਮੁਸਾਫ਼ਰਾਂ ਨੂੰ ਹਵਾਈ ਅੱਡਿਆਂ 'ਤੇ ਕਿਰਪਾਨ ਤੇ ਖੰਡੇ ਵਾਲੇ ਗਲੇ ਵਿੱਚ ਪਹਿਨੇ ਲਾਕਟ ਵੀ ਨਾਲ ਲਿਜਾਣ ਤੋਂ ਰੋਕਿਆ ਗਿਆ ਹੈ ਤੇ ਸਿੱਖਾਂ ਨੇ ਅਜਿਹੇ ਮਸਲੇ ਕੇਂਦਰ ਸਰਕਾਰ ਕੋਲ ਉਠਾਏ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਸਖ਼ਤ ਜਾਂਚਾਂ ਸਿੱਖਾਂ ਅੰਦਰ ਭਾਵਨਾਤਮਕ ਪੀੜ ਪੈਦਾ ਕਰਦੀਆਂ ਹਨ ਤੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਹਨ।

## ਆਰ.ਟੀ.ਆਈ. ਵੱਲੋਂ ਪੀ.ਆਈ.ਓ.-ਕਮ-ਸਕੱਤਰ ਗ੍ਰਾਮ ਪੰਚਾਇਤ ਬੱਗਾ ਖੁਰਦ ਖਿਲਾਫ਼ ਵਾਰੰਟ ਜਾਰੀ

ਚੰਡੀਗੜ੍ਹ, 12 ਫਰਵਰੀ (ਚ.ਨ.ਸ.): ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਇੱਕ ਮਾਮਲੇ ਦੀ ਸੁਣਵਾਈ ਦੌਰਾਨ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ, ਬਲਾਕ ਲੁਧਿਆਣਾ-1 ਦੇ ਪੀ.ਆਈ.ਓ. ਕਮ ਸਕੱਤਰ ਗ੍ਰਾਮ ਪੰਚਾਇਤ ਬੱਗਾ ਖੁਰਦ ਖਿਲਾਫ਼ ਵਾਰੰਟ ਜਾਰੀ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਹਰਪ੍ਰੀਤ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਕਾਰ ਸਿੰਘ ਵਾਸੀ ਸਿਧਵਾਂ ਬੇਟ ਜ਼ਿਲ੍ਹਾ ਲੁਧਿਆਣਾ ਵੱਲੋਂ ਦਾਇਰ ਕੇਸ ਨੰ. 0999 ਆਫ 2024 ਵਿੱਚ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ, ਬਲਾਕ ਲੁਧਿਆਣਾ-1 ਦੇ ਪੀ.ਆਈ.ਓ. ਕਮ ਸਕੱਤਰ ਗ੍ਰਾਮ ਪੰਚਾਇਤ ਬੱਗਾ ਖੁਰਦ ਅਮਿਤ ਕੁਮਾਰ ਖਿਲਾਫ਼ ਕਮਿਸ਼ਨ ਵੱਲੋਂ 16 ਮਾਰਚ, 2026 ਨੂੰ ਕਮਿਸ਼ਨ ਵਿਖੇ ਪੇਸ਼ ਹੋਣ ਦੇ ਵਾਰੰਟ ਜਾਰੀ ਕੀਤੇ ਹਨ।

ਹਰਪ੍ਰੀਤ ਸਿੰਘ ਸੰਧੂ ਨੇ ਦੱਸਿਆ ਕਿ ਅਮਿਤ ਕੁਮਾਰ ਹੁਣ ਤੱਕ ਹੋਇਆਂ 3 ਸੁਣਵਾਈਆਂ ਮੌਕੇ ਕਮਿਸ਼ਨ ਦੀਆਂ ਹਦਾਇਤਾਂ ਦੇ ਬਾਵਜੂਦ ਗੈਰ ਹਾਜ਼ਰ ਰਿਹਾ। ਇਸ ਮੌਕੇ ਅਮਿਤ ਕੁਮਾਰ ਪੀ.ਆਈ.ਓ. ਕਮ ਸਕੱਤਰ ਗ੍ਰਾਮ ਪੰਚਾਇਤ ਬੱਗਾ ਖੁਰਦ ਨੂੰ ਇਨ੍ਹਾਂ ਵਾਰੰਟ ਦੀ ਕਾਪੀ ਤਾਮੀਲ ਕਰਵਾਉਣ ਅਤੇ ਕੇਸ ਦੀ ਅਗਲੀ ਤਾਰੀਕ 16 ਮਾਰਚ, 2026 ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਦੀ ਹਦਾਇਤ ਜਾਰੀ ਕਰਨ।

# ਗੁ. ਸਿੰਘ ਸ਼ਹੀਦਾਂ ਵਿਖੇ ਬਾਬਾ ਅਜੀਤ ਸਿੰਘ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 12 ਫਰਵਰੀ (ਹਰਦੀਪ ਕੌਰ): ਧੰਨ ਧੰਨ ਅਮਰ ਸ਼ਹੀਦ ਜ਼ੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਮ ਪਿਤਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਵੱਡੇ ਸਪੁੱਤਰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੇ ਖ਼ੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਰਾਜਵਿੰਦਰ ਕੌਰ ਖਾਲਸਾ ਅਤੇ ਸ੍ਰੀ ਅਨੰਦਪੁਰ ਸਾਹਿਬ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਪੁੱਤਰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿਸਥਾਰ ਸਹਿਤ ਸੁਣਾਇਆ। ਇਸ ਤੋਂ ਇਲਾਵਾ ਭਾਈ ਹਰਵਿੰਦਰ ਸਿੰਘ ਜੀ ਗੁਰਦੁਆਰਾ ਪੰਜੋਖਰਾ ਸਾਹਿਬ ਜੀ, ਭਾਈ ਗੁਰਵਿੰਦਰ ਸਿੰਘ ਜੀ ਜਗਾਧਰੀ ਵਾਲੇ, ਭਾਈ ਦਵਿੰਦਰ ਸਿੰਘ ਜੀ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ,



ਬੀਬੀ ਸਿਮਰਨ ਕੌਰ ਜੀ ਲੁਧਿਆਣੇ ਵਾਲੇ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਹਰਜੱਸ ਕੀਰਤਨੀ ਜੱਥਾ, ਭਾਈ ਕੁਲਦੀਪ ਸਿੰਘ ਜੀ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ, ਭਾਈ ਅਮਿਤ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਜਰਨੈਲ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ ਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸੰਗਰਾਂਦ ਦੇ ਦਿਹਾੜੇ ਤੇ ਹਜ਼ਾਰਾ ਸੰਗਤਾਂ ਨੇ ਪਵਿੱਤਰ ਵਿੱਚ ਇਸ਼ਨਾਨ ਕੀਤਾ। ਇਸ ਮੌਕੇ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਮੁੱਖ ਸੇਵਾਦਾਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਦਸਮ ਪਿਤਾ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਜ਼ਾਦੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਦੇ ਨਾਮ ਤੇ ਵਸਾਏ ਸ਼ਹਿਰ ਦਾ ਨਾਂ ਮੋਹਾਲੀ ਨਹੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਹੈ। ਸੋ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਮੋਹਾਲੀ ਨਹੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੜਿਆ ਲਿਖਿਆ ਤੇ ਉਚਾਰਿਆ ਜਾਵੇ ਜੀ।

## 'ਆਪ' ਵਿਧਾਇਕਾ ਨਰਿੰਦਰ ਕੌਰ ਭਰਾਜ ਦਾ ਵੱਡਾ ਖ਼ੁਲਾਸਾ

# 'ਆਪ੍ਰੇਸ਼ਨ ਲੋਟਸ' ਤਹਿਤ ਮੈਨੂੰ ਸੰਗਰੂਰ ਤੋਂ ਭਾਜਪਾ ਦੀ ਟਿਕਟ ਦੇਣ ਦਾ ਦਿੱਤਾ ਗਿਐ ਲਾਲਚ : ਭਰਾਜ

ਚੰਡੀਗੜ੍ਹ 12 ਫਰਵਰੀ (ਅੰਮ੍ਰਿਤਪਾਲ ਸਿੰਘ): ਸੰਗਰੂਰ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਸਿਆਸੀ ਧਮਾਕਾ ਕਰਦਿਆਂ ਗੰਭੀਰ ਦੋਸ਼ ਲਾਏ ਹਨ। ਭਰਾਜ ਨੇ ਖੁਲਾਸਾ ਕੀਤਾ ਕਿ ਭਾਜਪਾ ਦੇ 'ਆਪਰੇਸ਼ਨ ਲੋਟਸ' ਤਹਿਤ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾਂ ਨਾਲ ਸੰਪਰਕ ਸਾਧਿਆ ਅਤੇ ਉਨ੍ਹਾਂ ਨੂੰ ਬੰਦ ਕਮਰਾ ਮੀਟਿੰਗ ਕਰਨ ਸਮੇਤ ਭਾਜਪਾ ਦੀ ਟਿਕਟ ਤੇ ਮਨਮੰਗੀਆਂ ਸ਼ਰਤਾਂ ਪੂਰੀਆਂ ਕਰਨ ਦੀ ਵੱਡੀ ਪੇਸ਼ਕਸ਼ ਕੀਤੀ ਹੈ। ਵੀਰਵਾਰ ਨੂੰ ਪਾਰਟੀ ਦਫਤਰ ਵਿੱਖੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨਾਲ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਾਜਪਾ ਪੂਰੇ ਦੇਸ਼ ਵਿੱਚ ਚੁਣੀਆਂ ਹੋਈਆਂ ਸਰਕਾਰਾਂ ਨੂੰ ਡੇਗਣ ਲਈ 'ਆਪਰੇਸ਼ਨ ਲੋਟਸ' ਚਲਾ ਰਹੀ ਹੈ। ਪਿਛਲੇ ਦਿਨੀਂ ਹਰਿਆਣਾ ਦੇ ਸੀਐਮ ਨਾਇਬ ਸੈਣੀ ਨੇ ਮੇਰੇ ਨਾਲ ਰਾਬਤਾ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੇ ਮੈਨੂੰ ਸੰਗਰੂਰ ਤੋਂ ਭਾਜਪਾ ਦੀ ਟਿਕਟ ਦੇਣ ਦਾ ਲਾਲਚ ਦਿੱਤਾ ਅਤੇ ਕਿਹਾ ਕਿ ਮੇਰੀ ਕੋਈ ਵੀ ਮੰਗ ਹੋਵੇ, ਉਹ ਪੂਰੀ ਕੀਤੀ ਜਾਵੇਗੀ।

ਭਰਾਜ ਨੇ ਅੱਗੇ ਕਿਹਾ ਕਿ ਉਹ 2014 ਵਿੱਚ ਮਹਿਜ਼ 19 ਸਾਲ ਦੀ ਉਮਰ ਵਿੱਚ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੀ ਸਨ। ਉਨ੍ਹਾਂ ਕਿਹਾ ਕਿ ਮੈਂ ਉਹ ਵਰਕਰ ਹਾਂ ਜਿਸ ਨੇ ਪਾਰਟੀ ਲਈ ਪੋਸਟਰ ਲਾਏ ਹਨ। ਇੱਕ ਛੋਟੇ ਜਿਹੇ ਕਿਸਾਨ ਦੀ ਧੀ ਨੂੰ 27 ਸਾਲ ਦੀ ਉਮਰ ਵਿੱਚ ਵਿਧਾਇਕ ਬਣਾਉਣ ਦਾ ਮਾਣ ਸਿਰਫ ਆਮ ਆਦਮੀ



ਪਾਰਟੀ ਹੀ ਦੇ ਸਕਦੀ ਹੈ। ਹਰਿਆਣਾ ਦੇ ਮੁੱਖ ਮੰਤਰੀ 'ਤੇ ਸਿੱਧਾ ਹਮਲਾ ਕਰਦਿਆਂ ਭਰਾਜ ਨੇ ਕਿਹਾ ਕਿ ਸੈਣੀ ਸਾਹਿਬ ਜਿਸ ਤਰ੍ਹਾਂ ਅੱਜਕੱਲ੍ਹ ਪੰਜਾਬ ਦੀਆਂ ਗਲੀਆਂ ਵਿੱਚ ਘੁੰਮ ਰਹੇ ਹਨ, ਲੱਗਦਾ ਹੈ ਭਾਜਪਾ ਨੇ ਉਨ੍ਹਾਂ ਨੂੰ ਡੈਪੂਟੇਸ਼ਨ 'ਤੇ ਪੰਜਾਬ ਭੇਜ ਦਿੱਤਾ ਹੈ। ਮੇਰੀ ਉਨ੍ਹਾਂ ਨੂੰ ਸਲਾਹ ਹੈ ਕਿ ਉਹ ਮੇਰੀ ਫਿਕਰ ਛੱਡ ਕੇ ਆਪਣੇ ਹਰਿਆਣੇ ਦੀ ਫਿਕਰ ਕਰਨ। ਪੰਜਾਬ ਦੇ ਲੋਕ ਅਤੇ 'ਆਪ' ਦੇ ਵਿਧਾਇਕ ਚੱਟਾਨ ਵਾਂਗ ਮਾਨ ਸਾਹਿਬ ਤੇ ਕੇਜਰੀਵਾਲ ਨਾਲ ਖੜ੍ਹੇ ਹਨ। ਵਿਧਾਇਕਾ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦਾ ਹਰ ਵਰਕਰ, ਵਿਧਾਇਕ ਅਤੇ ਮੰਤਰੀ ਇੱਕਮੁੱਠ ਹੈ। ਅਸੀਂ ਸਿਸਟਮ ਬਦਲਣ, ਸਿਹਤ ਅਤੇ ਸਿੱਖਿਆ ਸਹੂਲਤਾਂ ਦੇਣ ਲਈ ਰਾਜਨੀਤੀ ਵਿੱਚ ਆਏ ਹਾਂ, ਨਾ ਕਿ ਸੌਦੇਬਾਜ਼ੀ ਕਰਨ ਲਈ। ਅਸੀਂ 2027 ਦੀਆਂ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹਾਂ ਅਤੇ ਭਾਜਪਾ ਦੀਆਂ ਅਜਿਹੀਆਂ ਕੋਝੀਆਂ ਚਾਲਾਂ ਸਾਨੂੰ ਡਗਾ ਨਹੀਂ ਸਕਦੀਆਂ।

ਆਪ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਫਿਰ ਤੋਂ 'ਆਪਰੇਸ਼ਨ ਲੋਟਸ' ਰਾਹੀਂ ਲੋਕਤੰਤਰ ਦਾ ਘਾਣ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ। ਪੰਨੂ ਨੇ ਨਾਇਬ ਸੈਣੀ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਸੈਣੀ ਸਾਹਿਬ ਆਪਣਾ 'ਹਰਿਆਣਾ ਮਾਡਲ' ਉੱਥੇ ਹੀ ਰੱਖਣ ਜਿੱਥੇ ਜਨਤਾ ਮਹਿੰਗੀ ਬਿਜਲੀ ਨਾਲ ਪਿਸ ਰਹੀ ਹੈ। ਪੰਜਾਬ ਵਿੱਚ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਦਾ ਮਾਡਲ ਚੱਲ ਰਿਹਾ ਹੈ, ਜਿੱਥੇ ਮੁਫ਼ਤ ਬਿਜਲੀ ਤੇ ਐਸਐਸਐਫ ਵਰਗੀਆਂ ਸਹੂਲਤਾਂ ਹਨ, ਜੋ ਤੁਹਾਡੇ ਫਲਾਪ ਹਰਿਆਣਾ ਮਾਡਲ ਵਿੱਚ ਕਿਤੇ ਨਜ਼ਰ ਨਹੀਂ ਆਉਂਦੀਆਂ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਵਾਲੇ ਹਨ, ਪਰ ਭਾਜਪਾ ਦੀ ਚਕਾਚੌਂਧ ਤੇ ਅਰਬਾਂ ਰੁਪਏ ਦੀ ਪੇਸ਼ਕਸ਼ ਸਾਡੇ ਇੱਕ ਵੀ ਵਿਧਾਇਕ ਨੂੰ ਡੁਲਾ ਨਹੀਂ ਸਕੀ। ਆਮ ਆਦਮੀ ਪਾਰਟੀ ਦੇ ਵਿਧਾਇਕ ਆਮ ਘਰਾਂ ਦੇ ਉਹ ਧੀ-ਪੁੱਤ ਹਨ ਜਿਨ੍ਹਾਂ ਨੂੰ ਰਵਾਇਤੀ ਪਾਰਟੀਆਂ ਕਦੇ 'ਮਟੀਰੀਅਲ' ਤੇ ਕਦੇ 'ਬੈਂਡ-ਵਾਜੇ ਵਾਲੇ' ਕਹਿ ਕੇ ਭੰਡਦੀਆਂ ਰਹੀਆਂ ਹਨ। ਉਨ੍ਹਾਂ ਭਾਜਪਾ ਨੂੰ ਚਿਤਾਵਨੀ ਦਿੱਤੀ ਕਿ ਇਹ 'ਫਾਰ ਸੇਲ' (ਵਿਕਾਊ) ਦਾ ਫੱਟਾ ਕਿਸੇ ਹੋਰ ਸੂਬੇ ਵਿੱਚ ਜਾ ਕੇ ਲਗਾਉਣ, ਕਿਉਂਕਿ ਪੰਜਾਬ ਦਾ ਨਾ ਤਾਂ ਕੋਈ ਵਿਧਾਇਕ ਵਿਕਾਊ ਹੈ ਅਤੇ ਨਾ ਹੀ ਕੋਈ ਵਰਕਰ। ਬਲਤੇਜ ਪੰਨੂ ਨੇ ਨਾਇਬ ਸੈਣੀ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਦੇ ਅਹੁਦੇ ਦੀ ਇੱਕ ਮਰਿਆਦਾ ਹੁੰਦੀ ਹੈ, ਜਿਸ ਨੂੰ ਸਮਝਣਾ ਅਤੇ ਲਾਗੂ ਕਰਨਾ ਬੇਹੱਦ ਜ਼ਰੂਰੀ ਹੈ। ਸੈਣੀ ਸਾਹਿਬ ਨੂੰ ਦੂਜੀਆਂ ਪਾਰਟੀਆਂ ਨੂੰ ਤੋੜਨ ਦੀਆਂ ਸਾਜ਼ਿਸ਼ਾਂ ਘੜਨ ਦੀ ਬਜਾਏ 'ਆਪ' ਦੇ ਮਾਡਲ ਤੋਂ ਇਹ ਸਿੱਖਣਾ ਚਾਹੀਦਾ ਹੈ ਕਿ ਇਮਾਨਦਾਰੀ ਨਾਲ ਲੋਕਾਂ ਦੀ ਸੇਵਾ ਕਿਵੇਂ ਕੀਤੀ ਜਾਂਦੀ ਹੈ।




## ਸੰਪਾਦਕੀ

# ਬੇਰੁਜ਼ਗਾਰੀ ਇੱਕ ਗੰਭੀਰ ਮੁੱਦਾ

ਪਿਛਲੇ ਕੁਝ ਸਾਲਾਂ ਤੋਂ ਦੇਸ਼ ਵਿੱਚ ਬੇਰੁਜ਼ਗਾਰੀ ਇੱਕ ਗੰਭੀਰ ਮੁੱਦਾ ਰਿਹਾ ਹੈ। ਇਸ ਨਾਲ ਨੌਜਵਾਨ ਕਿਰਤ ਸ਼ਕਤੀ ਦੀ ਵੱਡੀ ਪੱਧਰ ’ਤੇ ਘੱਟ ਵਰਤੋਂ ਹੋ ਰਹੀ ਹੈ ਅਤੇ ਦੇਸ਼ ਦੇ ਸਮੁੱਚੇ ਵਿਕਾਸ ਵਿੱਚ ਰੁਕਾਵਟ ਆ ਰਹੀ ਹੈ। ਇੱਕ ਅਰਥਵਿਵਸਥਾ ਨੂੰ ਉਦੋਂ ਹੀ ਸੰਤੁਲਿਤ ਮੰਨਿਆ ਜਾਂਦਾ ਹੈ ਜਦੋਂ ਇਹ ਆਰਥਿਕ ਵਿਕਾਸ ਦੇ ਨਾਲ-ਨਾਲ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਕਰਦੀ ਹੈ। ਭਾਰਤ ਕੁੱਲ ਕਾਰਜਬਲ ਅਤੇ ਅਬਾਦੀ ਦੇ ਮਾਮਲੇ ਵਿੱਚ ਦੁਨੀਆ ਦਾ ਸਭ ਤੋਂ ਵੱਡਾ ਦੇਸ਼ ਹੈ, ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਵਿੱਚ। ਇੱਥੇ ਨੌਜਵਾਨਾਂ ਦੀ ਅਬਾਦੀ ਦੂਜੇ ਦੇਸ਼ਾਂ ਨਾਲੋਂ ਵੱਧ ਹੈ। ਹਾਲਾਂਕਿ, ਇਸ ਕਾਰਜਬਲ ਨੂੰ ਰਾਸ਼ਟਰ ਨਿਰਮਾਣ ਵਿੱਚ ਹਿੱਸਾ ਲੈਣ ਦੇ ਬਰਾਬਰ ਮੌਕੇ ਨਹੀਂ ਮਿਲ ਰਹੇ ਹਨ। ਇਸਦਾ ਅੰਦਾਜ਼ਾ ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਦੁਆਰਾ ਵੀਰਵਾਰ ਨੂੰ ਜਾਰੀ ਕੀਤੀ ਗਈ ਇੱਕ ਰਿਪੋਰਟ ਤੋਂ ਲਗਾਇਆ ਜਾ ਸਕਦਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਦੇਸ਼ ਵਿੱਚ 15 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਵਿੱਚ ਬੇਰੁਜ਼ਗਾਰੀ ਦਰ ਪਿਛਲੇ ਸਾਲ ਦਸੰਬਰ ਵਿੱਚ ਵੱਧ ਕੇ 4.8 ਪ੍ਰਤੀਸ਼ਤ ਹੋ ਗਈ, ਜਦੋਂ ਕਿ ਨਵੰਬਰ ਵਿੱਚ ਇਹ ਦਰ 4.7 ਪ੍ਰਤੀਸ਼ਤ ਸੀ। ਸ਼ਹਿਰੀ ਖੇਤਰਾਂ ਵਿੱਚ ਬੇਰੁਜ਼ਗਾਰੀ ਦਰ ਖਾਸ ਤੌਰ ’ਤੇ ਗੰਭੀਰ ਸੀ, ਜਿੱਥੇ ਇਹ ਦਰ ਨਵੰਬਰ ਵਿੱਚ 6.5 ਪ੍ਰਤੀਸ਼ਤ ਤੋਂ ਵੱਧ ਕੇ 6.7 ਪ੍ਰਤੀਸ਼ਤ ਹੋ ਗਈ। ਇਹ ਸਪੱਸ਼ਟ ਤੌਰ ’ਤੇ ਦਰਸਾਉਂਦਾ ਹੈ ਕਿ ਸਰਕਾਰੀ, ਨਿੱਜੀ, ਸੰਗਠਿਤ ਅਤੇ ਅਸੰਗਠਿਤ ਦੋਵਾਂ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕੇ ਘੱਟ ਰਹੇ ਹਨ। ਇਹ ਧਿਆਨ ਦੇਣ ਯੋਗ ਹੈ ਕਿ ਕੇਂਦਰ ਸਰਕਾਰ ਨੇ ਆਤਮਨਿਰਭਰ ਭਾਰਤ ਅਤੇ ਸਕਿੱਲ ਇੰਡੀਆ ਵਰਗੀਆਂ ਯੋਜਨਾਵਾਂ ਸ਼ੁਰੂ ਕੀਤੀਆਂ ਹਨ, ਪਰ ਉਨ੍ਹਾਂ ਦਾ ਪ੍ਰਭਾਵ ਵੱਖ-ਵੱਖ ਖੇਤਰਾਂ ਵਿੱਚ ਵੱਖੋ-ਵੱਖਰਾ ਰਿਹਾ ਹੈ। ਬਹੁਤ ਸਾਰੇ ਨੌਜਵਾਨ ਅਤੇ ਮਜ਼ਦੂਰ ਵਰਗ ਆਪਣੇ ਹੁਨਰਾਂ ਨੂੰ ਵਿਕਸਤ ਕਰਨ ਲਈ ਸਿਖਲਾਈ ਪ੍ਰਾਪਤ ਕਰ ਰਹੇ ਹਨ, ਫਿਰ ਵੀ ਉਨ੍ਹਾਂ ਨੂੰ ਅਜੇ ਵੀ ਢੁਕਵੇਂ ਰੁਜ਼ਗਾਰ ਦੇ ਮੌਕੇ ਨਹੀਂ ਮਿਲ ਰਹੇ ਹਨ। ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡਿਜੀਟਲਾਈਜ਼ੇਸ਼ਨ ਨੇ ਵੀ ਰੁਜ਼ਗਾਰ ਵਿੱਚ ਗਿਰਾਵਟ ਵਿੱਚ ਯੋਗਦਾਨ ਪਾਇਆ ਹੈ। ਜਦੋਂ ਕਿ ਡਿਜੀਟਲ ਸੈਕਟਰ ਵਿੱਚ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ, ਇਨ੍ਹਾਂ ਲਈ ਵਿਸ਼ੇਸ਼ ਹੁਨਰਾਂ ਦੀ ਲੋੜ ਹੁੰਦੀ ਹੈ ਜੋ ਹਰ ਕਿਸੇ ਕੋਲ ਨਹੀਂ ਹੁੰਦੇ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਸਰਕਾਰੀ ਨੌਕਰੀਆਂ ਦੀ ਗਿਣਤੀ ਰੁਜ਼ਗਾਰ ਦੀ ਮੰਗ ਦੇ ਅਨੁਪਾਤ ਵਿੱਚ ਨਹੀਂ ਵੱਧ ਰਹੀ ਹੈ। ਇਸ ਤੋਂ ਇਲਾਵਾ, ਸਰਕਾਰੀ ਭਰਤੀ ਪ੍ਰਕਿਰਿਆਵਾਂ ਵਿੱਚ ਦੇਰੀ ਅਤੇ ਪ੍ਰੀਖਿਆ ਪ੍ਰਣਾਲੀ ਨਾਲ ਸਮੱਸਿਆਵਾਂ ਵੀ ਬਰਾਬਰ ਰੁਜ਼ਗਾਰ ਦੇ ਮੌਕਿਆਂ ਨੂੰ ਪ੍ਰਭਾਵਤ ਕਰਦੀਆਂ ਹਨ। ਹਾਲਾਂਕਿ, ਅੰਕੜਿਆਂ ਅਨੁਸਾਰ ਸ਼ਹਿਰੀ ਖੇਤਰਾਂ ਦੇ ਮੁਕਾਬਲੇ ਪਿਛਲੇ ਸਾਲ ਨਵੰਬਰ ਅਤੇ ਦਸੰਬਰ ਦੇ ਵਿਚਕਾਰ ਬੇਰੁਜ਼ਗਾਰੀ ਦਰ 3.9 ਪ੍ਰਤੀਸ਼ਤ ’ਤੇ ਸਥਿਰ ਰਹੀ। ਦਰਅਸਲ, ਕਿਸੇ ਵੀ ਦੇਸ਼ ਵਿੱਚ ਪੂਰਾ ਆਰਥਿਕ ਵਿਕਾਸ ਉਦੋਂ ਹੀ ਸੰਭਵ ਹੈ ਜਦੋਂ ਕੁੱਲ ਘਰੇਲੂ ਉਤਪਾਦ ਵਿੱਚ ਵਾਧਾ, ਪ੍ਰਤੀ ਵਿਅਕਤੀ ਆਮਦਨ ਵਿੱਚ ਵਾਧਾ, ਗਰੀਬੀ, ਭੁੱਖਮਰੀ ਅਤੇ ਸਮਾਜਿਕ ਅਸਮਾਨਤਾ ਵਿੱਚ ਕਮੀ ਅਤੇ ਰੁਜ਼ਗਾਰ ਦੀ ਉਪਲਬਧਤਾ ਅਤੇ ਪ੍ਰਤੀ ਵਿਅਕਤੀ ਖੁਸ਼ਹਾਲੀ ਹੋਵੇ। ਵਿਕਾਸ ਮਾਡਲ ਨੂੰ ਰੁਜ਼ਗਾਰ ਦੇ ਮੌਕੇ, ਗਰੀਬਾਂ ਦਾ ਉਭਾਰ ਅਤੇ ਕਿਸਾਨਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ, ਜਦੋਂ ਕਿ ਮਹਿੰਗਾਈ ਘੱਟ ਰੱਖੀ ਜਾਵੇ। ਸਵਾਲ ਇਹ ਹੈ ਕਿ ਕੀ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਦਾ 2047 ਤੱਕ ਵਿਕਸਤ ਭਾਰਤ ਦਾ ਟੀਚਾ ਨਿਰਧਾਰਤ ਸਮੇਂ ਦੇ ਅੰਦਰ ਪ੍ਰਾਪਤ ਕੀਤਾ ਜਾ ਸਕਦਾ ਹੈ। ਇਹ ਸੱਚ ਹੈ ਕਿ ਬੇਰੁਜ਼ਗਾਰੀ ਦਰ ਵਿੱਚ ਉਤਰਾਅ-ਚੜ੍ਹਾਅ ਦੇ ਦੇਸ਼ ਦੇ ਵਿਕਾਸ ’ਤੇ ਦੂਰਗਾਮੀ ਨਤੀਜੇ ਨਿਕਲਦੇ ਹਨ। ਇਸ ਲਈ, ਸਰਕਾਰ ਨੂੰ ਬੇਰੁਜ਼ਗਾਰੀ ਦਰ ਨੂੰ ਘਟਾਉਣ ਅਤੇ ਸਰਕਾਰੀ ਅਤੇ ਨਿੱਜੀ ਖੇਤਰਾਂ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਸਿੱਖਿਆ ਨੂੰ ਹੁਨਰ ਵਿਕਾਸ ਨਾਲ ਜੋੜਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਕੇਵਲ ਤਦ ਹੀ ਭਾਰਤ ਸੱਚਮੁੱਚ ਇੱਕ ਵਿਕਸਤ ਰਾਸ਼ਟਰ ਬਣਨ ਵੱਲ ਅੱਗੇ ਵੱਧ ਸਕੇਗਾ।

**-ਜਗਜੀਤ ਸਿੰਘ ਦਰਦੀ**

*ਸੰਸਦ ਵਿੱਚ ਭਾਸ਼ਾ ਦੀ ਤਮੀਜ਼*

# ਕੀ ਇਹ ਭਾਰਤ ਦੀ ਸੱਭਿਅਤਾ ਭਵਿੱਖ ਤੇ ਨਵੀਂ ਪੀੜ੍ਹੀ ਦਾ ਲੋਕਤੰਤਰ ਹੈ?

## ਸੰਸਦ ਦੀ ਭਾਸ਼ਾ, ਸੰਵਿਧਾਨ ਦੀ ਆਤਮਾ ਅਤੇ ਲੋਕਤੰਤਰ ਦਾ ਸੰਕਟ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ



ਅੱਜ ਲੋਕ ਸਭਾ ਵਿੱਚ ਜੋ ਭਾਸ਼ਾ ਵਰਤੀ ਜਾ ਰਹੀ ਹੈ ਤੇ ਜਿਸ ਭਾਸ਼ਾ ਵਿੱਚ ਲੋਕਤੰਤਰ ਦਾ ਪ੍ਰਗਟਾਵਾ ਹੋ ਰਿਹਾ ਹੈ ਉਹ ਨਿਵਾਣਾ ਵੱਲ ਹੈ ਅਤੇ ਇਹ ਹੀ ਨਵੀਂ ਪੀੜ੍ਹੀ ਦਾ ਸੰਕਟ ਹੈ। ਅੱਜ ਦੇਸ਼ ਦੀ ਪਾਰਲੀਮੈਂਟ ਵਿੱਚ ਮਰਿਆਦਾ ਦੇ ਢਹਿ ਰਹੇ ਸਤੰਭਾਂ ਵਿੱਚੋਂ ਉੱਠਦਾ ਇੱਕ ਸੰਵਿਧਾਨਕ ਸਵਾਲ ਇਹ ਹੈ ਕਿ ਭਾਰਤੀ ਸੰਸਦ ਸਿਰਫ਼ ਕਾਨੂੰਨ ਬਣਾਉਣ ਦਾ ਘਰ ਨਹੀਂ ਹੈ; ਇਹ ਭਾਰਤੀ ਸੰਵਿਧਾਨ ਦੀ ਜੀਵੰਤ ਆਤਮਾ ਹੈ।

ਇਹ ਉਹ ਥਾਂ ਹੈ ਜਿੱਥੇ ਸੰਵਿਧਾਨ ਦੀ ਕਿਤਾਬ ਕਾਗਜ਼ ਤੋਂ ਉੱਠ ਕੇ ਜੀਵਨ ਵਿੱਚ ਬਦਲਦੀ ਹੈ। ਸੰਸਦ ਦੀ ਹਰ ਉਚਾਰੀ ਗਈ ਲਾਈਨ, ਹਰ ਤਰਕ ਅਤੇ ਹਰ ਸ਼ਬਦ ਸਿਰਫ਼ ਰਾਜਨੀਤਿਕ ਬਿਆਨ ਨਹੀਂ ਹੁੰਦਾ, ਸਗੋਂ ਇਹ ਸੰਵਿਧਾਨਕ ਨੈਤਿਕਤਾ (Constitutional Morality) ਦਾ ਪ੍ਰਗਟਾਵਾ ਹੁੰਦਾ ਹੈ।

ਹੁਣ ਜਦੋਂ ਸੰਸਦ ਦੀ ਭਾਸ਼ਾ ਆਪਣੀ ਮਰਿਆਦਾ ਖੋਹ ਬੈਠਦੀ ਹੈ, ਜਦੋਂ ਤਰਕ ਦੀ ਥਾਂ ਤੌਹੀਨ ਲੈ ਲੈਂਦੀ ਹੈ, ਜਦੋਂ ਵਿਚਾਰਾਂ ਦੀ ਥਾਂ ਵਿਅਕਤੀਗਤ ਇਲਜ਼ਾਮ ਲੈ ਲੈਂਦੇ ਹਨ, ਤਾਂ ਇਹ ਸਿਰਫ਼ ਸੰਸਦੀ ਵਿਘਨ ਨਹੀਂ ਹੁੰਦਾ—ਇਹ ਸੰਵਿਧਾਨ ਦੀ ਆਤਮਾ ’ਤੇ ਇੱਕ ਚੋਟ ਹੁੰਦੀ ਹੈ।

ਅੱਜ ਜਦੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਸੱਤਾ ਪੱਖ ਦੇ ਵਿਚਕਾਰ ਤਿੱਖੇ ਸ਼ਬਦੀ ਟਕਰਾਅ ਹੋ ਰਹੇ ਹਨ, ਜਦੋਂ ਨਾਅਰੇ, ਵਿਅਕਤੀਗਤ ਹਮਲੇ ਅਤੇ ਸ਼ੋਰ ਸੰਸਦੀ ਚਰਚਾ ਦੀ ਥਾਂ ਲੈ ਰਹੇ ਹਨ, ਤਾਂ ਇਹ ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਅਸੀਂ ਸੰਵਿਧਾਨਕ ਲੋਕਤੰਤਰ ਦੀ ਉਸ ਰੂਹ ਤੋਂ ਦੂਰ ਹੋ ਰਹੇ ਹਾਂ, ਜਿਸਦੀ ਨੀਂਹ ਡਾ. ਅੰਬੇਡਕਰ ਨੇ ਰੱਖੀ ਸੀ?

ਸੰਵਿਧਾਨ ਅਤੇ ਸੰਸਦ ਵਿੱਚ ਇੱਕ ਪਵਿੱਤਰ ਭਾਰਤ ਦਾ ਸੰਵਿਧਾਨ ਸਿਰਫ਼ ਇੱਕ ਕਾਨੂੰਨੀ ਦਸਤਾਵੇਜ਼ ਨਹੀਂ ਹੈ। ਇਹ ਇੱਕ ਨੈਤਿਕ ਸਮਝੌਤਾ ਹੈ—ਰਾਜ ਅਤੇ ਲੋਕਾਂ ਦੇ ਵਿਚਕਾਰ।

ਸੰਵਿਧਾਨ ਦੀ ਧਾਰਾ 79 ਕਹਿੰਦੀ ਹੈ ਕਿ: ਭਾਰਤ ਲਈ ਇੱਕ ਸੰਸਦ ਹੋਵੇਗੀ, ਜਿਸ ਵਿੱਚ ਰਾਸ਼ਟਰਪਤੀ ਅਤੇ ਦੋ ਸਦਨ ਹੋਣਗੇ। ਇਹ ਸਿਰਫ਼ ਇੱਕ ਸੰਰਚਨਾ ਨਹੀਂ ਹੈ; ਇਹ ਲੋਕਤੰਤਰ ਦੀ ਨਸ ਹੈ।

ਅੱਜ ਧਾਰਾ 105 ਸੰਸਦ ਮੈਂਬਰਾਂ ਨੂੰ ਬੋਲਣ ਦੀ ਆਜ਼ਾਦੀ ਦਿੰਦੀ ਹੈ, ਪਰ ਇਹ ਆਜ਼ਾਦੀ ਬੇਹਿਸਾਬ ਨਹੀਂ ਹੈ। ਇਹ ਆਜ਼ਾਦੀ ਸੰਵਿਧਾਨਕ ਜ਼ਿੰਮੇਵਾਰੀ ਨਾਲ ਜੁੜੀ ਹੋਈ ਹੈ। ਇਹ ਆਜ਼ਾਦੀ ਸੰਸਦ ਦੀ ਮਰਿਆਦਾ ਦੀ ਰੱਖਿਆ ਕਰਨ ਦੀ ਸ਼ਰਤ ਨਾਲ ਦਿੱਤੀ ਗਈ ਹੈ।

ਡਾ. ਅੰਬੇਡਕਰ ਨੇ 25 ਨਵੰਬਰ 1949 ਨੂੰ ਸੰਵਿਧਾਨ ਸਭਾ ਵਿੱਚ ਕਿਹਾ ਸੀ: ‘ਸੰਵਿਧਾਨ ਕਿੰਨਾ ਵੀ ਚੰਗਾ ਹੋਵੇ, ਜੇ ਉਹਨਾਂ ਲੋਕਾਂ ਦਾ ਆਚਰਨ ਮਾੜਾ ਹੋਵੇ ਜੋ ਇਸਨੂੰ ਚਲਾਉਂਦੇ ਹਨ, ਤਾਂ ਸੰਵਿਧਾਨ ਵੀ ਮਾੜਾ ਸਾਬਤ ਹੋਵੇਗਾ।’ ਅੱਜ ਇਹ ਬਿਆਨ ਸਾਡੇ ਸਾਹਮਣੇ ਇੱਕ ਕੜੀ ਹਕੀਕਤ ਵਾਂਗ ਖੜ੍ਹਾ ਹੈ।

ਅੱਜ ਸੰਸਦੀ ਮਰਿਆਦਾ ਅਨੁਸਾਰ ਨਿਯਮ ਨਹੀਂ, ਲੋਕਤੰਤਰ ਦੀ ਨੈਤਿਕਤਾ ਅਤੇ ਸੰਸਦ ਦੀ ਮਰਿਆਦਾ ਸਿਰਫ਼ ਨਿਯਮਾਂ ਨਾਲ ਨਹੀਂ ਬਣਦੀ, ਇਹ ਸੰਸਦੀ ਸੰਸਕਾਰ ਨਾਲ ਬਣਦੀ ਹੈ।

ਹੁਣ ਲੋਕ ਸਭਾ ਦੇ ਨਿਯਮ 349 ਅਤੇ 350 ਸਪੱਸ਼ਟ ਕਰਦੇ ਹਨ ਕਿ ਕੋਈ ਵੀ ਮੈਂਬਰ ਅਜਿਹੀ ਭਾਸ਼ਾ ਨਹੀਂ ਵਰਤ ਸਕਦਾ ਜੋ ਅਪਮਾਨਜਨਕ ਹੋਵੇ ਜਾਂ ਸੰਸਦ ਦੀ ਮਰਿਆਦਾ ਨੂੰ ਠੇਸ ਪਹੁੰਚਾਏ।

ਪਰ ਅੱਜ ਸਵਾਲ ਇਹ ਹੈ ਕਿ ਕੀ ਇਹ ਨਿਯਮ ਸਿਰਫ਼ ਕਿਤਾਬਾਂ ਵਿੱਚ ਹੀ ਰਹਿ ਗਏ ਹਨ?

ਅੱਜ ਜਦੋਂ ਸੰਸਦ ਵਿੱਚ ਸ਼ਬਦ ਤਲਵਾਰ ਬਣ ਜਾਂਦੇ ਹਨ, ਜਦੋਂ ਆਵਾਜ਼ਾਂ ਵਿਚਾਰਾਂ ਨੂੰ ਡੁੱਬੋ ਦਿੰਦੀਆਂ ਹਨ, ਤਾਂ ਇਹ ਸਿਰਫ਼ ਇੱਕ ਰਾਜਨੀਤਿਕ ਸੰਘਰਸ਼ ਨਹੀਂ ਹੁੰਦਾ—ਇਹ ਸੰਵਿਧਾਨਕ ਅਸਫਲਤਾ ਦਾ ਸੰਕੇਤ ਹੁੰਦਾ ਹੈ।

ਰਾਹੁਲ ਗਾਂਧੀ, ਸੱਤਾ ਪੱਖ ਅਤੇ ਸੰਸਦੀ ਟਕਰਾਅ ਇੱਕ ਸੰਵਿਧਾਨਕ ਪੜਚੋਲੀਆ ਤੇ ਵਿਰੋਧੀ ਧਿਰ ਦੇ ਨੇਤਾ ਦੇ ਤੌਰ ’ਤੇ ਰਾਹੁਲ ਗਾਂਧੀ ਦੀ ਜ਼ਿੰਮੇਵਾਰੀ ਹੈ ਕਿ ਉਹ ਸਰਕਾਰ ਨੂੰ ਜਵਾਬਦੇਹ ਬਣਾਉਣ। ਇਹ ਉਹਨਾਂ ਦਾ ਸੰਵਿਧਾਨਕ ਹੱਕ ਹੈ।

ਅੱਜ ਸੰਵਿਧਾਨ ਦੀ ਧਾਰਾ 75(3) ਕਹਿੰਦੀ ਹੈ ਕਿ: ਮੰਤਰੀ ਮੰਡਲ ਲੋਕ ਸਭਾ ਦੇ ਪ੍ਰਤੀ ਸਾਂਝੇ ਤੌਰ ’ਤੇ ਜਵਾਬਦੇਹ ਹੋਵੇਗਾ। ਇਸਦਾ ਮਤਲਬ ਹੈ ਕਿ ਸਰਕਾਰ ਨੂੰ ਵਿਰੋਧੀ ਧਿਰ ਦੇ ਸਵਾਲਾਂ ਦਾ ਜਵਾਬ ਦੇਣਾ ਪਵੇਗਾ ਪਰ ਇਸਦੇ ਨਾਲ ਹੀ ਵਿਰੋਧੀ ਧਿਰ ਦੀ ਜ਼ਿੰਮੇਵਾਰੀ ਵੀ ਹੈ ਕਿ ਉਹ ਆਪਣੀ ਭਾਸ਼ਾ ਵਿੱਚ ਸੰਸਦੀ ਮਰਿਆਦਾ ਨੂੰ ਬਣਾਈ ਰੱਖੇ।

ਜੇ ਸੱਤਾ ਪੱਖ ਵਿਰੋਧੀ ਧਿਰ ਦੀ ਆਲੋਚਨਾ ਨੂੰ ਦਬਾਉਂਦਾ ਹੈ, ਤਾਂ ਇਹ ਲੋਕਤੰਤਰ ਲਈ ਖ਼ਤਰਾ ਹੈ। ਜੇ ਵਿਰੋਧੀ ਧਿਰ ਆਪਣੀ ਭਾਸ਼ਾ ਦੀ ਮਰਿਆਦਾ ਖੋਹ ਬੈਠਦੀ ਹੈ, ਤਾਂ ਇਹ ਵੀ ਲੋਕਤੰਤਰ ਲਈ ਉਤਨਾ ਹੀ ਖ਼ਤਰਨਾਕ ਹੈ।

ਅੱਜ ਲੋਕਤੰਤਰ ਵਿੱਚ ਨਾ ਸੱਤਾ ਸਰਵਉੱਚ ਹੈ ਅਤੇ ਨਾ ਵਿਰੋਧ—ਸਰਵਉੱਚ ਸਿਰਫ਼ ਸੰਵਿਧਾਨ ਹੈ। ਸੰਵਿਧਾਨਕ ਨੈਤਿਕਤਾ (Constitutional Morality): ਇੱਕ ਭੁੱਲਿਆ ਹੋਇਆ ਸਿਧਾਂਤ ਤੇ ਡਾ. ਅੰਬੇਡਕਰ ਨੇ ਸੰਵਿਧਾਨਕ ਨੈਤਿਕਤਾ ਨੂੰ ਲੋਕਤੰਤਰ ਦੀ ਆਤਮਾ ਕਿਹਾ ਸੀ ਕਿ ਸੰਵਿਧਾਨਕ ਨੈਤਿਕਤਾ ਦਾ ਮਤਲਬ ਹੈ ਕਿ ਸੱਤਾ ਵਿੱਚ ਬੈਠੇ ਲੋਕ ਆਪਣੇ ਅਧਿਕਾਰਾਂ ਦਾ ਨਹੀਂ, ਸਗੋਂ ਆਪਣੀਆਂ ਜ਼ਿੰਮੇਵਾਰੀਆਂ ਦਾ ਅਹਿਸਾਸ ਰੱਖਣ।

ਅੱਜ ਜਦੋਂ ਸੰਸਦ ਵਿੱਚ ਸ਼ਬਦਾਂ ਦੀ ਥਾਂ ਨਾਅਰੇ ਲੈ ਰਹੇ ਹਨ, ਜਦੋਂ ਤਰਕ ਦੀ ਥਾਂ ਤਣਾਅ ਲੈ ਰਿਹਾ ਹੈ, ਤਾਂ ਇਹ ਸੰਵਿਧਾਨਕ ਨੈਤਿਕਤਾ ਦੀ ਹਾਰ ਹੈ।

ਹੁਣ ਸੰਸਦ ਦੀ ਭਾਸ਼ਾ ਦਾ ਡਿੱਗਣਾ ਲੋਕਤੰਤਰ ਦਾ ਡਿੱਗਣਾ ਹੀ ਹੈ ਸੰਸਦ ਦੀ ਭਾਸ਼ਾ ਸਿਰਫ਼ ਸ਼ਬਦ ਨਹੀਂ ਹੁੰਦੀ—ਇਹ ਲੋਕਤੰਤਰ ਦੀ ਸੱਭਿਆਚਾਰ ਹੁੰਦੀ ਹੈ।

ਜਦੋਂ ਸੰਸਦ ਦੀ ਭਾਸ਼ਾ ਡਿੱਗਦੀ ਹੈ, ਤਾਂ ਲੋਕਤੰਤਰ ਦਾ ਸੱਭਿਆਚਾਰ ਵੀ ਡਿੱਗਦਾ ਹੈ। ਅੱਜ ਦੇਸ਼ ਦਾ ਨੌਜਵਾਨ ਸੰਸਦ ਨੂੰ ਦੇਖ ਰਿਹਾ ਹੈ। ਉਹ ਇਹ ਦੇਖ ਰਿਹਾ ਹੈ ਕਿ ਉਸਦੇ ਨੇਤਾ ਕਿਵੇਂ ਬੋਲਦੇ ਹਨ। ਜੇ ਸੰਸਦ ਵਿੱਚ ਮਰਿਆਦਾ ਨਹੀਂ ਰਹੇਗੀ, ਤਾਂ ਸਮਾਜ ਵਿੱਚ ਵੀ ਮਰਿਆਦਾ ਨਹੀਂ ਰਹੇਗੀ।

ਸੰਸਦ ਸਮਾਜ ਦਾ ਦਰਪਣ ਹੁੰਦੀ ਹੈ, ਪਰ ਕਈ ਵਾਰ ਸਮਾਜ ਵੀ ਸੰਸਦ ਦਾ ਦਰਪਣ ਬਣ ਜਾਂਦਾ ਹੈ।

**ਅੱਜ ਤਿੱਖਾ ਸਵਾਲ:** ਕੀ ਸੰਸਦ ਹੁਣ ਸਿਰਫ਼ ਰਾਜਨੀਤਿਕ ਜੰਗ ਦਾ ਮੈਦਾਨ ਰਹਿ ਗਈ ਹੈ? ਇਹ ਸਵਾਲ ਪੁੱਛਣਾ ਲਾਜ਼ਮੀ ਹੈ ਕਿ ਕੀ ਅਸੀਂ ਸੰਸਦ ਨੂੰ ਲੋਕਤੰਤਰ ਦਾ ਮੰਦਰ ਬਣਾਈ ਰੱਖਣ ਵਿੱਚ ਅਸਫਲ ਹੋ ਰਹੇ ਹਾਂ?

ਕੀ ਸੰਸਦ ਹੁਣ ਸਿਰਫ਼ ਟੈਲੀਵਿਜ਼ਨ ਕੈਮਰਿਆਂ ਲਈ ਇੱਕ ਰਾਜਨੀਤਿਕ ਮੰਚ ਬਣ ਗਈ ਹੈ? ਕੀ ਸੰਸਦ ਵਿੱਚ ਬੋਲਣ ਵਾਲੇ ਨੇਤਾ ਸੰਵਿਧਾਨ ਨਾਲ ਜ਼ਿਆਦਾ ਆਪਣੇ ਰਾਜਨੀਤਿਕ ਲਾਭਾਂ ਦੇ ਪ੍ਰਤੀ ਵਫ਼ਾਦਾਰ ਹੋ ਗਏ ਹਨ? ਜੇ ਸੰਸਦ ਦੀ ਮਰਿਆਦਾ ਖਤਮ ਹੋ ਜਾਂਦੀ ਹੈ, ਤਾਂ ਲੋਕਤੰਤਰ ਸਿਰਫ਼ ਇੱਕ ਰਸਮੀ ਪ੍ਰਣਾਲੀ ਬਣ ਕੇ ਰਹਿ ਜਾਵੇਗਾ। ਅੱਜ ਅੰਤਿਮ ਚੇਤਾਵਨੀ: ਸੰਸਦ ਨੂੰ ਬਚਾਉਣਾ ਹੋਵੇਗਾ, ਨਹੀਂ ਤਾਂ ਲੋਕਤੰਤਰ ਖੋਹ ਜਾਵੇਗਾ।

ਭਾਰਤੀ ਸੰਸਦ ਸੰਵਿਧਾਨ ਦੀ ਆਤਮਾ ਹੈ। ਜੇ ਇਹ ਆਤਮਾ ਕਮਜ਼ੋਰ ਹੋ ਜਾਂਦੀ ਹੈ, ਤਾਂ ਸੰਵਿਧਾਨ ਸਿਰਫ਼ ਇੱਕ ਕਿਤਾਬ ਬਣ ਕੇ ਰਹਿ ਜਾਵੇਗਾ। ਅੱਜ ਲੋੜ ਹੈ ਕਿ ਸਾਰੇ ਰਾਜਨੀਤਿਕ ਨੇਤਾ—ਚਾਹੇ ਉਹ ਸੱਤਾ ਵਿੱਚ ਹੋਣ ਜਾਂ ਵਿਰੋਧ ਵਿੱਚ—ਇਹ ਸਮਝਣ ਕਿ ਉਹ ਸਿਰਫ਼ ਆਪਣੀ ਪਾਰਟੀ ਦੇ ਪ੍ਰਤੀ ਨਹੀਂ, ਸਗੋਂ ਸੰਵਿਧਾਨ ਦੇ ਪ੍ਰਤੀ ਵੀ ਜਵਾਬਦੇਹ ਹਨ। ਕਿਉਂਕਿ ਜਦੋਂ ਸੰਸਦ ਦੀ ਭਾਸ਼ਾ ਮਰ ਜਾਂਦੀ ਹੈ ਤਾਂ ਲੋਕਤੰਤਰ ਦੀ ਆਤਮਾ ਵੀ ਮਰ ਜਾਂਦੀ ਹੈ ਅਤੇ ਜਦੋਂ ਲੋਕਤੰਤਰ ਦੀ ਆਤਮਾ ਮਰ ਜਾਂਦੀ ਹੈ, ਤਾਂ ਦੇਸ਼ ਸਿਰਫ਼ ਇੱਕ ਰਾਜਨੀਤਿਕ ਇਕਾਈ ਬਣ ਕੇ ਰਹਿ ਜਾਂਦਾ ਹੈ—ਇੱਕ ਰਾਸ਼ਟਰ ਨਹੀਂ।

# ਅਕਾਲੀ ਦਲ ਤੇ ਭਾਜਪਾ ਗਠਜੋੜ ਵਿੱਚਲਾ ਅੜਿੱਕਾ

ਕਮਲਜੀਤ ਸਿੰਘ ਬਨਵੈਤ
98147 34035



- ਭਾਰਤੀ ਜਨਤਾ ਪਾਰਟੀ ਨੇ ਅਕਾਲੀ ਦਲ ਨਾਲ ਸਮਝੌਤਾ ਕਰਨਾ ਹੁੰਦਾ ਤਾਂ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਨਹੀਂ ਰੋਕਣੀ ਸੀ ਰਿਹਾਈ
- ਸ਼੍ਰੋਮਣੀ ਅਕਾਲੀ ਦਲ, ਭਾਜਪਾ ਨੂੰ ਸਿੱਖਾਂ ਦੀ ਦੁਸ਼ਮਣ ਨੰਬਰ ਇੱਕ ਵੀ ਦੱਸ ਰਿਹੈ, ਨਾਲ ਸਮਝੌਤੇ ਲਈ ਵੀ ਤਿਆਰ
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਕਾਂਗਰਸ ਅਤੇ ਆਪ ਨੂੰ ਯਾਤਰਾ ਦਾ ਸੱਦਾ ਦੇਣ ਦੇ ਬਾਵਜੂਦ ਵੀ ਰਹੇ ਦੂਰ
- ਭਾਜਪਾ 2027 ਦੀ ਚੋਣ ਹਾਰਦੀ ਹੈ ਤਾਂ ਗਵਾਉਣ ਲਈ ਕੁਝ ਨਹੀਂ, ਆਪ, ਕਾਂਗਰਸ ਤੇ ਅਕਾਲੀਆਂ ਦਾ ਬਚਦਾ ਕੁਝ ਨਹੀਂ

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੀ ਨਸ਼ਿਆਂ ਖ਼ਿਲਾਫ਼ ਚੱਲ ਰਹੀ ਯਾਤਰਾ ਦੇ ਦਰਮਿਆਨ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਵਿੱਚ ਗੱਠਜੋੜ ਦੀ ਚਰਚਾ ਇੱਕ ਵਾਰ ਫਿਰ ਛਿੜ ਪਈ ਹੈ। ਇਹ ਚਰਚਾ ਛਿੜਨ ਦੀ ਵਜ੍ਹਾ ਯਾਤਰਾ ਦੌਰਾਨ ਪੰਜਾਬ ਭਾਜਪਾ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਕਦਮ ਨਾਲ ਕਦਮ ਮਿਲਾ ਕੇ ਤੁਰਨਾ ਹੈ। ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵੀ ਦੋ ਕਦਮ ਅੱਗੇ ਹੋ ਕੇ ਤੁਰਦੇ ਹਨ। ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਯਾਤਰਾ ਵਿੱਚੋਂ ਮਨਫੀ ਰਹਿਣ ਕਰਕੇ ਅਕਾਲੀ ਭਾਜਪਾ ਦੇ ਮੁੜ ਤੋਂ ਬਗਲਗੀਰ ਹੋਣ ਦੀ ਚਰਚਾ ਛਿੜਨੀ ਕੁਦਰਤੀ ਹੈ।

ਗੁਲਾਬ ਚੰਦ ਕਟਾਰੀਆ ਦੀ ਨਸ਼ਿਆਂ ਖ਼ਿਲਾਫ਼ ਯਾਤਰਾ ਦੀ ਚਰਚਾ ਅਸਲ ਮਕਸਦ ਨਾਲੋਂ ਸਿਆਸਤ ਨਾਲ ਜੋੜ ਕੇ ਵਧੇਰੇ ਦੇਖੀ ਜਾ ਰਹੀ ਹੈ।

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਦਾਅਵੇ ਉਤੇ ਵਿਸ਼ਵਾਸ ਕਰੀਏ ਤਾਂ ਉਹਨਾਂ ਦਾ ਕਹਿਣਾ ਹੈ ਕਿ ਰਾਜ ਭਵਨ ਵੱਲੋਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਯਾਤਰਾ ਵਿੱਚ ਸ਼ਾਮਲ ਹੋਣ ਲਈ ਪੱਤਰ ਭੇਜੇ ਗਏ ਸਨ ਅਤੇ ਫ਼ੋਨ ਵੀ ਖੜਕਾਏ ਗਏ। ਇਥੋਂ ਤੱਕ ਕਿ ਚਰਨਜੀਤ ਸਿੰਘ ਚੰਨੀ ਨੂੰ ਵੀ ਫ਼ੋਨ ਲਾਇਆ ਗਿਆ ਸੀ। ਕਾਂਗਰਸ ਅਤੇ ਸੱਤਾਧਾਰੀ ਆਮ ਆਦਮੀ ਪਾਰਟੀ ਯਾਤਰਾ ਤੋਂ ਦੂਰ ਰਹੇ।

ਜਦੋਂ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਭਾਜਪਾ ਦੇ ਅਸ਼ਵਨੀ ਸ਼ਰਮਾ ਅਤੇ ਸੁਖਬੀਰ ਸਿੰਘ ਬਾਦਲ ਦੇ ਕਦਮ ਨਾਲ ਕਦਮ ਮਿਲਾ ਕੇ ਚੱਲੇ ਤਾਂ ਗੱਲ ਤੁਰ ਪਈ ਕਿ ਇਹ ਸਮਝੌਤੇ ਦੀ ਪਹਿਲੀ ਪੌੜੀ ਮੰਨ ਲੈਣੀ ਚਾਹੀਦੀ ਹੈ। ਸ਼੍ਰੋਮਣੀ ਅਕਾਲੀ ਦਲ ਨੂੰ ਇਹ ਵਾਰਾ ਵੀ ਖਾ ਰਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਨਾਲ ਸਿਆਸੀ ਗੱਠਜੋੜ ਦੀ ਖ਼ੂਬ ਚਰਚਾ ਹੋਵੇ ਤਾਂ ਕਿ ਪੁਨਰ ਸੁਰਜੀਤ ਵਾਲਿਆਂ ਦੀਆਂ ਲਾਲਾਂ ਚੋਣ ਲੱਗ ਪੈਣ। ਭਾਰਤੀ ਜਨਤਾ ਪਾਰਟੀ ਨਾਲ ਚੋਣ ਗੱਠਜੋੜ ਦੀਆਂ ਕੰਨਸੋਆਂ ਜੇ ਹੁਣ ਇਹਨੂੰ ਮਿਲਦੀਆਂ ਹਨ ਤਾਂ ਉਹ ਅਕਾਲੀ ਦਲ ਵੱਲੋਂ ਹੀ। ਭਾਰਤੀ ਜਨਤਾ ਪਾਰਟੀ ਦੇ ਦਿੱਲੀ ਨੇਤਾਵਾਂ ਨੇ ਕਦੇ ਕੋਈ ਅਜਿਹਾ ਸੰਕੇਤ ਨਹੀਂ ਦਿੱਤਾ। ਦੂਜੇ ਬੰਨੇ ਕੋਈ ਭਾਰਤੀ ਜਨਤਾ ਪਾਰਟੀ ਨੂੰ ਸਿੱਖਾਂ ਦਾ ਦੁਸ਼ਮਣ ਨੰਬਰ ਇੱਕ ਦੱਸ ਰਿਹਾ ਹੈ ਤਾਂ ਉਹ ਸ਼੍ਰੋਮਣੀ ਅਕਾਲੀ ਦਲ ਹੈ।

ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ ਨਾਲ ਸਮਝੌਤਾ ਕਰ ਲੈਂਦਾ ਹੈ ਤਾਂ ਇਹ ਘਾਟੇ ਦਾ ਸੌਦਾ ਹੋਵੇਗਾ। ਇਸ ਸਮਝੌਤੇ ਦੀ ਆਲੋਚਨਾ ਉਵੇਂ ਹੁੰਦੀ ਰਹੇਗੀ ਜਿਵੇਂ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ 1996 ਵਿੱਚ ਬਿਨਾਂ ਸ਼ਰਤਾਂ ਤੋਂ ਭਾਜਪਾ ਦੀ ਗਠਜੋੜ ਸਰਕਾਰ ਨੂੰ ਹਮਾਇਤ ਦੇਣ ਲਈ ਹਾਮੀ ਭਰ ਦਿੱਤੀ ਸੀ। ਸ਼੍ਰੋਮਣੀ ਅਕਾਲੀ ਦਲ ਨੇ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦਾ ਸਾਥ ਛੱਡਿਆ ਸੀ। ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਨੇ ਵਜ਼ਾਰਤ ਤੋਂ ਅਸਤੀਫ਼ਾ ਦੇ ਦਿੱਤਾ ਸੀ। ਹੁਣ ਸ਼੍ਰੋਮਣੀ ਅਕਾਲੀ ਦਲ ਜੇ ਮੰਨ ਲਈਏ ਭਾਰਤੀ ਜਨਤਾ ਪਾਰਟੀ ਨਾਲ ਮੁੜ ਤੋਂ ਸਿਆਸੀ ਚੋਣ ਸਮਝੌਤਾ ਕਰਦਾ ਹੈ ਤਾਂ ਕਿ ਉਹ ਕਿਸਾਨ ਮਸਲਿਆਂ ਨੂੰ ਛੱਡ ਕੇ ਅੱਗੇ ਵਧੇਗਾ। ਫੇਰ ਬੰਦੀ ਸਿੰਘਾਂ ਦੀ ਰਿਹਾਈ ਦੀ ਸ਼ਰਤ ਵੀ ਨਾ ਪੁਗਾਈ ਤਾਂ ਲੋਕਾਂ ਨੇ ਪਿੰਡਾਂ ਵਿੱਚ ਵੜਨ ਨਹੀਂ ਦੇਣਾ। ਭਾਰਤੀ ਜਨਤਾ ਪਾਰਟੀ ਨੇ ਪ੍ਰੋਫੈਸਰ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਰੋਕ ਕੇ ਇੱਕ ਠੋਸ ਸੁਨੇਹਾ ਦਿੱਤਾ ਹੈ ਕਿ ਹਾਲ ਦੀ ਘੜੀ ਬੰਦੀ ਸਿੰਘਾਂ ਨੂੰ ਜੇਲ੍ਹਾਂ ’ਚੋਂ ਬਾਹਰ ਕੱਢਣ ਦਾ ਕੋਈ ਖ਼ਿਆਲ ਨਹੀਂ ਹੈ। ਭਾਰਤੀ ਜਨਤਾ ਪਾਰਟੀ ਨੇ ਅਸਿੱਧੇ ਤੌਰ ’ਤੇ ਸ਼ਾਇਦ ਇਹ ਵੀ ਸੁਨੇਹਾ ਲੈਣਾ ਚਾਹਿਆ ਹੈ ਕਿ ਉਹ ਕਿਸਾਨਾਂ ਜਾਂ ਇੱਕ ਧਿਰ ਦੇ ਸਿੱਖਾਂ ਦੀ ਪਰਵਾਹ ਨਹੀਂ ਕਰਦੇ ਸਗੋਂ ਉਹਨਾਂ ਦੀ ਟੇਕ ਤਾਂ ਦਲਿਤ, ਹਿੰਦੂ, ਸ਼ਹਿਰੀ ਅਤੇ ਡੇਰਿਆਂ ਦੀ ਵੋਟ ਉੱਤੇ ਹੈ।

ਸ਼੍ਰੋਮਣੀ ਅਕਾਲੀ ਦਲ ਬਿਨਾਂ ਸ਼ਰਤ ਭਾਜਪਾ ਨਾਲ ਸਮਝੌਤਾ ਕਰਦਾ ਹੈ ਤਾਂ ਪੰਜਾਬ ਵਿੱਚ ਗ੍ਰਾਫ ਹੋਰ ਨੀਚੇ ਆ ਜਾਵੇਗਾ। ਪੰਜਾਬ ਵਿੱਚ ਹਾਲ ਦੀ ਘੜੀ ਨਾ ਤਾਂ ਅਕਾਲੀਆਂ ਦੀ ਪ੍ਰਵਾਨਗੀ ਹੈ ਅਤੇ ਨਾ ਹੀ ਭਾਜਪਾ ਨੂੰ ਕੋਈ ਦਿਲੋਂ ਗਲ ਨਾਲ ਲਾਉਣ ਲਈ ਤਿਆਰ ਹੈ। ਭਾਰਤੀ ਜਨਤਾ ਪਾਰਟੀ ਸਾਰੀਆਂ ਪਾਰਟੀਆਂ ਨੂੰ ਨਚਾ ਰਹੀ ਹੈ। ਭਾਜਪਾ 2027 ਦੀ ਚੋਣ ਹਾਰਦੀ ਹੈ ਤਾਂ ਗਵਾਉਣ ਲਈ ਕੁਝ ਨਹੀਂ, ਪਰ ਜੇ ਕਾਂਗਰਸ, ਆਪ ਜਾਂ ਅਕਾਲੀ ਹਾਰਦੇ ਹਨ ਤਾਂ ਉਹਨਾਂ ਦਾ ਬਚਦਾ ਕੁਝ ਨਹੀਂ। ਆਪ ਇੱਕ ਤਰ੍ਹਾਂ ਨਾਲ ਸਿਆਸਤ ਤੋਂ ਬਾਹਰ ਜਾਂਦੀ ਹੈ। ਕਾਂਗਰਸ ਦਾ ਦੂਜੇ ਸੂਬਿਆਂ ਵਿੱਚ ਖ਼ਾਤਾ ਖੁੱਲਣਾ ਹੋਰ ਵੀ ਮੁਸ਼ਕਲ ਹੋ ਜਾਵੇਗਾ। ਅਕਾਲੀ ਦਲ ਦਾ ਲੋਕਾਂ ਦੇ ਦਿਲਾਂ ਦੇ ਨੇੜੇ ਹੋਣ ਦੇ ਆਸਾਰ ਲਗਭਗ ਬਿਲਕੁਲ ਖ਼ਤਮ ਹੋ ਜਾਣਗੇ।

ਆਮ ਆਦਮੀ ਪਾਰਟੀ ਬਦਲਾਅ ਦੇ ਵਾਅਦੇ ਨਾਲ ਟੱਕਰਾਂ ਮਾਰ ਕੇ ਹੰਭ ਗਈ ਲੱਗਦੀ ਹੈ। ਕਾਂਗਰਸ ਨੂੰ ਆਪਣੀ ਅੰਦਰੂਨੀ ਲੜਾਈ ਨੇ ਮਾਰ ਲਿਆ ਹੈ। ਅਕਾਲੀ ਦਲ ਦਾ ਲੋਕਾਂ ਦੀ ਨਰਾਜ਼ਗੀ ਤੋਂ ਖਹਿੜਾ ਨਹੀਂ ਛੁੱਟ ਰਿਹਾ ਹੈ। ਭਾਰਤੀ ਜਨਤਾ ਪਾਰਟੀ ਹੈ ਜਿਸ ਨੇ ਸਾਰਿਆਂ ਨੂੰ ਚੱਕਰਾਂ ਵਿੱਚ ਪਾ ਰੱਖਿਆ ਹੈ, ਹਾਲਾਂਕਿ ਭਾਜਪਾ ਨੂੰ ਆਪਣੇ ਦਮ ਜਾਂ ਗੱਠਜੋੜ ਨਾਲ ਸਰਕਾਰ ਬਣਾਉਣ ਦੀ ਕੋਈ ਉਮੀਦ ਨਹੀਂ ਹੈ। ਭਾਜਪਾ ਇਹ ਆਪ ਮੰਨਦੀ ਹੈ ਕਿ ਜੇ ਕਿੰਗ ਮੇਕਰ ਦੀ ਭੂਮਿਕਾ ਨਿਭਾਅ ਸਕੇ ਤਾਂ ਗਨੀਮਤ ਹੋਵੇਗੀ।

ਐਸ.ਕ੍ਰਿਸ਼ਨਨ

# ਸਸ਼ਕਤੀਕਰਨ, ਉਚਿਤ ਪ੍ਰਕਿਰਿਆ ਅਤੇ ਗਰਿਮਾ: ਭਾਰਤ ਦੇ ਡਿਜੀਟਲ ਪਬਲਿਕ ਸੈਕਟਰ ਵਿੱਚ ਆਰਟੀਫਿਸ਼ੀਅਲ ਮੀਡੀਆ ਦਾ ਸੰਚਾਲਨ

ਭਾਰਤ ਦਾ ਡਿਜੀਟਲ ਪਬਲਿਕ ਸੈਕਟਰ ਇੱਕ ਨਿਰਣਾਇਕ ਮੋੜ ’ਤੇ ਖੜ੍ਹਾ ਹੈ। ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ) ਵਿੱਚ ਹੋਏ ਵਿਕਾਸ, ਖਾਸ ਕਰਕੇ ਆਡੀਓ, ਵੀਡੀਓ ਅਤੇ ਆਡੀਓ-ਵੀਡੀਓ ਕੰਟੈਂਟ ਨੂੰ ਬਣਾਉਣ ਅਤੇ ਬਦਲਣ ਦੀ ਤਕਨੀਕ ਨੇ ਸੂਚਨਾ ਦੇ ਸਿਰਜਣ; ਵਰਤੋਂ ਅਤੇ ਵਿਸ਼ਵਾਸ ਦੇ ਢੰਗ ਨੂੰ ਮੌਲਿਕ ਤੌਰ ’ਤੇ ਬਦਲ ਦਿੱਤਾ ਹੈ। ਜਿੱਥੇ ਇਹ ਤਕਨੀਕਾਂ ਪ੍ਰਗਟਾਵੇ, ਰਚਨਾਤਮਕਤਾ ਅਤੇ ਲੋਕਾਂ ਤੱਕ ਪਹੁੰਚ ਨੂੰ ਵਧਾਉਂਦੀਆਂ ਹਨ, ਉੱਥੇ ਹੀ ਇਹ ਅਜਿਹੇ ਨਵੇਂ ਖਤਰੇ ਵੀ ਪੈਦਾ ਕਰਦੀਆਂ ਹਨ ਜੋ ਸਿੱਧੇ ਤੌਰ ’ਤੇ ਵਿਅਕਤੀ ਦੇ ਮਾਣ, ਸਮਾਜਿਕ ਸਦਭਾਵਨਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨਾਲ ਜੁੜੇ ਹੋਏ ਹਨ। ਬਨਾਵਟੀ/ਆਰਟੀਫਿਸ਼ੀਅਲ ਤੌਰ ’ਤੇ ਬਣਾਈ ਗਈ (ਸਿੰਥੈਟਿਕ) ਜਾਣਕਾਰੀ ਤੋਂ ਪੈਦਾ ਹੋਣ ਵਾਲੀਆਂ ਵਿਸ਼ੇਸ਼ ਚੁਣੌਤੀਆਂ ਨੂੰ ਸਮਝਦੇ ਹੋਏ, ਭਾਰਤ ਸਰਕਾਰ ਨੇ ਡਿਜੀਟਲ ਵਿਚੋਲਿਆਂ (ਡਿਜੀਟਲੀ ਇੰਟਰਮੀਡੀਅਰੀ) ਨਾਲ ਜੁੜੇ ਕਾਨੂੰਨ ਅਤੇ ਨੀਤੀਗਤ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਹੈ।

ਸੂਚਨਾ ਤਕਨਾਲੋਜੀ (ਇੰਟਰਮੀਡੀਅਰੀ ਗਾਈਡਲਾਈਨਜ਼ ਅਤੇ ਡਿਜੀਟਲ ਮੀਡੀਆ ਐਥਿਕਸ ਕੋਡ) ਨਿਯਮ, 2021 ਵਿੱਚ ਕੀਤੀ ਗਈ ਹਾਲੀਆ ਸੋਧ ਅਤੇ ਨਵੰਬਰ 2025 ਵਿੱਚ ਇੰਡੀਆ ਏਆਈ ਮਿਸ਼ਨ ਦੇ ਤਹਿਤ ਜਾਰੀ ਭਾਰਤ ਦੀ ਏਆਈ ਗਵਰਨੈਂਸ ਗਾਈਡਲਾਈਨਜ਼, 2025- ਦੋਵਾਂ ਨੂੰ ਇਕੱਠੇ ਪੜ੍ਹਨ ’ਤੇ ਸਰਕਾਰ ਦਾ ਇੱਕ ਸੰਤੁਲਿਤ ਅਤੇ ਸਪੱਸ਼ਟ ਦ੍ਰਿਸ਼ਟੀਕੋਣ ਸਾਹਮਣੇ ਆਉਂਦਾ ਹੈ। ਇਸ ਦਾ ਮਤਲਬ ਇਹ ਹੈ ਕਿ ਅਸਲ ਨੁਕਸਾਨ ਨਾਲ ਨਿਪਟਣ ਲਈ ਕਾਨੂੰਨੀ ਤੌਰ ’ਤੇ ਰੁਕਾਵਟੀ ਜ਼ਿੰਮੇਵਾਰੀਆਂ ਤੈਅ ਕੀਤੀਆਂ ਗਈਆਂ ਹਨ ਅਤੇ ਨਾਲ ਹੀ ਜ਼ਿੰਮੇਵਾਰ ਢੰਗ ਨਾਲ ਏਆਈ ਨੂੰ ਅਪਣਾਉਣ ਲਈ ਨੀਤੀਗਤ ਸਿਧਾਂਤ ਵੀ ਤੈਅ ਕੀਤੇ ਗਏ ਹਨ। ਹਿੱਤਧਾਰਕਾਂ ਨੂੰ ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ ਤਿਆਰ ਕੀਤੇ ਗਏ ਇਹ ਸਾਰੇ ਨਿਯਮ ਅਤੇ ਦਿਸ਼ਾ-ਨਿਰਦੇਸ਼ ਮਿਲ ਕੇ ਸਰਕਾਰ ਦਾ ਇੱਕ ਸਪੱਸ਼ਟ ਇਰਾਦਾ ਦਿਖਾਉਂਦੇ ਹਨ- ਤਕਨੀਕ ਦਾ ਵਿਕਾਸ ਅਜਿਹਾ ਹੋਵੇ, ਜੋ ਪਾਰਦਰਸ਼ਤਾ, ਜਵਾਬਦੇਹੀ ਅਤੇ ਨਾਗਰਿਕਾਂ ਦੇ ਮਾਣ ਨੂੰ ਬਣਾਏ ਰੱਖਣ ਵਾਲੇ ਢਾਂਚੇ ਦੇ ਅੰਦਰ ਹੀ ਅੱਗੇ ਵਧੇ।

**ਸਿੰਥੈਟਿਕ ਮੀਡੀਆ ਨਾਲ ਜੁੜੇ ਜ਼ੋਖਮਾਂ ’ਤੇ ਕਾਨੂੰਨੀ ਜਵਾਬ** ਸੋਧੇ ਹੋਏ ਇੰਟਰਮੀਡੀਅਰੀ ਨਿਯਮਾਂ ਵਿੱਚ ਪਹਿਲੀ ਵਾਰ ਸਿੰਥੈਟਿਕਲੀ ਤੌਰ ’ਤੇ ਤਿਆਰ ਕੀਤੀ ਗਈ ਜਾਣਕਾਰੀ ਦੀ ਇੱਕ ਸਪੱਸ਼ਟ ਅਤੇ ਵਿਵਹਾਰਕ ਪਰਿਭਾਸ਼ਾ ਦਿੱਤੀ ਗਈ ਹੈ। ਇਸ ਪਰਿਭਾਸ਼ਾ ਨੂੰ ਬਹੁਤ ਸੰਤੁਲਨ ਦੇ ਨਾਲ ਤਿਆਰ ਕੀਤਾ ਗਿਆ ਹੈ। ਇਸ ਵਿੱਚ ਉਹ ਕੰਟੈਂਟ ਸ਼ਾਮਲ ਹੈ ਜੋ ਆਰਟੀਫਿਸ਼ੀਅਲੀ ਜਾਂ ਐਲਗੋਰਿਦਮ ਰਾਹੀਂ ਇਸ ਤਰ੍ਹਾਂ ਬਣਾਇਆ ਜਾਂ ਬਦਲਿਆ ਗਿਆ ਹੋਵੇ ਕਿ ਉਹ ਅਸਲੀ ਵਰਗਾ ਲਗੇ ਜਾਂ ਹਕੀਕਤ ਤੋਂ ਵੱਖਰੀ ਪਛਾਣ ਵਿੱਚ ਨਾ ਆਵੇ। ਪਰ ਇਸ ਵਿੱਚ ਸਧਾਰਣ ਅਤੇ ਇਮਾਨਦਾਰ ਕੰਮਾਂ ਨੂੰ ਸਾਫ ਤੌਰ ’ਤੇ ਬਾਹਰ ਰੱਖਿਆ ਗਿਆ ਹੈ- ਜਿਵੇਂ ਤਕਨੀਕੀ ਐਡਿਟਿੰਗ, ਦਿਵਯਾਂਗਜਨਾਂ ਦੀ ਸੁਵਿਧਾ ਲਈ ਕੀਤੇ ਗਏ ਬਦਲਾਅ, ਪੜ੍ਹਾਈ ਜਾਂ ਸੋਧ ਨਾਲ ਜੁੜੀ ਸਮੱਗਰੀ ਅਤੇ ਜਾਇਜ਼ ਰਚਨਾਤਮਕ ਵਰਤੋਂ। ਇਹ ਸਪੱਸ਼ਟ ਪਰਿਭਾਸ਼ਾ ਕਾਨੂੰਨੀ ਲਿਹਾਜ਼ ਨਾਲ ਬਹੁਤ ਜ਼ਰੂਰੀ ਕੰਮ ਕਰਦੀ ਹੈ। ਇਸ ਰਾਹੀਂ ‘ਆਰਟੀਫਿਸ਼ੀਅਲ ਤੌਰ ’ਤੇ ਬਣਾਈ ਗਈ ਜਾਣਕਾਰੀ’ ਨੂੰ ਨਿਯਮਾਂ ਵਿੱਚ ਸਿੱਧੀ ‘ਜਾਣਕਾਰੀ’ ਦੀ ਸ਼੍ਰੇਣੀ ਵਿੱਚ ਲਿਆਂਦਾ ਗਿਆ ਹੈ ਤਾਂ ਜੋ ਸਾਵਧਾਨੀ ਵਰਤਣ ਦੀ ਜ਼ਿੰਮੇਵਾਰੀ, ਸ਼ਿਕਾਇਤ ਨਿਪਟਾਰਾ ਅਤੇ ਡਿਜੀਟਲ ਪਲੇਟਫਾਰਮ ਦੀ ਜ਼ਿੰਮੇਵਾਰੀ ਵਰਗੇ ਮਾਮਲਿਆਂ ਵਿੱਚ ਇਸ ਨੂੰ ਵੀ ਸ਼ਾਮਲ ਕੀਤਾ ਜਾ ਸਕੇ।

**ਲੇਬਲਿੰਗ, ਸਰੋਤਾਂ ਦੀ ਪਛਾਣ ਅਤੇ ਪਹਿਲਾਂ ਤੋਂ ਬਚਾਅ ਦੇ ਉਪਾਅ:** ਸੋਧੇ ਹੋਏ ਢਾਂਚੇ ਵਿੱਚ ਸਭ ਤੋਂ ਵੱਡਾ ਅਤੇ ਅਹਿਮ ਬਦਲਾਅ ਇਹ ਹੈ ਕਿ ਹੁਣ ਸਿਰਫ਼ ਨੁਕਸਾਨ ਹੋਣ ਤੋਂ ਬਾਅਦ ਕਾਰਵਾਈ ਕਰਨ ਦੀ ਬਜਾਏ, ਪਹਿਲਾਂ ਤੋਂ ਹੀ ਰੋਕਥਾਮ ’ਤੇ ਜ਼ੋਰ ਦਿੱਤਾ ਗਿਆ ਹੈ। ਜੋ ਕਿ ਡਿਜੀਟਲ ਪਲੇਟਫਾਰਮ ਨਕਲੀ ਤੌਰ ’ਤੇ ਤਿਆਰ ਕੀਤੀ ਗਈ ਜਾਣਕਾਰੀ ਨੂੰ ਬਣਾਉਣ ਜਾਂ ਫੈਲਾਉਣ ਵਿੱਚ ਮਦਦ ਕਰਦੇ ਹਨ, ਉਨ੍ਹਾਂ ਨੂੰ ਹੁਣ ਅਜਿਹੇ ਉਚਿਤ ਅਤੇ ਜ਼ਰੂਰੀ ਤਕਨੀਕੀ ਉਪਾਅ ਅਪਣਾਉਣੇ ਹੋਣਗੇ ਤਾਂ ਜੋ ਗੈਰ-ਕਾਨੂੰਨੀ ਕੰਟੈਂਟ ਨੂੰ ਬਣਦੇ ਸਮੇਂ ਜਾਂ ਫੈਲਦੇ ਸਮੇਂ ਹੀ ਰੋਕਿਆ ਜਾ ਸਕੇ। ਜੇਕਰ ਆਰਟੀਫਿਸ਼ੀਅਲ ਤੌਰ ’ਤੇ ਬਣਾਇਆ ਗਿਆ ਕੰਟੈਂਟ ਕਾਨੂੰਨੀ ਹੈ, ਤਾਂ ਉਸ ’ਤੇ ਸਾਫ ਅਤੇ ਸਪੱਸ਼ਟ ਲੇਬਲ ਲਗਾਉਣਾ ਲਾਜ਼ਮੀ ਹੋਵੇਗਾ। ਨਾਲ ਹੀ ਤਕਨੀਕੀ ਤੌਰ ’ਤੇ ਸੰਭਵ ਹੋਣ ’ਤੇ ਉਸ ਦੇ ਨਾਲ ਸਥਾਈ ਮੇਟਾਡੇਟਾ ਜਾਂ ਸਰੋਤ ਪਛਾਣ ਨਾਲ ਜੁੜੀ ਵਿਵਸਥਾ ਵੀ ਕਰਨੀ ਹੋਵੇਗੀ, ਤਾਂ ਜੋ ਇਹ ਪਤਾ ਚੱਲ ਸਕੇ ਕਿ ਉਹ ਕੰਟੈਂਟ ਕਿੱਥੋਂ ਆਇਆ ਹੈ।

ਇਨ੍ਹਾਂ ਲੇਬਲਾਂ ਜਾਂ ਪਛਾਣ ਨਾਲ ਜੁੜੇ ਚਿੰਨ੍ਹਾਂ ਨੂੰ ਹਟਾਉਣਾ, ਬਦਲਣਾ ਜਾਂ ਲੁਕਾਉਣਾ ਸਾਫ ਤੌਰ ’ਤੇ ਵਰਜਿਤ ਹੋਵੇਗਾ। ਇਹ ਤਕਨੀਕ ਅਤੇ ਕਾਨੂੰਨ ਨੂੰ ਜੋੜ ਕੇ ਬਣਾਇਆ ਗਿਆ ਤਰੀਕਾ ਇੱਕ ਸਮਝਦਾਰੀ ਭਰੀ ਰੈਗੂਲੇਟਰੀ ਸੋਚ ਨੂੰ ਦਰਸਾਉਂਦਾ ਹੈ। ਇਸ ਵਿੱਚ ਸਿਰਫ਼ ਨੁਕਸਾਨ ਹੋ ਜਾਣ ਤੋਂ ਬਾਅਦ ਕੰਟੈਂਟ ਹਟਾਉਣ ’ਤੇ ਭਰੋਸਾ ਨਹੀਂ ਕੀਤਾ ਗਿਆ ਹੈ, ਸਗੋਂ ਪਾਰਦਰਸ਼ਤਾ ਨੂੰ ਨਾਗਰਿਕ ਦੇ ਮਾਣ ਅਤੇ ਭਰੋਸੇ ਦੀ ਸੁਰੱਖਿਆ ਵਜੋਂ ਦੇਖਿਆ ਗਿਆ ਹੈ।

ਹੁਣ ਨਾਗਰਿਕਾਂ ਨੂੰ ਸਿਰਫ ਸ਼ਿਕਾਇਤ ਕਰਨ ਦਾ ਅਧਿਕਾਰ ਹੀ ਨਹੀਂ ਮਿਲੇਗਾ, ਸਗੋਂ ਉਹ ਉਸੇ ਸਮੇਂ ਇਹ ਪਛਾਣ ਵੀ ਕਰ ਸਕਣਗੇ ਕਿ ਕੋਈ ਕੰਟੈਂਟ ਅਸਲੀ ਹੈ ਜਾਂ ਨਕਲੀ ਤੌਰ ’ਤੇ ਬਣਾਇਆ ਗਿਆ ਹੈ। ਇਹ ਨਾਗਰਿਕਾਂ ਦੇ ‘ਜਾਣਨ ਦੇ ਅਧਿਕਾਰ’ ਨੂੰ ਮਾਨਤਾ ਦੇਣ ਵਰਗਾ ਹੈ। ਸੋਧੀਆਂ ਗਈਆਂ ਵਿਚੋਲਗੀ ਗਾਈਡਲਾਈਨਜ਼ ਇਹ ਵੀ ਕਹਿੰਦੀਆਂ ਹਨ ਕਿ ਡਿਜੀਟਲ ਪਲੇਟਫਾਰਮ ਸਮੇਂ-ਸਮੇਂ ’ਤੇ ਅਤੇ ਸਪੱਸ਼ਟ ਭਾਸ਼ਾ ਵਿੱਚ ਯੂਜ਼ਰਸ ਨੂੰ ਉਨ੍ਹਾਂ ਦੇ ਅਧਿਕਾਰ, ਜ਼ਿੰਮੇਵਾਰੀਆਂ ਅਤੇ ਨਿਯਮ ਨਾ ਮੰਨਣ ’ਤੇ ਹੋਣ ਵਾਲੇ ਨਤੀਜਿਆਂ ਬਾਰੇ ਵੀ ਦੱਸਦੇ ਰਹਿਣ।

**ਵੱਡੇ ਡਿਜੀਟਲ ਪਲੇਟਫਾਰਮ ਲਈ ਜ਼ਿਆਦਾ ਜ਼ਿੰਮੇਵਾਰੀ:** ਵੱਡੇ ਅਤੇ ਪ੍ਰਭਾਵਸ਼ਾਲੀ ਸੋਸ਼ਲ ਮੀਡੀਆ ਪਲੇਟਫਾਰਮ ਲਈ ਨਿਯਮਾਂ ਵਿੱਚ ਵਾਧੂ ਜ਼ਿੰਮੇਵਾਰੀਆਂ ਤੈਅ ਕੀਤੀਆਂ ਗਈਆਂ ਹਨ, ਜੋ ਕਿ ਉਨ੍ਹਾਂ ਦੇ ਆਕਾਰ ਅਤੇ ਪ੍ਰਭਾਵ ਦੇ ਹਿਸਾਬ ਨਾਲ ਹਨ। ਅਜਿਹੇ ਪਲੇਟਫਾਰਮ ਨੂੰ ਹੁਣ ਯੂਜ਼ਰਸ ਤੋਂ ਇਹ ਐਲਾਨ ਲੈਣਾ ਹੋਵੇਗਾ ਕਿ ਜੋ ਕੰਟੈਂਟ ਉਹ ਪਾ ਰਹੇ ਹਨ, ਉਹ ਆਰਟੀਫਿਸ਼ੀਅਲ/ਨਕਲੀ ਤੌਰ ’ਤੇ ਬਣਾਇਆ ਗਿਆ ਹੈ ਜਾਂ ਨਹੀਂ? ਨਾਲ ਹੀ, ਇਨ੍ਹਾਂ ਐਲਾਨਾਂ ਦੀ ਸਹੀ-ਗਲਤ ਜਾਂਚ ਲਈ ਉਚਿਤ ਅਤੇ ਸੰਤੁਲਿਤ ਤਕਨੀਕੀ ਉਪਾਅ ਵੀ ਲਗਾਉਣੇ ਪੈਣਗੇ। ਇਸ ਤੋਂ ਇਲਾਵਾ ਇਹ ਵੀ ਯਕੀਨੀ ਬਣਾਉਣਾ ਹੋਵੇਗਾ ਕਿ ਆਰਟੀਫਿਸ਼ੀਅਲ ਤੌਰ ’ਤੇ ਬਣਾਈ ਗਈ ਜਾਣਕਾਰੀ ਬਿਨਾ ਸਹੀ ਪਛਾਣ ਜਾਂ ਲੇਬਲ ਦੇ ਪ੍ਰਕਾਸ਼ਿਤ ਨਾ ਹੋਣ। ਜੇਕਰ ਕੋਈ ਪਲੇਟਫਾਰਮ ਇਨ੍ਹਾਂ ਨਿਯਮਾਂ ਦੀ ਪਾਲਣਾ ਨਹੀਂ ਕਰਦਾ ਹੈ ਤਾਂ ਇਸ ਨੂੰ ਨਿਯਮਾਂ ਦੇ ਤਹਿਤ ਜ਼ਰੂਰੀ ਸਾਵਧਾਨੀ ਵਿੱਚ ਕੁਤਾਹੀ ਮੰਨੀ ਜਾਵੇਗੀ ਅਤੇ ਉਸ ’ਤੇ ਕਾਨੂੰਨੀ ਕਾਰਵਾਈ ਹੋ ਸਕਦੀ ਹੈ। ਇਹ ਵਿਵਸਥਾ ਜ਼ਿੰਮੇਵਾਰੀ ਨੂੰ ਸਮਝਦਾਰੀ ਨਾਲ ਵੰਡਣ ਦਾ ਢੰਗ ਦਿਖਾਉਂਦੀ ਹੈ। ਯਾਨੀ ਇਸ ਪਲੇਟਫਾਰਮ ਦਾ ਸਮਾਜ ’ਤੇ ਜ਼ਿਆਦਾ ਅਤੇ ਵਿਆਪਕ ਅਸਰ ਹੈ, ਉਨ੍ਹਾਂ ’ਤੇ ਸ਼ਾਸਨ ਅਤੇ ਨਿਗਰਾਨੀ ਦੀ ਜ਼ਿੰਮੇਵਾਰੀ ਵੀ ਜ਼ਿਆਦਾ ਹੋਵੇਗੀ।

**ਜ਼ਿੰਮੇਵਾਰ ਢੰਗ ਨਾਲ ਏਆਈ ਅਪਣਾਉਣ ਲਈ ਨੀਤੀਗਤ ਮਾਰਗਦਰਸ਼ਨ:** ਕਾਨੂੰਨੀ ਢੰਗ ਨਾਲ ਲਾਗੂ ਕੀਤੇ ਜਾ ਸਕਣ ਵਾਲੇ ਇਨ੍ਹਾਂ ਨਿਯਮਾਂ ਦੇ ਨਾਲ-ਨਾਲ, ਇੰਡੀਆ ਏਆਈ ਗਵਰਨੈਂਸ ਗਾਈਡਲਾਈਨਜ਼, 2025 ਏਆਈ ਨੂੰ ਜ਼ਿੰਮੇਵਾਰ, ਸੁਰੱਖਿਅਤ ਅਤੇ ਸਾਰਿਆਂ ਨੂੰ ਨਾਲ ਲੈ ਕੇ ਅਪਣਾਉਣ ਲਈ ਇੱਕ ਨੀਤੀਗਤ ਢਾਂਚਾ ਦੱਸਦੀਆਂ ਹਨ। ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਵਿੱਚ ਪਾਰਦਰਸ਼ਤਾ, ਜਵਾਬਦੇਹੀ, ਇਨਸਾਨ ਨੂੰ ਕੇਂਦਰ ਵਿੱਚ ਰੱਖ ਕੇ ਡਿਜ਼ਾਈਨ ਕਰਨਾ ਅਤੇ ਜ਼ੋਖਮਾਂ ਪ੍ਰਤੀ ਜਾਗਰੂਕ ਰਹਿਣ ’ਤੇ ਖਾਸ ਜ਼ੋਰ ਦਿੱਤਾ ਗਿਆ ਹੈ। ਨਾਲ ਹੀ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਇਹ ਦਿਸ਼ਾ-ਨਿਰਦੇਸ਼ ਮੌਜੂਦਾ ਕਾਨੂੰਨਾਂ ਦੀ ਸੀਮਾ ਦੇ ਅੰਦਰ ਹੀ ਲਾਗੂ ਹੁੰਦੇ ਹਨ।

**ਕਾਨੂੰਨੀ ਅਧਿਕਾਰ ਅਤੇ ਲੋਕਤੰਤਰੀ ਜ਼ਿੰਮੇਵਾਰੀ:** ਨਵੀਆਂ ਉੱਭਰਦੀਆਂ ਤਕਨੀਕਾਂ ਨੂੰ ਨਿਯੰਤ੍ਰਿਤ ਕਰਨ ਨੂੰ ਲੈ ਕੇ ਭਾਰਤ ਦਾ ਤਰੀਕਾ ਸੰਵਿਧਾਨ ਦੀ ਵੈਧਤਾ ਅਤੇ ਸੰਸਥਾਗਤ ਸਮਰੱਥਾ ’ਤੇ ਅਧਾਰਿਤ ਹੈ। ਫਿਲਹਾਲ ਜੋ ਢਾਂਚਾ ਬਣਾਇਆ ਗਿਆ ਹੈ, ਉਹ ਸੰਤੁਲਿਤ ਨਿਯਮਾਂ ਅਤੇ ਨੀਤੀਗਤ ਦਿਸ਼ਾ-ਨਿਰਦੇਸ਼ਾਂ ’ਤੇ ਟਿਕਿਆ ਹੈ। ਪਰੰਤੂ ਜੇਕਰ ਜਨਤਕ ਹਿੱਤ ਵਿੱਚ ਜ਼ਰੂਰਤ ਹੋਵੇ, ਤਾਂ ਸੰਸਦ ਕੋਲ ਬਦਲਦੀਆਂ ਤਕਨੀਕੀ ਹਾਲਤਾਂ ਦੇ ਅਨੁਸਾਰ ਕਾਨੂੰਨ ਬਣਾਉਣ ਦਾ ਪੂਰਾ ਅਧਿਕਾਰ ਬਣਿਆ ਹੋਇਆ ਹੈ।

ਇਹ ਲੋੜ ਨਾਲੋਂ ਵੱਧ ਨਿਯਮ ਬਣਾਉਣ ਦੀ ਗੱਲ ਨਹੀਂ ਹੈ, ਸਗੋਂ ਲੋਕਤੰਤਰੀ ਜ਼ਿੰਮੇਵਾਰੀ ਦੀ ਪੁਸ਼ਟੀ ਹੈ। ਤਾਂ ਜੋ ਨਵੀਨਤਾ ਸੰਵਿਧਾਨਿਕ ਕਦਰਾਂ ਕੀਮਤਾਂ, ਉਚਿਤ ਕਾਨੂੰਨੀ ਪ੍ਰਕਿਰਿਆ ਅਤੇ ਵਿਅਕਤੀ ਦੇ ਮਾਣ -ਸਨਮਾਨ ਦੀ ਸੁਰੱਖਿਆ ਦੇ ਅਨੁਸਾਰ ਬਣਿਆ ਰਹੇ। ਇਸ ਲਈ ਮੌਜੂਦਾ ਢਾਂਚਾ ਕਿਸੇ ਅੰਤਿਮ ਵਿਵਸਥਾ ਦਾ ਦਾਅਵਾ ਨਹੀਂ ਕਰਦਾ, ਸਗੋਂ ਇਹ ਦਰਸਾਉਂਦਾ ਹੈ ਕਿ ਵਿਵਸਥਾ ਅੱਗੇ ਦੇ ਬਦਲਾਵਾਂ ਲਈ ਤਿਆਰ ਹੈ, ਜੋ ਕਿ ਲਚਕਦਾਰ ਹੈ, ਸੰਤੁਲਿਤ ਹੈ ਅਤੇ ਕਾਨੂੰਨ ਦੇ ਸ਼ਾਸਨ ’ਤੇ ਮਜ਼ਬੂਤੀ ਨਾਲ ਅਧਾਰਿਤ ਹੈ।

**ਨਾਗਰਿਕ-ਕੇਂਦ੍ਰਿਤ ਡਿਜੀਟਲ ਗਵਰਨੈਂਸ ਮਾਡਲ:** ਭਾਰਤ ਦਾ ਡਿਜੀਟਲ ਰੈਗੂਲੇਸ਼ਨ ਦਾ ਢੰਗ ਹਮੇਸ਼ਾ ਸਖਤ ਜਾਂ ਜਲਦਬਾਜ਼ੀ ਲਈ ਲਏ ਗਏ ਫੈਸਲਿਆਂ ’ਤੇ ਅਧਾਰਿਤ ਨਹੀਂ ਰਿਹਾ ਹੈ। ਇਸ ਦੀ ਬਜਾਏ, ਵਿਆਪਕ ਸਲਾਹ-ਮਸ਼ਵਰੇ ਦੇ ਨਾਲ ਅਜਿਹੇ ਸਿਧਾਂਤ-ਅਧਾਰਿਤ ਅਤੇ ਸੰਤੁਲਿਤ ਨਿਯਮ ਬਣਾਏ ਗਏ ਹਨ, ਜੋ ਕਿ ਨਵੀਨਤਾ ਨੂੰ ਹੁਲਾਰਾ ਵੀ ਦਿੰਦੇ ਹਨ ਅਤੇ ਨਾਗਰਿਕਾਂ ਦੇ ਅਧਿਕਾਰਾਂ ਦੀ ਰੱਖਿਆ ਵੀ ਕਰਦੇ ਹਨ। ਆਰਟੀਫਿਸ਼ੀਅਲ ਮੀਡੀਆ ਨੂੰ ਲੈ ਕੇ ਬਣਦਾ ਹੋਇਆ ਢਾਂਚਾ ਇਸੇ ਸੋਚ ਦੀ ਉਦਾਹਰਣ ਹੈ। ਸਪੱਸ਼ਟ ਪਰਿਭਾਸ਼ਾਵਾਂ, ਪਹਿਲਾਂ ਤੋਂ ਬਚਾਅ ਦੇ ਉਪਾਅ, ਲਾਜ਼ਮੀ ਪਾਰਦਰਸ਼ਤਾ, ਤੈਅ ਸਮੇਂ ਵਿੱਚ ਹੱਲ, ਅਪੀਲੀ ਨਿਗਰਾਨੀ ਅਤੇ ਜ਼ਿੰਮੇਵਾਰ ਏਆਈ ਲਈ ਨੀਤੀਗਤ ਮਾਰਗਦਰਸ਼ਨ, ਇਨ੍ਹਾਂ ਸਾਰਿਆਂ ਨੂੰ ਮਿਲ ਕੇ ਭਾਰਤ ਤੇ ਡਿਜੀਟਲ ਪਬਲਿਕ ਸੈਕਟਰ ਵਿੱਚ ਭਰੋਸੇ ਨੂੰ ਮਜ਼ਬੂਤ ਕਰ ਰਿਹਾ ਹੈ।

ਅਸਲ ਚੁਣੌਤੀ ਭਰੋਸੇ ਦੀ ਹੈ ਕਿ ਤਕਨੀਕ, ਅਧਿਕਾਰਾਂ ਤੋਂ ਅੱਗੇ ਨਾ ਨਿਕਲ ਜਾਵੇ। ਪਲੇਟਫਾਰਮ ਜਵਾਬਦੇਹ ਬਣੇ ਰਹਿਣ ਅਤੇ ਸੰਸਥਾਵਾਂ ਨਾਗਰਿਕਾਂ ਨੂੰ ਹੋਣ ਵਾਲੇ ਨੁਕਸਾਨ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਕਾਰਵਾਈ ਕਰਨ। ਕਾਨੂੰਨੀ ਪ੍ਰਕਿਰਿਆਵਾਂ ਰਾਹੀਂ ਉਪਭੋਗਤਾਵਾਂ ਨੂੰ ਮਜ਼ਬੂਤ ਬਣਾਉਣਾ, ਡਿਜ਼ਾਈਨ ਦੇ ਪੱਧਰ ’ਤੇ ਹੀ ਪਾਰਦਰਸ਼ਤਾ ਨੂੰ ਸ਼ਾਮਲ ਕਰਨਾ ਅਤੇ ਸੰਸਥਾਗਤ ਨਿਗਰਾਨੀ ਨੂੰ ਮਜ਼ਬੂਤ ਕਰਨਾ ਇਹ ਇੱਕ-ਦੂਜੇ ਦੇ ਵਿਰੁੱਧ ਟੀਚਾ ਨਹੀਂ ਹੈ, ਸਗੋਂ ਇੱਕ ਮਜ਼ਬੂਤ ਡਿਜੀਟਲ ਲੋਕਤੰਤਰ ਦੀ ਬੁਨਿਆਦ ਹੈ।

ਇਨ੍ਹਾਂ ਹੀ ਸਿਧਾਂਤਾਂ ’ਤੇ ਅਧਾਰਿਤ ਭਾਰਤ ਦੀ ਇਹ ਨੀਤੀ ਨਾ ਸਿਰਫ਼ ਦੇਸ਼ ਲਈ ਇੱਕ ਸਮਾਧਾਨ ਪੇਸ਼ ਕਰਦੀ ਹੈ, ਸਗੋਂ ਏਆਈ ਦੇ ਦੌਰ ਵਿੱਚ ਲੋਕਤੰਤਰੀ ਅਤੇ ਅਧਿਕਾਰਾਂ ਦਾ ਸਨਮਾਨ ਕਰਨ ਵਾਲੇ ਨਿਯਮਾਂ ਦਾ ਇੱਕ ਵਿਸ਼ਵਵਿਆਪੀ ਮਾਡਲ ਵੀ ਬਣ ਸਕਦਾ ਹੈ।

**(ਲੇਖਕ ਭਾਰਤ ਸਰਕਾਰ ਦੇ ਇਲੈਕਟਰੌਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ (MeitY) ਦੇ ਸਕੱਤਰ ਹਨ।)**

**ਮੋਸਟ ਵਾਂਟੇਡ ਗੈਂਗਸਟਰ ਦੀ ਗ੍ਰਿਫ਼ਤਾਰੀ**

# ਅਮਰੀਕਾ ਤੋਂ ਡਿਪੋਰਟ ਹੋਇਆ ਸੋਮਬੀਰ ਉਰਫ਼ ਮੋਟਾ ਗ੍ਰਿਫ਼ਤਾਰ

ਗੁਰੂਗ੍ਰਾਮ, 12 ਫਰਵਰੀ (ਚ.ਨ.ਸ): ਹਰਿਆਣਾ ਪੁਲਿਸ ਦੀ



ਸਪੈਸ਼ਲ ਟਾਸਕ ਫੋਰਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਖ਼ਤਰਨਾਕ ਗੈਂਗਸਟਰ ਸੋਮਬੀਰ ਉਰਫ਼ ਮੋਟਾ ਨੂੰ ਅਮਰੀਕਾ ਤੋਂ ਡਿਪੋਰਟ ਹੋਣ ਤੋਂ ਬਾਅਦ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕਰ ਲਿਆ ਹੈ।ਸੋਮਬੀਰ, ਜੋ ਕਿ ਗੈਂਗਸਟਰ ਅਨਿਲ ਛਿੱਪੀ ਦਾ ਭਰਾ ਹੈ, ਕਤਲ, ਲੁੱਟ-ਖੋਹ ਤੇ ਫਿਰੌਤੀ ਵਰਗੇ 26 ਤੋਂ ਵੱਧ ਸੰਗੀਨ ਮਾਮਲਿਆਂ ਵਿੱਚ ਲੋੜੀਂਦਾ ਸੀ। ਜਾਂਚ ਅਨੁਸਾਰ ਉਹ ਜਨਵਰੀ 2024 ਵਿੱਚ ਜਾਅਲੀ ਪਾਸਪੋਰਟ 'ਤੇ ਬੈਂਕਾਕ ਭੱਜ ਗਿਆ ਸੀ ਤੇ ਬਾਅਦ ਵਿੱਚ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਪਹੁੰਚਿਆ ਸੀ। ਇੰਟਰਪੋਲ ਵੱਲੋਂ ਜਾਰੀ ਰੈਡ ਕਾਰਨਰ ਨੋਟਿਸ ਕਾਰਨ ਉਸ ਦੀ ਗ੍ਰਿਫ਼ਤਾਰੀ ਸੰਭਵ ਹੋ ਸਕੀ ਹੈ।

**2008 ਦਾ ਪਾਸਪੋਰਟ ਘੁਟਾਲਾ**

# ਸੈਸ਼ਨ ਅਦਾਲਤ ਵੱਲੋਂ 17 ਟਰੈਵਲ ਏਜੰਟ ਬਰੀ, 3 ਪੁਲਿਸ ਮੁਲਾਜ਼ਮਾਂ ਦੀ ਸਜ਼ਾ ਬਰਕਰਾਰ

ਬਠਿੰਡਾ, 12 ਫਰਵਰੀ (ਚ.ਨ.ਸ): ਸਾਲ 2008 ਵਿੱਚ ਸਾਹਮਣੇ ਆਏ ਮੋਗਾ ਪਾਸਪੋਰਟ ਘੁਟਾਲੇ ਦੇ ਬਹੁ-ਚਰਚਿਤ ਮਾਮਲੇ ਵਿੱਚ ਬਠਿੰਡਾ ਦੀ ਸੈਸ਼ਨ ਅਦਾਲਤ ਨੇ ਇੱਕ ਅਹਿਮ ਫੈਸਲਾ ਸੁਣਾਉਂਦਿਆਂ 17 ਟਰੈਵਲ ਏਜੰਟਾਂ ਨੂੰ ਬਰੀ ਕਰ ਦਿੱਤਾ ਹੈ।ਅਦਾਲਤ ਨੇ ਆਪਣੇ ਫੈਸਲੇ ਵਿੱਚ ਪੁਲਿਸ ਜਾਂਚ ਦੀਆਂ ਗੰਭੀਰ ਕਮੀਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਾਂਚ ਏਜੰਸੀਆਂ ਦੋਸ਼ੀਆਂ ਵਿਰੁੱਧ ਪੁਖਤਾ ਸਬੂਤ ਪੇਸ਼ ਕਰਨ ਵਿੱਚ ਨਾਕਾਮ ਰਹੀਆਂ ਹਨ। ਹਾਲਾਂਕਿ, ਅਦਾਲਤ ਨੇ ਇਸ ਮਾਮਲੇ ਵਿੱਚ ਸ਼ਾਮਲ ਤਿੰਨ ਪੁਲਿਸ ਮੁਲਾਜ਼ਮਾਂ ਗੁਰਦਿਆਲ ਸਿੰਘ, ਮਨਜੀਤ ਸਿੰਘ ਤੇ ਜਸਵਿੰਦਰ ਸਿੰਘ ਦੀ ਤਿੰਨ-ਤਿੰਨ ਸਾਲ ਦੀ ਕੈਦ ਤੇ 31,500 ਰੁਪਏ ਜੁਰਮਾਨੇ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ।ਵਧੀਕ ਸੈਸ਼ਨ ਜੱਜ ਸ਼ਿਵ ਮੋਹਨ ਗਰਗ ਨੇ 9 ਫਰਵਰੀ 2026 ਨੂੰ ਸੁਣਾਏ ਗਏ 60 ਪੰਨਿਆਂ ਦੇ ਵਿਸਤ੍ਰਿਤ ਆਦੇਸ਼ ਵਿੱਚ ਕਿਹਾ ਕਿ ਹੇਠਲੀ ਅਦਾਲਤ ਟਰੈਵਲ ਏਜੰਟਾਂ ਵਿਰੁੱਧ ਕਾਨੂੰਨੀ ਤੱਥਾਂ ਤੇ ਸਬੂਤਾਂ ਦਾ ਸਹੀ ਮੁਲਾਂਕਣ ਕਰਨ ਵਿੱਚ ਅਸਫਲ ਰਹੀ ਸੀ। ਅਦਾਲਤ ਨੇ ਨੋਟ ਕੀਤਾ ਕਿ ਪਾਸਪੋਰਟ ਐਕਟ ਦੇ ਤਹਿਤ ਕਾਰਵਾਈ ਕਰਨ ਲਈ ਕੇਂਦਰ ਸਰਕਾਰ ਦੀ ਪੂਰਵ ਪ੍ਰਵਾਨਗੀ ਜ਼ਰੂਰੀ ਸੀ, ਜੋ ਕਿ ਇਸ ਮਾਮਲੇ ਵਿੱਚ ਨਹੀਂ ਲਈ ਗਈ ਸੀ।ਇਸ ਘੁਟਾਲੇ ਵਿੱਚ ਜਾਅਲੀ ਦਸਤਾਵੇਜ਼ਾਂ ਤੇ ਗਲਤ ਪੁਲਿਸ ਵੈਰੀਫਿਕੇਸ਼ਨ ਰਿਪੋਰਟਾਂ ਦੇ ਆਧਾਰ 'ਤੇ 400 ਤੋਂ ਵੱਧ ਪਾਸਪੋਰਟ ਜਾਰੀ ਕੀਤੇ ਗਏ ਸਨ। ਅਦਾਲਤ ਨੇ ਕਿਹਾ ਕਿ ਟਰੈਵਲ ਏਜੰਟ ਸਿਰਫ ਇੱਕ ਸੁਵਿਧਾ ਪ੍ਰਦਾਨ ਕਰਨ ਵਾਲੇ ਹੁੰਦੇ ਹਨ ਤੇ ਪੁਲਿਸ ਵੈਰੀਫਿਕੇਸ਼ਨ ਕਰਨਾ ਵਿਭਾਗ ਦੀ ਜ਼ਿੰਮੇਵਾਰੀ ਹੁੰਦੀ ਹੈ। ਇਸ ਮਾਮਲੇ ਵਿੱਚ ਤਤਕਾਲੀ ਮੋਗਾ ਐਸਪੀ ਜਸਪਾਲ ਸਿੰਘ ਦੀ ਗਵਾਹੀ ਵੀ ਕਾਫੀ ਅਹਿਮ ਰਹੀ, ਜਿਸ ਵਿੱਚ ਉਨ੍ਹਾਂ ਮੰਨਿਆ ਸੀ ਕਿ ਜਾਂਚ ਦੌਰਾਨ ਕੋਈ ਸ਼ਿਕਾਇਤਕਰਤਾ ਸਾਹਮਣੇ ਨਹੀਂ ਆਇਆ ਸੀ। ਅਦਾਲਤ ਨੇ ਪੁਲਿਸ ਵੱਲੋਂ ਕੀਤੀ ਗਈ ਇਸ ਲਾਪ੍ਰਵਾਹ ਜਾਂਚ 'ਤੇ ਸਖ਼ਤ ਟਿੱਪਣੀ ਕਰਦਿਆਂ ਨਿੱਜੀ ਵਿਅਕਤੀਆਂ ਨੂੰ ਰਾਹਤ ਦਿੱਤੀ ਹੈ।



# 130 ਕਰੋੜ ਦੀ ਜੀ.ਐਸ.ਟੀ. ਚੋਰੀ ਦਾ ਪਰਦਾਫਾਸ਼, ਮੁੱਖ ਮੁਲਜ਼ਮ ਜਸਵਿੰਦਰ ਮਾਹੀ ਉਰਫ਼ ਹੈਪੀ ਗ੍ਰਿਫ਼ਤਾਰ

ਜਲੰਧਰ, 12 ਫਰਵਰੀ (ਚ.ਨ.ਸ): ਕੇਂਦਰੀ ਜੀ.ਐਸ.ਟੀ. ਕਮਿਸ਼ਨਰੇਟ ਜਲੰਧਰ ਦੀ ਐਂਟੀ-ਇਵੇਜ਼ਨ ਸ਼ਾਖਾ ਨੇ ਟੈਕਸ ਚੋਰੀ ਦੇ ਇੱਕ ਵੱਡੇ ਨੈਟਵਰਕ ਨੂੰ ਤੋੜਦਿਆਂ ਲਗਭਗ 130.50 ਕਰੋੜ ਰੁਪਏ ਦੀ ਜੀ.ਐਸ.ਟੀ. ਚੋਰੀ ਦਾ ਪਰਦਾਫਾਸ਼ ਕੀਤਾ ਹੈ।ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਵਿਭਾਗ ਨੇ ਮੁੱਖ ਮੁਲਜ਼ਮ ਜਸਵਿੰਦਰ ਮਾਹੀ ਉਰਫ਼ ਹੈਪੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਜਾਂਚ ਦੌਰਾਨ ਪਤਾ ਲੱਗਿਆ ਹੈ ਕਿ ਮੁਲਜ਼ਮ ਵੱਲੋਂ 23 ਡੰਮੀ (ਫਰਜ਼ੀ) ਫਰਮਾਂ ਰਾਹੀਂ ਲਗਭਗ 1,000 ਕਰੋੜ ਰੁਪਏ ਦੀ ਟੈਕਸਯੋਗ ਕੀਮਤ ਦੇ ਜਾਅਲੀ ਬਿੱਲਾਂ ਦਾ ਲੈਣ-ਦੇਣ ਕੀਤਾ ਗਿਆ ਸੀ। ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ, ਐਂਟੀ-ਇਵੇਜ਼ਨ ਵਿੰਗ ਨੂੰ ਸੂਚਨਾ ਮਿਲੀ ਸੀ ਕਿ ਜਸਵਿੰਦਰ ਮਾਹੀ ਉਰਫ਼ ਹੈਪੀ ਨਾਂ ਦਾ ਵਿਅਕਤੀ ਫਰਜ਼ੀ ਫਰਮਾਂ ਬਣਾ ਕੇ ਯੋਜਨਾਬੱਧ ਤਰੀਕੇ ਨਾਲ ਸਰਕਾਰ ਨੂੰ ਚੂਨਾ ਲਗਾ ਰਿਹਾ ਹੈ। ਇਹ ਫਰਮਾਂ ਸਿਰਫ਼ ਕਾਗਜ਼ਾਂ 'ਤੇ ਹੀ ਚੱਲ ਰਹੀਆਂ ਸਨ ਤੇ ਇਨ੍ਹਾਂ ਰਾਹੀਂ ਬਿਨਾਂ ਕਿਸੇ ਮਾਲ ਦੀ ਸਪਲਾਈ ਕੀਤੇ ਸਿਰਫ਼ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ



ਪਾਸ ਕੀਤਾ ਜਾ ਰਿਹਾ ਸੀ। ਕੇਂਦਰੀ ਜੀ.ਐਸ.ਟੀ. ਦੀਆਂ ਟੀਮਾਂ ਨੇ ਜਲੰਧਰ ਸਥਿਤ ਮੁਲਜ਼ਮ ਦੇ ਰਿਹਾਇਸ਼ੀ ਤੇ ਦਫ਼ਤਰੀ ਕੰਪਲੈਕਸਾਂ ਸਮੇਤ ਕੁੱਲ 6 ਵੱਖ-ਵੱਖ ਟਿਕਾਣਿਆਂ 'ਤੇ ਇਕੋ ਸਮੇਂ ਛਾਪੇਮਾਰੀ ਕੀਤੀ।ਇਸ ਤਲਾਸ਼ੀ ਮੁਹਿੰਮ ਦੌਰਾਨ ਵਿਭਾਗ ਦੇ ਹੱਥ ਕਈ ਅਹਿਮ ਦਸਤਾਵੇਜ਼ ਤੇ ਇਲੈਕਟ੍ਰਾਨਿਕ ਯੰਤਰ ਲੱਗੇ ਹਨ।ਅਧਿਕਾਰੀਆਂ ਦਾ ਮੰਨਣਾ ਹੈ ਕਿ ਇਨ੍ਹਾਂ ਯੰਤਰਾਂ ਦੀ ਬਾਰੀਕੀ ਨਾਲ ਜਾਂਚ ਕਰਨ 'ਤੇ ਕਈ ਹੋਰ ਵੱਡੇ ਖੁਲਾਸੇ ਹੋਣ ਦੀ ਉਮੀਦ ਹੈ ਤੇ ਇਸ ਗੋਰਖਧੰਦੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੇ ਨਾਮ ਵੀ ਸਾਹਮਣੇ ਆ ਸਕਦੇ ਹਨ।ਕਮਿਸ਼ਨਰੇਟ ਦਾ ਬਿਆਨ ਕਮਿਸ਼ਨਰੇਟ ਵੱਲੋਂ ਜਾਰੀ ਕੀਤੇ ਗਏ ਅਧਿਕਾਰਤ ਬਿਆਨ ਵਿੱਚ ਪੁਸ਼ਟੀ ਕੀਤੀ ਗਈ ਹੈ ਕਿ ਜਾਂਚ ਦੌਰਾਨ 130.50 ਕਰੋੜ ਰੁਪਏ ਦੀ ਟੈਕਸ ਚੋਰੀ ਦੇ ਪੁਖ਼ਤਾ ਸਬੂਤ ਮਿਲੇ ਹਨ, ਜਿਸ ਤੋਂ ਬਾਅਦ ਜਸਵਿੰਦਰ ਮਾਹੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਫਰਜ਼ੀ ਫਰਮਾਂ ਦੇ ਇਸ ਪੂਰੇ ਨੈਟਵਰਕ ਦੀ ਜੜ੍ਹ ਤੱਕ ਪਹੁੰਚਣ ਲਈ ਜਾਂਚ ਜਾਰੀ ਹੈ।ਆਉਣ ਵਾਲੇ ਦਿਨਾਂ ਵਿੱਚ ਇਸ ਮਾਮਲੇ ਨਾਲ ਜੁੜੀਆਂ ਹੋਰ ਇਕਾਈਆਂ ਤੇ ਲਾਭਪਾਤਰੀਆਂ 'ਤੇ ਵੀ ਸ਼ਿਕੰਜਾ ਕੱਸਿਆ ਜਾਵੇਗਾ।

# 'ਲਾਪ੍ਰਵਾਹ ਸਰਕਾਰ ਨੇ ਇੱਕ ਸਾਲ 'ਚ ਦਿੱਲੀ ਨੂੰ ਤਬਾਹ ਕਰਕੇ ਰੱਖ ਦਿੱਤਾ': ਅਰਵਿੰਦ ਕੇਜਰੀਵਾਲ



ਨਵੀਂ ਦਿੱਲੀ, 12 ਫਰਵਰੀ (ਚ.ਨ.ਸ): ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਰਾਜਧਾਨੀ ਦੀ ਮੌਜੂਦਾ ਕਾਨੂੰਨ ਵਿਵਸਥਾ ਤੇ ਬੁਨਿਆਦੀ ਢਾਂਚੇ ਦੀ ਮਾੜੀ ਹਾਲਤ ਨੂੰ ਲੈ ਕੇ ਭਾਜਪਾ ਸਰਕਾਰ 'ਤੇ ਤਿੱਖੇ ਹਮਲੇ ਕੀਤੇ ਹਨ। ਕੇਜਰੀਵਾਲ ਨੇ ਦੋਸ਼ ਲਗਾਇਆ ਕਿ ਇਸ ਲਾਪ੍ਰਵਾਹ ਸਰਕਾਰ ਨੇ ਮਹਿਜ਼ ਇੱਕ ਸਾਲ ਦੇ ਅੰਦਰ ਹੀ ਦਿੱਲੀ ਨੂੰ ਬਰਬਾਦੀ ਦੇ ਕੰਢੇ 'ਤੇ ਲਿਆ ਕੇ ਖੜ੍ਹਾ ਕਰ ਦਿੱਤਾ ਹੈ ਤੇ ਸਰਕਾਰ ਨੂੰ ਲੋਕਾਂ ਦੀ ਜਾਨ ਦੀ ਕੋਈ ਚਿੰਤਾ ਨਹੀਂ ਹੈ। ਪਿਛਲੇ ਇੱਕ ਹਫ਼ਤੇ ਦੌਰਾਨ ਦਿੱਲੀ ਵਿੱਚ ਵਾਪਰੀਆਂ ਵੱਖ-ਵੱਖ ਦੁਖਦਾਈ ਘਟਨਾਵਾਂ, ਜਿਨ੍ਹਾਂ ਵਿੱਚ ਖੁੱਲ੍ਹੇ ਨਾਲਿਆਂ ਵਿੱਚ ਡਿੱਗਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ, ਦਾ ਹਵਾਲਾ ਦਿੰਦਿਆਂ ਕੇਜਰੀਵਾਲ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਬੇਹੱਦ ਡਰਾਉਣੀਆਂ ਹਨ।ਉਨ੍ਹਾਂ ਸੋਸ਼ਲ ਮੀਡੀਆ ਪਲੇਟਫਾਰਮ ਐਕਸ (ਪਹਿਲਾਂ ਟਵਿੱਟਰ) 'ਤੇ ਲਿਖਿਆ ਕਿ ਦਿੱਲੀ ਵਿੱਚ ਮਾਸੂਮ ਲੋਕ ਆਪਣੀਆਂ ਜਾਨਾਂ ਗੁਆ ਰਹੇ ਹਨ, ਪਰ ਸਰਕਾਰ ਪੂਰੀ ਤਰ੍ਹਾਂ ਚੁੱਪ ਧਾਰੀ ਬੈਠੀ ਹੈ। ਉਨ੍ਹਾਂ ਸਵਾਲ ਕੀਤਾ ਕਿ ਆਖ਼ਰ ਕਿੰਨੀਆਂ ਮੌਤਾਂ ਤੋਂ ਬਾਅਦ ਸਰਕਾਰ ਦੀ ਨੀਂਦ ਖੁੱਲ੍ਹੇਗੀ? ਇਸ ਮੌਕੇ ਦਿੱਲੀ ਦੇ ਸਾਬਕਾ ਮੰਤਰੀ ਸੌਰਭ ਭਾਰਦਵਾਜ ਨੇ ਵੀ ਭਾਜਪਾ ਤੇ ਉਪ ਰਾਜਪਾਲ (ਐਲ.ਜੀ.) 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਦਿੱਲੀ ਵਿਕਾਸ ਅਥਾਰਟੀ (ਡੀ.ਡੀ.ਏ.) ਤੇ ਹੋਰ ਕੇਂਦਰੀ ਏਜੰਸੀਆਂ ਅਧੀਨ ਆਉਣ ਵਾਲੇ ਇਲਾਕਿਆਂ ਵਿੱਚ ਨਿਰਮਾਣ ਕਾਰਜਾਂ ਤੇ ਸੁਰੱਖਿਆ ਪ੍ਰਬੰਧਾਂ ਵਿੱਚ ਵੱਡੀ ਅਣਗਹਿਲੀ ਵਰਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਦੋਂ ਤੋਂ ਦਿੱਲੀ ਵਿੱਚ ਐਮ.ਸੀ.ਡੀ., ਡੀ.ਡੀ.ਏ. ਤੇ ਕੇਂਦਰ ਸਰਕਾਰ ਸਭ ਥਾਈਂ ਭਾਜਪਾ ਦਾ ਕੰਟਰੋਲ ਹੋਇਆ ਹੈ, ਤਦ ਤੋਂ ਜਵਾਬਦੇਹੀ ਪੂਰੀ ਤਰ੍ਹਾਂ ਖ਼ਤਮ ਹੋ ਗਈ ਹੈ। 'ਆਪ' ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਦਿੱਲੀ ਦੇ ਲੋਕਾਂ ਦੀ ਸੁਰੱਖਿਆ ਤੇ ਬੁਨਿਆਦੀ ਸਹੂਲਤਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ ਉਹ ਤਿੱਖਾ ਸੰਘਰਸ਼ ਵਿੱਢਣਗੇ।

# ਮਹਾਰਾਜਾ ਰਣਜੀਤ ਸਿੰਘ ਦੇ ਸ਼ਾਹੀ ਮਹਿਲ ਬਾਰੇ ਪ੍ਰਚਾਰ-ਪ੍ਰਸਾਰ ਲਈ ਵਿਧਾਨ ਸਭਾ ਸਪੀਕਰ ਦੇ ਸਖ਼ਤ ਆਦੇਸ਼



ਅੰਮ੍ਰਿਤਸਰ, 12 ਫਰਵਰੀ (ਚ.ਨ.ਸ): ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ ਸਥਿਤ ਇਤਿਹਾਸਕ ਰਾਮ ਬਾਗ ਤੇ ਉਸ ਦੇ ਬਿਲਕੁਲ ਵਿਚਕਾਰ ਸਥਿਤ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸ਼ਾਹੀ ਮਹਿਲ (ਸਮਰ ਪੈਲੇਸ) ਦੀ ਮਹੱਤਤਾ ਨੂੰ ਦੁਨੀਆਂ ਭਰ ਵਿੱਚ ਪਹੁੰਚਾਉਣ ਲਈ ਵੱਡੇ ਪੱਧਰ 'ਤੇ ਪ੍ਰਚਾਰ-ਪ੍ਰਸਾਰ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਹਨ।ਪੰਜਾਬ ਵਿਧਾਨ ਸਭਾ ਦੇ ਸਪੀਕਰ ਇਸ ਸਬੰਧੀ ਸੈਰ-ਸਪਾਟਾ ਵਿਭਾਗ ਦੇ ਸਕੱਤਰ ਨੂੰ ਪੱਤਰ ਲਿਖ ਕੇ ਨਿਰਦੇਸ਼ ਦਿੱਤੇ ਗਏ ਹਨ ਕਿ ਇਸ ਇਤਿਹਾਸਕ ਵਿਰਾਸਤ ਬਾਰੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।ਜ਼ਿਕਰਯੋਗ ਹੈ ਕਿ ਸਾਲ 1819 ਵਿੱਚ ਮਹਾਰਾਜਾ ਰਣਜੀਤ ਸਿੰਘ ਨੇ ਗਰਮੀਆਂ ਦੀ ਰਿਹਾਇਸ਼ ਲਈ ਇਸ ਸ਼ਾਹੀ ਮਹਿਲ ਦਾ ਨਿਰਮਾਣ ਕਰਵਾਇਆ ਸੀ।ਸਪੀਕਰ ਅਨੁਸਾਰ ਸਰਕਾਰ ਵੱਲੋਂ ਇਸ ਸਥਾਨ ਦੀ ਸੰਭਾਲ ਲਈ ਕੀਤੀਆਂ ਪਹਿਲਕਦਮੀਆਂ ਬਾਰੇ ਆਮ ਲੋਕਾਂ ਨੂੰ ਲੋੜੀਂਦੀ ਜਾਣਕਾਰੀ ਨਹੀਂ ਮਿਲ ਰਹੀ, ਜਿਸ ਕਾਰਨ ਲੋਕ ਇਸ ਇਤਿਹਾਸਕ ਖ਼ਜ਼ਾਨੇ ਤੋਂ ਵਾਂਝੇ ਰਹਿ ਰਹੇ ਹਨ।ਉਨ੍ਹਾਂ ਹਦਾਇਤ ਕੀਤੀ ਕਿ ਅਖ਼ਬਾਰਾਂ, ਸੋਸ਼ਲ ਮੀਡੀਆ ਤੇ ਫਲੈਕਸ ਬੋਰਡਾਂ ਰਾਹੀਂ ਇਸ ਦਾ ਪ੍ਰਚਾਰ ਕੀਤਾ ਜਾਵੇ ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਆਪਣੇ ਅਮੀਰ ਸਿੱਖ ਇਤਿਹਾਸ ਤੇ ਵਿਰਸੇ ਨਾਲ ਜੁੜ ਸਕੇ।ਇਸ ਦੌਰਾਨ ਇੱਕ ਹੋਰ ਅਹਿਮ ਮੁੱਦਾ ਸਾਹਮਣੇ ਆਇਆ ਹੈ ਕਿ ਰਾਮ ਬਾਗ ਦੇ ਬਾਹਰ ਲਗਾਏ ਗਏ ਬੋਰਡਾਂ 'ਤੇ ਕੰਪਨੀ ਬਾਗ ਲਿਖਿਆ ਹੋਇਆ ਹੈ।ਦਰਅਸਲ, ਇਹ 84 ਏਕੜ ਜ਼ਮੀਨ ਮਹਾਰਾਜਾ ਰਣਜੀਤ ਸਿੰਘ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਨਾਮ 'ਤੇ ਰਾਮ ਬਾਗ ਵਜੋਂ ਵਿਕਸਿਤ ਕੀਤੀ ਗਈ ਸੀ, ਪਰ ਅੰਗਰੇਜ਼ੀ ਹਕੂਮਤ ਦੌਰਾਨ ਇਸ ਨੂੰ ਕੰਪਨੀ ਬਾਗ ਕਿਹਾ ਜਾਣ ਲੱਗਾ। ਬੀ.ਆਰ.ਟੀ.ਐਸ. (ਬੱਸ ਰੈਪਿਡ ਟਰਾਂਸਪੋਰਟ ਸਿਸਟਮ) ਵਿਭਾਗ ਵੱਲੋਂ ਗਲਤੀ ਨਾਲ ਅਜੇ ਵੀ ਕੰਪਨੀ ਬਾਗ ਦੇ ਬੋਰਡ ਲਗਾਏ ਗਏ ਹਨ, ਜਿਸ ਨੂੰ ਤੁਰੰਤ ਬਦਲ ਕੇ ਰਾਮ ਬਾਗ ਗਾਰਡਨ ਕਰਨ ਦੀ ਮੰਗ ਉਠ ਰਹੀ ਹੈ ਤਾਂ ਜੋ ਇਤਿਹਾਸਕ ਤੱਥਾਂ ਨੂੰ ਸਹੀ ਰੂਪ ਵਿੱਚ ਪੇਸ਼ ਕੀਤਾ ਜਾ ਸਕੇ।

**'ਕੈਨੇਡਾ 'ਚ ਓਲੰਪੀਅਨ ਦੀ ਮੌਤ ਦਾ ਮਾਮਲਾ'**

# ਪੰਜਾਬੀ ਮੂਲ ਦੇ ਟਰੱਕ ਡਰਾਈਵਰ ਨੇ ਓਲੰਪੀਅਨ ਦੀ ਮੌਤ ਲਈ ਆਪਣਾ ਗੁਨਾਹ ਕਬੂਲਿਆ

ਟੋਰਾਂਟੋ, 12 ਫਰਵਰੀ (ਚ.ਨ.ਸ): ਕੈਨੇਡਾ ਵਿੱਚ ਰਹਿ ਰਹੇ ਪੰਜਾਬੀ ਮੂਲ ਦੇ ਇੱਕ 31 ਸਾਲਾ ਟਰੱਕ ਡਰਾਈਵਰ ਸੁਖਵਿੰਦਰ ਸਿੱਧੂ ਨੇ ਅਗਸਤ 2023 ਵਿੱਚ ਵਾਪਰੇ ਉਸ ਦਰਦਨਾਕ ਹਾਦਸੇ ਵਿੱਚ ਆਪਣੀ ਭੂਮਿਕਾ ਲਈ ਗੁਨਾਹ ਕਬੂਲ ਕਰ ਲਿਆ ਹੈ, ਜਿਸ ਵਿੱਚ ਕੈਨੇਡਾ ਦੀ ਮਸ਼ਹੂਰ ਵਿੰਟਰ ਓਲੰਪੀਅਨ ਅਲੈਗਜ਼ੈਂਡਰਾ ਪਾਲ ਦੀ ਮੌਤ ਹੋ ਗਈ ਸੀ।ਓਨਟਾਰੀਓ ਦੇ ਮੇਲਾਨਕਥਨ ਕਸਬੇ ਵਿੱਚ ਵਾਪਰੇ ਇਸ ਹਾਦਸੇ ਦੌਰਾਨ ਸਿੱਧੂ ਦਾ ਟਰੱਕ ਤੇਜ਼ ਰਫ਼ਤਾਰ ਨਾਲ ਇੱਕ ਉਸਾਰੀ ਅਧੀਨ ਜ਼ੋਨ ਵਿੱਚ ਜਾ ਵੜਿਆ ਸੀ ਤੇ ਉਥੇ ਖੜ੍ਹੇ ਕਈ ਵਾਹਨਾਂ ਨੂੰ ਟੱਕਰ ਮਾਰ ਦਿੱਤੀ ਸੀ। ਇਸ ਟੱਕਰ ਵਿੱਚ 2014 ਦੀਆਂ ਸੋਚੀ ਓਲੰਪਿਕਸ ਵਿੱਚ ਹਿੱਸਾ ਲੈਣ ਵਾਲੀ ਅਲੈਗਜ਼ੈਂਡਰਾ ਪਾਲ ਦੀ ਮੌਤ ਹੋ ਗਈ, ਜਦਕਿ ਉਸ ਦਾ ਛੋਟਾ ਪੁੱਤਰ ਤੇ ਤਿੰਨ ਹੋਰ ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ। ਸਿੱਧੂ ਨੇ ਅਦਾਲਤੀ ਕਾਰਵਾਈ ਦੌਰਾਨ ਹਾਦਸੇ ਦੀ ਜ਼ਿੰਮੇਵਾਰੀ ਕਬੂਲ ਲਈ ਹੈ ਤੇ ਉਸ ਨੂੰ ਮਈ ਦੇ ਅੱਧ ਵਿੱਚ ਸਜ਼ਾ ਸੁਣਾਈ ਜਾਵੇਗੀ।ਜ਼ਿਕਰਯੋਗ ਹੈ ਕਿ ਕੈਨੇਡਾ ਵਿੱਚ ਪਿਛਲੇ ਕੁਝ ਸਾਲਾਂ ਵਿੱਚ ਭਾਰਤੀ ਮੂਲ ਦੇ ਟਰੱਕ ਡਰਾਈਵਰਾਂ ਨਾਲ ਜੁੜੇ ਕਈ ਵੱਡੇ ਹਾਦਸੇ ਸਾਹਮਣੇ ਆਏ ਹਨ।



# ਘੁਮਾਣ ਵਿਖੇ ਪ੍ਰਹਾਰ-2 ਤਹਿਤ ਡੀ.ਐਸ.ਪੀ. ਨੇ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 12 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਪੁਲਿਸ ਵੱਲੋਂ ਚਲਾਏ ਜਾ ਰਹੇ ਪ੍ਰਹਾਰ-2 ਮੁਹਿੰਮ ਤਹਿਤ ਐਸਐਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀ.ਐਸ.ਪੀ. ਸ੍ਰੀ ਹਰਿਗੋਬਿੰਦਪੁਰ ਸਾਹਿਬ ਹਰੀਸ਼ ਬਹਿਲ ਤੇ ਥਾਣਾ ਮੁਖੀ ਘੁਮਾਣ ਐਸਐਚਓ ਗਗਨਦੀਪ ਸਿੰਘ ਢੀਂਡਸਾ ਦੀ ਅਗਵਾਈ ਹੇਠ ਇਲਾਕੇ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।ਇਸ ਦੌਰਾਨ ਅੱਡਾ ਚੌਕ ਘੁਮਾਣ 'ਤੇ ਆਉਣ-ਜਾਣ ਵਾਲੀਆਂ ਬੱਸਾਂ ਕਾਰਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ ਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ ਤਾਂ ਜੋ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਇਆ ਜਾ ਸਕੇ।ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਅਜਿਹੇ ਅਭਿਆਨਾਂ ਦਾ ਮਕਸਦ ਅਪਰਾਧਕ ਗਤੀਵਿਧੀਆਂ 'ਤੇ ਨਿਗਰਾਨੀ ਰੱਖਣਾ ਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਹੈ।ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਬਾਹਰ ਬੈਠੇ ਅੱਤਵਾਦੀ ਸੰਗਠਨਾਂ ਦੇ ਮੁਖੀਆਂ ਦੇ ਬਹਿਕਾਵੇ ਵਿੱਚ ਆ ਕੇ ਗੈਰ-ਕਾਨੂੰਨੀ ਕੰਮਾਂ ਵਿੱਚ ਹਿੱਸਾ ਨਾ ਲੈਣ ਕਿਉਂਕਿ ਬਹਿਕਾਵੇ ਵਿੱਚ ਆ ਕੇ ਉਨ੍ਹਾਂ ਦੀ ਆਪਣੀ ਜ਼ਿੰਦਗੀ ਹੀ ਖਰਾਬ ਹੁੰਦੀ ਹੈ। ਉਨ੍ਹਾਂ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਹਲਚਲ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ।ਡੀਐਸਪੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੇ ਐਸਐਚਓ ਘੁਮਾਣ ਗਗਨਦੀਪ ਸਿੰਘ ਢੀਂਡਸਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਨਸ਼ਾ ਕਰਦਾ ਜਾਂ ਵੇਚਦਾ ਹੋਵੇ ਉਸ ਦੀ ਤਲਾਹ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਪ੍ਰਹਾਰ-2 ਤਹਿਤ ਥਾਣਾ ਘੁਮਾਣ ਦੇ ਪੁਲਿਸ ਮੁਲਾਜ਼ਮ ਹਾਜ਼ਰ ਸਨ।

# ਵਿਧਾਇਕ ਅਮਰਪਾਲ ਸਿੰਘ ਵੱਲੋਂ ਹਲਕੇ ਅੰਦਰ ਵੱਖ-ਵੱਖ ਸੜਕਾਂ ਬਣਾਉਣ ਦੀ ਸ਼ੁਰੂਆਤ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 12 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਨਿਰੰਤਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਨਵੀਂ ਆਬਾਦੀ ਪੇਜੋਚੱਕ ਤੋਂ ਡੇਰੇ ਪੇਜੋਚੱਕ, ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਉਮਰਪੁਰਾ (ਬਟਾਲਾ), ਦਮਦਮਾ ਸਾਹਿਬ ਤੋਂ ਤਲਵਾੜਾ, ਤਲਵਾੜਾ ਤੋਂ ਮਾੜੀ ਬੁੱਚੀਆਂ ਤੇ ਮਾੜੀ ਟਾਂਡਾ ਤੋਂ ਮਾੜੀ ਬੁੱਚੀਆਂ ਤੱਕ ਸੜਕ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ



ਦੀ ਕੈਸ਼ਲੈਸ ਸਹੂਲਤ ਮੁਹੱਈਆ ਕਰਵਾਈ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ।ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ।ਇਸ ਮੌਕੇ 'ਤੇ ਪੀ.ਏ. ਸੁਖਦੇਵ ਸਿੰਘ ਰੋਮੀ, ਰਾਜੂ ਭਿੰਡਰ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਨੀਲਮ ਘੁਮਾਣ, ਸਲਾਹਕਾਰ ਤੇ ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਰਾਣਾ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਜੌਨੀ ਘੁਮਾਣ, ਬਾਬਾ ਸੋਨੂੰ ਭੱਲਾ, ਹਨੀ ਦਿਓਲ, ਸੋਸ਼ਲ ਮੀਡੀਆ ਇੰਚਾਰਜ ਸੁਖਦੇਵ ਸੱਖੋਵਾਲ, ਸਰਪੰਚ ਨਿਸ਼ਾਨ ਸਿੰਘ ਮੱਲ੍ਹੀ, ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ, ਬਲਾਕ ਪ੍ਰਧਾਨ ਗੁਰਦਿਆਲ ਸਿੰਘ ਘੁਮਾਣ ਸਰਪੰਚ ਲਾਡੀ ਨੂਰਪੁਰ, ਪ੍ਰਧਾਨ ਟ੍ਰੇਡ ਵਿੰਗ ਰੋਮੀ, ਬਲਾਕ ਪ੍ਰਧਾਨ ਨਰਿੰਦਰ ਸਿੰਘ ਮੰਡਿਆਲਾ, ਪ੍ਰਧਾਨ ਲੇਡੀ ਵਿੰਗ ਕਮਲਜੀਤ ਕੌਰ, ਸਰਪੰਚ ਦਵਿੰਦਰ ਮਿਸ਼ਰਪੁਰਾ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਇਕਬਾਲ ਸਿੰਘ, ਮੈਂਬਰ ਬਲਾਕ ਸੰਮਤੀ ਦਵਿੰਦਰ ਹਰਚੋਵਾਲ ਤੇ ਵੱਖ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਸਾਹਿਬਾਨ ਹਾਜ਼ਰ ਸਨ।

# ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਪ੍ਰਹਾਰ-2 ਤਹਿਤ ਡੀਐਸਪੀ ਬਹਿਲ ਨੇ ਚਲਾਇਆ ਚੈਕਿੰਗ ਅਭਿਆਨ

**☛ ਬੱਸ ਅੱਡੇ ਦੀ ਚੈਕਿੰਗ, ਸ਼ੱਕੀ ਵਿਅਕਤੀਆਂ ਦੀ ਲਈ ਤਲਾਸ਼ੀ**

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 12 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਪੁਲਿਸ ਵੱਲੋਂ ਚਲਾਏ ਜਾ ਰਹੇ ਪ੍ਰਹਾਰ-2 ਮੁਹਿੰਮ ਤਹਿਤ ਐਸਐਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀ.ਐਸ.ਪੀ. ਸ੍ਰੀ ਹਰਿਗੋਬਿੰਦਪੁਰ ਸਾਹਿਬ ਹਰੀਸ਼ ਬਹਿਲ ਤੇ ਥਾਣਾ ਮੁਖੀ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਇਲਾਕੇ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ। ਇਸ ਦੌਰਾਨ ਸਥਾਨਕ ਬੱਸ ਅੱਡੇ 'ਤੇ ਆਉਣ-ਜਾਣ ਵਾਲੀਆਂ ਬੱਸਾਂ-ਕਾਰਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ ਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ ਤਾਂ ਜੋ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਇਆ ਜਾ ਸਕੇ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਅਜਿਹੇ ਅਭਿਆਨਾਂ ਦਾ ਮਕਸਦ ਅਪਰਾਧਕ ਗਤੀਵਿਧੀਆਂ 'ਤੇ ਨਿਗਰਾਨੀ ਰੱਖਣਾ ਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਬਾਹਰ ਬੈਠੇ ਅੱਤਵਾਦੀ ਸੰਗਠਨਾਂ ਦੇ ਮੁਖੀਆਂ ਦੇ ਬਹਿਕਾਵੇ ਵਿੱਚ ਆ ਕੇ ਗੈਰ-ਕਾਨੂੰਨੀ ਕੰਮਾਂ ਵਿੱਚ ਹਿੱਸਾ ਨਾ ਲੈਣ ਕਿਉਂਕਿ ਬਹਕਾਵੇ ਵਿੱਚ ਆ ਕੇ ਉਨ੍ਹਾਂ ਦੀ ਆਪਣੀ ਜ਼ਿੰਦਗੀ ਹੀ ਖਰਾਬ ਹੁੰਦੀ ਹੈ। ਉਨ੍ਹਾਂ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਹਲਚਲ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਡੀਐਸਪੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੇ ਐਸਐਚਓ ਸੁਖਵਿੰਦਰ ਸਿੰਘ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਨਸ਼ਾ ਕਰਦਾ ਜਾਂ ਵੇਚਦਾ ਹੋਵੇ ਉਸ ਦੀ ਤਲਾਹ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।ਪ੍ਰਹਾਰ-2 ਤਹਿਤ ਥਾਣਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਪੁਲਿਸ ਮੁਲਾਜ਼ਮ ਹਾਜ਼ਰ ਸਨ।



# ਸੁਰੱਖਿਅਤ ਇੰਟਰਨੈਟ ਦਿਵਸ 'ਤੇ ਡੀ.ਆਈ.ਓ. ਨੇ ਵਿਦਿਆਰਥੀਆਂ ਨੂੰ ਸਾਈਬਰ ਸੁਰੱਖਿਆ ਬਾਰੇ ਜਾਗਰੂਕ ਕੀਤਾ



ਗੁਰਦਾਸਪੁਰ, 12 ਫਰਵਰੀ (ਜਗੀਰ ਸਿੰਘ ਮੰਡ/ਨਾਹਰ): ਡਿਜੀਟਲ ਸੁਰੱਖਿਆ ਤੇ ਇੰਟਰਨੈਟ ਦੀ ਜ਼ਿੰਮੇਵਾਰਾਨਾ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਸੂਚਨਾ ਅਫ਼ਸਰ (ਡੀ.ਆਈ.ਓ.) ਗੁਰਦਾਸਪੁਰ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਗੁਰਦਾਸਪੁਰ ਵਿਖੇ ਵਿਸ਼ੇਸ਼ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। 'ਸੁਰੱਖਿਅਤ ਇੰਟਰਨੈਟ ਦਿਵਸ 2026' ਦੇ ਸਬੰਧ ਵਿੱਚ ਕਰਵਾਏ ਗਏ ਇਸ ਸਮਾਗਮ ਵਿੱਚ 100 ਤੋਂ ਵੱਧ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੇ ਭਾਗ ਲਿਆ।ਸੈਸ਼ਨ ਦੀ ਅਗਵਾਈ ਕਰਦਿਆਂ ਡੀ.ਆਈ.ਓ. ਗੁਰਦਾਸਪੁਰ ਕਰਨ ਸੋਨੀ ਨੇ ਅਜੋਕੇ ਡਿਜੀਟਲ ਯੁੱਗ ਵਿੱਚ ਸਾਈਬਰ ਹਾਈਜੀਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇੰਟਰਨੈਟ ਸਿੱਖਿਆ ਤੇ ਜਾਣਕਾਰੀ ਦਾ ਮਹੱਤਵਪੂਰਨ ਸਰੋਤ ਹੈ, ਪਰ ਇਸ ਦੀ ਗਲਤ ਜਾਂ ਅਸਾਵਧਾਨ ਵਰਤੋਂ ਨੌਜਵਾਨਾਂ ਨੂੰ ਕਈ ਤਰ੍ਹਾਂ ਦੇ ਸਾਈਬਰ ਖ਼ਤਰਿਆਂ ਦਾ ਸ਼ਿਕਾਰ ਬਣਾ ਸਕਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਾਵਧਾਨੀਆਂ ਅਪਣਾਉਣ ਲਈ ਪ੍ਰੇਰਿਤ ਕੀਤਾ।ਸੈਸ਼ਨ ਦੌਰਾਨ ਵੱਖ-ਵੱਖ ਮੁੱਖ ਨੁਕਤਿਆਂ 'ਤੇ ਚਰਚਾ ਕੀਤੀ ਗਈ। ਮਜ਼ਬੂਤ ਸੁਰੱਖਿਆ ਪ੍ਰਬੰਧ, ਗੁੰਝਲਦਾਰ ਤੇ ਵਿਲੱਖਣ, ਪਾਸਵਰਡ ਬਣਾਉਣ ਤੇ ਮਲਟੀ-ਫੈਕਟਰ ਅਥੈਂਟੀਕੇਸ਼ਨ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸੋਸ਼ਲ ਮੀਡੀਆ ਪ੍ਰਾਈਵੇਸੀ ਬਾਰੇ ਜਾਣਕਾਰੀ ਦਿੱਤੀ ਗਈ।ਵਟਸਐਪ, ਫੇਸਬੁੱਕ ਤੇ ਇੰਸਟਾਗ੍ਰਾਮ ਵਰਗੇ ਪਲੇਟਫਾਰਮਾਂ 'ਤੇ ਨਿੱਜੀ ਜਾਣਕਾਰੀ ਸਾਂਝੀ ਕਰਨ ਤੋਂ ਬਚਣ ਤੇ ਪ੍ਰਾਈਵੇਸੀ ਸੈਟਿੰਗਾਂ ਦੀ ਸਹੀ ਵਰਤੋਂ ਕਰਨ 'ਤੇ ਜ਼ੋਰ ਦਿੱਤਾ ਗਿਆ ਤਾਂ ਜੋ ਪਛਾਣ ਚੋਰੀ ਵਰਗੇ ਅਪਰਾਧਾਂ ਤੋਂ ਬਚਿਆ ਜਾ ਸਕੇ।ਸਕੂਲ ਦੇ ਪ੍ਰਿੰਸੀਪਲ ਨੇ ਡੀ.ਆਈ.ਓ. ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਨੂੰ ਡਿਜੀਟਲ ਦੁਨੀਆਂ ਵਿੱਚ ਸੁਰੱਖਿਅਤ ਰਹਿਣ ਲਈ ਮਦਦਗਾਰ ਸਾਬਤ ਹੁੰਦੇ ਹਨ।

# ਝਗੜੇ ਦੇ ਸਬੰਧ 'ਚ 5 ਪਛਾਤੇ ਤੇ 3 ਅਣ-ਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ

ਧਾਰੀਵਾਲ, 12 ਫਰਵਰੀ (ਅਸ਼ੋਕ ਕੁਮਾਰ): ਪਿਛਲੇ ਦਿਨੀਂ ਡਡਵਾਂ ਚੌਕ ਧਾਰੀਵਾਲ ਵਿੱਚ ਹੋਏ ਲੜਾਈ-ਝਗੜੇ ਦੇ ਸਬੰਧ ਵਿੱਚ ਥਾਣਾ ਧਾਰੀਵਾਲ ਦੀ ਪੁਲਿਸ ਨੇ ਪੰਜ ਪਛਾਤੇ ਤੇ ਤਿੰਨ ਅਣ-ਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ ਕਰ ਲਿਆ। ਸਿਕੰਦਰ ਸਿੰਘ ਪੁੱਤਰ ਭੁਪਿੰਦਰ ਸਿੰਘ ਵਾਸੀ ਪੁਰਾਣਾ ਧਾਰੀਵਾਲ ਨੇ ਥਾਣਾ ਧਾਰੀਵਾਲ ਦੀ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਦੋਸਤ ਜੋਬਨਪ੍ਰੀਤ ਸਿੰਘ ਵਾਸੀ ਅਹਿਮਦਾਬਾਦ ਨਾਲ ਛੋਟੀ ਖੂਹੀ ਧਾਰੀਵਾਲ ਤੋਂ ਕੁਲਚਾ ਖਾਣ ਜਾ ਰਹੇ ਸੀ ਤਾਂ ਡਡਵਾਂ ਚੌਕ ਧਾਰੀਵਾਲ ਵਿਖੇ ਸ਼ੈਲੀ, ਹਨੀ, ਰੌਕੀ ਵਾਸੀ ਧਾਰੀਵਾਲ ਨੇ ਸਾਡੇ ਨਾਲ ਮਾਰ-ਕੁਟਾਈ ਕਰਕੇ ਮੈਨੂੰ ਜ਼ਖਮੀ ਕਰ ਦਿੱਤਾ, ਜਦਕਿ ਦੂਜੀ ਧਿਰ ਰਜਨੀਸ਼ ਪੁੱਤਰ ਰਜਿੰਦਰ ਸਿੰਘ ਵਾਸੀ ਰਾਜੀਵ ਕਲੋਨੀ ਧਾਰੀਵਾਲ ਨੇ ਦੱਸਿਆ ਕਿ ਉਹ ਰੌਕੀ ਵਾਸੀ ਧਾਰੀਵਾਲ ਨਾਲ ਪੈਦਲ ਡਡਵਾਂ ਚੌਕ ਧਾਰੀਵਾਲ ਆ ਰਿਹਾ ਸੀ ਕਿ ਸਿਕੰਦਰ ਸਿੰਘ ਤੇ ਜੋਬਨਪ੍ਰੀਤ ਸਿੰਘ ਉਕਤ ਅਮਰਿੰਦਰ ਸਿੰਘ ਬਾਬਾ ਦੀ ਮਾਰ-ਕੁਟਾਈ ਕਰ ਰਹੇ ਸਨ, ਜਦਕਿ ਇਨ੍ਹਾਂ ਨੂੰ ਰੋਕਿਆ ਤਾਂ ਉਹ ਸਾਡੇ ਨਾਲ ਗਾਲੀ-ਗਲੋਚ ਸ਼ੁਰੂ ਕਰ ਦਿੱਤਾ ਤੇ ਕਿਰਚ ਨਾਲ ਵਾਰ ਕਰਕੇ ਮੈਨੂੰ ਜ਼ਖਮੀ ਕਰ ਦਿੱਤਾ, ਇੰਨੀ ਦੇਰ ਨੂੰ ਇਨ੍ਹਾਂ ਦੇ ਤਿੰਨ ਹੋਰ ਸਾਥੀਆਂ ਨੇ ਉਕਤ ਦੋਨਾਂ ਨਾਲ ਮਿਲ ਕੇ ਮੇਰੀ ਮਾਰ-ਕੁਟਾਈ ਸ਼ੁਰੂ ਕਰ ਦਿੱਤੀ ਤੇ ਮੈਨੂੰ ਜ਼ਖਮੀ ਕਰ ਦਿੱਤਾ, ਜਦ ਮੈਂ ਆਪਣੇ ਬਚਾਓ ਲਈ ਰੌਲਾ ਪਾਇਆ ਕਿ ਉਕਤ ਪੰਜ ਵਿਅਕਤੀ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਮੌਜੂਦ ਲੋਕਾਂ ਨੇ ਸਵਾਰੀ ਦਾ ਪ੍ਰਬੰਧ ਕਰਕੇ ਮੈਨੂੰ ਸੀ.ਐਚ.ਸੀ.ਧਾਰੀਵਾਲ ਵਿਖੇ ਇਲਾਜ ਲਈ ਭਰਤੀ ਕਰਵਾਇਆ ਗਿਆ।ਪੁਲਿਸ ਅਧਿਕਾਰੀ ਨੇ ਦੱਸਿਆ ਕਿ ਸਿਕੰਦਰ ਸਿੰਘ ਤੇ ਰਜਨੀਸ਼ ਦੇ ਬਿਆਨਾਂ ਤੇ ਪ੍ਰਾਪਤ ਐਮ.ਐਲ.ਆਰ. ਮੁਤਾਬਿਕ ਸ਼ੈਲੀ, ਹਨੀ, ਰੌਕੀ, ਸਿਕੰਦਰ ਸਿੰਘ, ਜੋਬਨਪ੍ਰੀਤ ਸਿੰਘ ਤੇ ਤਿੰਨ ਹੋਰ ਅਣਪਛਾਤਿਆਂ ਵਿਰੁੱਧ ਬਣਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

# ਵਿਧਾਇਕ ਕਲਸੀ ਨੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀਆਂ ਬਣਾਉਣ ਦੇ ਨੀਂਹ ਪੱਥਰ ਰੱਖੇ

**☛ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਜਾਰੀ**

ਬਟਾਲਾ, 12 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਿਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਗਲੀਆਂ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ ਹਨ।ਇਨ੍ਹਾਂ ਗਲੀਆਂ ਦੇ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਵਾਰਡ ਨੰਬਰ 3 ਤੇ ਮੁਰਗੀ ਮੁਹੱਲਾ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਇਥੋਂ ਦੇ ਵਾਸੀਆਂ ਨੂੰ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਹੁਣ ਲੋਕਾਂ ਦੀ ਮੁਸ਼ਕਿਲ ਹੱਲ ਕਰਦਿਆਂ ਗਲੀ ਦਾ ਨਿਰਮਾਣ ਕੰਮ ਸ਼ੁਰੂ ਕਰਵਾਇਆ ਗਿਆ



ਹੈ।ਉਨ੍ਹਾਂ ਅੱਗੇ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਹਲਕਾ ਵਾਸੀਆਂ ਦੀ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ, ਜਿਸ ਤਹਿਤ ਉਹ 24 ਘੰਟੇ ਲੋਕਾਂ ਦੇ ਸੰਪਰਕ ਵਿੱਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦੂਰ ਕਰ ਰਹੇ ਹਨ।ਬਟਾਲਾ ਸ਼ਹਿਰ ਅੰਦਰ ਲੋਕਹਿੱਤ ਵਿੱਚ ਕਰਵਾਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਸ਼ੈਰੀ ਕਲਸੀ ਨੇ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ।ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਹੈਲਥ ਕਾਰਡ ਮਰੀਜ਼ਾਂ ਲਈ ਬਣੇ ਵਰਦਾਨ: ਰਾਜੀਵ ਸ਼ਰਮਾ



ਫਤਹਿਗੜ੍ਹ ਚੂੜੀਆਂ, 12 ਫਰਵਰੀ (ਰਾਜਨ ਸ਼ਰਮਾ): ਮੁੱਖ ਮੰਤਰੀ ਸਿਹਤ ਯੋਜਨਾ ਬਣੇ ਹੈਲਥ ਕਾਰਡ ਮਰੀਜ਼ਾਂ ਲਈ ਬਣੇ ਵਰਦਾਨ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਚੜ੍ਹਦੀਕਲਾ ਅਖਬਾਰ ਦੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਕੀਤਾ।ਰਾਜੀਵ ਸ਼ਰਮਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ ਤੇ ਮਰੀਜ਼ ਆਪਣੇ ਇਲਾਜ ਦੇ ਲਈ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਜਾ ਕੇ ਆਪਣਾ ਇਲਾਜ ਕਰਵਾ ਰਹੇ ਹਨ।ਗੱਲਬਾਤ ਦੌਰਾਨ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਬੀਮਾ ਦੇਣ ਲਈ ਲਗਾਏ ਗਏ ਕੈਂਪਾਂ ਵਿੱਚ ਲੋਕ ਹੈਲਥ ਕਾਰਡ ਬਣਾ ਰਹੇ ਹਨ ਤਾਂ ਜੋ ਲੋੜ ਪੈਣ 'ਤੇ ਮੁਸ਼ਕਿਲ ਪੇਸ਼ ਨਾ ਆਵੇ। ਰਾਜੀਵ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਤੇ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਮੁੱਖ ਮੰਤਰੀ ਸਿਹਤ ਯੋਜਨਾ ਹੈਲਥ ਕਾਰਡ ਮਰੀਜ਼ਾਂ ਲਈ ਬਣੇ ਵਰਦਾਨ ਦੇ ਲਈ ਤਹਿ ਦਿਲੋਂ ਧੰਨਵਾਦ ਕਰਦਾ ਹਾਂ।ਇਸ ਹੈਲਥ ਕਾਰਡ ਦੇ ਨਾਲ ਗਰੀਬ ਵਰਗ ਦੇ ਲੋਕ ਕਾਫੀ ਖੁਸ਼ ਹਨ। ਕਿਉਂਕਿ ਉਹ ਮਹਿੰਗੇ ਇਲਾਜ ਕਰਵਾਉਣ ਲਈ ਅਸਮਰਥ ਸਨ।

# ਰੋਟਰੀ ਆਈ ਬੈਂਕ ਤੇ ਕੋਰਨੀਅਲ ਟਰਾਂਸਪਲਾਂਟ ਸੁਸਾਇਟੀ ਵੱਲੋਂ ਮੀਟਿੰਗ




ਗੜ੍ਹਸ਼ੰਕਰ, 12 ਫਰਵਰੀ (ਅਜਮੇਰ ਸਿੰਘ ਭਨੋਟ): ਰੋਟਰੀ ਆਈ ਬੈਂਕ ਤੇ ਕੋਰਨੀਅਲ ਟਰਾਂਸ ਪਲਾਂਟ ਸੁਸਾਇਟੀ ਵੱਲੋਂ ਗੜ੍ਹਸ਼ੰਕਰ ਵਿਖੇ ਅੱਜ ਬੌਡੀ ਡੋਨੇਸ਼ਨ ਕਮੇਟੀ ਗੜ੍ਹਸ਼ੰਕਰ ਯੂਨਿਟ ਦੇ ਪ੍ਰਧਾਨ ਡਾ. ਲਖਵਿੰਦਰ ਕੁਮਾਰ ਦੀ ਅਗਵਾਈ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਰੋਟਰੀ ਆਈ ਬੈਂਕ ਵੱਲੋਂ ਜਸਕਰਨ ਸਿੰਘ ਲੇਹਲ ਤੇ ਸਰਬਜੀਤ ਸਿੰਘ ਦੇ ਸਹਿਯੋਗ ਨਾਲ ਅਸ਼ਵਨੀ ਕੁਮਾਰ ਪਿੰਡ ਬਘੌਰਾ ਦੀ ਅੱਖ ਦੀ ਪੁਤਲੀ ਦਾ ਜੋ ਆਪ੍ਰੇਸ਼ਨ ਕਰਵਾਇਆ ਸੀ, ਉਸ ਮਰੀਜ਼ ਦੀ ਪੱਟੀ ਖੋਲ੍ਹੀ ਗਈ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਤਰਸੇਮ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਹੁਣ ਤੱਕ 4153 ਨੇਤਰਹੀਣਾਂ ਦੀ ਅੱਖਾਂ ਦੀ ਪੁਤਲੀ ਦਾ ਮੁਫ਼ਤ ਆਪ੍ਰੇਸ਼ਨ ਕਰਵਾ ਕੇ ਉਨ੍ਹਾਂ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਭਰੀ ਜਾ ਚੁੱਕੀ ਹੈ। ਡਾ. ਤਰਸੇਮ ਸਿੰਘ ਨੇ ਦੱਸਿਆ ਕਿ ਦਾਨੀ ਸੱਜਣ ਦੀ ਮੌਤ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਦੇ ਸਹਿਯੋਗ ਨਾਲ ਆਈ ਬੈਂਕ ਵੱਲੋਂ ਸਿਰਫ ਅੱਖ ਦੀ ਪੁਤਲੀ ਲਈ ਜਾਂਦੀ ਹੈ, ਜਿਸ ਨੂੰ ਸਿਰਫ ਪੰਜ ਮਿੰਟ ਦਾ ਸਮਾਂ ਲੱਗਦਾ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੰਸਥਾ ਹੁਣ ਤੱਕ 29 ਦੇ ਕਰੀਬ ਮ੍ਰਿਤਕ ਦੇਹਾਂ ਨੂੰ ਮੈਡੀਕਲ ਖੋਜਾਂ ਲਈ ਮੈਡੀਕਲ ਕਾਲਜਾਂ ਨੂੰ ਭੇਜ ਚੁੱਕੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਅੱਖ ਦੀ ਖ਼ਰਾਬ ਪੁਤਲੀ ਦਾ ਕੋਈ ਮਰੀਜ਼ ਹੈ ਤਾਂ ਉਨ੍ਹਾਂ ਦੀ ਸੰਸਥਾ ਨਾਲ ਸੰਪਰਕ ਕਰਨ ਤਾਂ ਕਿ ਉਸ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਲਿਆਈ ਜਾ ਸਕੇ।ਇਸ ਮੌਕੇ 'ਤੇ ਸੰਸਥਾ ਦੇ ਪ੍ਰਧਾਨ ਜੇ.ਬੀ. ਬਹਿਲ, ਹੈਪੀ ਸਾਧੋਵਾਲ, ਓਂਕਾਰ ਸਿੰਘ, ਪ੍ਰੋ. ਜਗਦੀਸ਼ ਰਾਏ, ਮਦਨ ਮੋਹਨ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਦੀ ਮੀਟਿੰਗ: ਅਵਤਾਰ ਸਿੰਘ ਮਢਾਲੀ ਵਾਈਸ ਪ੍ਰਧਾਨ ਤੇ ਸ਼ਰਨਜੀਤ ਸਿੰਘ ਪ੍ਰੈਸ ਸਕੱਤਰ ਨਿਯੁਕਤ



ਬੰਗਾ, 12 ਫਰਵਰੀ (ਪ੍ਰਭਜੋਤ ਸਿੰਘ): ਅੱਜ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਬਲੋਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬੰਗਾ ਬਲਾਕ ਤੋਂ ਅਵਤਾਰ ਸਿੰਘ ਮਢਾਲੀ ਨੂੰ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦਾ ਵਾਈਸ ਪ੍ਰਧਾਨ ਲਗਾਇਆ ਗਿਆ। ਸ਼ਰਨਜੀਤ ਸਿੰਘ ਜੀਂਦੋਵਾਲ ਨੂੰ ਜ਼ਿਲ੍ਹਾ ਪ੍ਰੈਸ ਸਕੱਤਰ ਲਗਾਇਆ ਗਿਆ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਬਲੋਵਾਲ ਨੇ ਕਿਹਾ ਕਿ ਨਕਲੀ ਦੁੱਧ ਦੀ ਜਾਂਚ ਲਈ ਹਰੇਕ ਜ਼ਿਲ੍ਹੇ ਵਿੱਚ ਲੈਬਾਂ ਸਥਾਪਤ ਕੀਤੀਆਂ ਜਾਣ ਤੇ ਪੰਜਾਬ ਸਰਕਾਰ ਵੱਲੋਂ ਕੋਆਪ੍ਰੇਟਿਵ ਬੈਂਕਾਂ ਤੇ ਖੇਤੀਬਾੜੀ ਵਿਕਾਸ ਬੈਂਕਾਂ ਦੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਖਤਮ ਕਰਨ ਦੀ ਮੰਗ ਕੀਤੀ। ਇਸ ਸਮੇਂ ਪਹੁੰਚੇ ਹੋਏ ਆਗੂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਬੱਲੋਵਾਲ, ਜਸਪ੍ਰੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਜੀਂਦੋਵਾਲ ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਮੱਲਾ ਸੋਢੀਆਂ ਗੁਰਨੇਕ ਸਿੰਘ ਬਲਾਕ ਸੀਨੀਅਰ ਮੀਤ ਪ੍ਰਧਾਨ ਖਟਕੜ ਕਲਾਂ ਹੈਪੀ ਸਿੰਘ ਖਟਕੜ ਕਲਾਂ ਹਰਪ੍ਰੀਤ ਸਿੰਘ ਤੇ ਹੋਰ ਵੀ ਕਿਸਾਨ ਵੀਰ ਪਹੁੰਚੇ ਸਨ।

# ਹੋਟਲ 'ਚ ਨਾਬਾਲਗ ਵਿਦਿਆਰਥਣ ਦਾ ਕਤਲ

ਅਬੋਹਰ, 12 ਫਰਵਰੀ (ਚ.ਨ.ਸ): ਇਥੇ ਮਲੋਟ ਰੋਡ 'ਤੇ ਸਥਿਤ ਇੱਕ ਹੋਟਲ ਵਿੱਚ ਲੰਘੀ ਦੇਰ ਰਾਤ 17 ਸਾਲਾ ਵਿਦਿਆਰਥਣ ਦਾ ਕਤਲ ਕਰ ਦਿੱਤਾ ਗਿਆ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਨੌਜਵਾਨ ਨੂੰ ਗ੍ਰਿਫ਼ਤਾਰ ਕਰਕੇ ਜਾਂਚ ਵਿੱਢ ਦਿੱਤੀ ਹੈ। ਮ੍ਰਿਤਕ ਲੜਕੀ ਦੇ ਪਿਤਾ ਜੈ ਲਾਲ ਨੇ ਦੱਸਿਆ ਕਿ ਪਿੰਡ ਦੀ ਗਊਸ਼ਾਲਾ ਵਿੱਚ ਵਿਆਹ ਸਮਾਗਮ ਚੱਲ ਰਿਹਾ ਸੀ ਤੇ ਉਸ ਦੀ ਬੇਟੀ ਉੱਥੇ ਸੀ। ਜਦੋਂ ਉਹ ਦੇਰ ਰਾਤ ਤੱਕ ਘਰ ਨਾ ਪਰਤੀ ਤਾਂ ਪਰਿਵਾਰ ਨੇ ਉਸ ਦੀ ਭਾਲ ਸ਼ੁਰੂ ਕੀਤੀ। ਪੁਲਿਸ ਰਾਤ 11 ਕੁ ਵਜੇ ਉਨ੍ਹਾਂ ਦੇ ਘਰ ਆਈ ਤੇ ਪੁੱਛ-ਪੜਤਾਲ ਮਗਰੋਂ ਉਨ੍ਹਾਂ ਨੂੰ ਉਸ ਥਾਂ 'ਤੇ ਲੈ ਕੇ ਗਈ, ਜਿੱਥੇ ਲੜਕੀ ਦੀ ਲਾਸ਼ ਪਈ ਸੀ। ਮ੍ਰਿਤਕਾ ਦੀ ਮਾਂ ਨੇ ਦੱਸਿਆ ਕਿ ਉਸ ਦੀ ਧੀ 17 ਸਾਲ ਦੀ ਸੀ ਤੇ ਅਬੋਹਰ ਦੇ ਸਰਕਾਰੀ ਸਕੂਲ ਵਿੱਚ 11ਵੀਂ ਜਮਾਤ ਦੀ ਵਿਦਿਆਰਥਣ ਸੀ। ਉਹ ਪੰਜ ਭੈਣ-ਭਰਾਵਾਂ ਵਿੱਚੋਂ ਸਭ ਤੋਂ ਵੱਡੀ ਸੀ। ਉਨ੍ਹਾਂ ਦੋਸ਼ ਲਾਇਆ ਕਿ ਗੁਆਂਢ 'ਚ ਰਹਿੰਦਾ ਸਚਿਨ ਨਾਮ ਦਾ ਲੜਕਾ ਉਨ੍ਹਾਂ ਦੀ ਧੀ ਨੂੰ ਤੰਗ-ਪ੍ਰੇਸ਼ਾਨ ਕਰਦਾ ਸੀ। ਮ੍ਰਿਤਕਾ ਦੀ ਮਾਂ ਨੇ ਮੰਗ ਕੀਤੀ ਕਿ ਦੋਸ਼ੀ ਨੂੰ ਫਾਂਸੀ ਦਿੱਤੀ ਜਾਣੀ ਚਾਹੀਦੀ ਹੈ। ਥਾਣਾ ਨੰਬਰ 1 ਦੇ ਐਸਐਚਓ ਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਰਾਮਕੋਟ ਦੇ ਰਹਿਣ ਵਾਲੇ ਜਸਵੰਤ ਸਿੰਘ ਦੇ ਪੁੱਤਰ ਸਚਿਨ ਵਿਰੁੱਧ ਕੇਸ ਦਰਜ ਕਰ ਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਤੇ ਸਾਰੇ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ। ਲੜਕੀ ਦੀ ਲਾਸ਼ ਦੇ ਪੋਸਟਮਾਰਟਮ ਦੀ ਰਿਪੋਰਟ ਮਗਰੋਂ ਅਗਲੀ ਕਾਰਵਾਈ ਕੀਤੀ ਜਾਵੇਗੀ।




# ਅਮਰੀਕਾ ਤੇ ਕੈਨੇਡਾ ਦੇ ਸ਼ਹਿਰਾਂ 'ਚ 'ਸਾਕਾ ਨਕੋਦਰ' ਦਾ ਸ਼ਹੀਦੀ ਦਿਹਾੜਾ ਮਨਾਇਆ

ਜਲੰਧਰ, 12 ਫਰਵਰੀ (ਚ.ਨ.ਸ): ਪੰਜਾਬ 'ਚ 40 ਸਾਲ ਪਹਿਲਾਂ ਹੋਏ 'ਨਕੋਦਰ ਬੇਅਦਬੀ ਕਾਂਡ' ਨੂੰ ਅਮਰੀਕਾ ਤੇ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਨੇ 'ਸਾਕਾ ਨਕੋਦਰ ਦਿਵਸ' ਵਜੋਂ ਮਾਨਤਾ ਦਿੱਤੀ ਹੈ ਪਰ ਜਿੱਥੇ ਇਹ ਅਣਹੋਣੀ ਵਾਪਰੀ ਉਥੇ ਦੀਆਂ ਸਰਕਾਰਾਂ ਨੇ ਇਨਸਾਫ਼ ਨਹੀਂ ਦਿੱਤਾ। ਅਮਰੀਕੀ ਸੂਬੇ ਕੈਲੇਫੋਰਨੀਆ ਦੇ ਸ਼ਹਿਰ ਸਟੌਕਟਨ ਵਿਚ 10 ਫਰਵਰੀ ਤੇ ਗੁਰਦੁਆਰਾ ਸਾਹਿਬ ਸਿੱਖ ਕਲਚਰਲ ਸੁਸਾਇਟੀ, ਨਿਊਯਾਰਕ ਵਿੱਚ 8 ਫਰਵਰੀ ਨੂੰ ਸੰਗਤ ਵੱਲੋਂ ਸਾਕਾ ਨਕੋਦਰ ਦੇ ਸ਼ਹੀਦਾਂ 40ਵਾਂ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਜ਼ਿਕਰਯੋਗ ਹੈ ਕਿ 2 ਫਰਵਰੀ 1986 ਨੂੰ ਨਕੋਦਰ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਜ ਸਰੂਪ ਸਾੜ ਦਿੱਤੇ ਗਏ ਸਨ। ਇਸ ਘਟਨਾ ਖਿਲਾਫ਼ ਸੰਗਤ ਨੇ 4 ਫਰਵਰੀ 1986 ਨੂੰ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਸੀ ਪਰ ਪੁਲਿਸ ਵੱਲੋਂ ਬਿਨਾਂ ਚਿਤਾਵਨੀ ਦਿੱਤੇ ਕੀਤੀ ਗੋਲੀਬਾਰੀ ਦੌਰਾਨ ਚਾਰ ਸਿੱਖ ਨੌਜਵਾਨ ਭਾਈ ਰਵਿੰਦਰ ਸਿੰਘ, ਭਾਈ ਹਰਮਿੰਦਰ ਸਿੰਘ, ਭਾਈ ਬਲਧੀਰ ਸਿੰਘ ਤੇ ਭਾਈ ਝਿਲਮਣ ਸਿੰਘ ਗੋਰਸੀਆ ਸ਼ਹੀਦ ਹੋ ਗਏ ਸਨ। ਸ਼ਹੀਦ ਚਾਰ ਸਿੱਖ ਨੌਜਵਾਨਾਂ ਵਿੱਚੋਂ ਸਿਰਫ਼ ਸ਼ਹੀਦ ਰਵਿੰਦਰ ਸਿੰਘ ਲਿੱਤਰਾਂ ਦੇ ਬਾਪੂ ਬਲਦੇਵ ਸਿੰਘ ਇਸ ਕੇਸ ਦੀ ਪੈਰਵਾਈ ਕਰ ਰਹੇ ਹਨ। ਬਾਕੀ ਤਿੰਨ ਨੌਜਵਾਨਾਂ ਦੇ ਮਾਪੇ ਇਨਸਾਫ਼ ਦੀ ਉਡੀਕ ਕਰਦੇ-ਕਰਦੇ ਰੱਬ ਨੂੰ ਪਿਆਰੇ ਹੋ ਚੁੱਕੇ ਹਨ। ਅਮਰੀਕਾ ਵਿੱਚ ਰਹਿੰਦੇ ਡਾ. ਹਰਿੰਦਰ ਸਿੰਘ ਲਿੱਤਰਾਂ ਨੇ ਦੋਵੇਂ ਥਾਵਾਂ 'ਤੇ ਹੋਏ ਸਮਾਗਮਾਂ 'ਚ ਇਨਸਾਫ਼ ਲਈ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਦੱਸਿਆ ਕਿ 40 ਵਰ੍ਹੇ ਪਹਿਲਾਂ ਦੇ 'ਸਾਕਾ ਨਕੋਦਰ' ਅਤੇ 2015 ਵਿੱਚ ਵਾਪਰੇ ਬਰਗਾੜੀ ਕਾਂਡ ਵਿੱਚ ਬਹੁਤ ਸਮਾਨਤਾਵਾਂ ਹਨ। ਇਸ ਤੋਂ ਸਪੱਸ਼ਟ ਹੈ ਕਿ ਪੁਲਿਸ ਤੇ ਸਰਕਾਰਾਂ ਦਾ ਜੋ ਵਤੀਰਾ 1986 'ਚ ਸੀ, ਉਹੀ ਅਕਤੂਬਰ 2015 ਵਿੱਚ ਵੀ ਸੀ। ਨਕੋਦਰ ਬੇਅਦਬੀ ਕਾਂਡ ਦੀ ਜਾਂਚ ਲਈ ਬਣੇ ਜਸਟਿਸ ਗੁਰਨਾਮ ਸਿੰਘ ਨਿਆਂਇਕ ਜਾਂਚ ਰਿਪੋਰਟ ਦੇ ਦੋ ਭਾਗ ਸਨ ਪਰ ਇੱਕ ਲੱਭ ਨਹੀਂ ਰਿਹਾ। ਡਾ. ਹਰਿੰਦਰ ਸਿੰਘ ਨੇ ਦੱਸਿਆ ਕਿ 'ਨਕੋਦਰ ਬੇਅਦਬੀ ਕਾਂਡ' ਨੂੰ ਸੰਯੁਕਤ ਰਾਸ਼ਟਰ (ਜਨੇਵਾ), ਅਮਰੀਕੀ ਕਾਂਗਰਸ ਤੇ ਕੈਲੀਫੋਰਨੀਆ ਸਟੇਟ ਅਸੈਂਬਲੀ ਵੱਲੋਂ ਪਿਛਲੇ ਸਾਲਾਂ ਦੌਰਾਨ ਕੌਮਾਂਤਰੀ ਮਾਨਤਾ ਮਿਲੀ ਸੀ।



# ਟਰੰਪ ਨੂੰ ਪੁਲ ਲਈ ਪਰਮਿਟ ਨਵਿਆਉਣ ਦਾ ਅਧਿਕਾਰ: ਵ੍ਹਾਈਟ ਹਾਊਸ

## ☛ਅਮਰੀਕਾ-ਕੈਨੇਡਾ: ਨਵੇਂ ਪੁਲ ਬਾਰੇ ਰੇੜਕਾ ਲੰਮਾ ਖਿੱਚਣ ਦੇ ਆਸਾਰ

ਵਾਸ਼ਿੰਗਟਨ, 12 ਫਰਵਰੀ (ਚ.ਨ.ਸ): ਵ੍ਹਾਈਟ ਹਾਊਸ ਨੇ ਕਿਹਾ ਕਿ ਰਾਸ਼ਟਰਪਤੀ ਡੌਨਲਡ ਟਰੰਪ ਨੂੰ ਕੈਨੇਡਾ ਤੇ ਮਿਸ਼ੀਗਨ ਦਰਮਿਆਨ ਨਵੇਂ ਪੁਲ ਲਈ ਪਰਮਿਟ ਨਵਿਆਉਣ ਦਾ ਅਧਿਕਾਰ ਹੈ। ਵ੍ਹਾਈਟ ਹਾਊਸ ਦੇ ਇਸ ਬਿਆਨ ਨਾਲ ਅਮਰੀਕਾ ਤੇ ਇਸ ਦੇ ਉੱਤਰੀ ਗੁਆਂਢੀ ਦਰਮਿਆਨ ਤਾਜ਼ਾ ਵਿਵਾਦ ਹੋਰ ਲੰਮਾ ਖਿੱਚਣ ਦੇ ਆਸਾਰ ਹਨ, ਕਿਉਂਕਿ ਕੈਨੇਡੀਅਨ ਪ੍ਰਧਾਨ ਮੰਤਰੀ ਨੇ ਕੁਝ ਘੰਟੇ ਪਹਿਲਾਂ ਇਸ਼ਾਰਾ ਕੀਤਾ ਸੀ ਕਿ ਦੋਵਾਂ ਮੁਲਕਾਂ ਦਰਮਿਆਨ ਤਣਾਅ ਘੱਟ ਹੋ ਸਕਦਾ ਹੈ। ਓਂਟਾਰੀਓ ਤੇ ਮਿਸ਼ੀਗਨ ਨੂੰ ਜੋੜਨ ਵਾਲਾ ਗੋਰਡੀ ਹੋਵ ਕੌਮਾਂਤਰੀ ਪੁਲ, ਜੋ ਦੋਵਾਂ ਮੁਲਕਾਂ ਦਰਮਿਆਨ ਅਹਿਮ ਆਰਥਿਕ ਸਾਹਰਗ ਹੋਵੇਗਾ। ਇਸ ਸਾਲ ਦੀ ਸ਼ੁਰੂਆਤ ਵਿਚ ਖੁੱਲ੍ਹਣ ਵਾਲਾ ਹੈ। ਟਰੰਪ ਨੇ ਹੁਣ ਇਸ ਪੁਲ ਨੂੰ ਖੋਲ੍ਹਣ ਤੋਂ ਰੋਕਣ ਦੀ ਧਮਕੀ ਦਿੰਦਿਆਂ ਕੈਨੇਡਾ ਨੂੰ ਕੁਝ ਮੰਗਾਂ ਲਈ ਸਹਿਮਤੀ ਦੇਣ ਲਈ ਕਿਹਾ ਹੈ। ਦੋਵੇਂ ਮੁਲਕ ਇਸ ਸਾਲ ਦੇ ਅਖੀਰ ਵਿਚ ਵੱਡੇ ਵਪਾਰ ਸਮਝੌਤੇ ਬਾਰੇ ਮੁੜ ਤੋਂ ਗੱਲਬਾਤ ਕਰਨ ਦੀ ਤਿਆਰੀ ਕਰ ਰਹੇ ਹਨ। ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਟਰੰਪ ਨਾਲ ਗੱਲਬਾਤ ਕੀਤੀ ਹੈ। ਉਨ੍ਹਾਂ ਆਸ ਜਤਾਈ ਸੀ ਕਿ ਮਸਲਾ ਜਲਦੀ ਸੁਲਝ ਜਾਵੇਗਾ। ਹਾਲਾਂਕਿ ਵ੍ਹਾਈਟ ਹਾਊਸ ਦੇ ਅਧਿਕਾਰੀ ਨੇ ਮਗਰੋਂ ਕਿਹਾ ਕਿ ਇਸ ਪੁਲ ਦਾ ਮਾਲਕੀ ਢਾਂਚਾ ਅਮਰੀਕੀ ਰਾਸ਼ਟਰਪਤੀ ਨੂੰ ਸਵੀਕਾਰ ਨਹੀਂ ਹੈ। ਇਸ ਪੁਲ, ਜਿਸ ਦਾ ਨਾਮ ਕੈਨੇਡਾ ਵਿਚ ਜੰਮੇ ਡੈਟਰੌਇਟ ਰੈੱਡ ਵਿੰਗਜ਼ ਹਾਕੀ ਸਟਾਰ ਉੱਤੇ ਰੱਖਿਆ ਗਿਆ ਹੈ, ਲਈ ਭੁਗਤਾਨ ਕੈਨੇਡਾ ਨੇ ਕੀਤਾ ਹੈ। ਸਾਲ 2018 ਤੋਂ ਇਸ ਦੀ ਉਸਾਰੀ ਦਾ ਕੰਮ ਜਾਰੀ ਹੈ। ਅਧਿਕਾਰੀ ਨੇ ਕਿਹਾ ਕਿ ਸਾਰੇ ਕੌਮਾਂਤਰੀ ਬੁਨਿਆਦੀ ਢਾਂਚਾ ਪ੍ਰਾਜੈਕਟਾਂ ਲਈ ਰਾਸ਼ਟਰਪਤੀ ਦੀ ਪ੍ਰਵਾਨਗੀ ਲੋੜੀਂਦੀ ਹੁੰਦੀ ਹੈ, ਅਤੇ ਟਰੰਪ ਨੂੰ ਪਰਮਿਟ ਵਿੱਚ ਸੋਧ ਕਰਨ ਦਾ ਅਧਿਕਾਰ ਹੈ।



# ਵਿਧਾਇਕ ਰਾਏ ਤੇ ਡੀ.ਸੀ. ਡਾ. ਥਿੰਦ ਨੇ ਸਖੀ ਸ਼ਕਤੀ ਮੇਲੇ ਦੀ ਰਸਮੀ ਸ਼ੁਰੂਆਤ ਕਰਵਾਈ




ਸ੍ਰੀ ਫ਼ਤਹਿਗੜ੍ਹ ਸਾਹਿਬ, 12 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਤੇ ਉਦਯੋਗ ਅਤੇ ਵਣਜ ਵਿਭਾਗ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀ ਯੋਗ ਅਗਵਾਈ ਹੇਠ ਆਮ ਖਾਸ ਬਾਗ ਵਿਖੇ ਲਗਾਏ ਪੰਜਾਬ ਸਖੀ ਸ਼ਕਤੀ ਮੇਲੇ ਵਿੱਚ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਤੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸ਼ਮਾਂ ਰੌਸ਼ਨ ਕਰਕੇ ਮੇਲੇ ਦੀ ਰਸਮੀ ਸ਼ੁਰੂਆਤ ਕਰਵਾਈ।ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ਸਖੀ ਸ਼ਕਤੀ ਮੇਲੇ ਦਾ ਮੁੱਖ ਉਦੇਸ਼ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣਾ ਤੇ ਉਨ੍ਹਾਂ ਦੇ ਉਤਪਾਦਾਂ ਨੂੰ ਵੱਡਾ ਮੰਚ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਹਰੇਕ ਖੇਤਰ ਵਿੱਚ ਬਿਹਤਰ ਸੁਵਿਧਾਵਾਂ ਦੇਣ ਲਈ ਅਹਿਮ ਭੂਮਿਕਾ ਨਿਭਾ ਰਹੀ ਹੈ।ਉਨ੍ਹਾਂ ਕਿਹਾ ਕਿ ਸਖੀ ਸ਼ਕਤੀ ਮੇਲੇ ਔਰਤਾਂ ਨੂੰ ਜਿਥੇ ਕਿੱਤਾ ਮੁਖੀ ਕੰਮਾਂ ਨਾਲ ਜੋੜਨ ਵਿੱਚ ਸਹਿਯੋਗ ਕਰਨਗੇ, ਉਥੇ ਹੀ ਮਹਿਲਾਵਾਂ ਨੂੰ ਹੱਥੀਂ ਕੰਮ ਕਰਨ ਦੇ ਹੁਨਰ ਨਾਲ ਜੋੜ ਕੇ ਆਪਣੇ ਪਰਿਵਾਰਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਸਾਬਤ ਹੋਣਗੇ।ਉਨ੍ਹਾਂ ਕਿਹਾ ਕਿ ਅਜਿਹੇ ਮੇਲਿਆਂ ਨਾਲ ਔਰਤਾਂ ਅੰਦਰ ਉਤਸ਼ਾਹ ਪੈਦਾ ਹੁੰਦਾ ਹੈ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ਼ ਇੱਕ ਨਾਅਰਾ ਨਹੀਂ, ਸਗੋਂ ਸਮਾਜਿਕ ਬਦਲਾਅ ਦੀ ਮਜ਼ਬੂਤ ਨੀਂਹ ਹੈ। ਇਸ ਮੇਲੇ ਵਿੱਚ ਘਰੇਲੂ ਸਮੱਗਰੀ ਸਮਾਨ, ਹੱਥੀ ਬਣਾਏ ਘਰੇਲੂ ਸਾਜੋ ਸਮਾਨ ਤੇ ਆਰਗੈਨਿਕ ਉਤਪਾਦ, ਅਚਾਰ, ਮੁਰੱਬੇ ਤੇ ਜੈਮ ਸਟਾਲ, ਮਹਿੰਦੀ, ਪਰਫਿਊਮ, ਕੈਂਡਲ ਸਟਾਲ, ਸਭਿਆਚਾਰਕ ਪ੍ਰੋਗਰਾਮ, ਨੇਲ ਆਰਟ, ਬੱਚਿਆਂ ਲਈ ਝੂਲੇ, ਨੌਜਵਾਨਾਂ ਲਈ ਟੈਟੂ ਆਰਟ, ਲਾਈਵ ਸਕੈਚਿੰਗ ਤੇ ਲਾਈਵ ਫੂਡ ਸਟਾਲਾਂ ਦੀ ਪ੍ਰਦਰਸ਼ਨੀ ਦਾ ਦੌਰਾ ਕੀਤਾ ਗਿਆ ਤੇ ਸਵੈ ਸਹਾਇਤਾ ਸਮੂਹ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਸਮੇਤ ਹੋਰ ਆਗੂ ਤੇ ਅਧਿਕਾਰੀ ਹਾਜ਼ਰ ਸਨ।

# ਔਰਤ ਨਾਲ ਜਬਰ-ਜਨਾਹ ਦੇ ਮਾਮਲੇ 'ਚ ਸੀਆਈਏ ਥਾਣੇਦਾਰ ਨੂੰ ਉਮਰ ਕੈਦ ਦੀ ਸਜ਼ਾ

ਬਠਿੰਡਾ, 12 ਫਰਵਰੀ (ਜਗਸੀਰ ਭੁੱਲਰ): ਸਾਲ 2021 'ਚ ਇਕ ਔਰਤ ਨਾਲ ਜਬਰ-ਜਨਾਹ ਦੇ ਗੰਭੀਰ ਮਾਮਲੇ 'ਚ ਨਾਮਜ਼ਦ ਸੀ. ਆਈ. ਏ. ਦੇ ਥਾਣੇਦਾਰ ਗੁਰਵਿੰਦਰ ਸਿੰਘ ਨੂੰ ਜ਼ਿਲ੍ਹਾ ਅਦਾਲਤ ਨੇ ਬੁੱਧਵਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ, ਜਿਸ ਨਾਲ ਪੁਲਿਸ ਮਹਿਕਮੇ 'ਚ ਹਲਚਲ ਮਚ ਗਈ ਹੈ। ਅਦਾਲਤ ਦੇ ਇਸ ਫ਼ੈਸਲੇ ਨੂੰ ਕਾਨੂੰਨ ਵਿਵਸਥਾ ਅਤੇ ਮਹਿਲਾ ਸੁਰੱਖਿਆ ਲਈ ਵੱਡਾ ਅਤੇ ਇਤਿਹਾਸਕ ਸੰਦੇਸ਼ ਮੰਨਿਆ ਜਾ ਰਿਹਾ ਹੈ। ਮਾਮਲੇ ਦੇ ਮੁੱਖ ਗਵਾਹ ਅਨੁਸਾਰ ਮਈ 2021 'ਚ ਥਾਣੇਦਾਰ ਗੁਰਵਿੰਦਰ ਸਿੰਘ ਨੇ ਨਸ਼ਾ ਸਮੱਗਲਿੰਗ ਦੇ ਇਕ ਕੇਸ 'ਚ ਪੀੜਤਾ ਦੇ ਪੁੱਤਰ ਨੂੰ ਥਾਣਾ ਕੈਂਟ 'ਚ ਨਾਮਜ਼ਦ ਕੀਤਾ ਸੀ। ਇਸ ਤੋਂ ਬਾਅਦ ਉਹ ਨੌਜਵਾਨ ਦੀ ਮਾਂ ਨੂੰ ਡਰਾਉਣ-ਧਮਕਾਉਣ ਲੱਗ ਪਿਆ ਤੇ ਕੇਸ 'ਚ ਫਸਾਉਣ ਦੀ ਧਮਕੀ ਦੇ ਕੇ ਉਸ 'ਤੇ ਸਰੀਰਕ ਸਬੰਧ ਬਣਾਉਣ ਦਾ ਦਬਾਅ ਬਣਾਉਂਦਾ ਰਿਹਾ। ਗਵਾਹ ਨੇ ਦੱਸਿਆ ਕਿ 10 ਮਈ 2021 ਨੂੰ ਥਾਣੇਦਾਰ ਨੇ ਪਹਿਲਾਂ ਆਪਣੀ ਗੱਡੀ 'ਚ ਔਰਤ ਨਾਲ ਜਬਰ-ਜਨਾਹ ਕੀਤਾ ਅਤੇ ਅਗਲੇ ਦਿਨ ਰਾਤ ਨੂੰ ਉਹ ਪੀੜਤਾ ਦੇ ਘਰ ਪਹੁੰਚ ਗਿਆ, ਜਿੱਥੇ ਜ਼ਬਰਦਸਤੀ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ। ਔਰਤ ਦੇ ਸ਼ੋਰ ਮਚਾਉਣ 'ਤੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਮੁਲਜ਼ਮ ਨੂੰ ਮੌਕੇ 'ਤੇ ਹੀ ਫੜ੍ਹ ਕੇ ਥਾਣਾ ਨਥਾਣਾ ਪੁਲਿਸ ਦੇ ਹਵਾਲੇ ਕਰ ਦਿੱਤਾ। ਥਾਣਾ ਨਥਾਣਾ ਪੁਲਿਸ ਨੇ ਮੁਲਜ਼ਮ ਥਾਣੇਦਾਰ ਖ਼ਿਲਾਫ਼ ਜਬਰ-ਜਨਾਹ ਸਮੇਤ ਹੋਰ ਗੰਭੀਰ ਧਾਰਾਵਾਂ ਹੇਠ ਕੇਸ ਦਰਜ ਕੀਤਾ ਸੀ। ਚਾਰ ਸਾਲ ਤੱਕ ਚੱਲੇ ਲੰਬੇ ਟ੍ਰਾਇਲ ਤੋਂ ਬਾਅਦ ਅਦਾਲਤ ਨੇ ਉਸਨੂੰ ਦੋਸ਼ੀ ਕਰਾਰ ਦਿੰਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ। ਗਵਾਹ ਨੇ ਦੱਸਿਆ ਕਿ ਟ੍ਰਾਇਲ ਦੌਰਾਨ ਉਨ੍ਹਾਂ ਅਤੇ ਪੀੜਤਾ ਨੂੰ ਗੈਂਗਸਟਰਾਂ ਵੱਲੋਂ ਕੇਸ ਤੋਂ ਹਟਣ ਲਈ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਮਿਲੀਆਂ ਪਰ ਉਨ੍ਹਾਂ ਨੇ ਡਰਨ ਦੀ ਬਜਾਏ ਕਾਨੂੰਨ ਦੀ ਲੜਾਈ ਜਾਰੀ ਰੱਖੀ ਅਤੇ ਆਖਰਕਾਰ ਮੁਲਜ਼ਮ ਨੂੰ ਸਜ਼ਾ ਦਿਵਾਉਣ 'ਚ ਸਫ਼ਲਤਾ ਹਾਸਲ ਕੀਤੀ। ਅਦਾਲਤ ਦੇ ਇਸ ਫ਼ੈਸਲੇ ਨੂੰ ਮਹਿਲਾ ਸੁਰੱਖਿਆ ਅਤੇ ਪੁਲਿਸ ਜਵਾਬਦੇਹੀ ਲਈ ਇਕ ਮਜ਼ਬੂਤ ਮਿਸਾਲ ਮੰਨਿਆ ਜਾ ਰਿਹਾ ਹੈ, ਜਿਸ ਨਾਲ ਸਾਫ ਸੰਦੇਸ਼ ਗਿਆ ਹੈ ਕਿ ਵਰਦੀ 'ਚ ਅਪਰਾਧ ਕਰਨ ਵਾਲਿਆਂ ਨੂੰ ਵੀ ਕਾਨੂੰਨ ਅੱਗੇ ਬਖਸ਼ਿਆ ਨਹੀਂ ਜਾਵੇਗਾ।



# ਸੂਟਕੇਸ 'ਚੋਂ ਲੜਕੀ ਦੀ ਲਾਸ਼ ਮਿਲੀ

ਬਠਿੰਡਾ, 12 ਫਰਵਰੀ (ਜਗਸੀਰ ਭੁੱਲਰ): ਬਠਿੰਡਾ-ਮਲੋਟ ਹਾਈਵੇਅ 'ਤੇ ਸਥਿਤ ਪਿੰਡ ਬਹਿਮਣ ਦੀਵਾਨਾ ਨੇੜੇ ਸੜਕ ਕੰਢਿਓਂ ਲਾਲ ਸੂਟਕੇਸ ਵਿੱਚ ਬੰਦ ਲੜਕੀ ਦੀ ਲਾਸ਼ ਮਿਲੀ ਹੈ। ਘਟਨਾ ਬਾਰੇ ਉਦੋਂ ਪਤਾ ਲੱਗਾ ਜਦੋਂ ਕੁੱਤੇ ਸੂਟਕੇਸ 'ਚੋਂ ਲਾਸ਼ ਨੂੰ ਨੋਚ ਰਹੇ ਸਨ। ਚਸ਼ਮਦੀਦਾਂ ਵੱਲੋਂ ਸੂਚਨਾ ਦੇਣ ਮਗਰੋਂ ਮੌਕੇ 'ਤੇ ਪਹੁੰਚੇ ਸਹਾਰਾ ਵੈੱਲਫ਼ੇਅਰ ਸੁਸਾਇਟੀ ਦੇ ਕਾਰਕੁੰਨਾਂ ਤੇ ਪੁਲਿਸ ਵੱਲੋਂ ਸੂਟਕੇਸ ਖੋਲ੍ਹਣ 'ਤੇ ਉਸ 'ਚੋਂ ਲੜਕੀ ਦੀ ਸੜੀ ਹੋਈ ਲਾਸ਼ ਮਿਲੀ। ਥਾਣਾ ਸਦਰ ਦੇ ਐੱਸ ਐੱਚ ਓ ਇੰਸਪੈਕਟਰ ਜਸਵਿੰਦਰ ਸਿੰਘ ਤੇ ਡੀ ਐੱਸ ਪੀ ਹਰਵਿੰਦਰ ਸਿੰਘ ਸਣੇ ਫ਼ੋਰੈਂਸਿਕ ਮਾਹਿਰਾਂ ਦੀ ਟੀਮ ਨੇ ਤਕਨੀਕੀ ਆਧਾਰ 'ਤੇ ਪ੍ਰਮਾਣ ਇਕੱਠੇ ਕੀਤੇ। ਪੁਲਿਸ ਨੇ ਲਾਸ਼ ਪੋਸਟਮਾਰਟਮ ਲਈ ਭੇਜ ਦਿੱਤੀ ਤੇ ਰਿਪੋਰਟ ਆਉਣ 'ਤੇ ਮੌਤ ਦੇ ਸਹੀ ਕਾਰਨ ਦਾ ਪਤਾ ਲੱਗੇਗਾ। ਪੁਲਿਸ ਨੇ ਕਿਹਾ ਕਿ ਲਾਸ਼ ਕੁਝ ਦਿਨ ਪੁਰਾਣੀ ਜਾਪਦੀ ਹੈ ਜੋ ਖਰਾਬ ਹਾਲਤ ਵਿੱਚ ਸੀ ਤੇ ਹੋ ਸਕਦਾ ਹੈ ਕਿ ਕਤਲ ਕਿਤੇ ਹੋਰ ਥਾਂ ਕਰ ਕੇ ਲਾਸ਼ ਇੱਥੇ ਸੁੱਟੀ ਗਈ ਹੋਵੇ। ਉਂਝ ਮੁੱਢਲੇ ਤੌਰ 'ਤੇ ਲੜਕੀ ਦੇ ਸਰੀਰ 'ਤੇ ਡੂੰਘੇ ਜ਼ਖ਼ਮਾਂ ਦੇ ਨਿਸ਼ਾਨਾਂ ਤੋਂ ਤੇਜ਼ਧਾਰ ਹਥਿਆਰਾਂ ਦੀ ਵਰਤੋਂ ਅਤੇ ਕਾਤਲਾਂ ਵੱਲੋਂ ਲਾਸ਼ ਨੂੰ ਸਾੜਨ ਦੀ ਕੋਸ਼ਿਸ਼ ਕੀਤੀ ਗਈ ਲੱਗਦੀ ਹੈ। ਮ੍ਰਿਤਕ ਲੜਕੀ ਦੀ ਉਮਰ ਕਰੀਬ 20 ਕੁ ਸਾਲ ਦੱਸੀ ਗਈ ਹੈ। ਪੁਲਿਸ ਵੱਲੋਂ ਲੜਕੀ ਦੀ ਸ਼ਨਾਖ਼ਤ ਲਈ ਬਠਿੰਡਾ ਜ਼ਿਲ੍ਹੇ ਤੋਂ ਇਲਾਵਾ ਗੁਆਂਢੀ ਖੇਤਰਾਂ ਦੇ ਪੁਲਿਸ ਕੇਂਦਰਾਂ ਤੋਂ ਗੁੰਮਸ਼ੁਦਗੀ ਦੀਆਂ ਰਿਪੋਰਟਾਂ ਤੇ ਸੂਟਕੇਸ ਬਰਾਮਦਗੀ ਵਾਲੀ ਜਗ੍ਹਾ ਨੇੜਲੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ।



# ਰਾਜਪਾਲ ਵੱਲੋਂ ਹੁਸੈਨੀਵਾਲਾ ਸ਼ਹੀਦੀ ਸਮਾਰਕ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ




ਫਿਰੋਜ਼ਪੁਰ, 12 ਫਰਵਰੀ (ਤਿਵਾੜੀ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਫ਼ਿਰੋਜ਼ਪੁਰ ਵਿਖੇ ਸਥਿਤ ਇਤਿਹਾਸਕ ਹੁਸੈਨੀਵਾਲਾ ਸ਼ਹੀਦੀ ਸਮਾਰਕ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਕੁਰਬਾਨੀਆਂ ਦੇਣ ਵਾਲੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ ਤੇ ਬੀ.ਕੇ. ਦੱਤ ਦੀ ਸਮਾਧੀ 'ਤੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ।ਇਸ ਮੌਕੇ ਮਾਨਯੋਗ ਰਾਜਪਾਲ ਵੱਲੋਂ ਵਾਰ ਮੈਮੋਰੀਅਲ ਵਿਖੇ ਵੀ ਸ਼ਰਧਾ ਦੇ ਫੁੱਲ ਭੇਟ ਕਰਕੇ ਦੇਸ਼ ਦੇ ਸ਼ਹੀਦਾਂ ਨੂੰ ਨਮਨ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਡੇ ਲਈ ਪ੍ਰੇਰਨਾ ਸਰੋਤ ਹਨ ਤੇ ਦੇਸ਼ ਵਾਸੀਆਂ ਦਾ ਫਰਜ਼ ਹੈ ਕਿ ਅਸੀਂ ਦੇਸ਼ ਦੀ ਏਕਤਾ, ਅਖੰਡਤਾ ਤੇ ਸੰਪ੍ਰਭੂਤਾ ਨੂੰ ਸਦਾ ਮਜ਼ਬੂਤ ਬਣਾਈਏ। ਇਸ ਮੌਕੇ ਰਾਜਪਾਲ ਪੰਜਾਬ ਦੇ ਸਕੱਤਰ ਵਿਵੇਕ ਪ੍ਰਤਾਪ ਸਿੰਘ, ਡਾਇਰੈਕਟਰ ਜਨਗਣਨਾ ਸੰਚਾਲਨ ਲਲਿਤ ਜੈਨ, ਰੈੱਡ ਕਰਾਸ ਦੇ ਸਕੱਤਰ ਸ਼ਿਵ ਦੁਲਾਰ ਸਿੰਘ ਢਿੱਲੋਂ, ਡਿਪਟੀ ਕਮਿਸ਼ਨਰ ਦੀਪ ਸਿਖ਼ਾ ਸ਼ਰਮਾ, ਐੱਸ. ਐੱਸ. ਪੀ ਭੁਪਿੰਦਰ, ਫੌਜ ਦੇ ਅਧਿਕਾਰੀ ਤੇ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਦੂਸਰਾ ਨੈਸ਼ਨਲ ਮੂਟ ਕੋਰਟ ਮੁਕਾਬਲਾ 3 ਤੋਂ 5 ਅਪ੍ਰੈਲ ਨੂੰ



ਸ੍ਰੀ ਫ਼ਤਹਿਗੜ੍ਹ ਸਾਹਿਬ, 12 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ ਦੂਸਰਾ ਨੈਸ਼ਨਲ ਮੂਟ ਕੋਰਟ ਮੁਕਾਬਲਾ, 2026 ਐਲਾਨਿਆ ਗਿਆ ਹੈ, ਜਿਸ ਵਿੱਚ ਦੇਸ਼ ਭਰ ਦੇ ਕਾਨੂੰਨ ਦੇ ਵਿਦਿਆਰਥੀਆਂ ਨੂੰ ਭਾਗ ਲੈਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਇਹ ਮੁਕਾਬਲਾ 3 ਤੋਂ 5 ਅਪ੍ਰੈਲ ਤੱਕ ਯੂਨੀਵਰਸਿਟੀ ਕੈਂਪਸ ਵਿੱਚ ਆਯੋਜਿਤ ਕੀਤਾ ਜਾਵੇਗਾ।ਮੁਕਾਬਲੇ ਦਾ ਅਧਿਕਾਰਕ ਫਲਾਇਰ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ; ਪ੍ਰੋ. (ਡਾ.) ਅਮੀਤਾ ਕੌਸ਼ਲ, ਮੁਖੀ ਅਤੇ ਡੀਨ, ਯੂਨੀਵਰਸਿਟੀ ਸਕੂਲ ਆਫ ਲਾਅ; ਡਾ. ਸਿਕੰਦਰ ਸਿੰਘ, ਡੀਨ ਭਲਾਈ ਵਿਦਿਆਰਥੀ; ਜਗਜੀਤ ਸਿੰਘ, ਡਿਪਟੀ ਰਜਿਸਟਰਾਰ; ਅਤੇ ਡਾ. ਨਵਨੀਤ ਕੌਰ, ਕਨਵੀਨਰ ਵੀ ਹਾਜ਼ਰ ਸਨ।ਇਸ ਮੌਕੇ ਗੱਲ ਕਰਦੇ ਹੋਏ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ ਨੇ ਮੂਟ ਕੋਰਟ ਮੁਕਾਬਲਿਆਂ ਦੀ ਮਹੱਤਤਾ ਉਤੇ ਰੌਸ਼ਨੀ ਪਾਈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਰਾਸ਼ਟਰੀ ਪੱਧਰ ਦੇ ਅਕਾਦਮਿਕ ਉਪਰਾਲੇ ਸਿਧਾਂਤਕ ਕਾਨੂੰਨੀ ਸਿੱਖਿਆ ਅਤੇ ਪ੍ਰੈਕਟੀਕਲ ਐਡਵੋਕੇਸੀ ਵਿਚਕਾਰ ਦੀ ਖਾਈ ਨੂੰ ਪਾਟਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਮੁਕਾਬਲੇ ਵਿਦਿਆਰਥੀਆਂ ਵਿੱਚ ਕਾਨੂੰਨੀ ਤਰਕਸ਼ੀਲ ਸਮਰੱਥਾ, ਪੇਸ਼ੇਵਰ ਯੋਗਤਾ ਤੇ ਨੈਤਿਕ ਵਕਾਲਤ ਦੇ ਗੁਣਾਂ ਨੂੰ ਮਜ਼ਬੂਤ ਬਣਾਉਂਦੇ ਹਨ। ਪ੍ਰੋ. (ਡਾ.) ਅਮੀਤਾ ਕੌਸ਼ਲ ਨੇ ਦੱਸਿਆ ਕਿ ਇਸ ਮੁਕਾਬਲੇ ਦਾ ਮੁੱਖ ਉਦੇਸ਼ ਕਾਨੂੰਨ ਵਿਦਿਆਰਥੀਆਂ ਨੂੰ ਗਹਿਰੇ ਕਾਨੂੰਨੀ ਖੋਜ, ਤਰਕ-ਵਿਤਰਕ ਤੇ ਅਦਾਲਤੀ ਪ੍ਰਕਿਰਿਆ ਦੀ ਅਨੁਭਵਾਤਮਕ ਸਿੱਖਿਆ ਮੁਹੱਈਆ ਕਰਵਾਉਣਾ ਹੈ।

# ਨਟਰੰਗ ਅਬੋਹਰ ਨੇ 48ਵੇਂ ਨਾਟਕ ਤੇ ਨਾਚ ਮੁਕਾਬਲੇ 'ਚ 16 ਇਨਾਮ ਜਿੱਤ ਕੇ ਕਰਵਾਇਆ ਨਾਂ ਰੌਸ਼ਨ

ਫਾਜ਼ਿਲਕਾ, 12 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ਼੍ਰੀ ਮਹਾਸ਼ਕਤੀ ਕਲਾ ਮੰਦਰ ਬਰਨਾਲਾ ਵੱਲੋਂ ਆਯੋਜਿਤ 48ਵੇਂ ਨਾਟਕ ਅਤੇ ਨਾਚ ਮੁਕਾਬਲੇ ਦੇ ਜੇਤੂਆਂ ਦਾ ਸਨਮਾਨ ਸਮਾਰੋਹ ਕਲਾ ਭਵਨ, ਅਬੋਹਰ ਵਿਖੇ ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ। ਸਮਾਰੋਹ ਦੇ ਮੁੱਖ ਮਹਿਮਾਨ ਡਾ. ਵਿਜੇ ਗਰੋਵਰ (ਪ੍ਰਿੰਸੀਪਲ, ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ, ਅਬੋਹਰ) ਅਤੇ ਵਿਸ਼ੇਸ਼ ਮਹਿਮਾਨ ਸ਼੍ਰੀ ਸੰਜੀਵ ਕੁਮਾਰ (ਪ੍ਰਧਾਨ, ਟੀਚਰਜ਼ ਕਲੱਬ ਅਬੋਹਰ) ਸਨ। ਇਹ ਸਮਾਗਮ ਰੰਗਮੰਚ ਲਈ ਸਮਰਪਿਤ ਨੌਜਵਾਨ ਨਿਰਦੇਸ਼ਕ ਡਾ. ਗੌਰਵ ਵਿੱਜ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ।ਸੁਆਗਤ ਭਾਸ਼ਣ ਦੌਰਾਨ ਭੁਪਿੰਦਰ ਉਤਰੇਜਾ ਨੇ ਦੱਸਿਆ ਕਿ ਨਟਰੰਗ ਅਬੋਹਰ ਨੇ ਇਸ ਮੁਕਾਬਲੇ ਵਿੱਚ 8 ਇਨਾਮ ਜਿੱਤੇ, ਜਦਕਿ ਸਹਿਯੋਗੀ ਟੀਮਾਂ ਸਮੇਤ ਕੁੱਲ 16 ਇਨਾਮ ਹਾਸਲ ਕਰਕੇ ਇਲਾਕੇ ਦਾ ਮਾਣ ਵਧਾਇਆ। ਜੇਤੂ ਕਲਾਕਾਰਾਂ ਤੇ ਟੀਮਾਂ ਨੂੰ ਸਰਟੀਫਿਕੇਟ ਤੇ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ।ਡਾ. ਵਿਜੇ ਗਰੋਵਰ ਨੇ ਕਿਹਾ ਕਿ ਨਟਰੰਗ ਅਬੋਹਰ ਇਲਾਕੇ ਦੇ ਕਲਾਕਾਰਾਂ ਨੂੰ ਰੰਗਮੰਚ ਨਾਲ ਜੋੜ ਕੇ ਉਨ੍ਹਾਂ ਦੀ ਪ੍ਰਤਿਭਾ ਨਿਖਾਰ ਰਹੀ ਹੈ। ਸ਼੍ਰੀ ਸੰਜੀਵ ਕੁਮਾਰ ਨੇ ਸੰਸਥਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਨਵੀਂ ਪੀੜ੍ਹੀ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਇਸ ਮੌਕੇ ਤੇਜਿੰਦਰ ਸਿੰਘ ਖਾਲਸਾ, ਸ਼੍ਰੀ ਵਿਜੈਅੰਤ ਜੁਨੇਜਾ ਅਤੇ ਡਾ. ਚੰਦਰ ਪ੍ਰਕਾਸ਼ ਨੇ ਵੀ ਸੰਬੋਧਨ ਕੀਤਾ।ਨੁੱਕੜ ਨਾਟਕ ਮੇਰੀ ਧਰਤੀ-ਮੇਰੀ ਜ਼ਿੰਮੇਵਾਰੀ ਨੂੰ ਬੈਸਟ ਦੂਜਾ ਸਥਾਨ (ਲੇਖਕ: ਡਾ. ਗੁਰਤੇਜ ਸਿੰਘ, ਨਿਰਦੇਸ਼ਕ: ਵੈਭਵ ਅਗਰਵਾਲ), ਸਟੇਜ ਨਾਟਕ ਬਰਫ਼ ਦੀ ਬੁਲਬੁਲ ਨੂੰ ਬੈਸਟ ਤੀਜਾ ਸਥਾਨ (ਲੇਖਕ: ਭੁਪਿੰਦਰ ਉਤਰੇਜਾ, ਨਿਰਦੇਸ਼ਕ: ਹਨੀ ਉਤਰੇਜਾ, ਤੀਸਰਾ ਸਰਵੋਤਮ ਅਦਾਕਾਰ-ਹਨੀ ਉਤਰੇਜਾ, ਦੂਜੀ ਸਰਵੋਤਮ ਅਦਾਕਾਰਾ-ਮਹਿਕ ਸ਼ਰਮਾ, ਟੀਮ ਵਿੱਚੋਂ ਵਧੀਆ ਕਲਾਕਾਰ-ਗੁਰਜੰਟ ਬਰਾੜ, ਨੁੱਕੜ ਨਾਟਕ ਵਿੱਚ ਵਧੀਆ ਕਲਾਕਾਰ- ਵੈਭਵ ਅਗਰਵਾਲ, ਸਰਵੋਤਮ ਬਾਲ ਕਲਾਕਾਰ-ਯੁੱਧਵੀਰ ਮੋਂਗਾ, ਡਿਊਟ ਡਾਂਸ ਕੈਟਾਗਰੀ ਵਿੱਚ ਤੀਜਾ ਇਨਾਮ-ਸ਼੍ਰਿਸਟੀ ਤੇ ਸਾਨਿਆ ਨੇ ਪ੍ਰਾਪਤ ਕੀਤਾ।



# ਪਿਮਟ 'ਚ ਬੀਸੀਏ ਤੇ ਐਮਸੀਏ ਦੇ ਵਿਦਿਆਰਥੀਆਂ ਲਈ ਸੈਮੀਨਾਰ ਕਰਵਾਇਆ

ਮੰਡੀ ਗੋਬਿੰਦਗੜ੍ਹ, 12 ਫਰਵਰੀ (ਸੂਦ): ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ, ਅਲੌੜ ਨੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਦੇ ਮੁਖੀ ਕੁਲਦੀਪ ਸਿੰਘ ਸੇਖੋਂ ਦੀ ਨਿਗਰਾਨੀ ਹੇਠ ਬੀਸੀਏ ਅਤੇ ਐਮਸੀਏ ਦੇ ਵਿਦਿਆਰਥੀਆਂ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ ਤੇ ਸਾਈਬਰ ਸੁਰੱਖਿਆ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ। ਇਹ ਸੈਮੀਨਾਰ ਅਲਫ਼ਾ ਆਈਟੀ ਮੈਨੇਜ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਮੋਹਾਲੀ ਦੇ ਮਾਹਿਰਾਂ ਦੁਆਰਾ ਕਰਵਾਇਆ ਗਿਆ। ਸੈਮੀਨਾਰ ਦੌਰਾਨ ਅਲਫ਼ਾ ਆਈਟੀ ਮੈਨੇਜ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਦੇ ਸਪੈਸ਼ਲਿਸਟ ਮੈਨੇਜਰ ਪੰਕਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ ਨਵੀਨਤਮ ਤਕਨਾਲੋਜੀਆਂ, ਮਸ਼ੀਨ ਲਰਨਿੰਗ ਦੀ ਵਰਤੋਂ, ਡੇਟਾ ਸੁਰੱਖਿਆ, ਸਾਈਬਰ ਅਪਰਾਧ ਰੋਕਥਾਮ ਤੇ ਨਵੇਂ ਕਰੀਅਰ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਏਆਈਐਮਐਲ ਇੰਜੀਨੀਅਰ ਵਿਵੇਕ ਸੱਭਰਵਾਲ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਵੇਂ ਆਰਟੀਫੀਸ਼ੀਅਲ ਇੰਟੈਲੀਜੈਂਸ ਅੱਜ ਲਗਭਗ ਹਰ ਖੇਤਰ ਵਿੱਚ ਏਕੀਕ੍ਰਿਤ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਸਿੱਖਿਆ, ਸਿਹਤ ਸੰਭਾਲ, ਬੈਂਕਿੰਗ, ਖੇਤੀਬਾੜੀ, ਈ-ਕਾਮਰਸ, ਸੁਰੱਖਿਆ ਅਤੇ ਉਦਯੋਗ ਵਰਗੇ ਵੱਖ-ਵੱਖ ਖੇਤਰਾਂ ਵਿੱਚ ਏਆਈ ਦਾ ਪ੍ਰਭਾਵ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮਸ਼ੀਨ ਲਰਨਿੰਗ ਤਕਨੀਕਾਂ ਭਵਿੱਖ ਦੇ ਨਤੀਜਿਆਂ ਦੀ ਸਹੀ ਭਵਿੱਖਬਾਣੀ ਕਰਨ ਲਈ ਦਿੱਤੇ ਗਏ ਡੇਟਾ ਅਤੇ ਪੈਟਰਨਾਂ ਨੂੰ ਕਿਵੇਂ ਸਮਝਦੀਆਂ ਹਨ। ਸੰਸਥਾ ਦੀ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਏਆਈ ਅਤੇ ਸਾਈਬਰ ਸੁਰੱਖਿਆ ਦਾ ਗਿਆਨ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਦੇ ਤਕਨੀਕੀ ਹੁਨਰ ਨੂੰ ਵਧਾਉਣ ਤੇ ਉਦਯੋਗ ਦੀਆਂ ਜ਼ਰੂਰਤਾਂ ਲਈ ਤਿਆਰ ਕਰਨ ਵਿੱਚ ਸਹਾਇਤਾ ਕਰਦੇ ਹਨ। ਉਨ੍ਹਾਂ ਅਲਫ਼ਾ ਆਈਟੀ ਮੈਨੇਜ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਮੋਹਾਲੀ ਦੀ ਮਾਹਿਰਾਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਆਯੋਜਿਤ ਕਰਨ ਦਾ ਵਾਅਦਾ ਕੀਤਾ। ਸੈਮੀਨਾਰ ਦੌਰਾਨ, ਵਿਦਿਆਰਥੀਆਂ ਨੇ ਮਾਹਿਰਾਂ ਤੋਂ ਕਈ ਸਵਾਲ ਪੁੱਛੇ ਤੇ ਉਨ੍ਹਾਂ ਦੇ ਸ਼ੰਕਿਆਂ ਦੇ ਜਵਾਬ ਪ੍ਰਾਪਤ ਕੀਤੇ।



# ਭਿਆਨਕ ਸੜਕ ਹਾਦਸੇ 'ਚ ਇੱਕ ਨੌਜਵਾਨ ਦੀ ਮੌਤ, ਤਿੰਨ ਜ਼ਖ਼ਮੀ

ਮੰਡੀ ਗੋਬਿੰਦਗੜ੍ਹ, 12 ਫਰਵਰੀ (ਸੂਦ): ਅਮਲੋਹ-ਮੰਡੀ ਗੋਬਿੰਦਗੜ੍ਹ ਰੋਡ 'ਤੇ ਪਿੰਡ ਤੂਰਾਂ ਨਜ਼ਦੀਕ ਕੱਲ ਇੱਕ ਭਿਆਨਕ ਸੜਕ ਹਾਦਸੇ 'ਚ ਇੱਕ ਮੋਟਰਸਾਇਕਲ ਸਵਾਰ ਨੌਜਵਾਨ ਦੀ ਮੌਤ ਹੋ ਗਈ ਜਦਕਿ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਇਸ ਸਬੰਧੀ ਥਾਣਾ ਅਮਲੋਹ ਦੇ ਪਿੰਡ ਰਾਏਪੁਰ ਅਰਾਈਆਂ ਦੇ ਵਸਨੀਕ ਸੁਖਵੰਤ ਸਿੰਘ ਨੇ ਦੋਸ਼ ਲਾਇਆ ਕਿ ਇਹ ਘਟਨਾ ਤੇਜ਼ ਰਫਤਾਰ ਕਾਰ ਚਾਲਕ ਦੀ ਕਥਿਤ ਲਾਪਰਵਾਹੀ ਕਾਰਨ ਵਾਪਰੀ। ਉਸ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੀ ਸਕੂਟਰੀ ਉਪਰ ਆ ਰਿਹਾ ਸੀ ਕਿ ਉਸ ਦਾ 32 ਸਾਲਾ ਲੜਕਾ ਗੁਰਪ੍ਰੀਤ ਸਿੰਘ ਆਪਣੇ ਮੋਟਰਸਾਇਕਲ 'ਤੇ ਉਸ ਦੇ ਅੱਗੇ ਜਾ ਰਿਹਾ ਸੀ ਤਾਂ ਤੂਰਾਂ ਚੌਕ ਨਜ਼ਦੀਕ ਮੰਡੀ ਗੋਬਿੰਦਗੜ੍ਹ ਸਾਈਡ ਤੋਂ ਇਕ ਤੇਜ਼ ਰਫ਼ਤਾਰ ਕਾਰ ਆਈ, ਜਿਸ ਨੇ ਕਥਿਤ ਅਣਗਹਿਲੀ ਨਾਲ ਉਸ ਨੂੰ ਉਸ ਦੇ ਲੜਕੇ ਦੇ ਮੋਟਰ ਸਾਇਕਲ ਵਿੱਚ ਮਾਰਿਆ, ਜਿਸ ਨਾਲ 2-3 ਹੋਰ ਮੋਟਰ ਸਾਇਕਲ ਅਤੇ ਸਕੂਟਰ ਸਵਾਰ ਵੀ ਇਸ ਦੀ ਚਪੇਟ ਵਿਚ ਆ ਗਏ ਜਦੋਂ ਕਿ ਉਸ ਦੇ ਲੜਕੇ ਨੂੰ ਗੰਭੀਰ ਹਾਲਤ ਵਿਚ ਰਾਹਗੀਰਾਂ ਦੀ ਮਦਦ ਨਾਲ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਜਦੋਂ ਕਿ ਬਾਕੀ 3 ਜ਼ਖ਼ਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖਲ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਕਾਰ ਚਾਲਕ ਆਪਣੀ ਕਾਰ ਨੂੰ ਮੌਕੇ 'ਤੇ ਛੱਡ ਕੇ ਫ਼ਰਾਰ ਹੋ ਗਿਆ। ਪੁਲਿਸ ਨੇ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਹਸਪਤਾਲ ਦੀ ਮੋਰਚਰੀ ਵਿੱਚ ਰੱਖ ਲਿਆ ਜਦੋਂ ਕਿ ਜ਼ਖਮੀ ਇਲਾਜ ਅਧੀਨ ਹਨ। ਪੁਲਿਸ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਸੁਖਵੰਤ ਸਿੰਘ ਦੇ ਬਿਆਨਾਂ 'ਤੇ ਕਾਰ ਚਾਲਕ ਖਿਲਾਫ਼ ਮੁਕੱਦਮਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਮ੍ਰਿਤਕ ਗੁਰਪ੍ਰੀਤ ਸਿੰਘ ਹੁਸ਼ਿਆਰਪੁਰ ਆਟੋ ਮਾਰੂਤੀ ਸਜ਼ੂਕੀ ਏਜੰਸੀ ਅੰਬੇ ਮਾਜਰਾ ਵਿਖੇ ਮਕੈਨੀਕ ਦਾ ਕੰਮ ਕਰਦਾ ਸੀ, ਜਿਸਦੀ ਕਰੀਬ 3 ਮਹੀਨੇ ਪਹਿਲਾ ਜ਼ਿਲ੍ਹਾ ਕਰਨਾਲ ਦੇ ਪਿੰਡ ਅਸੰਧ ਦੀ ਮਨਜੀਤ ਕੌਰ ਨਾਲ ਸ਼ਾਦੀ ਹੋਈ ਸੀ।



# ਹੁਣ ਤੱਕ 4652 ਮਰੀਜ਼ਾਂ ਨੇ ਫ੍ਰੀ ਚੈਕਅੱਪ ਤੇ ਮੁਫ਼ਤ ਦਵਾਈਆਂ ਦਾ ਲਾਭ ਲਿਆ



ਫ਼ਿਰੋਜ਼ਪੁਰ, 12 ਫਰਵਰੀ (ਤਿਵਾੜੀ): ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਾਇਰੈਕਟਰ ਆਫ ਆਯੁਰਵੇਦ, ਡਾ. ਰਮਨ ਖੰਨਾ, ਜ਼ਿਲ੍ਹਾ ਆਯੁਰਵੇਦਿਕ ਯੂਨਾਨੀ ਅਫ਼ਸਰ ਡਾ. ਰੁਪਿੰਦਰਦੀਪ ਕੌਰ ਗਿੱਲ ਤੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾ. ਰੁਪਿੰਦਰ ਕੌਰ ਦੀ ਯੋਗ ਅਗਵਾਈ ਹੇਠ ਨੌਵਾਂ ਆਯੂਸ਼ ਕੈਂਪ, ਮੱਲਵਾਲ ਜਦੀਦ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੌਜੂਦਾ ਸਰਪੰਚ ਗੁਰਵੰਤ ਸਿੰਘ ਮੁਦਕਾ ਵਲੋਂ ਕੀਤਾ ਗਿਆ।ਇਸ ਕੈਂਪ ਵਿੱਚ 483 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਫ੍ਰੀ ਸ਼ੂਗਰ ਟੈਸਟ ਕੀਤੇ ਗਏ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਇਸ ਕੈਂਪ ਦੌਰਾਨ ਆਯੂਰਵੈਦਿਕ ਵਿਭਾਗ ਵਲੋਂ ਡਾ. ਰਾਕੇਸ਼ ਗਰੋਵਰ, ਡਾ. ਸੁਮਿਤ ਮੋਂਗਾ, ਡਾ. ਰੁਪਿੰਦਰਜੀਤ ਕੌਰ ਤੇ ਲਵਦੀਪ ਸਿੰਘ, ਸ਼੍ਰੀਮਤੀ ਅਮਨਦੀਪ ਕੌਰ, ਸ਼੍ਰੀਮਤੀ ਰੋਬਿਨਾ ਉਪਵੈਦ ਤੇ ਹੋਮਿਓਪੈਥਿਕ ਵਿਭਾਗ ਵੱਲੋਂ ਡਾ. ਸਤਨਾਮ ਸਿੰਘ ਗਿੱਲ ਤੇ ਬਲਜੀਤ ਸਿੰਘ, ਵਿਕਾਸ ਕੁਮਾਰ ਡਿਸਪੈਂਸਰ ਨੇ ਡਿਊਟੀ ਨਿਭਾਈ।

# 'ਆਪ' ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ: ਪ੍ਰਧਾਨ ਮੇਲਾ ਸਿੰਘ, ਸੈਕਟਰੀ ਮਦਨ ਸਿੰਘ

ਆਦਮਪੁਰ, 12 ਫਰਵਰੀ (ਜੰਡੀਰ ਸੈਣੀ): ਪੰਜਾਬ ਸਰਕਾਰ ਵੱਲੋਂ ਲਗਾਤਾਰ ਲੋਕਾਂ ਨਾਲ ਕੀਤੇ ਹੋਏ ਵਾਅਦੇ ਪੂਰੇ ਕੀਤੇ ਗਏ ਹਨ। ਅਤੇ ਜੋ ਅਧੂਰੇ ਕੰਮ ਰਹਿ ਗਏ ਹਨ, ਉਹ ਵੀ ਬਹੁਤ ਜਲਦ ਸਰਕਾਰ ਪੂਰੇ ਕਰਨੇ ਜਾ ਰਹੀ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਬਣਦੇ ਹੀ ਪੰਜਾਬ ਨੂੰ ਸਿਹਤ ਪੱਖੀ ਪੰਜਾਬ ਵਿੱਚ ਨਸ਼ਿਆਂ ਨੂੰ ਨੱਥ ਪਾਈ, ਨੌਜਵਾਨਾ ਨੂੰ ਨੌਕਰੀਆਂ ਦਿੱਤੀਆਂ ਗਈਆਂ,ਪੰਜਾਬ ਵਿੱਚ ਗੈਂਗਸਟਰ ਨੂੰ ਕੁਚਲਣ ਲਈ ਯੁੱਧ ਸ਼ੁਰੂ ਕੀਤਾ। ਮਦਨ ਸਿੰਘ ਸੈਕਟਰੀ ਆਪ, ਤੇ ਮੇਲਾ ਸਿੰਘ ਜ਼ਿਲ੍ਹਾ ਪ੍ਰਧਾਨ ਮੀਡੀਆ. ਨੇ ਚੜ੍ਹਦੀਕਲਾ ਟਾਈਮ ਟੀਵੀ ਟੀਮ ਨਾਲ ਪੱਤਰਕਾਰ ਅਮਰਜੀਤ ਸਿੰਘ ਸੈਣੀ ਨੂੰ ਗੱਲਬਾਤ ਕਰਦੇ ਹੋਏ ਕਿਹਾ ਕਿ ਸਰਕਾਰ ਨੇ ਇੱਕ ਇੱਕ ਕਰਕੇ ਪੰਜਾਬ ਦੇ ਲੋਕਾਂ ਦੇ ਸਾਰੇ ਵਾਅਦੇ ਪੂਰੇ ਕੀਤੇ ਹਨ ਤੇ ਹੁਣ ਮਾਣਯੋਗ ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਵੱਲੋਂ ਵੀ ਆ ਰਹੇ ਬਜਟ ਵਿੱਚ ਪੰਜਾਬ ਦੀਆਂ ਔਰਤਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ।ਜਿਸ ਵਿੱਚ ਇੱਕ ਇਕ ਹਜ਼ਾਰ ਰੁਪਏ ਖਾਤਿਆਂ ਵਿੱਚ ਪਾ ਦੇਣ ਦਾ ਕੀਤਾ ਵਾਅਦਾ ਪੂਰਾ ਹੋਵੇਗਾ। ਉਹਨਾਂ ਕਿਹਾ ਕੇ ਪੰਜਾਬ ਦੇ ਲੋਕ ਦੁਬਾਰਾ ਫਿਰ 2027 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੂੰ ਚਾਹੁੰਦੇ ਹਨ।



# ਦੇਸ਼ ਭਗਤ ਯੂਨੀਵਰਸਿਟੀ ਵਿਖੇ ਰਾਸ਼ਟਰੀ ਬਾਲੜੀ ਦਿਵਸ 'ਤੇ ਲਿੰਗ ਸੰਵੇਦਨਸ਼ੀਲਤਾ ਵਿਸ਼ੇ 'ਤੇ ਕਰਵਾਏ ਮੁਕਾਬਲੇ

ਮੰਡੀ ਗੋਬਿੰਦਗੜ੍ਹ, 12 ਫਰਵਰੀ (ਅੰਮ੍ਰਿਤਪਾਲ ਸਿੰਘ): ਦੇਸ਼ ਭਗਤ ਯੂਨੀਵਰਸਿਟੀ ਦੇ ਐਗਰੀਕਲਚਰ ਅਤੇ ਜੀਵ ਵਿਗਿਆਨ ਫੈਕਲਟੀ ਦੇ ਐਗਰੀਮ ਕਲੱਬ ਵੱਲੋਂ ਏਕ ਭਾਰਤ ਸ੍ਰੇਸ਼ਠ ਭਾਰਤ ਸੈੱਲ, ਉੱਨਤ ਭਾਰਤ ਅਭਿਆਨ ਅਤੇ ਸਵੱਛ ਭਾਰਤ ਮਿਸ਼ਨ ਦੇ ਸਹਿਯੋਗ ਨਾਲ 'ਰਾਸ਼ਟਰੀ ਬਾਲੜੀ ਦਿਵਸ 'ਤੇ ਲਿੰਗ ਸੰਵੇਦਨਸ਼ੀਲਤਾ' ਵਿਸ਼ੇ 'ਤੇ ਮੁਕਾਬਲਿਆਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਡਾ. ਅਵਿਨਾਸ਼ ਭਾਟੀਆ ਨੇ ਇੱਕ ਜਾਗਰੂਕਤਾ ਭਾਸ਼ਣ ਦਿੱਤਾ, ਜਿਸ ਵਿੱਚ ਲਿੰਗ ਸਮਾਨਤਾ ਦੀ ਮਹੱਤਤਾ, ਰਾਸ਼ਟਰੀ ਬਾਲੜੀ ਦਿਵਸ ਦੀ ਸਾਰਥਕਤਾ ਅਤੇ ਇੱਕ ਸਮਾਵੇਸ਼ੀ ਸਮਾਜ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ ਗਿਆ। ਉਨ੍ਹਾਂ ਦੇ ਭਾਸ਼ਣ ਨੇ ਵਿਦਿਆਰਥੀਆਂ ਨੂੰ ਲਿੰਗ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ। ਵਿਦਿਆਰਥੀਆਂ ਨੇ ਲੇਖ ਲਿਖਣ, ਸਲੋਗਨ ਲਿਖਣ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਲਿੰਗ ਸੰਵੇਦਨਸ਼ੀਲਤਾ, ਮਹਿਲਾ ਸਸ਼ਕਤੀਕਰਨ ਅਤੇ ਬਰਾਬਰ ਮੌਕਿਆਂ ਨਾਲ ਸਬੰਧਿਤ ਵਿਚਾਰਾਂ ਨੂੰ ਰਚਨਾਤਮਕ ਢੰਗ ਨਾਲ ਪ੍ਰਗਟ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਦਾ ਨਿਰਣਾ ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਡਾ. ਸਚਿਨ ਭਾਰਦਵਾਜ, ਡਾ. ਰਜਤ ਸ਼ਰਮਾ ਅਤੇ ਸ਼ਿਵਾਂਗੀ ਸੂਦ ਦੇ ਸਹਿਯੋਗ ਨਾਲ ਕੀਤਾ, ਜਿਨ੍ਹਾਂ ਨੇ ਐਂਟਰੀਆਂ ਦੀ ਮੌਲਿਕਤਾ ਤੇ ਸਮਾਜਿਕ ਸਾਰਥਕਤਾ ਦੀ ਸ਼ਲਾਘਾ ਕੀਤੀ।




# 15ਵਾਂ ਆਲ ਇੰਡੀਆ ਹਾਕੀ ਟੂਰਨਾਮੈਂਟ 16 ਤੋਂ

ਅਮਲੋਹ, 12 ਫਰਵਰੀ (ਜਸਵੰਤ ਸਿੰਘ): ਐਨ.ਆਰ.ਆਈ. ਸਪੋਰਟਸ ਕਲੱਬ ਰਜਿ. ਅਮਲੋਹ ਵੱਲੋਂ 15ਵਾਂ ਆਲ ਇੰਡੀਆ ਹਾਕੀ ਟੂਰਨਾਮੈਂਟ 16 ਫ਼ਰਵਰੀ ਤੋਂ 19 ਫ਼ਰਵਰੀ ਤੱਕ ਸਕੂਲ ਆਫ਼ ਐਮੀਨੈਂਸ ਅਮਲੋਹ ਦੇ ਗਰਾਊਂਡ ਵਿਚ ਕਰਵਾਇਆ ਜਾ ਰਿਹਾ ਹੈ। ਕਲੱਬ ਦੇ ਸਰਪ੍ਰਸਤ ਵਿਨੋਦ ਮਿੱਤਲ, ਰਕੇਸ਼ ਗਰਗ, ਜਸਪਾਲ ਸਿੰਘ, ਮਹੇਸ਼ ਪੁਰੀ, ਪ੍ਰਧਾਨ ਸਿੰਦਰ ਮੋਹਨ ਪੁਰੀ, ਐਡਵੋਕੇਟ ਯਾਦਵਿੰਦਰ ਸਿੰਘ, ਪਰਮਜੀਤ ਸੂਦ, ਰੁਪਿੰਦਰ ਹੈਪੀ ਤੇ ਪਵਨ ਕੁਮਾਰ ਨੇ ਦੱਸਿਆ ਕਿ ਟੂਰਨਾਮੈਂਟ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹਨ, ਇਸ ਦਾ ਉਦਘਾਟਨ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਕਰਨਗੇ ਜਦੋਂ ਕਿ ਇਨਾਮਾਂ ਦੀ ਵੰਡ ਸਮਾਜ ਸੇਵੀ ਪ੍ਰਦੀਪ ਬਾਂਸਲ ਤੇ ਸੁਖਵੀਰ ਸਿੰਘ ਜੰਜੂਆ ਕਰਨਗੇ। ਲੜਕੀਆਂ ਦੇ ਮੈਚਾਂ ਵਿਚ ਗੁਰਤੀਰਥ ਨਰਸਿੰਗ ਹੋਮ ਦੀ ਮਾਲਕ ਡਾ. ਤੀਰਥ ਬਾਲਾ, ਕੁਸਮ ਬਾਂਸਲ ਕਰਨਗੇ। ਉਨ੍ਹਾਂ ਦੱਸਿਆ ਕਿ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਤੇ ਗੁਰਪ੍ਰੀਤ ਸਿੰਘ ਰਾਜੂ ਖੰਨਾ ਵਿਸ਼ੇਸ ਮਹਿਮਾਨ ਹੋਣਗੇ। ਉਨ੍ਹਾਂ ਖੇਡ ਪ੍ਰੇਮੀਆਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸੀਆਰਪੀਐਫ ਜਲੰਧਰ, ਬੀਐਸਐਫ ਜਲੰਧਰ, ਪਾਵਰਕਾਮ ਪਟਿਆਲਾ, ਲਵਲੀ ਯੂਨੀਵਰਸਿਟੀ, ਐਨਸੀਆਰ ਸੋਨੀਪਤ, ਰੋਕ ਰੋਵਰ ਚੰਡੀਗੜ੍ਹ, ਸੰਗਰੂਰ-ਇਲੈਵਨ, ਰਾਊਂਡ ਗਲਾਸ ਅਕੈਡਮੀ ਮੁਹਾਲੀ, ਐਨਆਰਆਈ ਸਪੋਰਟਸ ਕਲੱਬ ਅਮਲੋਹ, ਚੰਡੀਗੜ੍ਹ ਅਕੈਡਮੀ, ਰੋਪੜ ਹਾਕਜ, ਜਲੰਧਰ ਅਕੈਡਮੀ, ਸ਼ਾਹਬਾਦ ਮਾਰਕੰਡਾ ਅਕੈਡਮੀ ਤੇ ਸੁਨਾਮ ਆਦਿ ਦੀਆਂ ਨਾਮਵਰ ਟੀਮਾਂ ਸ਼ਾਮਲ ਹੋਣਗੀਆਂ। ਪ੍ਰੋਗਰਾਮ ਦਾ ਕਾਰਡ ਅੱਜ ਕਲੱਬ ਪ੍ਰਧਾਨ ਨੇ ਇਥੇ ਸ਼੍ਰੋਮਣੀ ਅਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਤੇ ਸੀਨੀਅਰ ਪੱਤਰਕਾਰ ਜਸਵੰਤ ਸਿੰਘ ਗੋਲਡ ਨੂੰ ਦਿੱਤਾ।



# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀ ਹੁਕਮ ਜਾਰੀ



ਲੁਧਿਆਣਾ,12 ਫਰਵਰੀ (ਵਿਸ਼ਾਲ ਸ਼ਰਮਾ) ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ, ਪੰਜਾਬ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜਾਰੀ ਦਿਸ਼ਾ-ਨਿਰਦੇਸ਼ ਦੀ ਪਾਲਣਾ ਨਾ ਕਰਨ ਵਾਲੀਆਂ ਸਕੂਲ ਬੱਸਾਂ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਲੁਧਿਆਣਾ ਦੀ ਹਦੂਦ ਅੰਦਰ ਸੜਕਾਂ, ਗਲੀਆਂ, ਬਾਜ਼ਾਰਾਂ ਅਤੇ ਜਨਤਕ ਥਾਵਾਂ ਤੇ ਬਿਜਲੀ, ਕੇਬਲ, ਟੈਲੀਫੋਨ ਆਦਿ ਦੀਆਂ ਲਟਕਦੀਆਂ ਤਾਰਾਂ ਨੂੰ ਦਰੁਸਤ ਕਰਨ ਦੇ ਵੀ ਦਿੱਤੇ ਨਿਰਦੇਸ਼ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲ ਬੱਸ ਅਪਰੇਟਰਾਂ ਵੱਲੋਂ ਪੰਜਾਬ ਸੇਫ ਸਕੂਲ ਵਾਹਨ ਪਾਲਿਸੀ ਅਧੀਨ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨਹੀਂ ਕੀਤਾ ਜਾ ਰਹੀ ਜਿਸ ਕਾਰਨ ਦੁਰਘਟਨਾ ਦਾ ਖਦਸਾ ਬਣਿਆ ਰਹਿੰਦਾ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮਾਂ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਕੂਲੀ ਬੱਚਿਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਸੇਫ ਸਕੂਲ ਵਾਹਨ ਪਾਲਿਸੀ ਅਧੀਨ ਸਕੂਲ ਵਾਹਨਾਂ ਲਈ ਕੜੀਆਂ ਸੁਰੱਖਿਆ ਸ਼ਰਤਾਂ ਨਿਰਧਾਰਤ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸ਼ਰਤਾਂ ਵਿੱਚ ਬੱਸ ਦੇ ਅੱਗੇ ਅਤੇ ਪਿੱਛੇ ਸਕੂਲ ਬੱਸ, ਜੇਕਰ ਬੱਸ ਕਿਰਾਏ ਤੇ ਲਈ ਗਈ ਹੈ ਤਾਂ ਸਕੂਲ ਡਿਊਟੀ ਤੇ ਲਿਖਿਆ ਹੋਣਾ ਲਾਜ਼ਮੀ ਹੈ, ਬੱਸ ਵਿੱਚ ਅੱਗ ਬੁਝਾਊ ਯੰਤਰ ਅਤੇ ਫਸਟ-ਏਡ ਬਾਕਸ ਹੋਣਾ ਜ਼ਰੂਰੀ, ਸੁਰੱਖਿਆ ਲਈ ਬੱਸ ਵਿੱਚ ਸੀ ਸੀ ਟੀ ਵੀ ਕੈਮਰੇ ਅਤੇ ਲਾਕ ਹੋਣ ਵਾਲੇ ਭਰੋਸੇਯੋਗ ਦਰਵਾਜ਼ੇ, ਖਿੜਕੀਆਂ ਤੇ ਗਰਿੱਲ ਅਤੇ ਸੀਟਾਂ ਦੇ ਹੇਠਾਂ ਸਕੂਲ ਬੈਗ ਰੱਖਣ ਲਈ ਜਗ੍ਹਾ, ਬੱਸ ਦੀ ਸਪੀਡ ਕੰਟਰੋਲ ਲਈ ਸਪੀਡ ਗਵਰਨਰ, ਵਾਹਨ ਦੀ ਵੈਧ ਫਿਟਨੈਸ, ਵਾਹਨ ਦੀ ਇੰਸ਼ੋਰੈਂਸ ਅਤੇ ਪ੍ਰਦੂਸ਼ਣ ਸਰਟੀਫਿਕੇਟ ਲਾਜ਼ਮੀ ਹਨ। ਇਸ ਤੋਂ ਇਲਾਵਾ ਬੱਸ ਦੇ ਡਰਾਈਵਰ ਕੋਲ ਘੱਟੋ-ਘੱਟ 5 ਸਾਲਾਂ ਦਾ ਹੈਵੀ ਵਾਹਨ ਚਲਾਉਣ ਦੇ ਤਜਰਬੇ ਦੇ ਨਾਲ ਵੈਧ ਐਚ.ਐਮ.ਵੀ. ਲਾਇਸੈਂਸ ਹੋਣ ਵੀ ਜ਼ਰੂਰੀ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਸਪੱਸ਼ਟ ਕੀਤਾ ਕਿ ਉਕਤ ਕਮੀਆਂ ਨੂੰ ਦੂਰ ਕਰਨ ਤੋਂ ਬਾਅਦ ਹੀ ਸਕੂਲ ਬੱਸਾਂ ਨੂੰ ਸੜਕਾਂ 'ਤੇ ਚਲਾਇਆ ਜਾਵੇ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਇੱਕ ਹੋਰ ਹੁਕਮਾਂ ਵਿੱਚ, ਸਾਰੇ ਸੰਬੰਧਤ ਵਿਭਾਗਾਂ, ਬਿਜਲੀ ਬੋਰਡ, ਟੈਲੀਫੋਨ ਏਜੰਸੀਆਂ, ਕੰਪਨੀਆਂ, ਕੇਬਲ ਆਪਰੇਟਰਾਂ ਅਤੇ ਹੋਰ ਯੂਟਿਲਿਟੀ ਏਜੰਸੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧਿਕਾਰ ਖੇਤਰ ਅਧੀਨ ਆਉਂਦੀਆਂ ਤਾਰਾਂ ਦੀ ਤੁਰੰਤ ਜਾਂਚ ਕਰਕੇ ਲਟਕਦੀਆਂ, ਖਤਰਨਾਕ ਤਾਰਾਂ ਨੂੰ ਠੀਕ ਕਰਨ, ਸੁਰੱਖਿਅਤ ਉਚਾਈ ਤੇ ਲਗਾਉਣ ਜਾਂ ਹਟਾਉਣ ਦੀ ਕਾਰਵਾਈ ਕਰਨੀ ਯਕੀਨੀ ਬਣਾਉਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ ਆਮ ਲੋਕਾ ਦੀ ਜਾਨ-ਮਾਲ ਦੀ ਸੁਰੱਖਿਆ ਅਤੇ ਸੰਭਾਵਿਤ ਹਾਦਸਿਆਂ ਤੋਂ ਬਚਾਅ ਦੇ ਮੱਦੇਨਜ਼ਰ, ਜ਼ਿਲ੍ਹਾ ਲੁਧਿਆਣਾ ਦੀ ਹਦੂਦ ਅੰਦਰ ਸੜਕਾਂ, ਗਲੀਆਂ, ਬਾਜ਼ਾਰਾਂ ਅਤੇ ਜਨਤਕ ਥਾਵਾਂ ਤੇ ਬਿਜਲੀ, ਕੇਬਲ, ਟੈਲੀਫੋਨ ਆਦਿ ਦੀਆਂ ਲਟਕਦੀਆਂ ਜਾਂ ਖੁੱਲ੍ਹੀਆਂ ਤਾਰਾਂ ਜਿੱਥੇ ਗੰਭੀਰ ਖ਼ਤਰਾ ਪੈਦਾ ਕਰ ਰਹੀਆਂ ਹਨ ਉੱਥੇ ਸ਼ਹਿਰ ਦੀ ਸੁਦੰਰਤਾ 'ਤੇ ਵੀ ਬੁਰਾ ਪ੍ਰਭਾਵ ਪਾਉਂਦੀਆਂ ਹਨ। ਉਪਰੋਕਤ ਤੱਥਾਂ ਦੇ ਮੱਦੇਨਜਰ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਗਾਉਣਾ ਅਤਿ ਜਰੂਰੀ ਹੋ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਸੰਸਥਾ ਬਿਨਾਂ ਯੋਗ ਅਨੁਮਤੀ ਤਾਰਾ ਲਟਕਾਉਣ ਜਾਂ ਅਸੁਰੱਖਿਅਤ ਢੰਗ ਨਾਲ ਲਗਾਉਣ ਲਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ 'ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣ ਲਈ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਲੁਧਿਆਣਾ ਦੀ ਜਿੰਮੇਵਾਰੀ ਹੋਵੇਗੀ। ਇਹ ਹੁਕਮ ਮਿਤੀ 11-02-2026 ਤੋਂ ਮਿਤੀ 10-04-2026 ਤੱਕ ਲਾਗੂ ਰਹੇਗਾ।

# ਗਲਾਡਾ ਵੱਲੋਂ ਡਿਫਾਲਟਰ ਅਲਾਟੀਆਂ ਖ਼ਿਲਾਫ਼ ਸਖ਼ਤ ਕਾਰਵਾਈ



ਲੁਧਿਆਣਾ,12 ਫਰਵਰੀ (ਵਿਸ਼ਾਲ ਸ਼ਰਮਾ) ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਨੇ ਉਨ੍ਹਾਂ ਅਲਾਟੀਆਂ ਦੇ ਸਬੰਧ ਵਿੱਚ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪੀ.ਏ.ਪੀ.ਆਰ ਐਕਟ) ਦੇ ਉਪਬੰਧਾਂ ਤਹਿਤ ਡਿਫਾਲਟਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਹੈ ਜੋ ਕਾਫ਼ੀ ਸਮੇਂ ਤੋਂ ਆਪਣੇ ਰਿਹਾਇਸ਼ੀ ਅਤੇ ਵਪਾਰਕ ਪਲਾਟਾਂ/ਮਕਾਨਾਂ ਦੇ ਬਕਾਇਆ ਰਕਮ ਜਮ੍ਹਾ ਕਰਨ ਵਿੱਚ ਅਸਫਲ ਰਹੇ ਹਨ। ਗਲਾਡਾ ਦੇ ਬੁਲਾਰੇ ਨੇ ਦੱਸਿਆ ਕਿ ਪੀ.ਏ.ਪੀ.ਆਰ ਐਕਟ ਦੀ ਧਾਰਾ 45 ਤਹਿਤ ਅਜਿਹੇ ਡਿਫਾਲਟਰਾਂ ਨੂੰ ਉਨ੍ਹਾਂ ਦੇ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਵਾਰ-ਵਾਰ ਨੋਟਿਸ ਅਤੇ ਕਈ ਮੌਕੇ ਦਿੱਤੇ ਗਏ ਸਨ।ਹਾਲਾਂਕਿ ਕਾਨੂੰਨੀ ਪ੍ਰਕਿਰਿਆ ਅਤੇ ਢੁਕਵੇਂ ਮੌਕੇ ਦੇ ਬਾਵਜੂਦ ਉਨ੍ਹਾਂ ਦੁਆਰਾ ਕੋਈ ਪਾਲਣਾ ਨਹੀਂ ਕੀਤੀ ਗਈ। ਸਿੱਟੇ ਵਜੋਂ ਲੋੜੀਂਦੀਆਂ ਕਾਨੂੰਨੀ ਰਸਮਾਂ ਪੂਰੀਆਂ ਕਰਨ ਤੋਂ ਬਾਅਦ ਗਲਾਡਾ ਦੁਆਰਾ ਇਨ੍ਹਾਂ ਡਿਫਾਲਟ ਅਲਾਟੀਆਂ ਦੀਆਂ ਅਲਾਟਮੈਂਟਾਂ ਰੱਦ ਕਰ ਦਿੱਤੀਆਂ ਗਈਆਂ ਹਨ। ਇਹ ਵੀ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਲਗਾਤਾਰ ਡਿਫਾਲਟਰ ਹੋਣ ਕਾਰਨ ਗਲਾਡਾ ਦੇ ਲਗਭਗ 150 ਕਰੋੜ ਰੁਪਏ ਦੇ ਫੰਡ ਰੁਕੇ ਹੋਏ ਹਨ ਜਿਸ ਨਾਲ ਵੱਖ-ਵੱਖ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਕੰਮਾਂ ਤੇ ਮਾੜਾ ਅਸਰ ਪਿਆ ਹੈ, ਜਿਸ ਨਾਲ ਚੱਲ ਰਹੇ ਅਤੇ ਪ੍ਰਸਤਾਵਿਤ ਲੋਕ ਭਲਾਈ ਪ੍ਰੋਜੈਕਟਾਂ ਵਿੱਚ ਰੁਕਾਵਟ ਆਈ ਹੈ। ਉਨ੍ਹਾਂ ਨੇ ਬਾਕੀ ਡਿਫਾਲਟਰ ਅਲਾਟੀਆਂ ਨੂੰ ਆਪਣੇ ਬਕਾਏ ਤੁਰੰਤ ਜਮ੍ਹਾਂ ਕਰਵਾਉਣ ਲਈ ਕਿਹਾ, ਨਹੀਂ ਤਾਂ ਅਲਾਟਮੈਂਟ ਦੇ ਨਿਯਮਾਂ, ਸ਼ਰਤਾਂ ਅਤੇ ਲਾਗੂ ਕਾਨੂੰਨੀ ਉਪਬੰਧਾਂ ਅਨੁਸਾਰ ਅਲਾਟਮੈਂਟ ਨੂੰ ਰੱਦ ਕਰਨ ਸਮੇਤ ਸਖ਼ਤ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਸਾਰੇ ਸਬੰਧਤ ਡਿਫਾਲਟਰਾਂ ਨੂੰ ਆਪਣੇ ਬਕਾਏ ਸੰਬੰਧੀ ਕਿਸੇ ਵੀ ਸਪੱਸ਼ਟੀਕਰਨ ਲਈ ਅਸਟੇਟ ਦਫ਼ਤਰ ਗਲਾਡਾ, ਲੁਧਿਆਣਾ ਨਾਲ ਸੰਪਰਕ ਕਰਨਾ ਚਾਹੀਦਾ ਹੈ। ਮੁੱਖ ਪ੍ਰਸ਼ਾਸਕ (ਸੀ.ਏ) ਗਲਾਡਾ ਸੰਦੀਪ ਕੁਮਾਰ ਨੇ ਸਾਰੇ ਅਲਾਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬਕਾਏ ਦੀ ਸਮੇਂ ਸਿਰ ਅਦਾਇਗੀ ਯਕੀਨੀ ਬਣਾਉਣ ਤਾਂ ਜੋ ਵਿਕਾਸ ਕਾਰਜ ਨਿਰਵਿਘਨ ਜਾਰੀ ਰਹਿ ਸਕਣ ਅਤੇ ਆਮ ਜਨਤਾ ਨੂੰ ਬਿਹਤਰ ਨਾਗਰਿਕ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਦਾ ਲਾਭ ਮਿਲ ਸਕੇ।

# ਖੰਨਾ 'ਚ 10 .ਗੈਰ ਕਾਨੂੰਨੀ ਇਮੀਗ੍ਰੇਸ਼ਨ ਸੈਂਟਰ ਫੜੇ

## ਵਿਦੇਸ਼ ਭੇਜਣ ਦੇ ਨਾਂਅ 'ਤੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ : ਡਾ. ਦਰਪਣ ਆਹਲੂਵਾਲੀਆ



ਖੰਨਾ, ਲੁਧਿਆਣਾ 12 ਫਰਵਰੀ (ਸੰਜੀਵ ਲਹਿਲ) : ਪੰਜਾਬ ਪੁਲਿਸ ਵੱਲੋਂ ਜਾਰੀ ਆਪ੍ਰੇਸ਼ਨ ਪ੍ਰਹਾਰ-2 ਦੌਰਾਨ ਮਿਲੇ ਅਹਿਮ ਇਨਪੁੱਟ ਮਗਰੋਂ ਖੰਨਾ ਪੁਲਿਸ ਨੇ ਗੈਰਕਾਨੂੰਨੀ ਇਮੀਗ੍ਰੇਸ਼ਨ ਦੇ ਧੰਦੇ ਖ਼ਿਲਾਫ਼ ਵੱਡੀ ਤੇ ਸਖ਼ਤ ਕਾਰਵਾਈ ਕਰਦਿਆਂ 10 ਗੈਰਕਾਨੂੰਨੀ ਇਮੀਗ੍ਰੇਸ਼ਨ ਸੈਂਟਰਾਂ 'ਤੇ ਇਕਸਾਰ ਛਾਪੇਮਾਰੀ ਕੀਤੀ। ਇਹ ਪੂਰੀ ਕਾਰਵਾਈ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਸਪੱਸ਼ਟ ਹੁਕਮਾਂ ਅਤੇ ਮਜ਼ਬੂਤ ਅਗਵਾਈ ਹੇਠ ਅੰਜਾਮ ਦਿੱਤੀ ਗਈ। ਇਸ ਵੱਡੀ ਕਾਰਵਾਈ ਨਾਲ ਗੈਰਕਾਨੂੰਨੀ ਤਰੀਕਿਆਂ ਨਾਲ ਨੌਜਵਾਨਾਂ ਨੂੰ ਵਿਦੇਸ਼ ਭੇਜਣ ਵਾਲੇ ਗਿਰੋਹਾਂ ਵਿੱਚ ਹੜਕੰਪ ਮਚ ਗਿਆ ਹੈ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 10 ਪੁਲਿਸ ਟੀਮਾਂ ਦਾ ਗਠਨ ਕਰਕੇ ਖੰਨਾ ਦੇ ਪ੍ਰਸਿੱਧ ਐਜੂਕੇਸ਼ਨ ਹੱਬ ਜੀ.ਟੀ.ਬੀ ਮਾਰਕੀਟ ਵਿੱਚ ਇਕਸਾਰ ਕਈ ਇਮੀਗ੍ਰੇਸ਼ਨ ਸੈਂਟਰਾਂ 'ਤੇ ਛਾਪੇ ਮਾਰੇ ਗਏ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਖੰਨਾ ਪੁਲਿਸ ਨੇ ਆਪ੍ਰੇਸ਼ਨ ਪ੍ਰਹਾਰ-2 ਦੌਰਾਨ ਅਹਿਮ ਇਨਪੁੱਟ ਮਿਲੀ ਸੀ ਜਿਸ ਮਗਰੋਂ ਇਹ ਮੁਹਿੰਮ ਛੇੜੀ ਗਈ। ਸ਼ੁਰੂਆਤੀ ਜਾਂਚ ਦੌਰਾਨ 10 ਇਮੀਗ੍ਰੇਸ਼ਨ ਸੈਂਟਰਾਂ ਨੂੰ ਪੂਰੀ ਤਰ੍ਹਾਂ ਗੈਰਕਾਨੂੰਨੀ ਪਾਇਆ ਗਿਆ ਹੈ, ਜਿਨ੍ਹਾਂ ਖ਼ਿਲਾਫ਼ ਮਾਮਲੇ ਦਰਜ ਕਰ ਲਏ ਗਏ ਹਨ। ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਗੁਪਤ ਜਾਣਕਾਰੀ ਮਿਲੀ ਸੀ ਕਿ ਕੁੱਝ ਇਮੀਗ੍ਰੇਸ਼ਨ ਸੈਂਟਰ ਚਲਾਉਣ ਵਾਲੇ ਗੈਂਗਸਟਰਾਂ ਅਤੇ ਅਪਰਾਧੀ ਤੱਤਾਂ ਨਾਲ ਮਿਲੀਭੁਗਤ ਕਰਕੇ ਨਕਲੀ ਪਾਸਪੋਰਟ ਤਿਆਰ ਕਰਵਾਉਂਦੇ ਹਨ ਅਤੇ ਨੌਜਵਾਨਾਂ ਨੂੰ ਗੈਰਕਾਨੂੰਨੀ ਤਰੀਕੇ ਨਾਲ ਵਿਦੇਸ਼ ਭੇਜਣ ਵਿੱਚ ਮਦਦ ਕਰਦੇ ਹਨ। ਇਸ ਗੰਭੀਰ ਸੂਚਨਾ ਦੇ ਆਧਾਰ 'ਤੇ ਹੀ ਇਹ ਵਿਸ਼ਾਲ ਮੁਹਿੰਮ ਚਲਾਈ ਗਈ।

ਰੇਡ ਦੌਰਾਨ ਪੁਲਿਸ ਨੂੰ ਹੈਰਾਨ ਕਰਨ ਵਾਲੀ ਮਾਤਰਾ ਵਿੱਚ ਸ਼ੱਕੀ ਸਮਾਨ ਬਰਾਮਦ ਹੋਇਆ। ਪੁਲਿਸ ਨੇ ਮੌਕੇ ਤੋਂ 30 ਪਾਸਪੋਰਟ, 34 ਕੰਪਿਊਟਰ, ਲੈਪਟਾਪ ਅਤੇ ਟੈਬ, 15 ਏ.ਟੀ.ਐਮ ਕਾਰਡ ਅਤੇ 175 ਚੈਕ ਬੁੱਕਾਂ ਕਬਜ਼ੇ ਵਿੱਚ ਲਈਆਂ, ਜਿਨ੍ਹਾਂ ਵਿੱਚੋਂ ਕਈ ਚੈਕ ਬੁੱਕਾਂ ਪਹਿਲਾਂ ਤੋਂ ਸਾਈਨ ਕੀਤੀਆਂ ਹੋਈਆਂ ਸਨ। ਇਹ ਸਾਰਾ ਸਮਾਨ ਗੈਰਕਾਨੂੰਨੀ ਲੈਣ-ਦੇਣ ਅਤੇ ਵਿੱਤੀ ਧੋਖਾਧੜੀ ਵੱਲ ਸਪਸ਼ਟ ਇਸ਼ਾਰਾ ਕਰਦਾ ਹੈ। ਇਸ ਤੋਂ ਇਲਾਵਾ ਵੱਡੀ ਮਾਤਰਾ ਵਿੱਚ ਅਹਿਮ ਦਸਤਾਵੇਜ਼ ਅਤੇ ਡਿਜੀਟਲ ਡਾਟਾ ਵੀ ਬਰਾਮਦ ਕੀਤਾ ਗਿਆ ਹੈ, ਜਿਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਸਪਸ਼ਟ ਕੀਤਾ ਕਿ ਵਿਦੇਸ਼ ਭੇਜਣ ਦੇ ਨਾਂਅ ਉਪਰ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

# ਲੁਧਿਆਣਾ ਪੁਲਿਸ ਵੱਲੋਂ ਮਜ਼ਬੂਤ ਭਾਈਚਾਰਕ ਸਾਂਝ ਲਈ ਜਨਤਕ ਮੀਟਿੰਗ



ਲੁਧਿਆਣਾ, 12 ਫਰਵਰੀ (ਵਿਸ਼ਾਲ ਸ਼ਰਮਾ) ਭਾਈਚਾਰਕ ਪੁਲਿਸਿੰਗ ਦਾ ਇੱਕ ਵੱਡਾ ਪ੍ਰਦਰਸ਼ਨ ਕਰਦਿਆਂ, ਲੁਧਿਆਣਾ ਪੁਲਿਸ ਕਮਿਸ਼ਨਰੇਟ ਵੱਲੋਂ ਪੁਲਿਸ ਲਾਈਨਜ਼, ਲੁਧਿਆਣਾ ਵਿਖੇ ਕਾਨੂੰਨ ਲਾਗੂ ਕਰਨ ਵਾਲੀਆਂ ਸੰਸਥਾਵਾਂ ਅਤੇ ਸਥਾਨਕ ਨਿਵਾਸੀਆਂ ਵਿਚਕਾਰ ਪਾੜੇ ਨੂੰ ਖਤਮ ਕਰਨ ਲਈ ਇੱਕ ਇਤਿਹਾਸਕ ਜਨਤਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਬਹੁਤ ਹੀ ਸਕਾਰਾਤਮਕ ਅਤੇ ਸਹਿਯੋਗੀ ਮਾਹੌਲ ਵਿੱਚ ਹੋਏ ਇਸ ਸਮਾਗਮ ਵਿੱਚ ਸ਼ਹਿਰ ਦੇ ਜ਼ਮੀਨੀ ਪੱਧਰ ਦੇ ਸੁਰੱਖਿਆ ਨੈੱਟਵਰਕ ਦੇ 1,500 ਤੋਂ ਵੱਧ ਨੁਮਾਇੰਦਿਆਂ ਨੇ ਭਾਗ ਲਿਆ। ਇਸ ਮੀਟਿੰਗ ਦੀ ਪ੍ਰਧਾਨਗੀ ਕਮਿਸ਼ਨਰ ਪੁਲਿਸ ਸਵਪਨ ਸ਼ਰਮਾ ਆਈ.ਪੀ.ਐਸ. ਨੇ ਕੀਤੀ, ਜਿਨ੍ਹਾਂ ਦੇ ਨਾਲ ਵਧੀਕ ਪੁਲਿਸ ਕਮਿਸ਼ਨਰ ਰੁਪਿੰਦਰ ਸਿੰਘ ਆਈ.ਪੀ.ਐਸ. ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਇਕੱਠ ਵਿੱਚ ਮੁੱਖ ਤੌਰ ਤੇ 385 ਕਮੇਟੀਆਂ ਦੇ ਸਮਰਪਿਤ ਮੈਂਬਰ ਸ਼ਾਮਲ ਸਨ, ਜਿਨ੍ਹਾਂ ਵਿੱਚ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀ.) ਅਤੇ ਵਾਰਡ ਡਿਫੈਂਸ ਕਮੇਟੀਆਂ (ਡਬਲਿਊ.ਡੀ.ਸੀ.) ਸ਼ਾਮਲ ਸਨ, ਜੋ ਕਿ ਅਪਰਾਧ ਵਿਰੁੱਧ ਇੱਕ ਸੰਯੁਕਤ ਮੋਰਚੇ ਨੂੰ ਦਰਸਾਉਂਦੇ ਹਨ ਕਮਿਸ਼ਨਰ ਸਵਪਨ ਸ਼ਰਮਾ ਨੇ ਕਮੇਟੀਆਂ ਨੂੰ ਪੁਲਿਸ ਦੀਆਂ ਰਣਨੀਤਕ ਮੁਹਿੰਮਾਂ ਦੀ ਸਫਲਤਾ ਬਾਰੇ ਜਾਣਕਾਰੀ ਦਿੱਤੀ। ਇਸ ਚਰਚਾ ਦਾ ਕੇਂਦਰ ਸ਼ਹਿਰ ਨੂੰ ਅਪਰਾਧ ਮੁਕਤ ਕਰਨ ਲਈ ਚਲਾਈਆਂ ਗਈਆਂ ਫਲੈਗਸ਼ਿਪ ਮੁਹਿੰਮਾਂ ਸਨ ਆਪ੍ਰੇਸ਼ਨ ਪ੍ਰਹਾਰ 2.0 ਇਸ ਵਿਸ਼ੇਸ਼ ਮੁਹਿੰਮ ਦੇ ਨਤੀਜੇ ਵਜੋਂ 232 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਭਾਰੀ ਮਾਤਰਾ ਵਿੱਚ ਨਾਜਾਇਜ਼ ਹਥਿਆਰ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ, ਜਿਸ ਨਾਲ ਸਥਾਨਕ ਅਪਰਾਧਿਕ ਗਿਰੋਹਾਂ ਨੂੰ ਕਰਾਰੀ ਸੱਟ ਵੱਜੀ ਹੈ। ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੇ ਹਿੱਸੇ ਵਜੋਂ, ਇਸ ਮੁਹਿੰਮ ਨੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਚੇਨ ਨੂੰ ਤੋੜਨ ਤੇ ਧਿਆਨ ਦਿੱਤਾ ਹੈ। ਪੁਲਿਸ ਕਮਿਸ਼ਨਰ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਲੁਧਿਆਣਾ ਨੂੰ ਨਸ਼ਾ ਮੁਕਤ ਬਣਾਉਣ ਲਈ ਭਾਈਚਾਰਕ ਸੂਚਨਾ ਹੀ ਗੁਪਤ ਹਥਿਆਰ ਹੈ। ਗੈਂਗਸਟਰਾਂ 'ਤੇ ਵਾਰ: ਇਹ ਪਹਿਲਕਦਮੀ ਵਿਸ਼ੇਸ਼ ਤੌਰ ਤੇ ਸੰਗਠਿਤ ਅਪਰਾਧ ਮਾਡਿਊਲਾਂ ਨੂੰ ਨਿਸ਼ਾਨਾ ਬਣਾਉਂਦੀ ਹੈ। ਅਧਿਕਾਰੀਆਂ ਨੇ ਗੈਂਗਸਟਰ ਨੈੱਟਵਰਕਾਂ ਨੂੰ ਖਤਮ ਕਰਨ ਦੇ ਸਕਾਰਾਤਮਕ ਪ੍ਰਭਾਵਾਂ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ ਇਹਨਾਂ ਕਾਰਵਾਈਆਂ ਨੇ ਜਬਰੀ ਵਸੂਲੀ ਅਤੇ ਸੜਕੀ ਹਿੰਸਾ ਦੇ ਖਤਰੇ ਨੂੰ ਕਾਫੀ ਹੱਦ ਤੱਕ ਘੱਟ ਕੀਤਾ ਹੈ। ਪੁਲਿਸ ਲਾਈਨਜ਼ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਵੀ.ਡੀ.ਸੀਜ ਅਤੇ ਡਬਲਿਊ.ਡੀ.ਸੀਜ ਫੋਰਸ ਦੀਆਂ ਅੱਖਾਂ ਅਤੇ ਕੰਨ ਹਨ। ਨੇਬਰਹੁੱਡ ਵਾਚ ਪ੍ਰੋਗਰਾਮਾਂ ਲਈ ਸਰਗਰਮ ਰਣਨੀਤੀਆਂ। ਸ਼ਹਿਰ ਦੀ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਜਨਤਕ ਸਹਿਯੋਗ ਦੀ ਮੰਗ। ਮੈਂਬਰਾਂ ਨੇ ਪੁਲਿਸ ਦੀ ਵਧੀ ਹੋਈ ਚੌਕਸੀ ਅਤੇ ਹਾਲ ਹੀ ਵਿੱਚ ਕੀਤੀਆਂ ਕਾਰਵਾਈਆਂ ਦੀ ਪ੍ਰਭਾਵਸ਼ੀਲਤਾ ਬਾਰੇ ਸਕਾਰਾਤਮਕ ਫੀਡਬੈਕ ਦਿੱਤੀ। ਮੀਟਿੰਗ ਦੀ ਸਮਾਪਤੀ ਸਹਿਯੋਗ ਦੇ ਨਵੇਂ ਸੰਕਲਪ ਨਾਲ ਹੋਈ, ਜਿਸ ਨੇ ਇਹ ਯਕੀਨੀ ਬਣਾਇਆ ਕਿ ਵੀ.ਡੀ.ਸੀਜ ਅਤੇ ਡਬਲਿਊ.ਡੀ.ਸੀਜ ਢਾਂਚਾ ਲੁਧਿਆਣਾ ਪੁਲਿਸ ਦੀ ਸੁਰੱਖਿਆ ਰਣਨੀਤੀ ਦੀ ਰੀੜ੍ਹ ਦੀ ਹੱਡੀ ਬਣਿਆ ਰਹੇ।

# ਦੇਸ਼ ਵਿਆਪੀ ਹੜਤਾਲ ਦੌਰਾਨ ਮੁੱਲਾਂਪੁਰ ਵਿਖੇ ਰੋਸ ਮੁਜ਼ਾਹਰਾ

ਮੁੱਲਾਂਪੁਰ ਦਾਖਾ, 12 ਫਰਵਰੀ (ਦਵਿੰਦਰ ਸਿੰਘ ਲੰਮੇਂ) : ਦੇਸ਼ ਦੀ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਵਪਾਰਕ ਸਮਝੌਤੇ ਖਿਲਾਫ ਦੇਸ਼ ਵਿਆਪੀ ਹੜਤਾਲ ਦੌਰਾਨ ਸਥਾਨਕ ਸ਼ਹਿਰ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸਮਰਥਨ ਨਾਲ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸੂਬਾਈ ਆਗੂਆਂ ਰੂਪ ਬਸੰਤ ਸਿੰਘ ਬੜੈਚ ਅਤੇ ਸਤਿਨਾਮ ਸਿੰਘ ਬੜੈਚ ਦੀ ਅਗੁਵਾਈ ਹੇਠ ਰੋਸ ਮੁਜਾਹਰਾ ਕੀਤਾ ਗਿਆ ਅਤੇ ਸਰਕਾਰ ਖਿਲਾਫ ਜਬਰਦਸਤ ਨਾਅਰੇਬਾਜੀ ਕੀਤੀ ਗਈ। ਇਸ ਮੌਕੇ ਉੱਕਤ ਆਗੂਆਂ ਚਾਰ ਲੇਬਰ ਕੋਡ, ਬਿਜਲੀ ਸੋਧ ਬਿੱਲ ਅਤੇ ਬੀਜ ਬਿੱਲ ਰੱਦ ਕਰਨ ਦੀ ਮੰਗ ਕਰਦਿਆਂ ਮਗਨਰੇਗਾ ਕਾਨੂੰਨ ਰੱਦ ਕਰਨ ਦੇ ਖਿਲਾਫ ਆਵਾਜ਼ ਬਲੰਦ ਕੀਤੀ ।

ਅਮਰੀਕਾ ਦੇ ਭਾਰੀ ਸਬਸਿਡੀ ਵਾਲੇ ਖੇਤੀ ਉਤਪਾਦਾਂ ਨਾਲ ਭਾਰਤੀ ਬਾਜ਼ਾਰ ਭਰਨ ਵਾਲਾ ਇਹ ਵਪਾਰ ਸਮਝੌਤਾ, ਦੇਸ਼ ਦੇ ਪੂਰੇ ਕਿਸਾਨ ਵਰਗ ਨੂੰ ਤਬਾਹ ਕਰ ਦੇਵੇਗਾ। ਇਸ ਮੌਕੇ ਕਾਮਰੇਡ ਮੋਹਣ ਸਿੰਘ, ਬੱਗਾ ਸਿੰਘ ਮੁੱਲਾਂਪੁਰ, ਸਿਕੰਦਰ ਸਿੰਘ ਮੁੱਲਾਂਪੁਰ , ਮੈਨੇਜਰ ਗੁਰਦੇਵ ਸਿੰਘ ਅਤੇ ਲਛਮਣ ਸਿੰਘ ਆਦਿ ਹਾਜਰ ਸਨ।

# ਦੇਸ਼-ਵਿਆਪੀ ਆਮ ਹੜਤਾਲ ਦੇ ਸਬੰਧ ਵਿੱਚ ਲੁਧਿਆਣਾ ਵਿਖੇ ਵਿਸ਼ਾਲ ਰੈਲੀ

ਲੁਧਿਆਣਾ 12 ਫਰਵਰੀ (ਰਵਿੰਦਰ ਸਿੰਘ ਨਿੱਝਰ) ਦੇਸ਼ ਵਿਆਪੀ ਹੜਤਾਲ ਦੇ ਸੱਦੇ ਤੇ ਅੱਜ ਲੁਧਿਆਣੇ ਦੇ ਅਦਾਰਿਆਂ ਵਿੱਚ ਹੜਤਾਲ ਤੋਂ ਬਾਅਦ ਬੱਸ ਸਟੈਂਡ ਤੇ ਇਕੱਠੇ ਹੋ ਕੇ ਰੈਲੀ ਕੀਤੀ ਗਈ, ਜਿਸ ਵਿੱਚ ਏਟਕ-ਇੰਟਕ- ਸੀਟੂ- ਐਕਟੂ -ਸੀਟੀਯੂ ਪੰਜਾਬ, ਐਸਕੇਐਮ ਅਤੇ ਹੋਰ ਜਨਤਕ ਜਮਹੂਰੀ ਜਥੇਬੰਦੀਆਂ ਅਤੇ ਆਜ਼ਾਦ ਫੈਡਰੇਸ਼ਨਾਂ ਦੇ ਹਿੱਸਾ ਲਿਆ।

ਇਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਲੇਬਰ ਕੋਡ ਬਿਨਾਂ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕੀਤੇ, ਬਿਨਾਂ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕੀਤੇ, ਅਤੇ ਭਾਰਤੀ ਲੇਬਰ ਕਾਨਫਰੰਸ ਨਾ ਬੁਲਾ ਕੇ—ਉਨ੍ਹਾਂ ਅੰਤਰਰਾਸ਼ਟਰੀ ਮਜ਼ਦੂਰੀ ਮਿਆਰਾਂ ਦੀ ਉਲੰਘਣਾ ਕਰਕੇ ਲਿਆਂਦੇ ਗਏ ਹਨ, ਜਿਨ੍ਹਾਂ ਲਈ ਭਾਰਤ ਨੇ ਇੱਕ ਦੇਸ਼ ਦੇ ਤੌਰ 'ਤੇ ਹਸਤਾਖਰ ਕੀਤੇ ਹੋਏ ਹਨ, ਵਿਕਸਿਤ ਭਾਰਤ- ਗਾਰੰਟੀ ਫ਼ੋਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਐਕਟ 2025 ਰੱਦ ਕੀਤਾ ਜਾਵੇ ਅਤੇ ਮਨਰੇਗਾ ਕਾਨੂੰਨ ਨੂੰ ਉਸ ਦੀਆਂ ਕਮੀਆਂ ਦੂਰ ਕਰਕੇ ਦੁਬਾਰਾ ਲਾਗੂ ਕੀਤਾ ਜਾਵੇ, ਮਸੌਦਾ ਸੀਡ ਬਿੱਲ ਅਤੇ ਬਿਜਲੀ ਸੋਧ ਬਿੱਲ ਵਾਪਸ ਲਏ ਜਾਣ,'ਸ਼੍ਰਮ ਸ਼ਕਤੀ ਨੀਤੀ-2025' ਦਾ ਮਸੌਦਾ ਬਿਨਾਂ ਹਿੱਸੇਦਾਰਾਂ ਨਾਲ ਗੱਲਬਾਤ ਕੀਤੇ ਜਾਰੀ ਕੀਤਾ ਹੈ, ਜਿਸਦਾ ਮਕਸਦ ਚਾਰ ਲੇਬਰ ਕੋਡ ਲਾਗੂ ਕਰਨਾ, ਟ੍ਰੇਡ ਯੂਨੀਅਨਾਂ ਦੀ ਭੂਮਿਕਾ ਘਟਾਉਣਾ, ਮਜ਼ਦੂਰੀ ਨੂੰ ਅਧਿਕਾਰ ਦੀ ਥਾਂ 'ਧਰਮ' ਵਜੋਂ ਦਰਸਾਉਣਾ ਅਤੇ ਸਰਕਾਰ ਦੀ ਨਿਯੰਤਰਕ ਵਾਲੀ ਭੂਮਿਕਾ ਨੂੰ ਧੁੰਦਲੇ 'ਰੋਜ਼ਗਾਰ ਸੁਵਿਧਾਕਾਰ' ਵਿੱਚ ਬਦਲਣਾ ਹੈ—ਜਿਸ ਨਾਲ ਸਮੂਹਕ ਸੰਘਰਸ਼ ਕਮਜ਼ੋਰ ਹੁੰਦਾ ਹੈ।

ਇਸ ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਚੰਦਰ ਸ਼ੇਖਰ, ਮੰਗਤ ਰਾਮ ਪਾਸਲਾ ਡੀ ਪੀ ਮੌੜ,ਗੁਰਜੀਤ ਸਿੰਘ ਜਗਪਾਲ, ਬੱਬਨ ਪਾਸਵਾਨ, ਰਘਵੀਰ ਸਿੰਘ ਬੈਨੀਪਾਲ ,ਐਮ ਐਸ ਭਾਟੀਆ ,ਸੁਖਵਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਬਲਰਾਮ ਸਿੰਘ , ਡਾ ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੋੜ, ਸੁਭਾਸ਼ ਰਾਨੀ, ਮਾਸਟਰ ਫਿਰੋਜ਼, ਕਾਮਰੇਡ ਚਿਤਰੰਜਨ, ਯੁਵਰਾਜ ਸਿੰਘ , ਗੁਰਮੇਲ ਮੈਲੜੇ ਪ੍ਰਵੀਨ ਕੁਮਾਰੀ ਆਦਿ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ। ਇਸ ਹੜਤਾਲ ਰੈਲੀ ਦੇ ਪ੍ਰਧਾਨਗੀ ਮੰਡਲ ਵਿੱਚ ਕਾਮਰੇਡ ਕੇਵਲ ਸਿੰਘ ਬਨਵੈਤ , ਸਰਬਜੀਤ ਸਿੰਘ ਸਰਹਾਲੀ, ਪਰਮਜੀਤ ਸਿੰਘ, ਰਾਮ ਲਾਲ ਅਤੇ ਜੈ ਪ੍ਰਕਾਸ਼ ਨਰਾਇਣ ਸ਼ਾਮਲ ਸਨ।

# ਡਿਊਟੀ ਤੋਂ .ਗੈਰਹਾਜ਼ਰ ਰਹਿਕੇ ਬਿਜਲੀ ਮੁਲਾਜ਼ਮਾਂ ਵੱਲੋਂ ਦੇਸ਼ ਵਿਆਪੀ ਹੜਤਾਲ ਨੂੰ ਸਮਰਥਨ

ਲੁਧਿਆਣਾ 12 ਫਰਵਰੀ (ਰਵਿੰਦਰ ਸਿੰਘ ਨਿੱਝਰ) : ਬਿਜਲੀ ਸੋਧ ਬਿੱਲ 2025 ਸਮੇਤ ਦਰਜਨ ਦੇ ਕਰੀਬ ਹੋਰਨਾਂ ਮਸਲਿਆਂ ਤੇ ਮੰਗਾਂ ਨੂੰ ਲੈਕੈ ਦੇਸ਼ ਭਰ ਦੀਆਂ ਟਰੇਡ ਯੂਨੀਅਨਾਂ, ਕਿਸਾਨ ਤੇ ਮਜਦੂਰ ਜੱਥੇਬੰਦੀਆਂ ਵੱਲੋਂ ਜੋ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਸੀ ਉਸ ਉੱਤੇ ਬਿਜਲੀ ਮੁਲਾਜਮਾਂ ਵੱਲੋਂ ਪੂਰਾ ਪਹਿਰਾ ਦਿੱਤਾ ਗਿਆ ਹੈ। ਏਨਾ ਸ਼ਬਦਾਂ ਦਾ ਪ੍ਰਗਟਾਵਾ ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਜਿਲਾ ਆਗੂ ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਕੀਤਾ। ਉਨ੍ਹਾਂ ਅੱਜ ਦੀ ਹੜਤਾਲ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕੱਚੇ ਪੱਕੇ ਬਿਜਲੀ ਮੁਲਾਜਮਾਂ ਨੇ ਬਿਜਲੀ ਮੁਲਾਜਮ ਏਕਤਾ ਮੰਚ, ਜੁਆਇੰਟ ਫੋਰਮ, ਏਓਜੇਈ, ਪੈਨਸ਼ਨਰਜ਼ ਯੂਨੀਅਨ, ਗਰਿੱਡ ਐਸੋਸੀਏਸ਼ਨ ਅਤੇ ਪਾਵਰਕਾਮ ਐਂਡ ਟਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੀ ਲੀਡਰਸ਼ਿਪ ਦੇ ਆਦੇਸ਼ਾਂ ਉੱਤੇ ਅੱਜ ਵੱਖ ਵੱਖ ਥਾਵਾਂ ਉੱਤੇ ਕੇਂਦਰ ਦੀ ਮੋਦੀ ਸਰਕਾਰ ਦੇ ਨਾਲ ਨਾਲ ਪੰਜਾਬ ਦੀ ਭਗਵੰਤ ਮਾਨ ਸਰਕਾਰ ਰੋਸ ਪ੍ਰਦਰਸ਼ਨ ਕੀਤਾ। ਪੱਕੇ ਮੁਲਾਜਮਾਂ ਨੇ ਡਿਊਟੀ ਤੋਂ ਗੈਰਹਾਜਰ ਰਹੇ ਕਿ ਦੇਸ਼ ਵਿਆਪੀ ਹੜਤਾਲ ਨੂੰ ਸਮੱਰਥਨ ਦਿੱਤਾ ਅਤੇ ਮੰਗ ਕੀਤੀ ਕਿ ਲੋਕ ਸਭਾ ਦੇ ਸ਼ੈਸ਼ਨ ਚ ਪੇਸ਼ ਕੀਤੇ ਜਾਣ ਵਾਲੇ ਬਿਜਲੀ ਸੋਧ ਬਿੱਲ 2025 ਤੇ ਬੀਜ ਸੋਧ ਬਿੱਲ 2025 ਸਮੇਤ 29 ਲੇਬਰ ਕਾਨੂੰਨਾ ਦੀ ਜਗਾ ਤੇ ਲਿਆਂਦੇ 4 ਲੇਬਰ ਕੋਡਾਂ ਨੂੰ ਵਾਪਸ ਲਿਆ ਜਾਵੇ। ਭਾਜਪਾ ਵੱਲੋਂ ਅਮਰੀਕਾ ਨਾਲ਼ ਕੀਤੀ ਗਈ ਇਹ ਗੁਪਤ ਟ੍ਰੇਡ ਡੀਲ ਵਪਾਰੀਆਂ ਅਤੇ ਕਿਸਾਨੀ ਦੀ ਬਰਬਾਦੀ ਦੀ ਡੀਲ ਹੈ।

# ਡੀ.ਏ.ਵੀ. ਸਕੂਲ ਨੇ ਇੰਟਰਨੈਸ਼ਨਲ ਕਿਕਬਾਕਸਿੰਗ ਕੱਪ ਵਿੱਚ ਗੱਡੇ ਝੰਡੇ



ਜਗਰਾਓਂ 12 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਖੇਡਾਂ ਦੇ ਖੇਤਰ ਵਿੱਚ ਜਗਰਾਉਂ ਦਾ ਨਾਮ ਉਸ ਸਮੇਂ ਅੰਤਰ ਰਾਸ਼ਟਰੀ ਪੱਧਰ ਤੇ ਚਮਕ ਗਿਆ। ਜਦੋਂ ਡੀ.ਏਵੀ ਸਕੂਲ ਦੇ ਖਿਡਾਰੀਆਂ ਨੇ ਇੰਡੀਆ ਓਪਨ ਇੰਟਰਨੈਸ਼ਨਲ ਕਿੱਕਬਾਕਸਿੰਗ ਕੱਪ ਵਿੱਚ ਸ਼ਾਨਦਾਰ ਜਿੱਤ ਹਾਸਿਲ ਕੀਤੀ। ਡੀ. ਏ. ਵੀ. ਸਕੂਲ ਜਗਰਾਉਂ ਦੇ ਪ੍ਰਿੰਸੀਪਲ ਵੇਦ ਵਰਤ ਪਲਾਹ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਵੀਂ ਇੰਡੀਆ ਓਪਨ ਇੰਟਰਨੈਸ਼ਨਲ ਕਿੱਕਬਾਕਸਿੰਗ ਇੰਦਰਾ ਗਾਂਧੀ ਸਪੋਰਟਸ ਕੰਪਲੈਕਸ ਦੇ ਕੇ.ਡੀ. ਯਾਦਵ ਇਨਡੋਰ ਸਟੇਡੀਅਮ ਵਿੱਚ ਵਾਕੋ ਇੰਡੀਆ ਕਿੱਕਬਾਕਸਿੰਗ ਫੈਡਰੇਸ਼ਨ ਵੱਲੋਂ ਕਰਵਾਏ ਕਿੱਕਬਾਕਸਿੰਗ ਕੱਪ ਵਿੱਚ ਸਕੂਲ ਦੇ ਖਿਡਾਰੀਆਂ ਨੇ ਪੰਜਾਬ ਕਿੱਕਬਾਕਸਿੰਗ ਦੀ ਟੀਮ ਵੱਲੋਂ ਖੇਡਦਿਆਂ ਦੋ ਸਿਲਵਰ ਮੈਡਲ ਤੇ ਦੋ ਬਰੋਨਜ਼ ਮੈਡਲ ਹਾਸਿਲ ਕੀਤੇ। ਸਕੂਲ ਦੇ ਹੋਣਹਾਰ ਖਿਡਾਰੀ ਚਰਨਪ੍ਰੀਤ ਸਿੰਘ ਨੇ ਮਿਊਜ਼ੀਕਲ ਫਾਰਮ ਵਿੱਚ ਬਰੋਨਜ਼ ਮੈਡਲ ਅਤੇ+94 ਕਿਲੋ ਪੁਆਇੰਟ ਫਾਈਟ ਵਿੱਚ ਬਰੋਨਜ਼ ਮੈਡਲ ਹਾਸਲ ਕਰਕੇ ਚਰਨਪ੍ਰੀਤ ਸਿੰਘ ਨੇ ਦੋ ਬਰੋਨਜ਼ ਮੈਡਲ ਆਪਣੇ ਨਾਮ ਕੀਤੇ। ਅੰਨਸ਼ੁਮਨ ਕੁਮਾਰ ਨੇ- 52 ਕਿਲੋ ਸਬ- ਜੂਨੀਅਰ ਵਿੱਚੋਂ ਲਾਈਟ ਕੁਨਟੈਕਟ ਖੇਡ ਕੇ ਸਿਲਵਰ ਮੈਡਲ ਹਾਸਿਲ ਕੀਤਾ। ਸਕੂਲ ਦੇ ਨਾਲ ਸਬੰਧਤ ਹਰਕਰਨ ਜੋਤ ਸਿੰਘ ਨੇ ਸੀਨੀਅਰ-79 ਕਿਲੋ ਵਿੱਚ ਸਿਲਵਰ ਮੈਡਲ ਹਾਸਿਲ ਕੀਤਾ। ਜਦਕਿ ਸਕੂਲ ਦੇ ਤਿੰਨ ਵਿਦਿਆਰਥੀਆਂ ਬਵਨੀਤ ਸਿੰਘ, ਚਾਹਲਪ੍ਰੀਤ ਸਿੰਘ , ਐਸ਼ਪ੍ਰੀਤ ਸਿੰਘ ਨੇ ਵੀ ਇੰਨ੍ਹਾਂ ਖੇਡਾਂ ਵਿੱਚ ਚੰਗੀ ਭਾਗੀਦਾਰੀ ਕੀਤੀ। ਇਹਨਾਂ ਖਿਡਾਰੀਆਂ ਦੀ ਇਸ ਪ੍ਰਾਪਤੀ ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਉਥੇ ਹੀ ਖੇਡ ਪ੍ਰੇਮੀਆਂ ਵੱਲੋਂ ਇਸ ਨੂੰ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਦੱਸਿਆ ਜਾ ਰਿਹਾ ਹੈ। ਪ੍ਰਿੰਸੀਪਲ ਵੇਦ ਵ੍ਰਤ ਪਲਾਹ ਨੇ ਕਿਹਾ ਕਿ ਕੋਚ ਸੁਰਿੰਦਰ ਪਾਲ ਵਿੱਜ (ਡੀ.ਪੀ.ਈ.) ਦੀ ਮਿਹਨਤ ਰੰਗ ਲਿਆਈ ਹੈ। ਖਿਡਾਰੀਆਂ ਦੀ ਇਤਿਹਾਸਿਕ ਜਿੱਤ ਪਿੱਛੇ ਉਹਨਾਂ ਦੇ ਕੋਚ ਸੁਰਿੰਦਰ ਪਾਲ ਵਿੱਜ ਦੀ ਸਖ਼ਤ ਟ੍ਰੇਨਿੰਗ ਅਤੇ ਦਿਸ਼ਾ ਨਿਰਦੇਸ਼ ਦਾ ਵੱਡਾ ਹੱਥ ਰਿਹਾ ਹੈ। ਇਸ ਜਿੱਤ ਨਾਲ ਚਰਨਪ੍ਰੀਤ ਸਿੰਘ ਅੰਸੂਮਨ ਕੁਮਾਰ, ਹਰਕਰਨ ਜੋਤ ਨਾ ਸਿਰਫ਼ ਆਪਣਾ ਬਲਕਿ ਸਕੂਲ ਸ਼ਹਿਰ ਅਤੇ ਆਪਣੇ ਮਾਪਿਆਂ ਦਾ ਸਿਰ ਮਾਣ ਨਾਲ ਉੱਚਾ ਕੀਤਾ। ਸਗੋਂ ਸਮੁੱਚੇ ਜਗਰਾਉਂ ਸ਼ਹਿਰ ਦਾ ਨਾਮ ਕੌਮਾਂਤਰੀ ਪੱਧਰ ਤੇ ਰੌਸ਼ਨ ਕੀਤਾ। ਖਿਡਾਰੀਆਂ ਦਾ ਸ਼ਹਿਰ ਵਿੱਚ ਪੁੱਜਣ ਤੇ ਸਕੂਲ ਤੇ ਮਾਪਿਆਂ ਵੱਲੋਂ ਖਿਡਾਰੀਆਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ। ਢੋਲ ਦੀ ਥਾਪ ਤੇ ਖਿਡਾਰੀਆਂ ਦੇ ਫੁੱਲਾਂ ਦੀ ਵਰਖਾ ਹੋਈ ਅਤੇ ਉਨ੍ਹਾਂ ਨੂੰ ਹਾਰ ਵੀ ਪਾਏ ਗਏ। ਮੁਬਾਰਕਾਂ ਅਤੇ ਅਸ਼ੀਰਵਾਦ ਦਾ ਦੌਰ ਅਤੇ ਇਸ ਖੁਸ਼ੀ ਦੇ ਮੌਕੇ ਤੇ ਇਲਾਕੇ ਦੀ ਪ੍ਰਮੁੱਖ ਸ਼ਖਸ਼ੀਅਤਾਂ ਵੱਲੋਂ ਚਰਨਪ੍ਰੀਤ ਸਿੰਘ ਨੂੰ ਵਿਸ਼ੇਸ਼ ਤੌਰ ਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਤੇ ਚਰਨਪ੍ਰੀਤ ਸਿੰਘ ਦੇ ਮਾਤਾ ਪਿਤਾ ਰਿਸ਼ਤੇਦਾਰ ਸਕੂਲ ਸਟਾਫ਼ ਅਤੇ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ ਨੂੰ ਜ਼ਮੀਨੀ ਹਕੀਕਤ ਨਾਲ ਜੁੜੀ ਅਤੇ ਪੰਥਕ ਸੋਚ ਵਾਲੀ ਸਰਕਾਰ ਦੀ ਲੋੜ : ਸੋਖੀ



ਲੁਧਿਆਣਾ 12 ਫਰਵਰੀ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਇਕ ਸਮਾਜਿਕ ਪ੍ਰੋਗਰਾਮ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਦੁਆਰਾ ਚੋਣਾਂ ਦੌਰਾਨ ਕੀਤੇ ਵਾਅਦੇ ਕਾਗਜ਼ਾਂ ਤੱਕ ਸੀਮਤ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦਾ ਨਾਅਰਾ ਦੇਣ ਵਾਲੀ ਆਪ ਸਰਕਾਰ ਦੇ ਕਾਰਜਕਾਲ ਦੌਰਾਨ ਨਸ਼ਿਆਂ ਦਾ ਜਾਲ ਹੋਰ ਵੀ ਫੈਲਿਆ ਹੈ ਅਤੇ ਨੌਜਵਾਨ ਪੀੜ੍ਹੀ ਭਵਿੱਖ ਤੋਂ ਨਿਰਾਸ਼ ਨਜ਼ਰ ਆ ਰਹੀ ਹੈ। ਜਦਕਿ ਪੰਜਾਬ ਦੀ ਆਰਥਿਕ ਹਾਲਤ ਦਿਨੋਂ-ਦਿਨ ਖ਼ਰਾਬ ਹੁੰਦੀ ਜਾ ਰਹੀ ਹੈ। ਕਰਜ਼ਾ ਵਧ ਰਿਹਾ ਹੈ, ਉਦਯੋਗ ਧੰਧੇ ਠੱਪ ਹੋ ਰਹੇ ਹਨ ਅਤੇ ਨਿਵੇਸ਼ਕ ਸੂਬੇ ਤੋਂ ਮੂੰਹ ਮੋੜ ਰਹੇ ਹਨ। ਸਰਕਾਰ ਵੱਲੋਂ ਕੇਂਦਰ ਨਾਲ ਟਕਰਾਅ ਦੀ ਰਾਜਨੀਤੀ ਕਰਕੇ ਪੰਜਾਬ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਇਆ ਹੈ ।ਸਿਹਤ ਅਤੇ ਸਿੱਖਿਆ ਖੇਤਰ ਬਦਹਾਲੀ ਦਾ ਸ਼ਿਕਾਰ ਹਨ। ਸੋਖੀ ਨੇ ਕਿਹਾ ਕਿ ਪੰਜਾਬ ਨੂੰ ਤਜਰਬੇਕਾਰ, ਜ਼ਮੀਨੀ ਹਕੀਕਤ ਨਾਲ ਜੁੜੀ ਅਤੇ ਪੰਥਕ-ਪੰਜਾਬੀ ਸੋਚ ਵਾਲੀ ਸ਼੍ਰੋਮਣੀ ਅਕਾਲੀ ਦਲ ਬਾਦਲ ਸਰਕਾਰ ਦੀ ਲੋੜ ਹੈ ਕਿਉਂਕਿ ਅਕਾਲੀ ਦਲ ਨੇ ਹਮੇਸ਼ਾਂ ਪੰਜਾਬ, ਪੰਜਾਬੀ ਅਤੇ ਪੰਥ ਦੇ ਹਿੱਤਾਂ ਦੀ ਰੱਖਿਆ ਕੀਤੀ ਹੈ ਅਤੇ ਅੱਗੇ ਵੀ ਕਰਦਾ ਰਹੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਇੰਦਰਜੀਤ ਸਿੰਘ ਰੂਬੀ ਲੋਟੇ, ਦਸ਼ਮੇਸ਼ ਨਗਰ ਸਰਕਲ ਜਥੇਦਾਰ ਪ੍ਰਵੀਨ ਭਾਰਤੀ, ਕਮਲਜੀਤ ਸਿੰਘ ਆਦਿ ਹਾਜਿਰ ਸਨ।

# 22ਵਾਂ ਅੰਮ੍ਰਿਤ ਸਾਗਰ ਸ਼ੁਕਰਾਨਾ ਸਮਾਗਮ ਯਾਦਗਾਰੀ ਸਮਾਗਮ ਹੋਵੇਗਾ : ਮੱਕੜ, ਭਾਟੀਆ



ਲੁਧਿਆਣਾ, 12 ਫਰਵਰੀ (ਰਵਿੰਦਰ ਸਿੰਘ ਨਿੱਝਰ) : ਅੰਮ੍ਰਿਤ ਸਾਗਰ ਪ੍ਰੀਵਾਰ ਵੱਲੋ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਮਿਤੀ 20 ਤੇ 21ਫਰਵਰੀ ਸ਼ਾਮ 7 ਤੋ 11.30 ਵਜੇ ਤੱਕ 21ਵਾਂ ਅੰਮ੍ਰਿਤ ਸਾਗਰ ਸ਼ੁਕਰਾਨਾ ਸਮਾਗਮ ਕਰਵਾਇਆ ਜਾ ਰਿਹਾ ਹੈ। ਇਹ ਖੁਲਾਸਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ ਅਤੇ ਸਮਾਗਮ ਦੇ ਮੁੱਖ ਪ੍ਰਬੰਧਕ ਬਲਬੀਰ ਸਿੰਘ ਭਾਟੀਆ ਨੇ ਸਮਾਗਮ ਦਾ ਸੱਦਾ ਪੱਤਰ ਰਿਲੀਜ਼ ਕਰਦਿਆਂ ਹੋਇਆ ਕੀਤਾ। ਉਹਨਾਂ ਦੱਸਿਆ ਕਿ ਇਸ ਮੌਕੇ ਪੰਥ ਦੇ ਪ੍ਰਸਿੱਧ ਕੀਰਤਨੀ ਜੱਥੇ, ਸਿੰਘ ਸਾਹਿਬਾਨ,ਸੰਤ ਮਹਾਪੁਰਸ਼ ਤੇ ਪ੍ਰਮੁੱਖ ਸਖਸ਼ੀਅਤਾਂ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰੂ ਜਸ ਰਹੀ ਨਿਹਾਲ ਕਰਨਗੀਆਂ।ਇਸ ਦੌਰਾਨ ਅੰਮ੍ਰਿਤ ਸਾਗਰ ਕੰਪਨੀ ਦੇ ਪ੍ਰਮੁੱਖ. ਬਲਬੀਰ ਸਿੰਘ ਭਾਟੀਆ ਨੇ ਦੱਸਿਆ ਕਿ ਉਕਤ 22 ਵੇਂ ਸ਼ੁਕਰਾਨਾ ਸਮਾਗਮ ਅੰਦਰ ਵਿਸ਼ੇਸ਼ ਤੌਰ ਤੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਅਨੰਤਬੀਰ ਸਿੰਘ ਜੀ(ਐਲ.ਏ ਵਾਲੇ), ਭਾਈ ਗੁਰਸ਼ਰਨ ਸਿੰਘ ਜੀ ਲੁਧਿਆਣੇ ਵਾਲੇ, ਭਾਈ ਮਹਿਤਾਬ ਸਿੰਘ ਜੀ ਜਲੰਧਰ ਵਾਲੇ, ਭਾਈ ਤਰਨਵੀਰ ਸਿੰਘ (ਰੱਬੀ ਵੀਰ ਜੀ)ਭਾਈ ਗਗਨਦੀਪ ਸਿੰਘ ਜੀ ਸ੍ਰੀ ਗੰਗਾਨਗਰ ਵਾਲੇ,ਭਾਈ ਕੁਲਜੀਤ ਸਿੰਘ ਜੀ ਖਾਲਸਾ, ਭਾਈ ਕਰਮਜੀਤ ਸਿੰਘ ਖਾਲਸਾ ਲੁਧਿਆਣੇ ਵਾਲੇ, ਬੀਬੀ ਰਵਿੰਦਰ ਕੌਰ ਪਟਿਆਲੇ ਵਾਲੇ ਅਤੇ ਬਾਬਾ ਕੁੰਦਨ ਸਿੰਘ ਭਲਾਈ ਟਰੱਸਟ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥਿਆਂ ਸਮੇਤ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਸਾਬਕਾ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਜਵੱਦੀ ਟਕਸਾਲ ਦੇ ਮੁੱਖੀ ਸੰਤ ਬਾਬਾ ਅਮੀਰ ਸਿੰਘ ਜੀ, ਪੰਥ ਪ੍ਰਚਾਰਕ ਮਾਤਾ ਵਿਪਨਪ੍ਰੀਤ ਕੌਰ ਜੀ ਤੇ ਪਰਵਿੰਦਰ ਸਿੰਘ ਭਾਟੀਆ ਰਾਏਪੁਰ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ। ਇਸ ਸਮੇਂ ਉਨ੍ਹਾਂ ਦੇ ਨਾਲ ਮੇਜਰ ਸਿੰਘ ਖਾਲਸਾ, ਮਨਿੰਦਰ ਸਿੰਘ ਆਹੂਜਾ, ਰਜਿੰਦਰ ਸਿੰਘ ਡੰਗ, ਐਨ. ਐਸ ਕਥੂਰੀਆਂ, ਇੰਦਰਬੀਰ ਸਿੰਘ ਬੱਤਰਾ, ਹਰਮੀਤ ਸਿੰਘ ਡੰਗ, ਗੁਰਬਖਸ਼ ਸਿੰਘ, ਜੋਗਿੰਦਰ ਸਿੰਘ ਸਲੂਜਾ, ਮਨਜੋਤ ਸਿੰਘ ਪਾਹਵਾ, ਰਣਜੀਤ ਸਿੰਘ ਖਾਲਸਾ ਅਤੇ ਕਰਨਪ੍ਰੀਤ ਸਿੰਘ ਭਾਟੀਆ ਆਦਿ ਵੀ ਹਾਜ਼ਰ ਸਨ।

# ਪੁਲਿਸ ਸਿਰਫ਼ ਘਰ ਤੋੜਦੀ ਨਹੀਂ, ਜੋੜਦੀ ਵੀ ਹੈ, ਐਸ.ਐਸ.ਪੀ ਖੰਨਾ ਨੇ ਪੇਸ਼ ਕੀਤੀ ਨਵੀਂ ਮਿਸਾਲ

## ਮੁਹੱਲਾ ਵਾਸੀਆਂ ਦੇ ਭਰੋਸੇ ਮਗਰੋਂ ਨਸ਼ਾ ਤਸਕਰ ਦੇ ਪਰਿਵਾਰ ਨੂੰ ਦਿੱਤੀ ਛੂਟ, ਬੁਲਡੋਜ਼ਰ ਕਾਰਵਾਈ ਤੋਂ ਰਾਹਤ



ਖੰਨਾ, ਲੁਧਿਆਣਾ, 12 ਫਰਵਰੀ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਖੰਨਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਦੀ ਸੋਚ, ਸੰਵੇਦਨਸ਼ੀਲਤਾ ਅਤੇ ਮਾਨਵਤਾ ਭਰੇ ਫੈਸਲਿਆਂ ਦੀ ਹਰ ਪਾਸੇ ਖੁੱਲ੍ਹ ਕੇ ਸ਼ਲਾਘਾ ਹੋ ਰਹੀ ਹੈ। ਨਸ਼ਾ ਤਸਕਰੀ ਲਈ ਬਦਨਾਮ ਰਹੀ ਮੀਟ ਮਾਰਕੀਟ ਖੰਨਾ ਨੂੰ ਪੰਜਾਬ ਸਰਕਾਰ ਅਤੇ ਪੁਲਿਸ ਵੱਲੋਂ ਗੋਦ ਲਏ ਜਾਣ ਦੇ ਫੈਸਲੇ ਮਗਰੋਂ ਹੁਣ ਇੱਕ ਹੋਰ ਅਹਿਮ ਅਤੇ ਦਿਲ ਛੂਹਣ ਵਾਲਾ ਕਦਮ ਚੁੱਕ ਕੇ ਡਾ. ਦਰਪਣ ਆਹਲੂਵਾਲੀਆ ਨੇ ਸਮਾਜ ਅੱਗੇ ਵੱਡੀ ਮਿਸਾਲ ਕਾਇਮ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਇਲਾਕੇ ਵਿੱਚ ਨਸ਼ਾ ਤਸਕਰੀ ਨਾਲ ਜੁੜੇ ਇੱਕ ਤਸਕਰ ਦੀ ਨਾਨੀ ਦੇ ਘਰ ਨੂੰ ਤੋੜਨ ਦੇ ਹੁਕਮ ਜਾਰੀ ਹੋਏ ਸਨ। ਪਰ ਕਾਰਵਾਈ ਤੋਂ ਪਹਿਲਾਂ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਇਲਾਕਾ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਹਾਲਾਤਾਂ ਦੀ ਗੰਭੀਰਤਾ ਨਾਲ ਸਮੀਖਿਆ ਕੀਤੀ। ਇਲਾਕੇ ਦੇ ਲੋਕਾਂ ਨੇ ਭਰੋਸਾ ਦਿਵਾਇਆ ਕਿ ਅੱਗੇ ਤੋਂ ਕਿਸੇ ਵੀ ਤਰ੍ਹਾਂ ਦੀ ਗਲਤ ਸਰਗਰਮੀ ਇੱਥੇ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਸੰਬੰਧਤ ਤਸਕਰ ਨੂੰ ਮੁੜ ਇਲਾਕੇ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਵੇਗਾ।

ਮੌਕੇ 'ਤੇ ਐਸ.ਡੀ.ਐਮ ਸਵਾਤੀ ਟਿਵਾਣਾ ਅਤੇ ਡੀ.ਐਸ.ਪੀ ਵਿਨੋਦ ਕੁਮਾਰ ਵੀ ਹਾਜ਼ਰ ਰਹੇ। ਉਨ੍ਹਾਂ ਨੇ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਖੰਨਾ ਪੁਲਿਸ ਨਸ਼ਾ ਮੁਕਤ ਸਮਾਜ ਬਣਾਉਣ ਲਈ ਲਗਾਤਾਰ ਸੰਵੇਦਨਸ਼ੀਲ ਅਤੇ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਹੈ।

ਇਲਾਕਾ ਵਾਸੀਆਂ ਨੇ ਵੀ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਇਸ ਮਾਨਵਤਾ ਭਰੇ ਫੈਸਲੇ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।

ਜ਼ਿਕਰਯੋਗ ਹੈ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਖੰਨਾ ਪੁਲਿਸ ਨੇ ਨਸ਼ਿਆਂ ਖ਼ਿਲਾਫ਼ ਵੱਡੀਆਂ ਮੁਹਿੰਮਾਂ ਚਲਾਈਆਂ ਹਨ, ਜਿਨ੍ਹਾਂ ਤਹਿਤ ਕਈ ਵੱਡੇ ਤਸਕਰ ਗ੍ਰਿਫ਼ਤਾਰ ਕੀਤੇ ਗਏ, ਨਾਜਾਇਜ਼ ਜਾਇਦਾਦਾਂ ਜ਼ਬਤ ਕੀਤੀਆਂ ਗਈਆਂ ਅਤੇ ਨਸ਼ਾ ਤਸਕਰੀ ਦੇ ਨੈੱਟਵਰਕ ਤੋੜੇ ਗਏ। ਇਸ ਦੇ ਨਾਲ ਹੀ ਸਮਾਜਿਕ ਸੁਧਾਰ ਅਤੇ ਨੌਜਵਾਨਾਂ ਨੂੰ ਸਹੀ ਰਾਹ 'ਤੇ ਲਿਆਉਣ ਲਈ ਜਾਗਰੂਕਤਾ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ।

# ਬਜਟ ਔਰਤਾਂ ਦੇ ਸਸ਼ਕਤੀਕਰਨ ਅਤੇ ਨਾਗਰਿਕਾਂ ਨੂੰ ਸਿੱਧੇ ਲਾਭ ਦੇਣ 'ਤੇ ਕੇਂਦ੍ਰਿਤ : ਜੈ ਇੰਦਰ ਕੌਰ



ਲੁਧਿਆਣਾ, 12 ਫਰਵਰੀ (ਰਵਿੰਦਰ ਸਿੰਘ ਨਿੱਝਰ ) ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਗਏ ਬਜਟ ਸਬੰਧੀ ਮਹਿਲਾ ਮੋਰਚਾ ਦੀ ਸੂਬਾ ਪ੍ਰਧਾਨ ਜੈ ਇੰਦਰ ਕੌਰ ਵੱਲੋਂ ਜ਼ਿਲ੍ਹਾ ਭਾਜਪਾ ਦਫ਼ਤਰ ਵਿਖੇ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਪ੍ਰੈਸ ਕਾਨਫਰੰਸ ਵਿੱਚ ਜੈ ਇੰਦਰ ਕੌਰ ਨੇ ਦੱਸਿਆ ਕਿ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ 2026-27 ਦੇ ਬਜਟ ਵਿੱਚ ਔਰਤਾਂ ਦੇ ਸਸ਼ਕਤੀਕਰਨ ਲਈ ਕਈ ਮਹੱਤਵਪੂਰਨ ਐਲਾਨ ਕੀਤੇ ਹਨ। ਬਜਟ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਲਈ ਲੜਕੀਆਂ ਦੇ ਹੋਸਟਲ ਬਣਾਉਣ ਦਾ ਵੀ ਐਲਾਨ ਕੀਤਾ ਗਿਆ ਹੈ। ਇਹ ਹੋਸਟਲ ਹਰ ਜ਼ਿਲ੍ਹੇ ਵਿੱਚ ਬਣਾਏ ਜਾਣਗੇ, ਖਾਸ ਕਰ ਉਥੇ ਜਿੱਥੇ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ ਨਾਲ ਸਬੰਧਤ ਕਾਲਜ ਅਤੇ ਸੰਸਥਾਵਾਂ ਹਨ।ਸਰਕਾਰ ਫੰਡਿੰਗ ਅਤੇ ਪੂੰਜੀ ਸਹਾਇਤਾ ਰਾਹੀਂ ਇਨ੍ਹਾਂ ਹੋਸਟਲਾਂ ਦਾ ਨਿਰਮਾਣ ਕਰੇਗੀ। ਇਸ ਨਾਲ ਲੜਕੀਆਂ ਨੂੰ ਪੜ੍ਹਾਈ ਲਈ ਇੱਕ ਸੁਰੱਖਿਅਤ ਜਗ੍ਹਾ ਮਿਲੇਗੀ। ਸਰਕਾਰ ਨੇ ਔਰਤਾਂ ਲਈ ਨਵੇਂ ਅਤੇ ਆਸਾਨ ਵਿੱਤ ਵਿਕਲਪਾਂ ਦਾ ਵੀ ਐਲਾਨ ਕੀਤਾ ਹੈ। SHE Marts ਰਾਹੀਂ, ਔਰਤਾਂ ਨੂੰ ਕਰਜ਼ੇ ਅਤੇ ਹੋਰ ਵਿੱਤੀ ਸਾਧਨਾਂ ਤੱਕ ਬਿਹਤਰ ਪਹੁੰਚ ਹੋਵੇਗੀ। SHE Marts, ਜਾਂ ਸਵੈ-ਸਹਾਇਤਾ ਉੱਦਮੀ Marts, ਪ੍ਰਚੂਨ ਸਟੋਰ ਹੋਣਗੇ ਜਿੱਥੇ ਔਰਤਾਂ ਆਪਣੇ ਉਤਪਾਦ ਸਿੱਧੇ ਗਾਹਕਾਂ ਨੂੰ ਵੇਚ ਸਕਦੀਆਂ ਹਨ। ਪ੍ਰੈਸ ਕਾਨਫਰੰਸ ਵਿੱਚ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਮਹਿਲਾ ਮੋਰਚਾ ਦੀ ਉਪ ਪ੍ਰਧਾਨ ਏਕਤਾ ਨਾਗਪਾਲ, ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਸ਼ੀਨੂ ਚੁੱਘ, ਜ਼ਿਲ੍ਹਾ ਜਨਰਲ ਸਕੱਤਰ ਸਰਦਾਰ ਨਰਿੰਦਰ ਸਿੰਘ ਮੱਲੀ, ਉਪ ਪ੍ਰਧਾਨ ਨਵਲ ਜੈਨ, ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ, ਸੋਸ਼ਲ ਮੀਡੀਆ ਸਕੱਤਰ ਰਾਜਨ ਪਾਂਧੇ ਅਤੇ ਹੋਰ ਮੌਜੂਦ ਸਨ।


SBI ਸਟੇਟ ਬੈਂਕ ਆਫ ਇੰਡੀਆ

ਹੋਮ ਲੋਨ ਸੈਂਟਰ ਹੁਸ਼ਿਆਰਪੁਰ

[ਨਿਯਮ (8-1)] ਸੰਕੇਤਕ ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਸਟੇਟ ਬੈਂਕ ਆਫ ਇੰਡੀਆ, ਹੋਮ ਲੋਨ ਸੈਂਟਰ ਸ਼ਾਖਾ, ਹੁਸ਼ਿਆਰਪੁਰ**, ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਮੰਗ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਕਰਜ਼ਦਾਰ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰ (ਾਂ) ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।

ਕਰਜ਼ਦਾਰ/ਜ਼ਾਮਨ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਖਾਤਿਆਂ ਅਧੀਨ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ **13 ਦੀ ਉਪ ਧਾਰਾ** (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈਆਂ ਸੰਪੱਤੀ/ਆਂ/ਅਸਾਸਿਆਂ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ/ਜ਼ਾਮਨ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ/ਅਸਾਸਿਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ, ਖਰਚਿਆਂ/ਲਾਗਤਾਂ ਦੇ ਲਈ **ਸਟੇਟ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸਬੰਧਤ ਹੋਵੇਗੀ।

**ਕਰਜ਼ਦਾਰਾਂ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ (ਾਂ) /ਜ਼ਾਮਨ (ਾਂ) ਦੇ ਨਾਮ | ਅਚੱਲ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| **ਕਰਜ਼ਦਾਰ : ਸ਼੍ਰੀ ਸ਼ਮੀ ਕਪੂਰ** ਪੁੱਤਰ ਸ਼੍ਰੀ ਤਰਸੇਮ ਲਾਲ ਵਾਸੀ ਵਾਰਡ ਨੰ. 7, ਮੋਤੀ ਨਗਰ, ਦਸੂਹਾ, ਜ਼ਿਲ੍ਹਾ, ਹੁਸ਼ਿਆਰਪੁਰ 2. **ਸ਼੍ਰੀਮਤੀ ਸਰੀਤਾ** ਪਤਨੀ ਸ਼੍ਰੀ ਸ਼ਮੀ ਕਪੂਰ, ਵਾਸੀ ਵਾਰਡ ਨੰ. 7, ਮੋਤੀ ਨਗਰ, ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ | 6 ਮਰਲੇ 8 ਸਰਸਾਈ ਦੀ ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ ਕੁੱਲ 8 ਕਨਾਲ ਜ਼ਮੀਨ ਵਿੱਚੋਂ 62/1440 ਹਿੱਸਾ ਹੈ ਜੋ ਕਿ ਖਾਤਾ ਨੰਬਰ 913/864/1006, ਖਸਰਾ ਨੰਬਰ 48//9 (8-0) ਵਿੱਚ ਸ਼ਾਮਲ ਹੈ, ਸਾਲ 2007-08 ਦੀ ਜਮ੍ਹਾਂਬੰਦੀ ਦੇ ਅਨੁਸਾਰ, ਦਸੂਹਾ ਹੱਦਬਸਤ | 26.11.2025 | 11.02.2026 | Rs. 8,16,281/- (ਰੁ. ਅੱਠ ਲੱਖ ਸੋਲਾਂ ਹਜ਼ਾਰ ਦੋ ਸੌ ਇਕਆਸੀ ਕੇਵਲ) 20.11.2025 ਨੂੰ ਅਤੇ ਹੋਰ ਵਿਆਜ, ਹੋਰ ਖਰਚੇ ਅਤੇ ਇਸ 'ਤੇ ਖਰਚੇ। |

ਨੰਬਰ 128, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸਥਿਤ, ਸ਼੍ਰੀਮਤੀ ਸਰਿਤਾ ਪਤਨੀ ਸ਼੍ਰੀ ਸ਼ਮੀ ਕਪੂਰ ਵਸੀਕਾ ਨੰਬਰ 2769 ਮਿਤੀ 31.01.2014 ਜਿਲਦ ਨੰਬਰ 2244, ਹੇਠ ਲਿਖੇ ਅਨੁਸਾਰ ਹੱਦਬੰਦੀ :-ਪੂਰਬ: ਸ਼੍ਰੀ ਸੋਹਨ ਸਿੰਘ, ਪੱਛਮ: ਰਸਤਾ, ਉੱਤਰ: ਮਾਲਕ, ਦੱਖਣ: ਸ਼੍ਰੀਮਤੀ ਕਮਲਜੀਤ ਕੌਰ।

ਮਿਤੀ : 12.02.2026 ਸਥਾਨ : ਹੁਸ਼ਿਆਰਪੁਰ ਅਧਿਕਾਰਤ ਅਧਿਕਾਰੀ




# ਪੰਜਾਬ ਸਰਕਾਰ ਨੇ ਬੁਢਾਪਾ ਪੈਨਸ਼ਨ ਸਕੀਮ ਤਹਿਤ 3,806 ਕਰੋੜ ਰੁਪਏ ਜਾਰੀ ਕੀਤੇ : ਡਾ. ਨਿੱਝਰ



ਅੰਮ੍ਰਿਤਸਰ, 12 ਫਰਵਰੀ ( ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਨਾ ਸਿਰਫ਼ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਮੰਨਦੀ ਹੈ, ਸਗੋਂ ਆਪਣੀ ਜੀਵੰਤ ਵਿਰਾਸਤ ਅਤੇ ਮਾਣ ਵੀ ਮੰਨਦੀ ਹੈ। ਰਾਜ ਸਰਕਾਰ ਨੇ ਵਿੱਤੀ ਸਾਲ 2025-26 ਦੌਰਾਨ ਜਨਵਰੀ 2026 ਤੱਕ ਬੁਢਾਪਾ ਪੈਨਸ਼ਨ ਯੋਜਨਾ ਤਹਿਤ 3,806 ਕਰੋੜ ਰੁਪਏ ਤੋਂ ਵੱਧ ਜਾਰੀ ਕਰਕੇ ਸਾਡੇ ਬਜ਼ੁਰਗ, ਸਾਡਾ ਮਾਣ ਦੇ ਨਾਅਰੇ ਨੂੰ ਅਮਲੀ ਰੂਪ ਦਿੱਤਾ ਹੈ।ਇਹ ਪ੍ਰਗਟਾਵਾ ਕਰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਭਰ ਵਿੱਚ 23.62 ਲੱਖ ਤੋਂ ਵੱਧ ਯੋਗ ਬਜ਼ੁਰਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਸਕੀਮ ਅਧੀਨ ਨਿਯਮਤ ਤੌਰ 'ਤੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਹਰੇਕ ਯੋਗ ਬਜ਼ੁਰਗ ਨਾਗਰਿਕਾਂ ਨੂੰ 1500 ਰੁਪਏ ਦੀ ਮਹੀਨਾਵਾਰ ਪੈਨਸ਼ਨ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਨੂੰ ਮਾਣ, ਸੁਰੱਖਿਆ ਅਤੇ ਆਜ਼ਾਦੀ ਨਾਲ ਜੀਅ ਸਕਣ।ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਸਾਰੇ ਲਾਭਪਾਤਰੀਆਂ ਲਈ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪੈਨਸ਼ਨਾਂ ਦੀ ਵੰਡ ਨੂੰ ਯਕੀਨੀ ਬਣਾਉਣ ਲਈ, ਪੰਜਾਬ ਸਰਕਾਰ ਨੇ 4,100 ਕਰੋੜ ਰੁਪਏ ਦਾ ਬਜਟ ਉਪਬੰਧ ਰੱਖਿਆ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਕਿਸੇ ਵੀ ਬਜ਼ੁਰਗ ਨਾਗਰਿਕ ਨੂੰ ਆਪਣੀ ਯੋਗ ਸਹਾਇਤਾ ਪ੍ਰਾਪਤ ਕਰਨ ਵਿੱਚ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਬਜ਼ੁਰਗ ਨਾਗਰਿਕ ਪੰਜਾਬ ਦੇ ਸਮਾਜਿਕ ਵਿਰਸੇ, ਸਿਆਣਪ ਅਤੇ ਕਦਰਾਂ-ਕੀਮਤਾਂ ਦੇ ਰਖਵਾਲੇ ਹਨ। 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਦੀ ਸੁਰੱਖਿਆ, ਮਾਣ ਅਤੇ ਖੁਸ਼ਹਾਲੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਹਰ ਬਜ਼ੁਰਗ ਨਾਗਰਿਕ ਆਪਣੀ ਜ਼ਿੰਦਗੀ ਬਿਨਾਂ ਕਿਸੇ ਚਿੰਤਾ, ਸਨਮਾਨ ਅਤੇ ਮਜ਼ਬੂਤ ਸਰਕਾਰੀ ਸਹਾਇਤਾ ਨਾਲ ਬਿਤਾਏ ਤਾਂ ਜੋ ਪੰਜਾਬ ਖੁਸ਼ਹਾਲ, ਸੁਰੱਖਿਅਤ ਅਤੇ ਜੀਵੰਤ ਬਣਿਆ ਰਹੇ।

# ਵਿਸ਼ਵੀਵਿਆਪੀ ਮਾਨਵੀ ਕੀਮਤਾਂ: ਨੈਤਿਕ ਯੋਗਤਾ ਤੇ ਸਮਾਜਿਕ ਜ਼ਿੰਮੇਵਾਰੀ ਦਾ ਨਿਰਮਾਣ ਵਿਸ਼ੇ 'ਤੇ ਵਰਕਸ਼ਾਪ

## ਨੈਤਿਕਤਾ ਅਤੇ ਮੁੱਲ-ਆਧਾਰਿਤ ਸਿੱਖਿਆ ਹੀ ਸਮਾਨਤਾ ਅਤੇ ਨਿਆਂਪੂਰਨ ਸਮਾਜ ਦੀ ਮਜ਼ਬੂਤ ਨੀਂਹ : ਵਾਈਸ ਚਾਂਸਲਰ

ਅੰਮ੍ਰਿਤਸਰ, 12 ਫ਼ਰਵਰੀ (ਗੁਰਦਿਆਲ ਸਿੰਘ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਵੱਲੋਂ ਸੈਂਟਰ ਫਾਰ ਐਗਰੀਕਲਚਰਲ ਰਿਸਰਚ ਐਂਡ ਇਨੋਵੇਸ਼ਨ ਦੇ ਅਧੀਨ ਅਤੇ ਰੂਸਾ 2.0 ਦੀ ਵਿੱਤੀ ਸਹਾਇਤਾ ਨਾਲ ਵਿਸ਼ਵੀਵਿਆਪੀ ਮਾਨਵੀ ਕੀਮਤਾਂ: ਨੈਤਿਕ ਯੋਗਤਾ ਤੇ ਸਮਾਜਿਕ ਜ਼ਿੰਮੇਵਾਰੀ ਦਾ ਨਿਰਮਾਣ ਵਿਸ਼ੇ 'ਤੇ ਅੱਠ ਦਿਨਾਂ ਦੀ ਵਰਕਸ਼ਾਪ ਦੀ ਸ਼ੁਰੂਆਤ ਹੋਈ।ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਕਿਹਾ ਕਿ ਸਿੱਖਿਆ ਦਾ ਅਸਲ ਮਕਸਦ ਸਿਰਫ਼ ਜਾਣਕਾਰੀ ਪ੍ਰਾਪਤ ਕਰਨਾ ਨਹੀਂ, ਸਗੋਂ ਮਨੁੱਖੀ ਮੁੱਲਾਂ ਦੀ ਪਰਵਿਰਸ਼ ਕਰਨਾ ਹੈ, ਤਾਂ ਜੋ ਵਿਅਕਤੀ ਆਪਣੇ ਆਪ, ਸਮਾਜ ਅਤੇ ਕੁਦਰਤ ਨਾਲ ਸਾਂਝ ਅਤੇ ਸੰਤੁਲਨ ਵਿੱਚ ਜੀ ਸਕੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੈਤਿਕਤਾ-ਆਧਾਰਿਤ ਸਿੱਖਿਆ ਦੀ ਲੋੜ ਹੋਰ ਵੀ ਵੱਧ ਗਈ ਹੈ, ਕਿਉਂਕਿ ਇਹੀ ਸਿੱਖਿਆ ਸਮਾਜ ਵਿੱਚ ਸਮਾਨਤਾ, ਨਿਆਂ ਅਤੇ ਸਾਰਿਆਂ ਦੀ ਭਲਾਈ ਨੂੰ ਯਕੀਨੀ ਬਣਾਉਂਦੀ ਹੈ।ਪ੍ਰੋ. ਕਰਮਜੀਤ ਸਿੰਘ ਨੇ ਵੱਖ-ਵੱਖ ਧਾਰਮਿਕ ਗ੍ਰੰਥਾਂ ਅਤੇ ਜੀਵਨ ਨਾਲ ਜੁੜੀਆਂ ਪ੍ਰੇਰਨਾਦਾਇਕ ਘਟਨਾਵਾਂ ਦੇ ਹਵਾਲੇ ਨਾਲ ਮਨੁੱਖੀ ਮੁੱਲਾਂ ਦੀ ਅਟੱਲ ਮਹੱਤਤਾ ਨੂੰ ਰੌਸ਼ਨ ਕੀਤਾ ਅਤੇ ਭਾਗੀਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਅਤੇ ਪੇਸ਼ਾਵਰ ਕਾਰਜ ਵਿੱਚ ਇਨ੍ਹਾਂ ਮੁੱਲਾਂ ਨੂੰ ਅਮਲ ਵਿੱਚ ਲਿਆਉਣ।ਇਸ ਮੌਕੇ ਦੱਸਿਆ ਗਿਆ ਕਿ ਯੂਨੀਵਰਸਲ ਹਿਊਮਨ ਵੈਲਿਊਜ਼, ਏਆਈਸੀਟੀਈ ਦੀ 2017 ਵਿੱਚ ਸ਼ੁਰੂ ਕੀਤੀ ਗਈ ਇੱਕ ਮਹੱਤਵਪੂਰਨ ਪਹਿਲ ਹੈ, ਜਿਸ ਦਾ ਉਦੇਸ਼ ਤਕਨੀਕੀ ਸਿੱਖਿਆ ਨੂੰ ਸਿਰਫ਼ ਹੁਨਰ-ਕੇਂਦਰਿਤ ਨਾ ਰੱਖ ਕੇ ਉਸਨੂੰ ਸਮੁੱਚੇ ਵਿਅਕਤਿਤਵ ਵਿਕਾਸ ਨਾਲ ਜੋੜਨਾ ਹੈ। ਇਸ ਵਰਕਸ਼ਾਪ ਦਾ ਮੰਤਵ ਅਧਿਆਪਕਾਂ, ਟੀਚਰ ਟ੍ਰੇਨੀਜ਼ ਅਤੇ ਖੋਜਕਰਤਿਆਂ ਵਿੱਚ ਨੈਤਿਕ ਯੋਗਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਾਂਝੀ ਜੀਵਨ-ਸ਼ੈਲੀ ਨੂੰ ਉਤਸ਼ਾਹਿਤ ਕਰਨਾ ਹੈ।ਪ੍ਰੋ. (ਡਾ.) ਅਮਿਤ ਕੌਂਟਸ ਨੇ ਸਵਾਗਤੀ ਭਾਸ਼ਣ ਦਿੰਦਿਆਂ ਕਿਹਾ ਕਿ ਵਿਸ਼ਵੀਵਿਆਪੀ ਮਾਨਵੀ ਕੀਮਤਾਂ ਨੌਜਵਾਨਾਂ ਨੂੰ ਨੈਤਿਕ ਤੌਰ 'ਤੇ ਮਜ਼ਬੂਤ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲ ਬਣਾਉਂਦੀਆਂ ਹਨ।ਮੁੱਖ ਵਕਤਾ ਵਜੋਂ ਪ੍ਰੋ. ਰਜਨੀਸ਼ ਅਰੋੜਾ, ਚੇਅਰਮੈਨ ਐਨਸੀਸੀਆਈਪੀ ਅਤੇ ਸਾਬਕਾ ਵਾਈਸ ਚਾਂਸਲਰ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਕਪੂਰਥਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਉੱਚ ਅਤੇ ਤਕਨੀਕੀ ਸਿੱਖਿਆ ਵਿੱਚ ਮਨੁੱਖੀ ਮੁੱਲਾਂ ਦੀ ਸ਼ਾਮਿਲੀਅਤ ਨਾਲ ਹੀ ਸੰਪੂਰਨ ਵਿਕਾਸ, ਨੈਤਿਕ ਨੇਤ੍ਰਿਤਵ ਅਤੇ ਰਾਸ਼ਟਰ ਨਿਰਮਾਣ ਸੰਭਵ ਹੈ। ਪ੍ਰੋ. ਦੀਪਾ ਸਿਕੰਦ ਕੌਂਟਸ, ਮੁਖੀ ਅਤੇ ਡੀਨ, ਫੈਕਲਟੀ ਆਫ ਐਜੂਕੇਸ਼ਨ ਨੇ ਧੰਨਵਾਦ ਪ੍ਰਗਟ ਕਰਦਿਆਂ ਸਾਰੇ ਮਹਿਮਾਨਾਂ, ਵਕਤਾਵਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ।



# ਮਿਸਲ ਸ਼ਹੀਦਾਂ ਤਰਨਾ ਦਲ ਵੱਲੋਂ ਭਾਈ ਗੁਰਇਕਬਾਲ ਸਿੰਘ ਦਾ ਵਿਸ਼ੇਸ਼ ਸਨਮਾਨ



ਅੰਮਿਤਸਰ, 12 ਫਰਵਰੀ (ਬਬਲੂ ਮਹਾਜਨ) : ਸ਼੍ਰੀ ਮਿਸਲ ਸ਼ਹੀਦਾਂ ਤਰਨਾ ਦਲ ਦੇ 16ਵੇਂ ਮੁਖੀ ਸਤਿਕਾਰਯੋਗ ਬਾਬਾ ਜੋਗਾ ਸਿੰਘ ਜੀ ਅਤੇ ਗੁਰਦੁਆਰਾ ਟਾਹਲਾ ਸਾਹਿਬ ਦੇ ਜਥੇਦਾਰ ਬਾਬਾ ਦਰਸ਼ਨ ਸਿੰਘ ਜੀ ਵੱਲੋਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਨੂੰ ਸਮਾਜਿਕ, ਪੰਥਕ ਅਤੇ ਇਤਿਹਾਸਕ ਗੁਰਦੁਆਰਿਆਂ ਦੀਆਂ ਕਾਰ ਸੇਵਾਵਾਂ ਵਿੱਚ ਉਨ੍ਹਾਂ ਦੇ ਵੱਡੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਮਾਗਮ ਧਾਰਮਿਕ ਮਰਿਆਦਾ ਅਤੇ ਸੇਵਾ ਭਾਵਨਾ ਨਾਲ ਭਰਪੂਰ ਮਾਹੌਲ ਵਿੱਚ ਸੰਪੰਨ ਹੋਇਆ।ਇਸ ਮੌਕੇ ਬਾਬਾ ਜੋਗਾ ਸਿੰਘ ਜੀ ਨੇ ਕਿਹਾ ਕਿ ਭਾਈ ਗੁਰਇਕਬਾਲ ਸਿੰਘ ਜੀ ਨੇ ਨਿਸ਼ਕਾਮ ਸੇਵਾ ਰਾਹੀਂ ਗੁਰਦੁਆਰਿਆਂ ਦੀ ਸੰਭਾਲ, ਇਮਾਰਤੀ ਵਿਕਾਸ ਅਤੇ ਸੰਗਤਾਂ ਦੀ ਸੁਵਿਧਾ ਲਈ ਬੇਮਿਸਾਲ ਯਤਨ ਕੀਤੇ ਹਨ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਹਨ। ਬਾਬਾ ਦਰਸ਼ਨ ਸਿੰਘ ਜੀ ਨੇ ਵੀ ਭਾਈ ਸਾਹਿਬ ਦੀ ਸੇਵਾ ਭਾਵਨਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਕਾਰ ਸੇਵਾ ਪੰਥਕ ਏਕਤਾ ਅਤੇ ਸਿੱਖ ਵਿਰਾਸਤ ਦੀ ਰਾਖੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੀ ਹੈ।ਸਨਮਾਨ ਪ੍ਰਾਪਤ ਕਰਦੇ ਹੋਏ ਭਾਈ ਗੁਰਇਕਬਾਲ ਸਿੰਘ ਜੀ ਨੇ ਗੁਰੂ ਸਾਹਿਬਾਨ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਇਹ ਸਨਮਾਨ ਸਮੂਹ ਸੰਗਤ ਦੀ ਸਾਂਝੀ ਸੇਵਾ ਦਾ ਨਤੀਜਾ ਹੈ। ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

# ਪੰਜਾਬ ਸਰਕਾਰ ਵੱਲੋਂ 13 ਤੋਂ 15 ਮਾਰਚ ਤੱਕ ਕਰਵਾਇਆ ਜਾਵੇਗਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ'

## ਸੰਮੇਲਨ ਰਾਹੀਂ ਨਿਵੇਸ਼ ਹੋਣ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਡੇ ਮੌਕੇ ਸਿਰਜੇ ਜਾਣਗੇ : ਧਾਲੀਵਾਲ



ਅਜਨਾਲਾ, 12 ਫਰਵਰੀ (ਸੁਖਦੇਵ ਸਿੰਘ ਖਾਲਸਾ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 13 ਤੋਂ 15 ਮਾਰਚ, 2026 ਨੂੰ ਮੋਹਾਲੀ ਵਿਖੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਕਰਵਾਇਆ ਜਾ ਰਿਹਾ ਹੈ ਜੋ ਸੂਬੇ ਵਿੱਚ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਵੇਗਾ। ਇਹ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਆਲਮੀ ਪੱਧਰ 'ਤੇ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉੱਭਰਿਆ ਹੈ ਅਤੇ ਇਹ ਇਤਿਹਾਸਕ ਸੰਮੇਲਨ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਣ ਲਈ ਸੂਬੇ ਦੀ ਤਕਦੀਰ ਘੜਨ ਵਿੱਚ ਸਿਹਤਮੰਦ ਮੰਚ ਮੁਹੱਈਆ ਕਰਵਾਏਗਾ। ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਸ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਵਿੱਚ ਅੰਤਰਰਾਸ਼ਟਰੀ ਉਦਯੋਗਿਕ ਦਿੱਗਜ਼ਾਂ ਨਾਲ ਲੰਮੀ ਵਿਚਾਰ-ਚਰਚਾ ਤੋਂ ਬਾਅਦ ਸੂਬੇ ਦੀ ਸਨਅਤ ਲਈ ਉਦਯੋਗ-ਪੱਖੀ ਕਾਰਜ ਯੋਜਨਾ ਤਿਆਰ ਕਰਨ ਲਈ ਆਪਸੀ ਸਹਿਮਤੀ ਵਿਕਸਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸੰਮੇਲਨ 'ਪੰਜਾਬ ਮੀਨਜ ਬਿਜਨਸਪਾਲਿਸੀ-ਟੂ-ਪ੍ਰੈਕਟਿਸ' (ਪੰਜਾਬ ਮਤਲਬ ਕਾਰੋਬਾਰ-ਨੀਤੀ ਤੋਂ ਅਮਲ) ਦੇ ਵਿਸ਼ੇ ਤੇ ਆਧਾਰਤ ਹੋਵੇਗਾ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਗੁਰੂਗ੍ਰਾਮ, ਨਵੀਂ ਦਿੱਲੀ, ਬੈਂਗਲੁਰੂ, ਹੈਦਰਾਬਾਦ, ਚੇਨਈ, ਮੁੰਬਈ ਅਤੇ ਜਾਪਾਨ, ਦੱਖਣੀ ਕੋਰੀਆ ਆਦਿ ਦੇਸ਼ਾਂ ਵਿੱਚ ਰੋਡ ਸ਼ੋਅ ਕੀਤੇ ਜਾ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਮੇਲਨ ਦੌਰਾਨ ਮੁੱਖ ਸੈਸ਼ਨਾਂ ਵਿੱਚ ਉਦਘਾਟਨ, ਸਮਾਪਤੀ, ਕੰਟਰੀ ਸੈਸ਼ਨ, ਪਲੇਨਰੀ, ਸੈਕਟਰਲ ਸੈਸ਼ਨ ਅਤੇ ਹੋਰ ਸ਼ਾਮਲ ਹੋਣਗੇ। ਵਿਧਾਇਕ ਸ. ਧਾਲੀਵਾਲ ਨੇ ਕਿਹਾ ਕਿ ਨਿਵੇਸ਼ਕ ਸੰਮੇਲਨ ਦੇਸ਼ ਭਰ ਵਿੱਚ ਵੱਧ ਤੋਂ ਵੱਧ ਰਿਆਇਤਾਂ ਦੀ ਪੇਸ਼ਕਸ਼ ਕਰਦੇ ਹੋਏ ਸੂਬੇ ਵਿੱਚ ਨਿਵੇਸ਼ ਦੇ ਮੌਕਿਆਂ ਲਈ ਮੰਚ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਇਸ ਵਿਆਪਕ ਸਮਾਗਮ ਵਿੱਚ ਹਿੱਸਾ ਲੈਣ ਲਈ ਨਾ ਸਿਰਫ ਭਾਰਤ ਸਗੋਂ ਦੁਨੀਆ ਭਰ ਦੇ ਉਦਯੋਗਿਕ ਦਿੱਗਜ਼ਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਨਿਵੇਸ਼ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ ਅਤੇ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੁਣ ਤੱਕ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ ਨੌਜਵਾਨਾਂ ਲਈ 5.20 ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ। ਸੂਬਾ ਸਰਕਾਰ ਵੱਲੋਂ ਕੀਤੇ ਗਏ ਸੁਧਾਰਾਂ ਬਾਰੇ ਗੱਲ ਕਰਦਿਆਂ ਵਿਧਾਇਕ ਸ. ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਦਯੋਗਿਕ ਪ੍ਰੋਜੈਕਟਾਂ ਲਈ ਫੌਰੀ ਅਤੇ ਨਿਰਵਿਘਨ ਢੰਗ ਨਾਲ ਰੈਗੂਲੇਟਰੀ ਮਨਜ਼ੂਰੀਆਂ ਜਾਰੀ ਕਰਨਾ ਯਕੀਨੀ ਬਣਾਉਣ ਲਈ ਸੇਲ ਡੀਡ ਦੀ ਰਜਿਸਟ੍ਰੇਸ਼ਨ ਵਿੱਚ ਗ੍ਰੀਨ ਸਟੈਂਪ ਪੇਪਰ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹੀ ਇਕ ਅਜਿਹਾ ਸੂਬਾ ਹੈ, ਜਿਸ ਕੋਲ ਸਥਾਨਕ ਉਦਯੋਗਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਆਪਣੇ ਉਦਯੋਗ ਪੱਖੀ ਮਾਹੌਲ ਦੇ ਨਾਲ-ਨਾਲ ਪੂਰੀ ਤਰ੍ਹਾਂ ਸਮਰੱਥ ਹੁਨਰਮੰਦ ਸਟਾਫ ਉਪਲੱਬਧ ਹੈ।

# ਬਟਾਲਾ ਹਲਕੇ ਦੀਆਂ ਵਾਰਡਾਂ ਵਿੱਚ ਮੁੱਖ ਮੰਤਰੀ ਸਿਹਤ ਯੋਜਨਾਤਹਿਤ ਹੈਲਥ ਕਾਰਡ ਬਣਾਉਣ ਲਈ ਕੈਂਪ



ਬਟਾਲਾ, 12 ਫਰਵਰੀ ( ਬਲਵਿੰਦਰ ਸਿੰਘ ਪੰਜਗਰਾਈਂ / ਜੁਗਰਾਜ ਸਿੰਘ ਖਾਲਸਾ ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿੱਥੇ ਲੋਕਾਂ ਵਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸ਼ਟੇਸ਼ਨ ਕਰਵਾਈ ਜਾ ਰਹੀ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ 7 ਸਥਾਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ।ਬਟਾਲਾ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਵਾਰਡ ਨੰਬਰ 7, 37, ਵਾਰਡ ਨੰਬਰ 28 ਡੋਗਰਾ ਮੁਹੱਲਾ ਕਸ਼ਮੀਰ ਗਲੀ, ਵਾਰਡ ਨੰਬਰ 31 ਨੇੜੇ ਰਾਮਲੀਲ੍ਹਾ ਗਰਾਊਂਡ ਮੀਆਂ ਮੁਹੱਲਾ ਵਿੱਚ ਵਿਸ਼ੇਸ਼ ਕੈਂਪ ਲੱਗੇ ਹਨ, ਜਿਥੇ ਲੋਕਾਂ ਦੀ ਮਦਦ ਲਈ ਯੂਥ ਵਲੰਟੀਅਰਾਂ ਰਾਹੀਂ ਹੈਲਥ ਕਾਰਡ ਬਣਾਉਣ ਦੀ ਰਜਿਸ਼ਟ੍ਰੇਸ਼ਨ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਪਿੰਡ ਡੱਲਾ ਮੋੜ ਨੇੜੇ ਕਾਨਵੈਂਟ ਸਕੂਲ ਹਰਚੋਵਾਲ ਰੋਡ, ਪਿੰਡ ਭਗਤਪੁਰ ਰੱਬਵਾਲਾ ਨੇੜੇ ਡੀਏਵੀ ਸਕੂਲ ਕਾਦੀਆਂ ਅਤੇ ਪਿੰਡ ਕੋਟਲਾ ਮੂਸਾ ਨੇੜੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਵਿਸ਼ੇਸ਼ ਕੈਂਪ ਲੱਗੇ ਹਨ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ ਅਤੇ ਮਰੀਜ਼ ਆਪਂਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਇਸ ਮੌਕੇ ਪ੍ਰਧਾਨ ਵੀਨੂੰ ਕਾਹਲੋਂ, ਹਲਕਾ ਕੁਆਰਡੀਨੇਟਰ ਮਨਜੀਤ ਸਿੰਘ ਭੁਮਰਾਹ, ਮਨਦੀਪ ਸਿੰਘ, ਨਵਜੋਤ ਸਿੰਘ, ਅਜੇ ਕੁਮਾਰ ਦਲਜਿੰਦਰ ਸਿੰਘ ਅਤੇ ਪ੍ਰਦੀਪ ਕੁਮਾਰ ਆਦਿ ਮੌਜੂਦ ਸਨ। ਇਸ ਮੌਕੇ ਪ੍ਰਧਾਨ ਵੀਨੂੰ ਕਾਹਲੋਂ, ਹਲਕਾ ਕੁਆਰਡੀਨੇਟਰ ਮਨਜੀਤ ਸਿੰਘ ਭੁਮਰਾਹ, ਮਨਦੀਪ ਸਿੰਘ, ਨਵਜੋਤ ਸਿੰਘ, ਅਜੇ ਕੁਮਾਰ ਦਲਜਿੰਦਰ ਸਿੰਘ ਅਤੇ ਪ੍ਰਦੀਪ ਕੁਮਾਰ ਆਦਿ ਮੌਜੂਦ ਸਨ।

# ਡਾ. ਗੁਰਜੋਤ ਸਿੰਘ ਨੇ ਵੈਟਰਨਰੀ ਹਸਪਤਾਲ ਚੇਤਨਪੁਰਾ ਵਿਖੇ ਲਿਆ ਚਾਰਜ



ਅਜਨਾਲਾ, 12 ਫਰਵਰੀ (ਸੁਖਦੇਵ ਸਿੰਘ ਖਾਲਸਾ) : ਸਰਕਾਰੀ ਵੈਟਰਨਰੀ ਹਸਪਤਾਲ ਚੇਤਨਪੁਰਾ ਵਿਖੇ ਵੈਟਰਨਰੀ ਅਫਸਰ ਡਾ. ਗੁਰਜੋਤ ਸਿੰਘ ਅੱਜ ਵੱਲੋਂ ਚਾਰਜ ਲਿਆ ਗਿਆ, ਜੋ ਕਿ ਇਹ ਪੋਸਟ ਕਾਫੀ ਦੇਰ ਤੋਂ ਖਾਲੀ ਸੀ ਅਤੇ ਚੇਤਨਪੁਰਾ ਦੇ ਆਸ-ਪਾਸ ਦੇ ਪੰਜ ਛੇ ਪਿੰਡ ਦੇ ਲੋਕਾਂ ਨੂੰ ਆਪਣੇ ਪਸ਼ੂਆਂ ਲਈ ਡਾਕਟਰੀ ਸਹਾਇਤਾ ਲੈਣ ਵਿਚ ਬਹੁੱਤ ਮੁਸ਼ਕਲਾਂ ਪੇਸ਼ ਆ ਰਹੀਆਂ ਸਨ ਅੱਜ ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਅਪਣਾ ਅਹੁਦਾ ਸੰਬਾਲ ਲਿਆ ਇਸ ਮੌਕੇ ਉਨ੍ਹਾਂ ਦੇ ਨਾਲ ਮਸਤਿੰਦਰ ਸਿੰਘ ਰਟਾਇਡ ਡਿਪਟੀ ਡਰੈਕਟਰ ,ਜਾਇੰਟ ਡਾਇਰੈਕਟਰ ਜਤਿੰਦਰ ਸਿੰਘ ਗਿੱਲ,ਮੁੱਖ ਖੇਤੀਬਾੜੀ ਅਫਸਰ ਡਾ. ਤਜਿੰਦਰ ਸਿੰਘ,ਬਲਾਕ ਅਫਸਰ ਡਾ ਰਸ਼ਪਾਲ ਸਿੰਘ ਬੰਡਾਲਾ,ਡਾ ਸੁਰਜੀਤ ਸਿੰਘ,ਮਾਸਟਰ ਅਵਤਾਰਜੀਤ ਸਿੰਘ,ਵਿਸਥਾਰ ਅਫਸਰ ਪ੍ਰਭਦੀਪ ਸਿੰਘ ਲਾਡਾ ਚੇਤਨਪੁਰਾ,ਰਟਾਇਡ ਵੈਟਰਨਰੀ ਇੰਸਪੈਕਟਰ ਪਵਿੱਤਰਜੀਤ ਸਿੰਘ ਸੰਧੂ,ਡਾ ਸਾਹਿਬਪਾਲ ਸਿੰਘ ਢਿੱਲੋਂ ਅਤੇ ਆਪ ਪਾਰਟੀ ਦੇ ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ,ਜਸਬੀਰ ਸਿੰਘ ਰਾਜਾ ਸਰਪੰਚ ਚੇਤਨਪੁਰਾ,ਤਰਸੇਮ ਸਿੰਘ,ਗੁਰਸੇਵਕ ਸਿੰਘ,ਕਾਮਰੇਡ ਬਲਜਿੰਦਰ ਸਿੰਘ,ਰਿਟ ਜੇ ਈ ਬਲਰਾਜ ਸਿੰਘ,ਬਲਕਾਰ ਸਿੰਘ ਦੋਧੀ,ਸੁਖਮੀਤ ਸਿੰਘ ਬਲਾਕ ਸੰਮਤੀ ਮੈਂਬਰ,ਸ਼ਮਸ਼ੇਰ ਸਿੰਘ,ਡਾ ਹਰਮਨਬੀਰ ਸਿੰਘ,ਡਾ. ਰਾਜਬੀਰ ਸਿੰਘ ਆਦਿ ਹਾਜ਼ਰ ਸਨ।

# ਆਰ.ਟੀ.ਓ. ਨੇ ਰਾਤ ਨੂੰ ਚਲਾਈ ਜਾਂਚ ਮੁਹਿੰਮ



ਹੁਸ਼ਿਆਰਪੁਰ, 12 ਫਰਵਰੀ (ਦੀਪਕ ਅਗਨੀਹੋਤਰੀ) : ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੇ ਹੁਕਮਾਂ ਤਹਿਤ ਆਰ.ਟੀ.ਓ. ਅਮਨਦੀਪ ਕੌਰ ਵੱਲੋਂ ਜ਼ਿਲ੍ਹੇ ਵਿਚ ਰਾਤ ਦੇ ਸਮੇਂ ਵਿਸ਼ੇਸ਼ ਜਾਚ ਮੁਹਿੰਮ ਚਲਾਈ ਗਈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਸੜਕਾਂ ਤੇ ਚੱਲ ਰਹੇ ਵਪਾਰਕ ਵਾਹਨਾਂ ਦੀ ਜਾਂਚ ਕਰਕੇ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣਾ ਅਤੇ ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਵੀ ਇਸ ਸਬੰਧੀ ਨਿਰਦੇਸ਼ ਦਿੱਤੇ ਗਏ ਸਨ। ਆਰ.ਟੀ.ਓ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਸਾਂਝੀਆਂ ਟੀਮਾਂ ਨੇ ਵੱਖ-ਵੱਖ ਪ੍ਰਮੁੱਖ ਰੂਟਾਂ, ਚੌਂਕ- ਚੌਰਾਇਆਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਜਾਂਚ ਦੌਰਾਨ ਓਵਰਲੋਡਿੰਗ, ਬਿਨ੍ਹਾਂ ਕਾਗਜਾਂ ਤੋਂ, ਪ੍ਰਦੂਸ਼ਣ ਮਾਪਦੰਡਾਂ ਦੀ ਉਲੰਘਣਾ, ਫਿਟਨੈਸ ਸਰਟੀਫਿਕੇਟ ਨਾ ਹੋਣਾ ਅਤੇ ਹੋਰ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਈ ਵਪਾਰਕ ਵਾਹਨ ਜ਼ਬਤ ਕੀਤੇ ਗਏ। ਕਾਰਵਾਈ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਬਹੁਤ ਸਾਰੇ ਵਾਹਨਾਂ ਦੇ ਚਲਾਨ ਕੱਟੇ ਗਏ, ਜਦਕਿ ਗੰਭੀਰ ਉਲੰਘਣਾ ਪਾਏ ਜਾਣ 'ਤੇ ਕੁਝ ਓਵਰਲੋਡ ਵਾਹਨਾਂ ਨੂੰ ਮੌਕੇ 'ਤੇ ਹੀ ਜ਼ਬਤ (ਇੰਪਾਉਂਡ) ਕਰ ਲਿਆ ਗਿਆ। ਅਮਨਦੀਪ ਕੌਰ ਨੇ ਦੱਸਿਆ ਕਿ ਵਾਹਨ ਚਾਲਕਾਂ ਨੂੰ ਆਵਾਜਾਈ ਨਿਯਮਾਂ ਪ੍ਰਤੀ ਜਾਗਰੂਕ ਕਰਦੇ ਹੋਏ ਭਵਿੱਖ ਵਿਚ ਨਿਯਮਾਂ ਦੀ ਪਾਲਣਾ ਕਰਨ ਦੀ ਸਖ਼ਤ ਹਦਾਇਤ ਵੀ ਕੀਤੀ ਗਈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਤਰ੍ਹਾਂ ਦੀ ਵਿਸ਼ੇਸ਼ ਜਾਂਚ ਮੁਹਿੰਮ ਅੱਗੇ ਵੀ ਲਗਾਤਾਰ ਜਾਰੀ ਰਹੇਗੀ, ਤਾਂ ਜੋ ਸੜਕ ਦੁਰਘਟਨਾਵਾਂ 'ਤੇ ਰੋਕ ਲਗਾਈ ਜਾ ਸਕੇ ਅਤੇ ਆਮ ਜਨਤਾ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਦੇ ਸਾਰੇ ਜ਼ਰੂਰੀ ਦਸਤਾਵੇਜ਼ ਪੂਰੇ ਰੱਖਣ, ਓਵਰਲੋਡਿੰਗ ਤੋਂ ਬਚਣ ਅਤੇ ਆਵਾਜਾਈ ਨਿਯਮਾਂ ਦੀ ਪੂਰੀ ਪਾਲਣਾ ਕਰਨ, ਜਿਸ ਨਾਲ ਸੁਰੱਖਿਅਤ ਅਤੇ ਸੁਚਾਰੂ ਆਵਾਜਾਈ ਪ੍ਰਣਾਲੀ ਬਣਾਈ ਰੱਖੀ ਜਾ ਸਕਦੀ ਹੈ।

# ਪੰਜਾਬ ਸਰਕਾਰ ਦੀ 10 ਲੱਖ ਰੁਪਏ ਸਿਹਤ ਬੀਮਾ ਯੋਜਨਾ ਲੋਕਾਂ ਲਈ ਵੱਡੀ ਰਾਹਤ :ਚਾਹਲ



ਗੁਰਦਾਸਪੁਰ, 12 ਫਰਵਰੀ (ਜਗੀਰ ਸਿੰਘ ਮੰਡ ਸੁਰਿੰਦਰ ਸਿੰਘ ਬਸਰਾ ) : ਆਮ ਆਦਮੀ ਪਾਰਟੀ ਦੀ ਲੋਕ ਪੱਖੀ ਸਰਕਾਰ ਵੱਲੋਂ ਲੋਕਾਂ ਨੂੰ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਚਲਾਈ ਜਾ ਰਹੀ ਹੈ। ਇਸ ਯੋਜਨਾ ਦਾ ਮਕਸਦ ਆਮ ਪਰਿਵਾਰਾਂ ਨੂੰ ਮਹਿੰਗੇ ਇਲਾਜ ਦੇ ਖਰਚ ਤੋਂ ਆਰਥਿਕ ਸੁਰੱਖਿਆ ਦੇਣਾ ਹੈ, ਤਾਂ ਜੋ ਹਰ ਨਾਗਰਿਕ ਬਿਨਾਂ ਚਿੰਤਾ ਆਪਣਾ ਇਲਾਜ ਕਰਵਾ ਸਕੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਰਣਜੋਧ ਸਿੰਘ ਚਾਹਲ ਪ੍ਰੈਸ ਸਕੱਤਰ ਆਮ ਆਦਮੀ ਪਾਰਟੀ ਨੇ ਕੀਤਾ। ਉਹਨਾਂ ਅੱਗੇ ਕਿਹਾ ਕਿ ਇਸ ਯੋਜਨਾ ਹੇਠ ਯੋਗ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੀ ਸਹੂਲਤ ਦਿੱਤੀ ਜਾਂਦੀ ਹੈ। ਲਾਭਪਾਤਰੀ ਸਰਕਾਰੀ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਕਰਵਾ ਸਕਦੇ ਹਨ। ਵੱਡੀਆਂ ਬਿਮਾਰੀਆਂ, ਓਪਰੇਸ਼ਨ, ਟੈਸਟ ਅਤੇ ਦਵਾਈਆਂ ਵੀ ਯੋਜਨਾ ਦੇ ਦਾਇਰੇ ਵਿੱਚ ਸ਼ਾਮਲ ਹਨ।ਯੋਜਨਾ ਦਾ ਲਾਭ ਲੈਣ ਲਈ ਆਪੋ ਆਪਣੇ ਪਿੰਡਾਂ ਵਿੱਚ ਲੱਗ ਰਹੇ ਕੈਂਪ ਜਿਸ ਵਿੱਚ ਇਸ ਯੋਜਨਾਂ ਦੇ ਕਾਰਡ ਬਣ ਰਹੇ ਨੇ ਉਥੇ ਰਜਿਸਟਰੇਸ਼ਨ ਕਰਵਾਓ ਤਾਂ ਕਿ ਹਰ ਨਾਗਰਿਕ ਪੰਜਾਬ ਸਰਕਾਰ ਦੀ ਇਸ ਯੋਜਨਾ ਦਾ ਲਾਭ ਲੈ ਸਕਣ।

# ਸਵਾਮੀ ਦਯਾਨੰਦ ਸਰਸਵਤੀ ਜੀ ਦੀ ਜੈਯੰਤੀ ਸ਼ਰਧਾਪੂਰਵਕ ਮਨਾਈ



ਦੀਨਾਨਗਰ, 12 ਫਰਵਰੀ (ਡਾ ਰਮੇਸ਼ ਸਰੰਗਲ ) : ਐਸ. ਐਸ. ਡੀ. ਏ. ਵੀ. ਸੀ. ਸੈ. ਸਕੂਲ ਅਵਾਂਖਾ ਦੀਨਾਨਗਰ ਦੇ ਪ੍ਰਧਾਨ ਅਰਵਿੰਦ ਮਹਿਤਾ ਦੀ ਪ੍ਰਧਾਨਗੀ ਹੇਠ ਆਰੀਆ ਸਮਾਜ ਦੇ ਸੰਸਥਾਪਕ ਅਤੇ ਮਹਾਨ ਸਮਾਜ ਸੁਧਾਰਕ ਸਵਾਮੀ ਦਯਾਨੰਦ ਸਰਸਵਤੀ ਜੀ ਦੀ ਜਯੰਤੀ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਸਕੂਲ ਦੇ ਵਿਹੜੇ ਵਿੱਚ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਵਿੱਚ ਵਿਧੀ ਪੂਰਵਕ ਹਵਨ ਕਰਕੇ ਕੀਤੀ ਗਈ। ਪ੍ਰੋਗਰਾਮ ਦੇ ਦੌਰਾਨ ਸਵਾਮੀ ਦਯਾਨੰਦ ਸਰਸਵਤੀ ਜੀ ਜੀ ਦੇ ਆਦਰਸ਼ਾਂ ਨੂੰ ਯਾਦ ਕਰਦੇ ਹੋਏ ਵਿਹੜੇ ਵਿੱਚ ਮੰਤਰ ਉੱਚਾਰਣ ਕਰਕੇ ਹਵਨ ਯੱਗ ਸਮਾਪਤ ਕੀਤਾ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸਵਾਮੀ ਦਯਾਨੰਦ ਜੀ ਦੇ ਜੀਵਨ, ਆਦਰਸ਼ਾਂ ਅਤੇ ਸਮਾਜ ਸੁਧਾਰ ਦੇ ਕੰਮਾਂ ਤੇ ਭਾਸ਼ਣ ਪ੍ਰਸਤੁਤ ਕੀਤਾ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਰਚਨਾ ਸੈਣੀ ਨੇ ਕਿਹਾ ਕਿ ਸਵਾਮੀ ਦਯਾਨੰਦ ਜੀ ਨੇ ਵੇਧੋਂ ਕੀ ਔਰ ਲੌਟੋ ਦਾ ਸੰਦੇਸ਼ ਦੇ ਕੇ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦਾ ਕੰਮ ਕੀਤਾ।ਉਹਨਾਂ ਨੇ ਦੱਸਿਆ ਕਿ ਸਵਾਮੀ ਜੀ ਨੇ ਬੱਚਿਆਂ ਨੂੰ ਸਿਖਿਆ, ਸਮਾਨਤਾ ਅਤੇ ਸੱਚ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਨਾਲ ਹੀ ਪ੍ਰਿੰਸੀਪਲ ਸ਼੍ਰੀਮਤੀ ਰਚਨਾ ਸੈਣੀ ਨੇ ਵਿਦਿਆਰਥੀਆਂ ਨੂੰ ਆਉਣ ਵਾਲੇ ਪ੍ਰੀਖਿਆ ਲਈ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਮਿਹਨਤ, ਅਨੁਸ਼ਾਸ਼ਨ, ਅਤੇ ਆਤਮ ਵਿਸ਼ਵਾਸ ਦੇ ਨਾਲ ਤਿਆਰੀ ਕਰਨ ਦਾ ਸੰਦੇਸ਼ ਦਿੱਤਾ।

## ਦਿੱਲੀ ਗੁਰਦੁਆਰਾ ਕਮੇਟੀ ਦੇ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਸੌਂਪਿਆ ਮੰਗ ਪੱਤਰ

# ਹਰਵਿੰਦਰ ਸਿੰਘ ਸਰਨਾ ਨੇ ਰਾਹੁਲ ਗਾਂਧੀ ਨੂੰ ਕਲੀਨ ਚਿੱਟ ਦਿੱਤੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿਰਫ਼ ਇਕ ਇਮਾਰਤ ਦੱਸਿਆ: ਕਾਲਕਾ, ਕਾਹਲੋਂ



ਨਵੀਂ ਦਿੱਲੀ, ਅੰਮ੍ਰਿਤਸਰ,12 ਫਰਵਰੀ (ਅੰਮ੍ਰਿਤਪਾਲ ਸਿੰਘ,ਗੁਰਦਿਆਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫਦ ਨੇ ਅੱਜ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ ਵੱਲੋਂ ਰਾਹੁਲ ਗਾਂਧੀ ਨੂੰ ਮੁਆਫੀ ਦੇਣ ਦੀ ਗੱਲ ਕਰਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ਼ ਇਕ ਬਿਲਡਿੰਗ (ਇਮਾਰਤ) ਕਹਿਣ ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਫਤਰ ਪਹੁੰਚ ਕੇ ਆਪਣੀ ਸ਼ਿਕਾਇਤ ਸੌਂਪੀ ਹੈ ਅਤੇ ਹਰਵਿੰਦਰ ਸਰਨਾ ਨੂੰ ਪੰਥ ਵਿੱਚੋਂ ਛੇਕੇ ਜਾਣ ਦੀ ਮੰਗ ਕੀਤੀ ਹੈ। ਵਫਦ ਵਿਚ ਦਿੱਲੀ ਕਮੇਟੀ ਦੇ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ, ਮੈਂਬਰ ਰਮਿੰਦਰ ਸਿੰਘ ਸਵੀਟਾ, ਸੁਖਬੀਰ ਸਿੰਘ ਕਾਲਰਾ, ਸੁਖਵਿੰਦਰ ਸਿੰਘ ਬੱਬਰ, ਪੰਜਾਬ ਧਰਮ ਪ੍ਰਚਾਰ ਦੇ ਮੁਖੀ ਮਨਜੀਤ ਸਿੰਘ ਭੋਮਾ ਸ਼ਾਮਿਲ ਸਨ।ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਕਮੇਟੀ ਦੇ ਇਕ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਇਹ ਸ਼ਿਕਾਇਤ ਸੌਂਪੀ ਹੈ। ਸ਼ਿਕਾਇਤ ਵਿਚ ਦੱਸਿਆ ਗਿਆ ਹੈ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਸਾਬਕਾ ਪ੍ਰਧਾਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੋਮਣੀ ਅਕਾਲੀ ਦਲ (ਬਾਦਲ) ਦਿੱਲੀ ਇਕਾਈ ਦੇ ਸੀਨੀਅਰ ਆਗੂ ਵੱਲੋਂ ਪਿਛਲੇ ਦਿਨੀਂ ਸਿੱਖ ਕੌਮ ਦੀ ਦੁਸ਼ਮਣ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ ਕਾਂਗਰਸ ਪਾਰਟੀ ਨੂੰ 1984 ਵਿਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਫੌਜੀ ਹਮਲਾ ਕਰਨ ਅਤੇ ਨਵੰਬਰ 1984 ਵੇਲੇ ਕੀਤੀ ਸਿੱਖ ਨਸਲਕੁਸ਼ੀ ਦੇ ਦੋਸ਼ ਤੋਂ ਮੁਆਫ ਕਰਨ ਦੀ ਗੱਲ ਕਰਨਾ ਬਹੁਤ ਹੀ ਮੰਦਭਾਗਾ ਹੈ। ਉਹਨਾਂ ਦੱਸਿਆ ਕਿ ਇੰਨਾ ਹੀ ਨਹੀਂ, ਬਲਕਿ ਇਕ ਨਿੱਜੀ ਚੈਨਲ 'ਤੇ ਗੱਲਬਾਤ ਦੌਰਾਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਸਿਰਜਿਆ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ਼ ਇਕ ਇਮਾਰਤ (ਬਿਲਡਿੰਗ) ਕਹਿਣਾ ਬਹੁਤ ਵੱਡਾ ਗੁਨਾਹ ਹੈ, ਜਿਸ ਕਰਕੇ ਸੰਗਤਾਂ ਵਿਚ ਬਹੁਤ ਵੱਡਾ ਰੋਸ ਹੈ।ਉਹਨਾਂ ਨੇ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੀ ਸਿੱਖਾਂ ਦੀ ਦੁਸ਼ਮਣ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਨਾ ਬਹੁਤ ਹੀ ਨਿੰਦਣਯੋਗ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰੀ ਇਹ ਸ੍ਰੀ ਅਕਾਲ ਤਖਤ ਸਾਹਿਬ ਦਾ ਹੁਕਮ ਮੰਨਣ ਤੋਂ ਇਨਕਾਰੀ ਹੋਏ ਹਨ। ਉਹਨਾਂ ਕਿਹਾ ਕਿ ਜਦੋਂ ਸ੍ਰ. ਹਰਵਿੰਦਰ ਸਿੰਘ ਸਰਨਾ ਅਤੇ ਸ੍ਰ. ਪਰਮਜੀਤ ਸਿੰਘ ਸਰਨਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਨ, ਤਾਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਗੁਰਪੁਰਬਾਂ ਅਤੇ ਸੰਗਰਾਂਦਾਂ ਦੀਆਂ ਤਾਰੀਕਾਂ ਤੋਂ ਉਲਟ ਜਾ ਕੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੋਂ ਇਨਕਾਰੀ ਹੋ ਕੇ ਆਪਣੀ ਮਰਜ਼ੀ ਨਾਲ ਗੁਰਪੁਰਬ ਅਤੇ ਸੰਗਰਾਂਦਾਂ ਮਨਾ ਕੇ ਸੰਗਤਾਂ ਵਿਚ ਭੁਲੇਖੇ ਪਾਉਂਦੇ ਰਹੇ ਹਨ।ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਅਨੁਸਾਰ ਬਣਾਈ ਵਿਦਵਾਨਾਂ ਦੀ ਕਮੇਟੀ ਨੂੰ ਇੱਜੜ ਕਿਹਾ ਸੀ। ਉਹਨਾਂ ਕਿਹਾ ਕਿ ਸਿੰਘ ਸਾਹਿਬਾਨ ਦੀ ਇਕਸੁਰਤਾ ਨੂੰ ਯੂਨੀਅਨ ਕਹਿਣਾ ਅਤੇ ਫਿਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਚਿੱਠੀ ਭੇਜ ਕੇ ਇਹ ਦੱਸਣਾ ਕਿ ਮੈਨੂੰ ਆਪਣੇ ਕਹੇ 'ਤੇ ਕੋਈ ਪਛਤਾਵਾ ਨਹੀਂ ਹੈ, ਪੰਥ ਨੂੰ ਇਕ ਵੱਡੀ ਢਾਹ ਲਾਉਣ ਦਾ ਕਾਰਾ ਹੈ।ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਦਾ ਮੀਡੀਆ ਵਿਚ ਇਹ ਕਹਿਣਾ ਕਿ ਗੁਰਦੁਆਰਿਆਂ ਵਿਚ ਕੇਂਦਰ ਦੀ ਦਖਲਅੰਦਾਜ਼ੀ ਕਰਕੇ ਰਾਹੁਲ ਗਾਂਧੀ ਨੂੰ ਮਿਲਣ ਆਏ ਹਨ ਪਰ ਬੜੀ ਹੈਰਾਨੀ ਵਾਲੀ ਗੱਲ ਹੈ ਕਿ ਅਕਾਲੀ ਦਲ ਦੇ 2 ਮੈਂਬਰ ਪਾਰਲੀਮੈਂਟ ਅਤੇ 15-20 ਹੋਰ ਸਿੱਖ ਮੈਂਬਰ ਪਾਰਲੀਮੈਂਟ ਹੋਣ ਦੇ ਬਾਵਜੂਦ ਰਾਹੁਲ ਗਾਂਧੀ ਨੂੰ ਸੰਸਦ ਵਿੱਚ ਮੁੱਦਾ ਚੁੱਕਣ ਲਈ ਕਹਿਣਾ ਬਹੁਤ ਸ਼ੱਕੀ ਹੈ।

# ਖ਼ਾਲਸਾ ਯੂਨੀਵਰਸਿਟੀ ਵੱਲੋਂ 'ਪ੍ਰੀ-ਸਮਿਟ ਪ੍ਰੋਗਰਾਮ-2026' ਤਹਿਤ ਵਰਕਸ਼ਾਪ ਕਰਵਾਈ

## ਏ. ਆਈ. ਕੇਵਲ ਤਕਨਾਲੋਜੀ ਦਾ ਵਿਸ਼ਾ ਨਹੀਂ ਰਿਹਾ, ਬਲਕਿ ਹਰੇਕ ਖੇਤਰ 'ਚ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਰਿਹੈ : ਡਾ. ਮਹਿਲ ਸਿੰਘ



ਅੰਮ੍ਰਿਤਸਰ, 12 ਫਰਵਰੀ (ਗੁਰਦਿਆਲ ਸਿੰਘ,ਬਬਲੂ ਮਹਾਜਨ) :ਖ਼ਾਲਸਾ ਯੂਨੀਵਰਸਿਟੀ ਵੱਲੋਂ 'ਮੈਂਟਰਿੰਗ, ਐਡਵਾਈਜ਼ਿੰਗ ਅਤੇ ਪੀਅਰ ਲਰਨਿੰਗ 'ਚ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੀ ਭੂਮਿਕਾ' ਵਿਸ਼ੇ 'ਤੇ ਜਾਗਰੂਕਤਾ ਵਰਕਸ਼ਾਪ ਕਰਵਾਈ ਗਈ।ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦੇ ਦਿਸ਼ਾ-ਨਿਰਦੇਸ਼ਾਂ 'ਤੇ 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਅਤੇ ਅਕਾਦਮਿਕ ਮਾਮਲੇ ਡੀਨ ਡਾ: ਸੁਰਿੰਦਰ ਕੌਰ ਦੀ ਅਗਵਾਈ ਹੇਠ ਕਰਵਾਈ ਉਕਤ ਵਰਕਸ਼ਾਪ ਭਾਰਤ ਏ. ਆਈ. ਸਮਿੱਟ-2026 ਦੀਆਂ ਅਧਿਕਾਰਕ ਪ੍ਰੀ-ਸਮਿੱਟ ਗਤੀਵਿਧੀਆਂ ਤਹਿਤ ਕਰਵਾਈ ਗਈ, ਜਿਸ 'ਚ ਖ਼ਾਲਸਾ ਕਾਲਜ ਆਫ ਐਜੂਕੇਸ਼ਨ, ਜੀ. ਟੀ. ਰੋਡ ਤੋਂ ਅਸਿਸਟੈਂਟ ਪ੍ਰੋਫੈਸਰ ਅਤੇ ਵਿੱਦਿਅਕ ਸਲਾਹਕਾਰ, ਫਰਾਂਸ ਡਾ. ਦੀਪਿਕਾ ਕੋਹਲੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਉਪਰੋਕਤ ਵਿਸ਼ੇ 'ਤੇ ਵਿਚਾਰ -ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਡਾ. ਮਹਿਲ ਸਿੰਘ ਨੇ ਕਿਹਾ ਕਿ ਏ. ਆਈ. ਅਜੋਕੇ ਸਮੇਂ 'ਚ ਕੇਵਲ ਤਕਨਾਲੋਜੀ ਦਾ ਵਿਸ਼ਾ ਨਹੀਂ ਰਿਹਾ, ਬਲਕਿ ਇਹ ਸਿੱਖਿਆ, ਸਿਹਤ, ਉਦਯੋਗ, ਖੇਤੀਬਾੜੀ ਅਤੇ ਪ੍ਰਸ਼ਾਸਨ ਸਮੇਤ ਹਰੇਕ ਖੇਤਰ 'ਚ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਰਿਹਾ ਹੈ।ਉਨ੍ਹਾਂ ਕਿਹਾ ਕਿ ਭਵਿੱਖ 'ਚ ਏ. ਆਈ. ਆਧਾਰਿਤ ਤਕਨਾਲੋਜੀਆਂ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦੇ ਨਾਲ-ਨਾਲ ਕੰਮ ਕਰਨ ਦੇ ਢੰਗ ਨੂੰ ਵੀ ਬਦਲਣਗੀਆਂ, ਇਸ ਲਈ ਵਿਦਿਆਰਥੀਆਂ ਲਈ ਇਸ ਖੇਤਰ 'ਚ ਜਾਣਕਾਰੀ ਅਤੇ ਹੁਨਰ ਹਾਸਲ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਭਵਿੱਖ 'ਚ ਵੀ ਅਜਿਹੇ ਜਾਣਕਾਰੀ ਭਰਪੂਰ ਪ੍ਰੋਗਰਾਮ ਕਰਵਾਉਣ ਦਾ ਭਰੋਸਾ ਦਿੱਤਾ ਤਾਂ ਜੋ ਵਿਦਿਆਰਥੀ ਨਵੀਂ ਤਕਨਾਲੋਜੀ ਨਾਲ ਕਦਮ ਮਿਲਾ ਕੇ ਚੱਲ ਸਕਣ ਅਤੇ ਦੇਸ਼ ਦੇ ਤਕਨੀਕੀ ਵਿਕਾਸ 'ਚ ਆਪਣਾ ਯੋਗਦਾਨ ਪਾ ਸਕਣ।ਇਸ ਦੌਰਾਨ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਏ. ਆਈ. ਮਸ਼ੀਨਾਂ ਨੂੰ ਮਨੁੱਖੀ ਬੁੱਧੀ ਦੀ ਤਰ੍ਹਾਂ ਸੋਚਣ, ਸਿੱਖਣ ਅਤੇ ਫ਼ੈਸਲੇ ਕਰਨ ਯੋਗ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਮੌਜ਼ੂਦਾ ਸਥਿਤੀ 'ਚ ਸਮਾਰਟਫੋਨ ਐਪਲੀਕੇਸ਼ਨਾਂ, ਆਨਲਾਈਨ ਸੇਵਾਵਾਂ, ਡਿਜੀਟਲ ਸਿਹਤ ਪ੍ਰਣਾਲੀਆਂ ਅਤੇ ਆਟੋਮੈਟਿਕ ਵਾਹਨਾਂ 'ਚ ਏ. ਆਈ. ਦੀ ਵਰਤੋਂ ਤੇਜ਼ੀ ਨਾਲ ਵੱਧ ਰਹੀ ਹੈ। ਇਸ ਦੇ ਨਾਲ-ਨਾਲ ਖੇਤੀਬਾੜੀ ਖੇਤਰ 'ਚ ਵੀ ਏ. ਆਈ. ਦੀ ਮਦਦ ਨਾਲ ਮੌਸਮ ਦੀ ਭਵਿੱਖਬਾਣੀ, ਫ਼ਸਲਾਂ ਦੀ ਬਿਮਾਰੀਆਂ ਦੀ ਪਛਾਣ ਅਤੇ ਉਤਪਾਦਨ 'ਚ ਸੁਧਾਰ ਕੀਤਾ ਜਾ ਸਕਦਾ ਹੈ।ਇਸ ਪ੍ਰੋਗਰਾਮ ਦੇ ਦੂਜੇ ਪੜਾਅ 'ਚ ਡਾ. ਦੀਪਿਕਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਵਰਕਸ਼ਾਪ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਭਾਰਤ ਏ. ਆਈ. ਮਿਸ਼ਨ ਦੇ ਉਦੇਸ਼ਾਂ ਤਹਿਤ ਆਯੋਜਿਤ ਕੀਤੀ ਗਈ ਸੀ, ਜੋ ਦੇਸ਼ ਦੇ ਏ. ਆਈ. ਵਾਤਾਵਰਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਆਤਮਨਿਰਭਰ ਭਾਰਤ ਅਤੇ ਵਿਕਸ਼ਿਤ ਭਾਰਤ ਦੇ ਵਿਆਪਕ ਦ੍ਰਿਸ਼ਟੀਕੋਣਾਂ ਦਾ ਸਮਰਥਨ ਕਰਨ ਲਈ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜਿੱਥੇ ਏ. ਆਈ. ਨਵੀਆਂ ਸੁਵਿਧਾਵਾਂ ਲੈ ਕੇ ਆ ਰਹੀ ਹੈ, ਉੱਥੇ ਇਸ ਦੇ ਨੈਤਿਕ ਅਤੇ ਸਮਾਜਿਕ ਪੱਖਾਂ ਨੂੰ ਵੀ ਧਿਆਨ 'ਚ ਰੱਖਣਾ ਜ਼ਰੂਰੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਡਾਟਾ ਸੁਰੱਖਿਆ, ਗੋਪਨੀਯਤਾ ਅਤੇ ਤਕਨਾਲੋਜੀ ਦੀ ਜ਼ਿੰਮੇਵਾਰ ਵਰਤੋਂ ਸਬੰਧੀ ਸਚੇਤ ਰਹਿਣ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਮੂਡਲ, ਕੈਨਵਾ, ਗੂਗਲ ਕਲਾਸਰੂਮ, ਪੈਡਲੇਟ ਵਰਗੇ ਟੂਲ ਸਿੱਖਣ ਦੇ ਨਤੀਜਿਆਂ ਨੂੰ ਮਜ਼ਬੂਤ ਕਰ ਸਕਦੇ ਹਨ ਅਤੇ ਅਧਿਆਪਨ ਨੂੰ ਤੁਲਨਾਤਮਕ ਤੌਰ 'ਤੇ ਪ੍ਰਭਾਵੀ ਪ੍ਰਕਿਰਿਆ ਬਣਾ ਸਕਦੇ ਹਨ।ਇਸ ਮੌਕੇ ਡਾ. ਦੀਪਿਕਾ ਨੇ ਵਿਦਿਆਰਥੀਆਂ ਨੂੰ ਵੱਖੋ-ਵੱਖਰੇ ਪਾਠਾਂ ਨੂੰ ਸਿੱਖਣ ਲਈ ਵਰਤੇ ਜਾਣ ਵਾਲੇ ਏ. ਆਈ. ਟੂਲਸ ਨਾਲ ਜਾਣੂ ਕਰਵਾਉਂਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਵਧੀਆ ਨਤੀਜੇ ਪ੍ਰਾਪਤ ਹੋ ਸਕਦੇ ਹਨ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਨ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਸਬੰਧੀ ਮੈਨੇਜ਼ਮੈਂਟ ਵੱਲੋਂ ਦਿੱਤੇ ਗਏ ਸਹਿਯੋਗ ਦਾ ਧੰਨਵਾਦ ਵੀ ਕੀਤਾ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਰੋਜ਼ਾਨਾ ਇੱਕ ਕੇਲਾ ਖਾਣ ਨਾਲ ਡਾਕਟਰ ਵੀ ਰਹਿੰਦੈ ਦੂਰ

ਤੁਸੀਂ ਇਹ ਕਹਾਵਤ ਸੁਣੀ ਹੋਵੇਗੀ ਕਿ ਰੋਜ਼ਾਨਾ ਇੱਕ ਸੇਬ ਖਾਣ ਨਾਲ ਡਾਕਟਰ ਦੂਰ ਰਹਿੰਦਾ ਹੈ, ਪਰ ਕੀ ਤੁਸੀਂ ਜਾਣਦੇ ਹੋ ਕਿ ਰੋਜ਼ਾਨਾ ਇੱਕ ਕੇਲਾ ਖਾਣ ਨਾਲ ਡਾਕਟਰ ਵੀ ਦੂਰ ਰਹਿੰਦਾ ਹੈ? ਤੁਸੀਂ ਸੇਬ ਦੀ ਬਜਾਏ ਕੇਲੇ ਦੀ ਵਰਤੋਂ ਵੀ ਕਰ ਸਕਦੇ ਹੋ। ਕੇਲਾ ਇੱਕ ਅਜਿਹਾ ਫਲ ਹੈ ਜਿਸਨੂੰ ਰੋਜ਼ਾਨਾ ਖਾਣ ਨਾਲ



ਅੰਤੜੀਆਂ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ। ਫਾਈਬਰ ਅਤੇ ਪੋਟਾਸ਼ੀਅਮ ਨਾਲ ਭਰਪੂਰ, ਕੇਲੇ ਸਰੀਰ ਲਈ ਲਾਭਦਾਇਕ ਮੰਨੇ ਜਾਂਦੇ ਹਨ। ਕੇਲੇ ਨੂੰ ਪੇਟ ਲਈ ਅੰਮ੍ਰਿਤ ਕਹਿਣਾ ਗਲਤ ਨਹੀਂ ਹੋਵੇਗਾ।

**ਬਲੱਡ ਪ੍ਰੈਸ਼ਰ ਕੰਟਰੋਲ ਲਈ ਕੇਲਾ ਫਾਇਦੇਮੰਦ ;** ਰੋਜ਼ਾਨਾ ਕੇਲੇ ਖਾਣ ਨਾਲ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਵਿੱਚ ਮਦਦ ਮਿਲਦੀ ਹੈ। ਕੇਲੇ ਪੋਟਾਸ਼ੀਅਮ ਨਾਲ ਭਰਪੂਰ ਹੁੰਦੇ ਹਨ, ਜੋ ਬਲੱਡ ਪ੍ਰੈਸ਼ਰ ਨੂੰ ਨਿਯਮਤ ਕਰਨ ਲਈ ਇੱਕ ਜ਼ਰੂਰੀ ਖਣਿਜ ਹੈ। ਕੇਲਿਆਂ ਵਿੱਚ ਐਂਟੀਆਕਸੀਡੈਂਟ ਵੀ ਹੁੰਦੇ ਹਨ ਜੋ ਆਕਸੀਡੇਟਿਵ ਤਣਾਅ ਨੂੰ ਘਟਾਉਂਦੇ ਹਨ। ਇਸ ਲਈ, ਜਦੋਂ ਤੁਸੀਂ ਖਾਣੇ ਦੇ ਵਿਚਕਾਰ ਭੁੱਖੇ ਹੁੰਦੇ ਹੋ ਤਾਂ ਕੇਲੇ ਇੱਕ ਵਧੀਆ ਸਨੈਕ ਹੁੰਦੇ ਹਨ।

**ਕੇਲੇ ਅੰਤੜੀਆਂ ਲਈ ਫਾਇਦੇਮੰਦ ;** ਰੋਜ਼ਾਨਾ ਇੱਕ ਕੇਲਾ ਖਾਣ ਨਾਲ ਅੰਤੜੀਆਂ ਦੀ ਸਿਹਤ ਬਣਾਈ ਰੱਖਣ ਵਿੱਚ ਮਦਦ ਮਿਲਦੀ ਹੈ। ਕੇਲੇ ਅੰਤੜੀਆਂ ਲਈ ਸਭ ਤੋਂ ਆਸਾਨ ਅਤੇ ਸਭ ਤੋਂ ਲਾਭਦਾਇਕ ਸਨੈਕਸਾਂ ਵਿੱਚੋਂ ਇੱਕ ਹੈ। ਇਹ ਫਲ ਰੋਧਕ ਸਟਾਰਚ ਅਤੇ ਪ੍ਰੀਬਾਇਓਟਿਕ ਫਾਈਬਰ ਨਾਲ ਭਰਪੂਰ ਹੁੰਦਾ ਹੈ, ਜੋ ਸਿਹਤਮੰਦ ਅੰਤੜੀਆਂ ਦੇ ਬੈਕਟੀਰੀਆ ਨੂੰ ਪੋਸ਼ਣ ਦੇਣ ਵਿੱਚ ਮਦਦ ਕਰਦਾ ਹੈ। ਇਹ ਅੰਤੜੀਆਂ ਦੀ ਮੁਰੰਮਤ ਨੂੰ ਉਤਸ਼ਾਹਿਤ ਕਰਦਾ ਹੈ, ਸੋਜਸ਼ ਨੂੰ ਘਟਾਉਂਦਾ ਹੈ, ਅਤੇ ਲੰਬੇ ਸਮੇਂ ਲਈ ਅੰਤੜੀਆਂ ਦੀ ਸਿਹਤ ਨੂੰ ਬਣਾਈ ਰੱਖਦਾ ਹੈ।

**ਰੋਜ਼ਾਨਾ ਇੱਕ ਕੇਲਾ ਖਾਣ ਦੇ ਫਾਇਦੇ ;** ਰੋਜ਼ਾਨਾ ਇੱਕ ਕੇਲਾ ਖਾਣ ਨਾਲ ਸਰੀਰ ਨੂੰ 105 ਕੈਲੋਰੀ, 88.4 ਗ੍ਰਾਮ ਪਾਣੀ, 1.29 ਗ੍ਰਾਮ ਪ੍ਰੋਟੀਨ, 26.9 ਗ੍ਰਾਮ ਕਾਰਬੋਹਾਈਡਰੇਟ, 14.4 ਗ੍ਰਾਮ ਚੀਨੀ, 3.07 ਗ੍ਰਾਮ ਫਾਈਬਰ ਅਤੇ 0.39 ਗ੍ਰਾਮ ਚਰਬੀ ਮਿਲਦੀ ਹੈ। ਕੇਲੇ ਪੋਟਾਸ਼ੀਅਮ, ਵਿਟਾਮਿਨ ਬੀ6 ਅਤੇ ਵਿਟਾਮਿਨ ਸੀ ਨਾਲ ਭਰਪੂਰ ਹੁੰਦੇ ਹਨ। ਕੇਲੇ ਇੱਕ ਅਜਿਹਾ ਫਲ ਹੈ ਜੋ ਅੰਤੜੀਆਂ ਅਤੇ ਸਮੁੱਚੀ ਸਿਹਤ ਨੂੰ ਬਿਹਤਰ ਬਣਾਉਂਦਾ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੰਠ ਮੁਕਾਬਲੇ ਵਿੱਚੋਂ ਪ੍ਰਾਪਤ ਕੀਤੇ ਆਕਰਸ਼ਕ ਇਨਾਮ

ਪਟਿਆਲਾ, 12 ਫਰਵਰੀ (ਚ.ਨ.ਸ.) : ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਫੁਹਾਰਾ ਚੌਂਕ, ਪਟਿਆਲਾ ਵਿਖੇ ਮਿਤੀ 7 ਫਰਵਰੀ 2026 ਦਿਨ ਸ਼ਨੀਵਾਰ ਨੂੰ ਬਸੰਤ ਰੁੱਤ ਨਾਲ ਸੰਬੰਧਿਤ ਬਸੰਤ ਰਾਗ ਕੀਰਤਨ ਦਰਬਾਰ ਕਰਵਾਏ ਗਏ ।ਜਿਸ ਵਿੱਚ ਸਕੂਲੀ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਵੀ ਕਰਵਾਏ ਗਏ ਇਹਨਾਂ ਵਿੱਚ ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪਟਿਆਲਾ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ ਇਹਨਾਂ ਮੁਕਾਬਲਿਆਂ ਵਿੱਚ ਬੱਚਿਆਂ ਕੋਲੋਂ ਕਬੀਰ ਜੀ ਦੇ ਸਲੋਕ ਬਸੰਤ ਕੀ ਵਾਰ ਅਤੇ ਸਿੱਖ ਧਰਮ ਦੇ ਮੁੱਢਲੇ ਸਿਧਾਂਤਾਂ ਬਾਰੇ ਸੁਣਿਆ ਗਿਆ। ਤੀਜੀ ਜਮਾਤ ਦੇ ਪ੍ਰਭਜੋਤ ਸਿੰਘ, ਪ੍ਰਭਲੀਨ ਕੌਰ,ਦਮਨਜੀਤ ਕੌਰ ਨੇ ਕਬੀਰ ਜੀ ਦੇ ਸਲੋਕ , ਸਿੱਖ ਧਰਮ ਬਾਰੇ ਮੁਢਲੀ ਜਾਣਕਾਰੀ ਦਿੱਤੀ ਅਤੇ ਬਸੰਤ ਕੀ ਵਾਰ ਸੁਣਾਈ ਅਤੇ ਇਨਾਮ ਵਿੱਚ ਵਾਲ ਕਲਾਕ, ਸਟੱਡੀ ਟੇਬਲ ਤੋਂ ਇਲਾਵਾ ਹੋਰ ਪੜ੍ਹਨ ਯੋਗ ਸਮੱਗਰੀ ਪ੍ਰਾਪਤ ਕੀਤੀ ਅਤੇ ਚੌਥੀ ਜਮਾਤ ਦੇ




ਵਿਦਿਆਰਥੀਆਂ ਇਸ਼ਮੀਤ ਕੌਰ ਅਤੇ ਸਹਿਜਪ੍ਰੀਤ ਸਿੰਘ ਵੱਲੋਂ ਵੀ ਗੁਰਬਾਣੀ ਸੁਣਾ ਕੇ ਪੜ੍ਹਨ ਯੋਗ ਸਮੱਗਰੀ ਇਨਾਮ ਵਿੱਚ ਪ੍ਰਾਪਤ ਕੀਤੀ ਗਈ। ਇੱਥੇ ਇਹ ਜ਼ਿਕਰਯੋਗ ਹੈ ਕਿ ਇਸ ਸਕੂਲ ਦੇ ਬੱਚੇ ਪੜ੍ਹਾਈ ਦੇ ਨਾਲ ਨਾਲ ਗੁਰਬਾਣੀ ਦੇ ਖੇਤਰ ਵਿੱਚ ਵੀ ਹਿੱਸਾ ਲੈਂਦੇ ਰਹਿੰਦੇ ਹਨ ਅਤੇ ਬਹੁਤ ਸਾਰੇ ਇਨਾਮ ਪ੍ਰਾਪਤ ਕਰਦੇ ਹਨ ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਜਸਵਿੰਦਰ ਕੌਰ ਜੀ ਦਰਦੀ ਅਤੇ ਪ੍ਰਿੰਸੀਪਲ ਡਾ: ਕੰਵਲਜੀਤ ਕੌਰ ਜੀ ਵੱਲੋਂ ਬੱਚਿਆਂ ਦੀ ਕਾਮਯਾਬੀ ਤੇ ਉਨ੍ਹਾਂ ਨੂੰ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਇਸ ਗੱਲ ਦੀ ਖੁਸ਼ੀ ਅਤੇ ਮਾਣ ਮਹਿਸੂਸ ਕੀਤਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਬੱਚੇ ਗੁਰਬਾਣੀ ਦੇ ਨਾਲ ਜੁੜੇ ਹੋਏ ਹਨ ਅਤੇ ਗੁਰਮਤਿ ਮੁਕਾਬਲਿਆਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ। ਉਹਨਾਂ ਨੇ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਹੀ ਗੁਰਬਾਣੀ ਮੁਕਾਬਲਿਆਂ ਵਿੱਚ ਹਿੱਸਾ ਲੈਂਦੇ ਰਹਿਣ ਦੀ ਪ੍ਰੇਰਨਾ ਦਿੱਤੀ।

# ਕੈਨੇਡੀਅਨ ਵਫ਼ਦ ਦਾ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚਣ ’ਤੇ ਨਿੱਘਾ ਸਵਾਗਤ

ਨਾਂਦੇੜ (ਹਜ਼ੂਰ ਸਾਹਿਬ), 12 ਫਰਵਰੀ (ਚ.ਨ.ਸ.) : ਸ੍ਰ. ਸਿੱਧੂ ਦੇ ਪਿਤਾ ਨਰਿੰਦਰ ਸਿੰਘ ਸਿੱਧੂ, ਕੈਨੇਡੀਅਨ ਸਰਕਾਰ ਦੇ ਕੈਬਨਿਟ ਮੰਤਰੀ, ਸਰਦਾਰ ਬੰਤ ਸਿੰਘ ਨੇਜਰ, ਕੈਨੇਡਾ ਸਥਿਤ ਭਾਰਤੀ ਕਾਰੋਬਾਰੀ ਸਰਦਾਰ ਜਗਜੀਤ ਸਿੰਘ ਗਾਵੜੀ, ਅਤੇ ਪੰਜਾਬ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਗਾਵੜੀ, ਵਿਸ਼ਵ ਪ੍ਰਸਿੱਧ ਗੁਰਦੁਆਰੇ ਦੇ ਦਰਸ਼ਨ ਕਰਨ ਲਈ ਨਾਂਦੇੜ ਆਏ ਹਨ। ਅੱਜ ਉਨ੍ਹਾਂ ਦਾ ਸਵਾਗਤ ਹਜ਼ੂਰ ਸਾਹਿਬ ਰੇਲਵੇ ਸਟੇਸ਼ਨ ’ਤੇ ਨਾਨਕ ਸਾਈਂ ਫਾਊਂਡੇਸ਼ਨ ਦੇ ਸੰਯੁਕਤ ਸਕੱਤਰ ਸ਼੍ਰੇਅਸ ਕੁਮਾਰ ਪੰਧਾਰੀਨਾਥ ਬੋਕਾਰੇ ਨੇ ਕੀਤਾ।



ਸਿੱਖ ਧਰਮ ਦੇ ਦਸਵੇਂ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਚਰਨਾਂ ਨਾਲ ਪਵਿੱਤਰ ਹੋਏ ਨਾਂਦੇੜ ਸ਼ਹਿਰ ਦਾ ਦੌਰਾ ਕਰਨਾ ਇੱਕ ਸਨਮਾਨ ਦੀ ਗੱਲ ਹੈ। ਨਾਂਦੇੜ ਵਿੱਚ ਭਾਵਨਾਤਮਕ ਪ੍ਰਤੀਕਿਰਿਆ ਪ੍ਰਗਟ ਕਰਦੇ ਹੋਏ, ਪੰਜਾਬ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਪਰਮਜੀਤ ਸਿੰਘ ਗਾਵੜੀ (ਪੰਜਾਬ) ਨੇ ਕਿਹਾ ਕਿ ਤਖ਼ਤ ਸੱਚਖੰਡ ਸ਼੍ਰੀ ਹਜ਼ੂਰ ਸਾਹਿਬ (ਨਾਂਦੇੜ) ਦੀ ਯਾਤਰਾ ਇੱਕ ਮਹਾਨ ਯਾਤਰਾ ਦਾ ਅਧਿਆਤਮਿਕ ਅਨੁਭਵ ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਸ਼ਵ ਪ੍ਰਸਿੱਧ ਤਖ਼ਤ ਸੱਚਖੰਡ ਸ਼੍ਰੀ ਹਜ਼ੂਰ ਸਾਹਿਬ ਗੁਰਦੁਆਰੇ ਦੇ ਦਰਸ਼ਨ ਕੀਤੇ ਅਤੇ ਸ਼ਰਧਾ ਨਾਲ ਆਪਣਾ ਸਿਰ ਝੁਕਾਇਆ। ਦਰਸ਼ਨਾਂ ਤੋਂ ਬਾਅਦ ਬੋਲਦਿਆਂ, ਉਨ੍ਹਾਂ ਕਿਹਾ, ਦਸਵੇਂ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਛੋਹ ਨਾਲ ਬਖਸ਼ਿਸ਼ ਪ੍ਰਾਪਤ ਇਸ ਸ਼ਹਿਰ ਨੰਦੇੜ ਵਿੱਚ ਆ ਕੇ ਮੇਰੇ ਮਨ ਨੂੰ ਬਹੁਤ ਸ਼ਾਂਤੀ ਅਤੇ ਸੰਤੁਸ਼ਟੀ ਮਿਲੀ ਹੈ। ਹਜ਼ੂਰ ਸਾਹਿਬ ਦੇ ਦਰਸ਼ਨ ਕਰਨਾ ਨਾ ਸਿਰਫ਼ ਇੱਕ ਧਾਰਮਿਕ ਹੈ ਬਲਕਿ ਇੱਕ ਅਧਿਆਤਮਿਕ ਉੱਨਤੀ ਦਾ ਅਨੁਭਵ ਵੀ ਹੈ।

ਇਸ ਮੌਕੇ ’ਤੇ, ਉਹ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ, ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਨੂੰ ਮਿਲੇ ਅਤੇ ਉਨ੍ਹਾਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਕੈਨੇਡੀਅਨ ਵਫ਼ਦ ਨੇ ਲੰਗਰ ਸਾਹਿਬ ਗੁਰਦੁਆਰੇ ਦੇ ਮੁਖੀ, ਸੰਤ ਬਾਬਾ ਨਰਿੰਦਰ ਸਿੰਘ ਜੀ ਅਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਤੋਂ ਵੀ ਅਸ਼ੀਰਵਾਦ ਪ੍ਰਾਪਤ ਕੀਤਾ। ਚਾਰ ਦਿਨਾਂ ਹਜ਼ੂਰ ਸਾਹਿਬ ਯਾਤਰਾ ਦੌਰਾਨ, ਉਹ ਭਗਤ ਨਾਮਦੇਵ ਮਹਾਰਾਜ ਜੀ ਦੇ ਜਨਮ ਸਥਾਨ, ਨਾਨਕ ਝੀਰਾ ਜਾਣਗੇ। ਇਸ ਦੌਰਾਨ, ਨਾਨਕ ਸਾਈਂ ਫਾਊਂਡੇਸ਼ਨ ਕੈਨੇਡੀਅਨ ਵਫ਼ਦ ਦਾ ਸਵਾਗਤ ਕਰੇਗੀ। ਨਾਨਕ ਸਾਈਂ ਫਾਊਂਡੇਸ਼ਨ ਦੇ ਮੁਖੀ ਅਤੇ ਸੀਨੀਅਰ ਪੱਤਰਕਾਰ ਸ਼੍ਰੀ ਪੰਧਾਰੀਨਾਥ ਬੋਕਾਰੇ ਨੇ ਜਾਣਕਾਰੀ ਪ੍ਰਦਾਨ ਕੀਤੀ।

### *ਮਾਂ ਬਗਲਾਮੁਖੀ ਧਾਮ ਵਿਖੇ 243 ਘੰਟੇ ਨਿਰੰਤਰ ਮਹਾਯੱਗ ਸ਼ੁਰੂ*

# ਮਹਾਯੱਗ ਧਾਰਮਿਕ ਸੇਵਾ, ਤਿਆਗ ਅਤੇ ਲੋਕ ਭਲਾਈ ਲਈ ਪ੍ਰੇਰਿਤ ਕਰਦਾ ਹੈ : ਮਹੰਤ ਪ੍ਰਵੀਨ ਚੌਧਰੀ

ਲੁਧਿਆਣਾ, 12 ਫਰਵਰੀ (ਕਰਨੈਲ ਸਿੰਘ ਐਮ.ਏ.) : ਮਹੰਤ ਪ੍ਰਵੀਨ ਚੌਧਰੀ ਦੀ ਅਗਵਾਈ ਹੇਠ ਸ਼ਾਮ ਨੂੰ ਪੱਖੋਵਾਲ ਰੋਡ ’ਤੇ ਮਾਂ ਬਗਲਾਮੁਖੀ ਧਾਮ ਵਿਖੇ 243 ਘੰਟੇ ਨਿਰੰਤਰ ਮਹਾਯੱਗ ਸ਼ੁਰੂ ਹੋਇਆ। ਮਾਂ ਬਗਲਾਮੁਖੀ ਦੇ ਪਿਆਰੇ ਪੀਲੇ ਰੰਗ ਵਿੱਚ ਸਜੇ ਹੋਏ, ਮੰਦਰ ਦੀ ਸ਼ੁਰੂਆਤ ਦੇਵੀ ਬਗਲਾਮੁਖੀ ਦੀ ਰਸਮੀ ਪੂਜਾ ਨਾਲ ਹੋਈ, ਜਿਸ ਤੋਂ ਬਾਅਦ ਕੰਜਕ ਪੂਜਾ ਹੋਈ। ਵੈਦਿਕ ਮੰਤਰਾਂ ਅਤੇ ਵਿਦਵਾਨ ਬ੍ਰਾਹਮਣਾਂ ਦੁਆਰਾ ਸ਼ੰਖ ਵਜਾਏ ਜਾਣ ਦੇ ਨਾਲ, ਮਹੰਤ ਪ੍ਰਵੀਨ ਨੇ ਮੁੱਖ ਪੁਜਾਰੀਆਂ ਨੂੰ ਭੇਟਾਂ ਚੜ੍ਹਾ ਕੇ ਨਿਰੰਤਰ ਮਹਾਯੱਗ ਦਾ ਉਦਘਾਟਨ ਕੀਤਾ। ਮਹਾਯੱਗ ਦੇ ਪਹਿਲੇ ਦਿਨ, ਸਮਾਜਿਕ, ਧਾਰਮਿਕ ਅਤੇ ਭਾਈਚਾਰਕ ਪ੍ਰਤੀਨਿਧੀਆਂ ਸਮੇਤ ਹਜ਼ਾਰਾਂ ਸ਼ਰਧਾਲੂਆਂ ਨੇ ਭੇਟਾਂ ਚੜ੍ਹਾਈਆਂ, ਉਨ੍ਹਾਂ ਦੇ ਜੀਵਨ ਨੂੰ ਖੁਸ਼ੀਆਂ ਨਾਲ ਭਰ ਦੇਣ ਲਈ ਪ੍ਰਾਰਥਨਾ ਕੀਤੀ। ਇਸ ਤੋਂ ਇਲਾਵਾ, ਧਾਮ ਨੇ ਖੂਨਦਾਨ ਰਾਹੀਂ ਸੇਵਾ ਦਾ ਮਹਾਂਕੁੰਭ ਵੀ ਸ਼ੁਰੂ ਕੀਤਾ।



ਦੇਸ਼ ਅਤੇ ਪੰਜਾਬ ਦੀ ਖੁਸ਼ਹਾਲੀ ਲਈ ਇੱਕ ਸਾਂਝੀ ਪ੍ਰਾਰਥਨਾ ਕੀਤੀ ਗਈ। ਧਾਮ ਦੀਆਂ ਮਹਿਲਾ ਵਲੰਟੀਅਰਾਂ ਨੇ ਦੇਵੀ ਬਗਲਾਮੁਖੀ ਨੂੰ ਵਿਸ਼ੇਸ਼ ਤੌਰ @ਤੇ ਡਿਜ਼ਾਈਨ ਕੀਤੇ ਪੀਲੇ ਪਹਿਰਾਵੇ ਭੇਟ ਕੀਤੇ। ਵਲੰਟੀਅਰਾਂ ਨੇ ਸ਼ਰਧਾਲੂਆਂ ਦਾ ਤਿਲਕ (ਮੱਥੇ ਦਾ ਨਿਸ਼ਾਨ) ਨਾਲ ਸਵਾਗਤ ਕੀਤਾ। ਦੇਵੀ ਬਗਲਾਮੁਖੀ ਨੂੰ ਚੜ੍ਹਾਏ ਗਏ ਚੜ੍ਹਾਵੇ ਸ਼ਰਧਾਲੂਆਂ ਨੂੰ ਲੰਗਰ (ਦਾਅਵਤ) ਦੇ ਰੂਪ ਵਿੱਚ ਵੰਡੇ ਗਏ। ਮਹੰਤ ਪ੍ਰਵੀਨ ਚੌਧਰੀ ਨੇ ਮਹਾਯੱਗ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਅਧਿਆਤਮਿਕ ਦ੍ਰਿਸ਼ਟੀਕੋਣ ਤੋਂ, ਮਹਾਯੱਗ ਸਵੈ-ਸ਼ੁੱਧੀ ਦਾ ਸਾਧਨ ਹੈ। ਯੱਗ ਸਾਨੂੰ ਸੰਜਮ, ਅਨੁਸ਼ਾਸਨ ਅਤੇ ਫਰਜ਼ ਦੀ ਭਾਵਨਾ ਸਿਖਾਉਂਦਾ ਹੈ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਮਨੁੱਖਤਾ ਦਾ ਸੱਚਾ ਧਰਮ ਸੇਵਾ, ਤਿਆਗ ਅਤੇ ਲੋਕ ਭਲਾਈ ਹੈ। ਜੇਕਰ ਅਸੀਂ ਯੱਗ ਦੇ ਮੂਲ ਮੁੱਲਾਂ – ਤਿਆਗ, ਸੇਵਾ ਅਤੇ ਭਲਾਈ –ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਸ਼ਾਮਲ ਕਰੀਏ, ਤਾਂ ਇੱਕ ਸਦਭਾਵਨਾਪੂਰਨ, ਸ਼ਾਂਤੀਪੂਰਨ ਅਤੇ ਸਸ਼ਕਤ ਸਮਾਜ ਦਾ ਨਿਰਮਾਣ ਕਰਨਾ ਯਕੀਨੀ ਤੌਰ @ਤੇ ਸੰਭਵ ਹੈ। ਮੁੱਖ ਸੇਵਾਦਾਰ ਮਨਪ੍ਰੀਤ ਛੱਤਵਾਲ ਨੇ ਅਖੰਡ ਮਹਾਯੱਗ ਦੀ ਸ਼ੁਰੂਆਤ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਅਖੰਡ ਮਹਾਯੱਗ ਆਪਸੀ ਪਿਆਰ ਅਤੇ ਸਦਭਾਵਨਾ ਦਾ ਪ੍ਰਤੀਕ ਬਣ ਜਾਵੇਗਾ। ਇਸ ਮੌਕੇ ਵਲੰਟੀਅਰ ਨਵਨਜੋਤ ਛਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਰਾਣਾ ਰਣਜੀਤ ਸਿੰਘ, ਦਿਨੇਸ਼ ਰੌਲੀ, ਵਰੁਣ ਜੈਨ, ਪ੍ਰਸ਼ੋਤਮ ਚੌਧਰੀ, ਬੌਬੀ ਮੱਕੜ, ਗੁਨੀਤ ਖੇੜਾ, ਗੌਤਮ ਸਚਦੇਵਾ, ਨਰੇਂਦਰ ਸਿੰਘ ਗਾਕੀ ਮਹਾਜਨ, ਨਰੇਂਦਰ ਸਿੰਘ ਗੱਕੀ, ਅਰਜੁਨ ਸਿੰਘ, ਹੋਰਾ, ਚੇਤਨ ਟੰਡਨ, ਇਕਬਾਲ ਸਿੰਘ, ਵਰੁਣ ਦੱਤ, ਅਜੇ ਜੈਨ, ਰਾਹੁਲ ਆਦਿ ਵੀ ਹਾਜ਼ਰ ਸਨ ।

# ਪੰਜਾਬ ਐਂਡ ਸਿੰਧ ਬੈਂਕ ਦੇ ਐਮਡੀ ਅਤੇ ਸੀਈਓ ਸਰੂਪ ਸਾਹਾ ਨੇ ਏਅਰਪੋਰਟ ਰੋਡ ਸ਼ਾਖਾ ਦਾ ਉਦਘਾਟਨ



ਚੰਡੀਗੜ੍ਹ/ਲੁਧਿਆਣਾ, 12 ਫਰਵਰੀ (ਚ.ਨ.ਸ.) : ਪੰਜਾਬ ਐਂਡ ਸਿੰਧ ਬੈਂਕ, ਇੱਕ ਪ੍ਰਮੁੱਖ ਜਨਤਕ ਖੇਤਰ ਦੇ ਬੈਂਕ, ਦੇ ਐਮਡੀ ਅਤੇ ਸੀਈਓ ਸਰੂਪ ਕੁਮਾਰ ਸਾਹਾ ਨੇ ਚੰਡੀਗੜ੍ਹ ਦਾ ਦੌਰਾ ਕੀਤਾ ਅਤੇ ਮੋਹਾਲੀ ਦੇ ਏਅਰਪੋਰਟ ਰੋਡ ਵਿਖੇ ਆਪਣੀ ਨਵੀਂ ਸ਼ਾਖਾ ਦਾ ਉਦਘਾਟਨ 1,000 ਕਰੋੜ ਰੁਪਏ ਤੋਂ ਵੱਧ ਦੇ ਕਾਰੋਬਾਰ ਨਾਲ ਪਤਵੰਤੇ ਗਾਹਕਾਂ ਦੀ ਮੌਜੂਦਗੀ ਵਿੱਚ ਕੀਤਾ ਅਤੇ ਉਨ੍ਹਾਂ ਨੇ ਐਫਜੀਐਮ ਦਫਤਰ, ਚੰਡੀਗੜ੍ਹ ਵਿਖੇ ਕ੍ਰੈਚ ਸਹੂਲਤ ਪੀਐਸਬੀ ਕੇਅਰ ਨੈਸਟ, ਸੈਂਟਰ ਆਫ ਐਕਸੀਲੈਂਸ (ਫੂਡ ਐਂਡ ਐਗਰੋ ਸੈਕਟਰ), ਪੀਐਸਬੀ ਕਨੈਕਟ ਅਕਾਊਂਟ ਪ੍ਰੋਸੈਸਿੰਗ ਸੈਂਟਰ ਦਾ ਉਦਘਾਟਨ ਵਿਵੇਕ ਸ਼੍ਰੀਵਾਸਤਵ, ਖੇਤਰੀ ਨਿਰਦੇਸ਼ਕ, ਰਿਜ਼ਰਵ ਬੈਂਕ ਆਫ਼ ਇੰਡੀਆ, ਐਫਜੀਐਮ ਚੰਡੀਗੜ੍ਹ ਚਮਨ ਲਾਲ ਸ਼ਿਹਮਾਰ, ਸੀਜੀਐਮ ਰਾਜੇਸ਼ ਚੰਦਨ ਪਾਂਡੇ, ਜਨਰਲ ਮੈਨੇਜਰ ਮਨੋਜ ਕੁਮਾਰ ਅਤੇ ਚੰਡੀਗੜ੍ਹ ਜ਼ੋਨਲ ਮੈਨੇਜਰ ਕੁਲਦੀਪ ਸਿੰਘ ਸਮੇਤ ਪੂਰਾ ਸਟਾਫ ਦੀ ਮੌਜੂਦਗੀ ਵਿੱਚ ਕੀਤਾ। ਇਸ ਤੋਂ ਬਾਅਦ ਸਰੂਪ ਸਾਹਾ ਨੇ ਪੰਚਕੂਲਾ ਵਿੱਚ ਇੱਕ ਟਾਊਨ ਹਾਲ ਮੀਟਿੰਗ ਨੂੰ ਸੰਬੋਧਨ ਕੀਤਾ ਜਿਸ ਵਿੱਚ ਬੈਂਕ ਦੇ 1200 ਤੋਂ ਵੱਧ ਸਟਾਫ ਮੈਂਬਰਾਂ ਨੂੰ ਗਾਹਕ-ਕੇਂਦ੍ਰਿਤ ਵਿਕਾਸ ’ਤੇ ਧਿਆਨ ਕੇਂਦਰਿਤ ਕਰਨ ਅਤੇ ਬਿਹਤਰ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ।

# ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ ਵਿੱਚ ਲਗਭਗ 63,000 ਜਲ ਸੰਭਾਲ ਪ੍ਰੋਜੈਕਟ ਪੂਰੇ ਕੀਤੇ : ਕੇਂਦਰੀ ਮੰਤਰੀ ਰਾਜ ਭੂਸ਼ਣ ਚੌਧਰੀ

### *ਸਾਂਸਦ ਸਤਨਾਮ ਸਿੰਘ ਸੰਧੂ ਨੇ ਸੰਸਦ ਵਿੱਚ ਪਾਣੀ ਸੰਭਾਲ ਦਾ ਮੁੱਦਾ ਉਠਾਇਆ, ਪੰਜਾਬ ਵਿੱਚ ਬਣੇ ਜਲ ਭੰਡਾਰਨ ਢਾਂਚਿਆਂ ਬਾਰੇ ਜਾਣਕਾਰੀ ਮੰਗੀ*

ਨਵੀਂ ਦਿੱਲੀ , 12 ਫਰਵਰੀ (ਚ.ਨ.ਸ.): ਕੇਂਦਰ ਸਰਕਾਰ ਦੁਆਰਾ ਜਲ ਸ਼ਕਤੀ ਅਭਿਆਨ ਅਧੀਨ ਸ਼ੁਰੂ ਕੀਤੀ ਗਈ ਕੈਚ ਦ ਰੇਨ ਮੁਹਿੰਮ ਤਹਿਤ ਪਿਛਲੇ ਪੰਜ ਸਾਲਾਂ ਵਿੱਚ ਪੰਜਾਬ ਵਿੱਚ ਲਗਭਗ 63,000 ਜਲ ਸੰਭਾਲ ਪ੍ਰੋਜੈਕਟ ਪੂਰੇ ਕੀਤੇ ਗਏ ਹਨ। ਇਹ ਜਾਣਕਾਰੀ ਕੇਂਦਰੀ ਜਲ ਸ਼ਕਤੀ ਮੰਤਰਾਲੇ ਦੇ ਜਲ ਸਰੋਤ, ਨਦੀ ਵਿਕਾਸ ਅਤੇ ਗੰਗਾ ਪੁਨਰ ਸੁਰਜੀਤੀ ਵਿਭਾਗ ਨੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਦੇ ਇੱਕ ਸਵਾਲ ਦੇ ਜਵਾਬ ਵਿੱਚ ਪ੍ਰਦਾਨ ਕੀਤੀ। ਇਸ ਸਵਾਲ ਵਿੱਚ ਪੰਜਾਬ ਵਿੱਚ ਕੀਤੇ ਗਏ ਪਾਣੀ ਦੀ ਸੰਭਾਲ ਦੇ ਉਪਾਵਾਂ, ਬਣਾਏ ਗਏ ਪਾਣੀ ਦੀ ਸੰਭਾਲ ਦੇ ਢਾਂਚੇ ਦੀ ਗਿਣਤੀ ਅਤੇ ਰਾਜ ਦੇ ਅਧਿਕਾਰੀਆਂ ਨੂੰ ਦਿੱਤੀ ਗਈ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਮੰਗੀ ਗਈ ਸੀ।



ਰਾਜ ਸਭਾ ਵਿੱਚ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਦੁਆਰਾ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ, ਕੇਂਦਰੀ ਜਲ ਸ਼ਕਤੀ ਰਾਜ ਮੰਤਰੀ ਰਾਜ ਭੂਸ਼ਣ ਚੌਧਰੀ ਨੇ ਕਿਹਾ ਕਿ ਜਦੋਂ ਤੋਂ ਕੇਂਦਰੀ ਜਲ ਸ਼ਕਤੀ ਮੰਤਰਾਲੇ ਨੇ 2019 ਵਿੱਚ ਪੰਜਾਬ ਸਮੇਤ ਦੇਸ਼ ਭਰ ਵਿੱਚ ਇੱਕ ਸਮਾਂ-ਬੱਧ, ਮਿਸ਼ਨ-ਮੋਡ ਜਲ ਸੰਭਾਲ ਮੁਹਿੰਮ ਵਜੋਂ ਜਲ ਸ਼ਕਤੀ ਅਭਿਆਨ ਸ਼ੁਰੂ ਕੀਤਾ ਹੈ, ਉਦੋਂ ਤੋਂ ਜਲ ਸ਼ਕਤੀ ਅਭਿਆਨ: ਕੈਚ ਦ ਰੇਨ ਦੇ ਤਹਿਤ ਪੰਜਾਬ ਵਿੱਚ 62,996 ਪਾਣੀ ਨਾਲ ਸਬੰਧਤ ਕੰਮ ਪੂਰੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ 6 ਸਤੰਬਰ, 2024 ਨੂੰ ਸ਼ੁਰੂ ਕੀਤੀ ਗਈ ਜਲ ਸੰਚਯ ਜਨ ਭਾਗੀਦਾਰੀ ਪਹਿਲਕਦਮੀ ਦਾ ਉਦੇਸ਼ ਲਾਗਤ-ਪ੍ਰਭਾਵਸ਼ਾਲੀ ਅਤੇ ਟਿਕਾਊ ਢੰਗ ਨਾਲ ਮੀਂਹ ਦੇ ਪਾਣੀ ਦੀ ਸੰਭਾਲ ਦੇ ਢਾਂਚੇ ਦੇ ਨਿਰਮਾਣ ਲਈ ਭਾਈਚਾਰਕ ਭਾਗੀਦਾਰੀ ਅਤੇ ਜਨਤਕ ਲਾਮਬੰਦੀ ਨੂੰ ਤੇਜ਼ ਕਰਨਾ ਹੈ।

ਕੇਂਦਰੀ ਮੰਤਰੀ ਨੇ ਅੱਗੇ ਕਿਹਾ, ਜਲ ਸੰਚਯ ਜਨ ਭਾਗੀਦਾਰੀ (ਜਲ ਸੰਭਾਲ ਅਤੇ ਜਨਤਕ ਭਾਗੀਦਾਰੀ) ਦਾ ਮੁੱਖ ਉਦੇਸ਼ ਸਮੂਹਿਕ ਯਤਨਾਂ ਰਾਹੀਂ ਪਾਣੀ ਦੀ ਹਰ ਬੂੰਦ ਨੂੰ ਬਚਾਉਣਾ ਹੈ, ਜਿਸ ਲਈ ਸਮੁੱਚਾ ਸਮਾਜ ਅਤੇ ਸਮੁੱਚੀ ਸਰਕਾਰ ਪਹੁੰਚ ਅਪਣਾਈ ਗਈ ਹੈ। 27 ਜਨਵਰੀ, 2026 ਤੱਕ, ਜਲ ਸੰਚਯ ਜਨ ਭਾਗੀਦਾਰੀ ਪਹਿਲਕਦਮੀ ਤਹਿਤ ਪੰਜਾਬ ਵਿੱਚ ਕੁੱਲ 10,655 ਨਕਲੀ ਰੀਚਾਰਜ ਅਤੇ ਸਟੋਰੇਜ ਢਾਂਚੇ ਪੂਰੇ ਕੀਤੇ ਗਏ ਹਨ। ਕੇਂਦਰੀ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਜਲ ਸ਼ਕਤੀ ਅਭਿਆਨ: ਕੈਚ ਦ ਬਾਰਿਸ਼ ਮੁਹਿੰਮ ਦੇ ਤਹਿਤ, ਪਿਛਲੇ ਪੰਜ ਸਾਲਾਂ ਵਿੱਚ 7,362 ਜਲ ਸੰਭਾਲ ਅਤੇ ਮੀਂਹ ਦੇ ਪਾਣੀ ਦੀ ਸੰਭਾਲ ਦੇ ਪ੍ਰੋਜੈਕਟ ਪੂਰੇ ਕੀਤੇ ਗਏ ਹਨ, ਜਦੋਂ ਕਿ ਪੰਜਾਬ ਵਿੱਚ 19,477 ਰਵਾਇਤੀ ਜਲ ਸਰੋਤਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਦੇ ਜਲ ਸ਼ਕਤੀ ਅਭਿਆਨ: ਕੈਚ ਦ ਬਾਰਿਸ਼ ਮੁਹਿੰਮ ਦੇ ਤਹਿਤ, ਪਿਛਲੇ ਪੰਜ ਸਾਲਾਂ ਵਿੱਚ ਪੰਜਾਬ ਵਿੱਚ 4,151 ਪਾਣੀ ਦੀ ਮੁੜ ਵਰਤੋਂ ਅਤੇ ਰੀਚਾਰਜ ਢਾਂਚੇ ਦੇ ਪ੍ਰੋਜੈਕਟ ਪੂਰੇ ਕੀਤੇ ਗਏ ਹਨ, ਜਦੋਂ ਕਿ ਪਿਛਲੇ ਪੰਜ ਸਾਲਾਂ ਵਿੱਚ ਪੰਜਾਬ ਵਿੱਚ 32,006 ਵਾਟਰਸ਼ੈੱਡ ਵਿਕਾਸ ਪ੍ਰੋਜੈਕਟ ਪੂਰੇ ਕੀਤੇ ਗਏ ਹਨ।

# *ਨੀਰਜ ਨੂੰ ਅਪ੍ਰੈਲ ਤੱਕ ਦੱਖਣੀ ਅਫਰੀਕਾ ’ਚ ਅਭਿਆਸ ਲਈ ਮਿਲੀ ਮਨਜ਼ੂਰੀ*

ਨਵੀਂ ਦਿੱਲੀ , 12 ਫਰਵਰੀ (ਚ.ਨ.ਸ.) : ਖੇਡ ਮੰਤਰਾਲੇ ਦੇ ਮਿਸ਼ਨ ਓਲੰਪਿਕ ਸੈੱਲ (ਐੱਮ. ਓ. ਸੀ.) ਨੇ ਜੈਵਲਿਨ ਥ੍ਰੋਅ ਦੇ ਸਟਾਰ ਨੀਰਜ ਚੋਪੜਾ ਦੇ ਦੱਖਣੀ ਅਫਰੀਕਾ ’ਚ ਅਭਿਆਸ ਦੀ ਮਿਆਦ ਅਪ੍ਰੈਲ ਤੱਕ ਵਧਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ ਜਦਕਿ ਇਸ ਸਾਲ ਏਸ਼ੀਆਈ ਖੇਡਾਂ ਤੋਂ ਪਹਿਲਾਂ ਤਾਇਕਵਾਂਡੋ ਅਤੇ ਕਰਾਟੇ ਖਿਡਾਰੀਆਂ ਦੇ ਵਿਦੇਸ਼ ’ਚ ਖੇਡਣ ਅਤੇ ਸਿਖਲਾਈ ਨੂੰ ਵੀ ਪ੍ਰਵਾਨਗੀ ਮਿਲ ਗਈ ਹੈ।ਐੱਮ. ਓ. ਸੀ. ਦੀ ਬੁੱਧਵਾਰ ਨੂੰ ਹੋਈ 168ਵੀਂ ਮੀਟਿੰਗ ’ਚ ਉੱਭਰ ਰਹੀ ਸਕੁਐਸ਼ ਸਟਾਰ ਅਨਾਹਤ ਸਿੰਘ ਨੂੰ ਸਟ੍ਰੈਂਥ ਅਤੇ ਕੰਡੀਸ਼ਨਿੰਗ ਕੋਚ ਦੀਆਂ ਸੇਵਾਵਾਂ ਲੈਣ ਲਈ ਆਰਥਿਕ ਸਹਾਇਤਾ ਨੂੰ ਮਨਜ਼ੂਰੀ ਵੀ ਦੇ ਦਿੱਤੀ। ਇਸ ਦੇ ਨਾਲ ਹੀ ਪੈਰਾ ਐਥਲੀਟ ਵਰੁਣ ਭਾਟੀ ਅਤੇ ਸੰਦੀਪ ਚੌਧਰੀ ਨੂੰ ਵਿਦੇਸ਼ ’ਚ ਕੈਂਪਾਂ ’ਚ ਹਿੱਸਾ ਲੈਣ ਲਈ ਵੀ ਮਨਜ਼ੂਰੀ ਮਿਲ ਗਈ ਹੈ।ਦੋ ਵਾਰ ਦਾ ਓਲੰਪਿਕ ਤਮਗਾ ਜੇਤੂ ਨੀਰਜ ਦੱਖਣੀ ਅਫਰੀਕਾ ਦੇ ਪੋਸ਼ੇਫਸਟ੍ਰੂਮ ’ਚ ਜਨਵਰੀ ਤੋਂ ਅਭਿਆਸ ਕਰ ਰਿਹਾ ਹਨ। ਪਹਿਲਾਂ ਉਸ ਨੂੰ 32 ਦਿਨਾਂ ਦੇ ਕੈਂਪ ਲਈ ਮਨਜ਼ੂਰੀ ਮਿਲੀ ਸੀ। ਹੁਣ ਉਹ ਮਈ ’ਚ ਹੋਣ ਵਾਲੀ ਦੋਹਾ ਡਾਇਮੰਡ ਲੀਗ ਤੋਂ ਪਹਿਲਾਂ ਤੱਕ ਪ੍ਰਿਟੋਰੀਆ ’ਚ ਅਭਿਆਸ ਕਰੇਗਾ।




# ਸਪੇਨ ’ਚ ਲੱਗੀ ਪੰਜਾਬੀਆਂ ਦੀ ਲਾਟਰੀ, 5 ਲੱਖ ਪ੍ਰਵਾਸੀਆਂ ਨੂੰ ਪੱਕਾ ਕਰਨ ਦਾ ਐਲਾਨ

ਮੈਡਰਿਡ , 12 ਫਰਵਰੀ (ਚ.ਨ.ਸ.) : ਯੂਰਪੀ ਮੁਲਕ ਸਪੇਨ ਨੇ ਇਕ ਇਤਿਹਾਸਕ ਫੈਸਲਾ ਲੈਂਦਿਆਂ 5 ਲੱਖ ਗੈਰਕਾਨੂੰਨੀ ਪ੍ਰਵਾਸੀਆਂ ਨੂੰ ਪੱਕਾ ਕਰਨ ਦਾ ਐਲਾਨ ਕੀਤਾ ਹੈ। ਇਸ ਫੈਸਲੇ ਨਾਲ ਜਿੱਥੇ ਲੱਖਾਂ ਪ੍ਰਵਾਸੀਆਂ ਦੇ ਦੁੱਖ ਦੂਰ ਹੋਣਗੇ, ਉੱਥੇ ਹੀ ਇਸ ਯੋਜਨਾ ਦਾ ਲਾਭ ਲੈਣ ਵਾਲਿਆਂ ਵਿਚ ਘੱਟੋ-ਘੱਟ 15 ਹਜ਼ਾਰ ਪੰਜਾਬੀ ਵੀ ਸ਼ਾਮਲ ਦੱਸੇ ਜਾ ਰਹੇ ਹਨ।ਆਰਥਿਕ ਸੁਧਾਰ ਅਤੇ ਕਿਰਤੀਆਂ ਦੀ ਕਿੱਲਤ : ਜਿੱਥੇ ਅਮਰੀਕਾ ਵਿਚ ਟਰੰਪ ਸਰਕਾਰ ਗੈਰਕਾਨੂੰਨੀ ਪ੍ਰਵਾਸੀਆਂ ਨੂੰ ਡਿਪੋਰਟ ਕਰ ਰਹੀ ਹੈ, ਉੱਥੇ ਸਪੇਨ ਦੇ ਪ੍ਰਧਾਨ ਮੰਤਰੀ ਪੈਡਰੋ ਸਾਂਚੇਜ਼ ਇੰਮੀਗ੍ਰੇਸ਼ਨ ਦੇ ਫਾਇਦੇ ਦੱਸ ਰਹੇ ਹਨ। ਮਾਹਰਾਂ ਅਨੁਸਾਰ ਸਪੇਨ ਦੀ ਜੀ.ਡੀ.ਪੀ. ਵਿਚ 2.8 ਫੀਸਦੀ ਤਰੱਕੀ ਹੋਈ ਹੈ ਅਤੇ ਬੇਰੁਜ਼ਗਾਰੀ ਦਰ ਪਹਿਲੀ ਵਾਰ 10 ਫੀਸਦੀ ਤੋਂ ਹੇਠਾਂ ਆਈ ਹੈ। ਰੀਅਲ ਅਸਟੇਟ ਮਾਹਰਾਂ ਮੁਤਾਬਕ ਇਕੱਲੇ ਕੰਸਟ੍ਰਕਸ਼ਨ ਸੈਕਟਰ ਵਿਚ ਹੀ 7 ਲੱਖ ਕਾਮਿਆਂ ਦੀ ਜ਼ਰੂਰਤ ਹੈ।ਸਪੇਨ ਵਿਚ ਰਹਿ ਰਹੇ ਕਈ ਪੰਜਾਬੀ ਇਸ ਫੈਸਲੇ ਤੋਂ ਬੇਹੱਦ ਖੁਸ਼ ਹਨ। ਕਈ ਸਾਲਾਂ ਤੋਂ ਬਿਨਾਂ ਪੇਪਰਾਂ ਤੋਂ ਕੰਮ ਕਰ ਰਹੇ ਪੰਜਾਬੀਆਂ ਦਾ ਕਹਿਣਾ ਹੈ ਕਿ ਹੁਣ ਉਹ ਪੰਜਾਬ ਰਹਿ ਰਹੀ ਆਪਣੀ ਪਰਿਵਾਰਾਂ ਨੂੰ ਵੱਧ ਪੈਸੇ ਭੇਜ ਸਕਣਗੇ ਅਤੇ ਭਵਿੱਖ ਵਿਚ ਉਨ੍ਹਾਂ ਨੂੰ ਵੀ ਸਪੇਨ ਸੱਦ ਸਕਣਗੇ। ਇਸ ਐਲਾਨ ਮਗਰੋਂ ਬਾਰਸੀਲੋਨਾ ਸਥਿਤ ਭਾਰਤੀ ਕੌਂਸਲੇਟ ਦੇ ਬਾਹਰ ਸਰਟੀਫਿਕੇਟ ਬਣਵਾਉਣ ਵਾਲਿਆਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਹਨ।




# ਈ.ਐਸ.ਆਈ.ਸੀ. ਆਪਣੀ ਸਥਾਪਨਾ ਦੇ 75 ਸ਼ਾਨਦਾਰ ਸਾਲ ਮਨਾ ਰਿਹੈ

ਚੰਡੀਗੜ੍ਹ , 12 ਫਰਵਰੀ (ਚ.ਨ.ਸ.) : ਕਰਮਚਾਰੀ ਰਾਜ ਬੀਮਾ ਨਿਗਮ ਕਰਮਚਾਰੀਆਂ ਦੀ ਸਿਹਤ ਅਤੇ ਸਮਾਜਿਕ ਸੁਰੱਖਿਆ ਵਿੱਚ ਯੋਗਦਾਨ ਦੇ ਆਪਣੇ 75ਵੇਂ ਸਾਲ ਦਾ ਜਸ਼ਨ ਮਨਾ ਰਿਹਾ ਹੈ। ਇਸ ਮੌਕੇ ਦੀ ਤਿਆਰੀ ਕਰ ਰਹੇ ESIC ਖੇਤਰੀ ਦਫ਼ਤਰ ਦੇ ਖੇਤਰੀ ਨਿਰਦੇਸ਼ਕ ਸ਼੍ਰੀ ਸੁਗਨ ਲਾਲ ਮੀਣਾ ਨੇ ਕਿਹਾ ਕਿ 24 ਫਰਵਰੀ, 1952 ਨੂੰ ਸ਼ੁਰੂ ਹੋਈ ਇਹ ਯਾਤਰਾ ਨਵੀਆਂ ਉਚਾਈਆਂ ’ਤੇ ਪਹੁੰਚ ਰਹੀ ਹੈ। ਇਸ ਯੋਜਨਾ ਦੇ ਪਹਿਲੇ ਮਾਣਯੋਗ ਬੀਮਾਯੁਕਤ ਤਤਕਾਲੀ ਪ੍ਰਧਾਨ ਮੰਤਰੀ ਸਨ, ਜਿਨ੍ਹਾਂ ਨੇ ਇਸ ਯੋਜਨਾ ਨੂੰ ਕਾਨਪੁਰ ਅਤੇ ਦਿੱਲੀ ਵਿੱਚ ਇੱਕੋ ਸਮੇਂ ਲਾਗੂ ਕੀਤਾ ਸੀ। ਉਸ ਸਮੇਂ ਇਨ੍ਹਾਂ ਦੋਵਾਂ ਖੇਤਰਾਂ ਵਿੱਚ ਸ਼ੁਰੂ ਵਿੱਚ ਲਾਗੂ ਕੀਤੀ ਗਈ ਇਹ ਯੋਜਨਾ ਹੁਣ ਨਵੇਂ ਸਮਾਜਿਕ ਸੁਰੱਖਿਆ ਕੋਡ 2020 ਦੇ ਲਾਗੂ ਹੋਣ ਨਾਲ ਰਾਸ਼ਟਰੀ ਪੱਧਰ ਤੇ ਲਾਗੂ ਹੋ ਗਈ ਹੈ। ਕਾਰਪੋਰੇਸ਼ਨ 94 ਡਿਸਪੈਂਸਰੀਆਂ, 7 ਹਸਪਤਾਲ ਚਲਾਉਂਦੀ ਹੈ, ਜਿਸ ਵਿੱਚ ਇੱਕ ਮੈਡੀਕਲ ਕਾਲਜ ਵੀ ਸ਼ਾਮਲ ਹੈ, ਅਤੇ ਹਰਿਆਣਾ ਰਾਜ ਵਿੱਚ ਸੁਪਰ-ਸਪੈਸ਼ਲਿਟੀ ਇਲਾਜ ਲਈ 67 ਨਿੱਜੀ ਹਸਪਤਾਲਾਂ ਨਾਲ ਇਕਰਾਰਨਾਮੇ ’ਤੇ ਹਸਤਾਖਰ ਕੀਤੇ ਹਨ। ਇਸ ਸਮੇਂ ਦੌਰਾਨ ਹਰਿਆਣਾ ਵਿੱਚ ਲਗਭਗ 30 ਲੱਖ ਬੀਮਾਯੁਕਤ ਵਿਅਕਤੀ ਰਜਿਸਟਰਡ ਹੋਏ ਸਨ। ਨਿਗਮ ਦਾ ਬਾਵਲ ਵਿੱਚ 150 ਬਿਸਤਰਿਆਂ ਵਾਲਾ ਹਸਪਤਾਲ ਅਤੇ ਟਰਾਮਾ ਸੈਂਟਰ ਅਤੇ ਬਹਾਦਰਗੜ੍ਹ ਵਿੱਚ 100 ਬਿਸਤਰਿਆਂ ਵਾਲਾ ਹਸਪਤਾਲ ਮੁਕੰਮਲ ਹੋਣ ਦੇ ਨੇੜੇ ਹੈ। ਹਿਸਾਰ ਵਿੱਚ 100 ਬਿਸਤਰਿਆਂ ਵਾਲਾ ਹਸਪਤਾਲ, ਸੋਨੀਪਤ ਵਿੱਚ 150 ਬਿਸਤਰਿਆਂ ਵਾਲਾ ਹਸਪਤਾਲ, ਰੋਹਤਕ ਵਿੱਚ 100 ਬਿਸਤਰਿਆਂ ਵਾਲਾ ਹਸਪਤਾਲ ਅਤੇ ਕਰਨਾਲ ਵਿੱਚ 30 ਬਿਸਤਰਿਆਂ ਵਾਲਾ ਹਸਪਤਾਲ ਪ੍ਰਸਤਾਵਿਤ ਹੈ। ਮਾਨੇਸਰ ਵਿੱਚ 500 ਬਿਸਤਰਿਆਂ ਵਾਲਾ ਹਸਪਤਾਲ ਅਤੇ ਮੈਡੀਕਲ ਕਾਲਜ ਵੀ ਪ੍ਰਸਤਾਵਿਤ ਹੈ।



24 ਫਰਵਰੀ ਤੋਂ 10 ਮਾਰਚ ਤੱਕ, ਈਐਸਆਈਸੀ ਪੰਦਰਵਾੜਾ ਹਰਿਆਣਾ ਦੇ ਖੇਤਰੀ ਦਫ਼ਤਰ ਵਿਖੇ ਮਨਾਇਆ ਜਾਵੇਗਾ ਜਿਸ ਵਿੱਚ ਬੀਮਾਯੁਕਤ ਵਿਅਕਤੀਆਂ ਅਤੇ ਲਾਭਪਾਤਰੀਆਂ ਲਈ ਸੁਵਿਧਾ ਮੀਟਿੰਗ ਦਾ ਆਯੋਜਨ ਕੀਤਾ ਜਾਵੇਗਾ, ਉਨ੍ਹਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ, ਬਕਾਇਆ ਨਕਦ ਲਾਭ ਦੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ ਅਤੇ ਸਵੱਛਤਾ ਅਭਿਆਨ, ਰੋਕਥਾਮ ਮੈਡੀਕਲ ਜਾਂਚ, ਯੋਗ ਅਭਿਆਸ, ਵਰਕਸ਼ਾਪ, ਸੈਮੀਨਾਰ ਆਦਿ ਵਰਗੇ ਹੋਰ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਕਰਮਚਾਰੀ ਰਾਜ ਬੀਮਾ ਨਿਗਮ ਇੱਕ ਅਜਿਹਾ ਸੰਗਠਨ ਹੈ ਜੋ ਕਰਮਚਾਰੀਆਂ ਨੂੰ ਡਾਕਟਰੀ, ਬਿਮਾਰੀ, ਅਪੰਗਤਾ, ਆਸ਼ਰਿਤ ਅਤੇ ਜਣੇਪਾ ਲਾਭ ਵਰਗੇ ਕਈ ਲਾਭ ਪ੍ਰਦਾਨ ਕਰਦਾ ਹੈ।

# *ਆਲ ਇੰਡੀਆ ਸਿਵਲ ਸੇਵਾਵਾਂ ਵੱਲੋਂ ਕਬੱਡੀ ਮੁਕਾਬਲੇ*

ਚੰਡੀਗੜ੍ਹ , 12 ਫਰਵਰੀ (ਚ.ਨ.ਸ.): ਕੇਂਦਰੀ ਸਿਵਲ ਸੇਵਾਵਾਂ ਸੱਭਿਆਚਾਰਕ ਅਤੇ ਖੇਡ ਬੋਰਡ ਦੀ ਅਗਵਾਈ ਹੇਠ, ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਸੈਕਟਰ 42 ਦੇ ਸਪੋਰਟਸ ਕੰਪਲੈਕਸ ਦੇ ਬਾਸਕਟਬਾਲ ਹਾਲ ਵਿਖੇ ਆਯੋਜਿਤ ਆਲ ਇੰਡੀਆ ਸਿਵਲ ਸੇਵਾਵਾਂ ਕਬੱਡੀ ਮੁਕਾਬਲੇ (ਪੁਰਸ਼ ਅਤੇ ਮਹਿਲਾ) 2025-26 ਦੇ ਹਿੱਸੇ ਵਜੋਂ ਪੁਰਸ਼ ਅਤੇ ਮਹਿਲਾ ਵਰਗਾਂ ਵਿੱਚ ਅੱਜ ਦਿਲਚਸਪ ਲੀਗ ਮੈਚ ਖੇਡੇ ਗਏ। ਭਾਗ ਲੈਣ ਵਾਲੀਆਂ ਟੀਮਾਂ ਨੇ ਸ਼ਾਨਦਾਰ ਹੁਨਰ, ਤਾਕਤ ਅਤੇ ਤਾਲਮੇਲ ਦਾ ਪ੍ਰਦਰਸ਼ਨ ਕੀਤਾ, ਉੱਚ ਪੱਧਰੀ ਮੁਕਾਬਲੇ ਦਾ ਪ੍ਰਦਰਸ਼ਨ ਕੀਤਾ।

ਮਹਿਲਾ ਵਰਗ – ਨਤੀਜੇ (12 ਫਰਵਰੀ, 2026):

ਹਰਿਆਣਾ ਸਕੱਤਰੇਤ ਨੇ RSB ਦੇਹਰਾਦੂਨ ਨੂੰ 35-02 ਨਾਲ ਹਰਾਇਆ।

ਰਾਜਸਥਾਨ ਸਕੱਤਰੇਤ ਨੇ ਮੱਧ ਪ੍ਰਦੇਸ਼ ਸਕੱਤਰੇਤ ਨੂੰ 34-25 ਨਾਲ ਹਰਾਇਆ।

ਮਹਾਰਾਸ਼ਟਰ ਸਰਕਾਰ ਨੇ ਕਰਨਾਟਕ ਸਕੱਤਰੇਤ ਨੂੰ 31-03 ਨਾਲ ਹਰਾਇਆ।

ਰਾਜਸਥਾਨ ਸਕੱਤਰੇਤ ਨੇ RSB ਮੁੰਬਈ ਨੂੰ 39-35 ਨਾਲ ਹਰਾਇਆ। ਬਿਹਾਰ ਸਕੱਤਰੇਤ ਨੇ ਹਰਿਆਣਾ ਸਕੱਤਰੇਤ ਨੂੰ 59-35 ਨਾਲ ਹਰਾਇਆ।



ਮਹਾਰਾਸ਼ਟਰ ਸਰਕਾਰ ਨੇ NCT ਦਿੱਲੀ ਨੂੰ 28-15 ਨਾਲ ਹਰਾਇਆ। ਬਿਹਾਰ ਸਕੱਤਰੇਤ ਨੇ ਗੁਜਰਾਤ ਸਕੱਤਰੇਤ ਨੂੰ 21-01 ਨਾਲ ਹਰਾਇਆ।

ਪੁਰਸ਼ ਵਰਗ – ਨਤੀਜੇ (12 ਫਰਵਰੀ, 2026):

ਸੀਐਸ ਦਿੱਲੀ ਨੇ ਹਰਿਆਣਾ ਸਕੱਤਰੇਤ ਨੂੰ 41-30 ਨਾਲ ਹਰਾਇਆ।

ਆਰਐਸਬੀ ਹੈਦਰਾਬਾਦ ਨੇ ਕਰਨਾਟਕ ਸਕੱਤਰੇਤ ਨੂੰ 42-34 ਨਾਲ ਹਰਾਇਆ।

ਆਰਐਸਬੀ ਕੋਲਕਾਤਾ ਨੇ ਗੋਆ ਨੂੰ 33-18 ਨਾਲ ਹਰਾਇਆ।

ਆਰਐਸਬੀ ਮੁੰਬਈ ਨੇ ਆਰਐਸਬੀ ਕਾਨਪੁਰ ਨੂੰ 14-09 ਨਾਲ ਹਰਾਇਆ।

ਆਰਐਸਬੀ ਚੇਨਈ ਨੇ ਆਰਐਸਬੀ ਦੇਹਰਾਦੂਨ ਨੂੰ 25-13 ਨਾਲ ਹਰਾਇਆ।

ਬਿਹਾਰ ਸਕੱਤਰੇਤ ਨੇ ਉਤਰਾਖੰਡ ਸਕੱਤਰੇਤ ਨੂੰ 55-35 ਨਾਲ ਹਰਾਇਆ।

ਉੱਤਰ ਪ੍ਰਦੇਸ਼ ਸਕੱਤਰੇਤ ਨੇ ਚੰਡੀਗੜ੍ਹ ਸਕੱਤਰੇਤ ਨੂੰ 42-38 ਨਾਲ ਹਰਾਇਆ।

ਛੱਤੀਸਗੜ੍ਹ ਸਕੱਤਰੇਤ ਨੇ ਪੁਡੂਚੇਰੀ ਸਕੱਤਰੇਤ ਨੂੰ 44-12 ਨਾਲ ਹਰਾਇਆ।

ਆਰਐਸਬੀ ਹੈਦਰਾਬਾਦ ਨੇ ਆਰਐਸਬੀ ਚੰਡੀਗੜ੍ਹ ਨੂੰ 26-08 ਨਾਲ ਹਰਾਇਆ।

ਉਤਰਾਖੰਡ ਸਕੱਤਰੇਤ ਨੇ ਮੱਧ ਪ੍ਰਦੇਸ਼ ਸਕੱਤਰੇਤ ਨੂੰ 40-18 ਨਾਲ ਹਰਾਇਆ।

ਇਸ ਟੂਰਨਾਮੈਂਟ ਨੇ ਦੇਸ਼ ਭਰ ਦੀਆਂ ਸਿਵਲ ਸੇਵਾ ਟੀਮਾਂ ਵਿੱਚ ਉੱਚ-ਪੱਧਰੀ ਮੁਕਾਬਲੇ ਅਤੇ ਸ਼ਾਨਦਾਰ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਖਿਡਾਰੀਆਂ ਦੇ ਉਤਸ਼ਾਹੀ ਪ੍ਰਦਰਸ਼ਨ ਮੁਕਾਬਲੇ ਦੇ ਉਤਸ਼ਾਹ ਨੂੰ ਵਧਾਉਂਦੇ ਰਹੇ।

## ਜਨਮ ਦਿਨ ਮੁਬਾਰਕ



ਮਨਤਾਜ ਸ਼ਰਮਾ



ਗੁਰਾਂਦਿੱਤਾ ਸਿੰਘ ਤੇ ਮਨਪ੍ਰੀਤ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ

## ਸ਼ਰਧਾਲੂਆਂ ਨੂੰ ਕਰਵਾਏ ਜਾ ਰਹੇ ਹਨ ਧਾਰਮਿਕ ਸਥਾਨਾਂ ਦੇ ਦਰਸ਼ਨ : ਵਿਧਾਇਕ ਗਿੱਲ



ਬਠਿੰਡਾ, 12 ਫਰਵਰੀ (ਸਵਰਨ ਸਿੰਘ ਭਗਤਾ): ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ ਨੇ ਸਥਾਨਕ ਬੱਲਾ ਰਾਮ ਨਗਰ ਤੋਂ ਧਾਰਮਿਕ ਸਥਾਨਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਮੌਕੇ ਕੀਤਾ। ਇਸ ਮੌਕੇ ਵਿਧਾਇਕ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਦਾ ਇਹ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਵਿੱਤਰ ਸਥਾਨਾਂ ਦੀ ਯਾਤਰਾ ਦੀ ਸਹੂਲਤ ਦੇ ਕੇ ਆਪਸ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਹੈ। ਵਿਧਾਇਕ ਮੌੜ ਸੁਖਵੀਰ ਸਿੰਘ ਮਾਈਸਰਖਾਨਾ ਨੇ ਪਿੰਡ ਰਾਮਪੁਰਾ ਤੋਂ ਬੱਸ ਨੂੰ ਰਵਾਨਾ ਕਰਦਿਆਂ ਕਿਹਾ ਕਿ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਜਾਣ ਵਾਲੇ ਸ਼ਰਧਾਲੂਆਂ ਲਈ ਸੂਬਾ ਸਰਕਾਰ ਦੁਆਰਾ ਉਨ੍ਹਾਂ ਦੇ ਰਹਿਣ–ਸਹਿਣ ਅਤੇ ਖਾਣ–ਪੀਣ ਦਾ ਵਿਸਤ੍ਰਿਤ ਪ੍ਰਬੰਧ ਕੀਤਾ ਜਾਂਦਾ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਵੇ। ਇਸ ਤੋਂ ਇਲਾਵਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਸ਼ੇਖੂ, ਹਲਕਾ ਰਾਮਪੁਰਾ ਫੂਲ ਦੇ ਭਗਤਾ ਭਾਈਕਾ, ਹਲਕਾ ਬਠਿੰਡਾ (ਦਿਹਾਤੀ) ਦੇ ਪਿੰਡ ਬਹਿਮਣ ਦੀਵਾਨਾ ਅਤੇ ਹਲਕਾ ਭੁੱਚੋ ਦੇ ਪਿੰਡ ਮਹਿਮਾ ਸਵਾਈ ਤੋਂ ਵੀ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸਾਂ ਨੂੰ ਰਵਾਨਾ ਕੀਤਾ ਗਿਆ।

## ਡਾਇਰੈਕਟਰ ਬਿਊਰੋ ਆਫ਼ ਇਨਵੈਸਟੀਗੇਸ਼ਨ ਨੇ ਆਪ੍ਰੇਸ਼ਨ ਪ੍ਰਹਾਰ-2 ਤਹਿਤ ਨਾਕਿਆਂ ਦਾ ਲਿਆ ਜਾਇਜ਼ਾ



ਸੰਗਰੂਰ, 12 ਫਰਵਰੀ (ਹਰਕੰਵਲ ਸਿੰਘ ਹੈਪੀ): ਡਾਇਰੈਕਟਰ ਬਿਊਰੋ ਆਫ਼ ਇਨਵੈਸਟੀਗੇਸ਼ਨ ਐਲ.ਕੇ ਯਾਦਵ (ਆਈ.ਪੀ.ਐਸ.) ਨੇ ਅੱਜ ਆਪਰੇਸ਼ਨ ਪ੍ਰਹਾਰ–2 ਤਹਿਤ ਸੰਗਰੂਰ ਜ਼ਿਲ੍ਹੇ ਦਾ ਦੌਰਾ ਕਰਦਿਆਂ ਜ਼ਿਲ੍ਹਾ ਪੁਲਿਸ ਵੱਲੋਂ ਲਗਾਏ ਨਾਕਿਆਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ 'ਚ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਦੇ ਹੁਕਮਾਂ ਅਨੁਸਾਰ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਫਿਰੌਤੀਆਂ ਮੰਗਣ ਵਾਲਿਆਂ ਦਾ ਨੈੱਟਵਰਕ ਤੋੜਨ ਲਈ ਮੁਹਿੰਮਾਂ ਸ਼ੁਰੂ ਕੀਤੀਆਂ ਗਈਆਂ ਹਨ। ਜਿਸ ਅਨੁਸਾਰ ਗੈਂਗਸਟਰਾਂ 'ਤੇ ਵਾਰ ਅਤੇ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਬਹੁਤ ਸਾਰੇ ਮਾੜੇ ਅਨਸਰਾਂ 'ਤੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਗਈ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਮਾੜੇ ਅਨਸਰਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਜਾਰੀ ਹੈ ਤਾਂ ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾਇਆ ਜਾ ਸਕੇ।ਸ੍ਰੀ ਐਲ. ਕੇ. ਯਾਦਵ ਨੇ ਦੱਸਿਆ ਕਿ ਮਿਤੀ 9 ਫਰਵਰੀ 2026 ਨੂੰ ਗੈਂਗਸਟਰਾਂ 'ਤੇ ਵਾਰ ਦੀ ਲੜੀ ਵਿੱਚ ਆਪਰੇਸ਼ਨ ਪ੍ਰਹਾਰ–2 ਸਬੰਧੀ ਅਗਲੇ 72 ਘੰਟਿਆਂ ਲਈ ਸਪੈਸ਼ਲ ਮੁਹਿੰਮ ਚਲਾਈ ਗਈ ਹੈ। ਆਪਰੇਸ਼ਨ ਪ੍ਰਹਾਰ- 02 ਦੇ ਤਹਿਤ ਮਿਤੀ 9 ਫਰਵਰੀ 2026 ਤੋਂ ਅੱਜ ਮਿਤੀ 11 ਫਰਵਰੀ 2026 ਤੱਕ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਐਸ.ਪੀ. ਇਨਵੈਸਟੀਗੇਸ਼ਨ ਦਵਿੰਦਰ ਅੱਤਰੀ, ਐਸ.ਪੀ.(ਪੀ.ਬੀ.ਆਈ) ਨਵਰੀਤ ਸਿੰਘ ਵਿਰਕ ਅਤੇ ਐਸ.ਪੀ. (ਸਥਾਨਕ) ਰਾਜੇਸ਼ ਛਿੱਬਰ ਦੀ ਨਿਗਰਾਨੀ ਹੇਠ ਡੀ.ਐਸ.ਪੀਜ, ਐਸ.ਐਚ.ਓਜ, ਇੰਚਾਰਜ ਸੀ.ਆਈ.ਏ ਅਤੇ ਇੰਚਾਰਜ ਚੌਕੀਆਂ ਦੀਆਂ ਟੀਮਾਂ ਬਣਾ ਕੇ ਕਾਰਵਾਈ ਕਰਦੇ ਹੋਏ ਕੁੱਲ 301 ਥਾਵਾਂ 'ਤੇ ਛਾਪੇਮਾਰੀਆਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ 148 ਲੋੜੀਂਦੇ ਅਪਰਾਧੀ ਗ੍ਰਿਫ਼ਤਾਰ ਕੀਤੇ ਗਏ, 200 ਤੋਂ ਵੱਧ ਇਹਤਿਹਾਤੀ ਕਾਰਵਾਈ ਕੀਤੀ ਗਈ। ਤਕਰੀਬਨ 800 ਸ਼ੱਕੀ ਵਿਅਕਤੀਆਂ ਨੂੰ ਵੈਰੀਫਾਈ ਕੀਤਾ ਗਿਆ, ਵੱਖ–ਵੱਖ ਮੁਕੱਦਮਿਆਂ ਵਿੱਚ ਭਗੌੜੇ 06 ਪੀ.ਓਜ ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸਰਚ ਦੌਰਾਨ 90 ਗ੍ਰਾਮ ਹੈਰੋਇਨ, 677 ਨਸ਼ੀਲੀਆਂ ਗੋਲੀਆਂ, 10 ਕਿੱਲੋ ਗ੍ਰਾਮ ਹਰੇ ਪੌਦੇ ਪੋਸਤ, 36 ਬੋਤਲਾਂ ਸ਼ਰਾਬ, ਚੋਰੀਸ਼ੁਦਾ 20 ਕਿੱਲੋ ਤਾਰ ਤਾਂਬਾ, 01 ਮੋਟਰਸਾਈਕਲ, 02 ਗੈਸ ਸਿਲੰਡਰ, 220/– ਰੁਪਏ ਕਰੰਸੀ ਨੋਟ ਸਮੇਤ ਟੁੱਟਿਆ ਗੱਲਾ, 01 ਟੱਰਕ 15 ਬਲਦਾਂ ਦਾ ਭਰਿਆ ਹੋਇਆ, 01 ਰਿਵਾਲਵਰ 32 ਬੋਰ ਸਮੇਤ ਜਿੰਦਾ ਕਾਰਤੂਸ, 01 ਪਿਸਟਲ 315 ਬੋਰ ਸਮੇਤ 01 ਕਾਰਤੂਸ ਤੇ 01 ਗੰਡਾਸੀ ਬਰਾਮਦ ਕਰਾਈ ਗਈ। ਇਸੇ ਮੁਹਿੰਮ ਤਹਿਤ ਨਾਕਾਬੰਦੀਆਂ ਦੌਰਾਨ ਬਿਨਾਂ ਨੰਬਰ ਪਲੇਟਾਂ ਵਾਲੇ ਕਰੀਬ 370 ਸ਼ੱਕੀ ਵਹੀਕਲਾਂ ਅਤੇ ਸ਼ਰਾਰਤੀ ਅਨਸਰਾਂ ਨੂੰ ਚੈੱਕ ਕੀਤਾ ਗਿਆ, ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲ ਚਾਲਕਾਂ ਦੇ 389 ਚਲਾਨ ਕੀਤੇ ਗਏ। ਐਲ. ਕੇ. ਯਾਦਵ ਨੇ ਦੱਸਿਆ ਕਿ ਗੈਂਗਸਟਰਾਂ ਤੇ ਫਿਰੌਤੀ ਮੰਗਣ ਵਾਲੇ ਕ੍ਰਿਮੀਨਲਜ਼ ਖ਼ਿਲਾਫ਼ ਐਲ.ਓ.ਸੀ., ਉਨ੍ਹਾਂ ਦੀਆਂ ਜੀਓ ਲੋਕੇਸ਼ਨਾਂ/ ਬਲਿਊ ਨੋਟਿਸ ਅਤੇ ਟਰੇਸ ਹੋਣ 'ਤੇ ਰੈੱਡ ਨੋਟਿਸ, ਪ੍ਰੋਵੀਜ਼ਨਲ ਗ੍ਰਿਫ਼ਤਾਰੀ ਅਤੇ ਹਵਾਲਗੀ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇਸ ਤੋਂ ਇਲਾਵਾ ਗੈਂਗਸਟਰਾਂ/ਕ੍ਰਿਮੀਨਲਜ਼ ਦੀ ਹਵਾਲਾ ਮਨੀ, ਕਰੀਪਟੋ ਕਰੰਸੀ, ਚੱਲ ਅਚੱਲ ਜਾਇਦਾਦ ਦੀ ਕੁਰਕੀ ਅਤੇ ਜ਼ਬਤ ਕਰਵਾਉਣ ਸਬੰਧੀ 107 ਬੀ.ਐਨ.ਐਸ.ਐਸ. ਤਹਿਤ ਐਫ.ਆਈ.ਯੂ. ਦੀ ਸਹਾਇਤਾ ਨਾਲ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਜੇਕਰ ਗੈਂਗਸਟਰਾਂ ਅਤੇ ਕ੍ਰਿਮੀਨਲਜ਼ ਦੀ ਚੱਲ ਅਚੱਲ ਜਾਇਦਾਦ ਭਾਰਤ ਤੋਂ ਬਾਹਰ ਸਾਹਮਣੇ ਆਉਂਦੀ ਹੈ ਤਾਂ ਇੰਟਰਪੋਲ ਦੀ ਸਹਾਇਤਾ ਨਾਲ ਸਿਲਵਰ ਨੋਟਿਸ/86 ਬੀ.ਐਨ.ਐਸ.ਐਸ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਐਲ.ਕੇ ਯਾਦਵ ਆਈ.ਪੀ.ਐਸ. ਨੇ ਪਬਲਿਕ ਨੂੰ ਗੈਂਗਸਟਰਾਂ ਖ਼ਿਲਾਫ਼ ਹੈਲਪ ਲਾਇਨ ਨੰਬਰ 93946–93946 'ਤੇ ਸੂਚਨਾ ਦੇਣ ਦੀ ਅਪੀਲ ਕੀਤੀ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ

## ਵਿਦਿਆਰਥੀਆਂ ਵੱਲੋਂ ਵਰਬੀਓ ਪ੍ਰਾਈਵੇਟ ਲਿਮਟਿਡ ਦਾ ਉਦਯੋਗਿਕ ਦੌਰਾ




ਬੁਢਲਾਡਾ, 12 ਫਰਵਰੀ ( ਜੀਵਨ ਕੁਮਾਰ): ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਵਿਦਿਆਰਥੀਆਂ ਨੇ ਵਰਬੀਓ ਪ੍ਰਾਈਵੇਟ ਲਿਮਟਿਡ, ਭੂਟਾਲ ਕਲਾਂ, ਲਹਿਰਾਗਾਗਾ ਵਿਖੇ ਉਦਯੋਗਿਕ ਯੂਨਿਟ ਦਾ ਦੌਰਾ ਕੀਤਾ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ ਅਤੇ ਵਿਕਾਸ ਲਈ ਬਹੁਤ ਲਾਭਦਾਇਕ ਸਿੱਧ ਹੁੰਦੇ ਹਨ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਣਾਲੀਆਂ ਅਤੇ ਅੰਤਰ–ਰਾਸ਼ਟਰੀ ਪੱਧਰ 'ਤੇ ਪਰਾਲੀ ਤੋਂ ਕੰਪਰੈਸਡ ਨੈਚੁਰਲ ਬਾਇਓ ਗੈਸ ਬਾਰੇ ਜਾਣਕਾਰੀ ਪ੍ਰਦਾਨ ਕਰਵਾਉਣਾ ਸੀ।ਵਿਭਾਗ ਦੇ ਮੁਖੀ ਡਾ. ਜਤਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਵਿਦਿਆਰਥੀਆਂ ਨੇ ਵਰਬੀਓ ਇੰਡਸਟਰੀਅਲ ਯੂਨਿਟ ਵਿਖੇ ਵੱਖ–ਵੱਖ ਉਦਯੋਗਿਕ ਇਕਾਈਆਂ ਦਾ ਦੌਰਾ ਕਰਕੇ ਉਤਪਾਦਨ ਪ੍ਰੀਕਿਰਿਆ, ਪ੍ਰਬੰਧਨ ਦੇ ਤਰੀਕਿਆਂ ਅਤੇ ਕੰਪਰੈਸਡ ਨੈਚੁਰਲ ਬਾਇਓ ਗੈਸ ਤਕਨੀਕੀ ਵਿਧੀਆਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਇਸ ਦੌਰੇ ਦੌਰਾਨ ਮੈਡਮ ਭੁਪਿੰਦਰ ਕੌਰ ਅਤੇ ਰਾਜਵੀਰ ਕੌਰ ਵੀ ਸ਼ਾਮਲ ਰਹੇ। ਵਿਦਿਆਰਥੀਆਂ ਨੇ ਕਿਹਾ ਕਿ ਅਜਿਹੇ ਉਦਯੋਗਿਕ ਦੌਰੇ ਨੂੰ ਸਾਡੀ ਸਿਖਲਾਈ ਲਈ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਉਨ੍ਹਾਂ ਨੇ ਅਜਿਹੇ ਉਪਰਾਲਿਆਂ ਲਈ ਕਾਲਜ ਪ੍ਰਿੰਸੀਪਲ ਅਤੇ ਸਟਾਫ ਦਾ ਧੰਨਵਾਦ ਕੀਤਾ।

## ਸੰਯੁਕਤ ਕਿਸਾਨ ਮੋਰਚੇ ਵੱਲੋਂ ਸ਼ਹਿਰ ਵਿੱਚ ਭਰਵੀਂ ਰੈਲੀ ਅਤੇ ਮੁਜ਼ਾਹਰਾ



ਲਹਿਰਾਗਾਗਾ, 12 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ) :ਕੇਂਦਰੀ ਟਰੇਡ ਅਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਸੱਦੇ 'ਤੇ ਅੱਜ ਦੇ ਭਾਰਤ ਬੰਦ ਦੀ ਹਮਾਇਤ ਦੇ ਵਿੱਚ ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚੇ ਪੰਜਾਬ ਵੱਲੋਂ ਲਹਿਰਾਗਾਗੇ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਭਰਵੀਂ ਰੈਲੀ ਅਤੇ ਬਾਜ਼ਾਰ ਵਿੱਚ ਮੁਜ਼ਾਹਰਾ ਕੀਤਾ ਗਿਆ । ਵੱਡੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਬੁਲਾਰੇ ਆਗੂਆਂ ਨੇ ਕੇਂਦਰ ਸਰਕਾਰ ਦੀਆਂ ਆਰਥਿਕ ਅਤੇ ਸੰਨਤੀ ਨੀਤੀਆਂ ਅਤੇ ਨਾਲ ਹੀ ਭਾਰਤ ਅਮਰੀਕਾ ਵਪਾਰਕ ਸਮਝੌਤੇ ਦੇ ਵਿਰੋਧ ਵਿੱਚ ਸੰਬੋਧਨ ਕਰਦੇ ਹੋਏ ਕਿਹਾ ਕਿ ਤਕੜੇ ਦਾ ਸੱਤੀ ਬੀਹੀ ਸੌ ਦੀ ਨੀਤੀ 'ਤੇ ਚਲਦੇ ਹੋਏ ਮੋਦੀ ਸਰਕਾਰ ਨੇ ਅਮਰੀਕੀ ਸਾਮਰਾਜਵਾਦ ਦੇ ਅੱਗੇ ਬੁਰੀ ਤਰ੍ਹਾਂ ਗੋਡੇ ਟੇਕ ਦਿੱਤੇ ਹਨ ।ਬਿਨਾਂ ਕਿਸੇ ਪਾਰਲੀਮੈਂਟ ਅਤੇ ਆਮ ਲੋਕਾਂ ਦੀ ਰਾਏ ਲਏ ਤੋਂ ਦੇਸ਼ ਦੇ ਕਿਸਾਨਾਂ ਮਜ਼ਦੂਰਾਂ ਦੇ ਹਿੱਤ ਅਮਰੀਕਾ ਅੱਗੇ ਵੇਚ ਦਿੱਤੇ ਹਨ।ਇਸ ਕਿਸਾਨ ਅਤੇ ਆਮ ਲੋਕਾਂ ਦੇ ਵਿਰੋਧੀ ਵਪਾਰਕ ਸਮਝੌਤੇ ਨੂੰ ਭਾਰਤ ਦੇ ਲੋਕ ਕਿਸੇ ਵੀ ਹਾਲਤ ਵਿੱਚ ਲਾਗੂ ਨਹੀਂ ਹੋਣ ਦੇਣਗੇ।ਦੁਨੀਆਂ ਭਰ ਵਿੱਚ ਗੁੰਡਾਗਰਦੀ ਦੀ ਧੌਂਸ ਜਮਾਉਣ ਵਾਲੇ ਟਰੰਪ ਪ੍ਰਸ਼ਾਸਨ ਨੇ ਭਾਰਤ ਸਮੇਤ ਦੁਨੀਆਂ ਭਰ ਦੇ ਲੋਕਾਂ ਨੂੰ ਲੁੱਟਣ ਦੀ ਇੱਕ ਨਵੀਂ ਚਾਲ ਚੱਲੀ ਹੈ। ਉਹਨਾਂ ਆਮ ਲੋਕਾਂ ਨੂੰ ਇਸ ਵਪਾਰਕ ਸਮਝੌਤੇ ਦੇ ਵਿਰੋਧ ਵਿੱਚ ਇੱਕ ਤਕੜੀ ਲੋਕ ਲਹਿਰ ਖੜ੍ਹੀ ਕਰਨ ਦਾ ਸੱਦਾ ਦਿੱਤਾ ਇਸ ਮੌਕੇ ਜਗਜੀਤ ਸਿੰਘ ਭਟਾਲ ਜ਼ਿਲ੍ਹਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਸੰਗਰੂਰ,ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਹਾਦਰ ਸਿੰਘ ਭਟਾਲ ਖੁਰਦ ਰਾਮ ਚੰਦ ਸਿੰਘ, ਸਰਬਜੀਤ ਸ਼ਰਮਾ,ਬਲਵਿੰਦਰ ਸਿੰਘ ਘੋੜੇ ਨਾਵ ਮਹਿੰਦਰ ਸਿੰਘ ਖੋਖਰ ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਪੰਜਾਬ ਦੇ ਆਗੂ ,ਮਾਸਟਰ ਰਘਵੀਰ ਸਿੰਘ ਭਟਾਲ ਲੋਕ ਚੇਤਨਾ ਮੰਚ ਲਹਿਰਾ ਗਾਗਾ ਕਿਸਾਨ ਆਗੂ ਹਰੀ ਸਿੰਘ ਕੋਟੜਾ,ਜਗਦੇਵ ਸਿੰਘ ਲਹੇਲਖੁਰਦ,ਅਤੇ ਬਿਜਲੀ ਮੁਲਾਜ਼ਮ ਆਗੂ ਸੁਰਿੰਦਰ ਮੋਹਨ ਗਦੜਿਆਣੀ ਨੇ ਸੰਬੋਧਨ ਕੀਤਾ।

## ਬਠਿੰਡਾ ਸੂਟਕੇਸ ਕਾਂਡ: ਲਾਲ ਬੈਗ 'ਚੋਂ ਮਿਲੀ ਲਾਸ਼ ਦੀ ਹੋਈ ਪਛਾਣ, ਬਾਘਾ ਪੁਰਾਣਾ ਦੀ ਨਿਕਲੀ ਮਲਿਕਾ



ਬਠਿੰਡਾ, 12 ਫਰਵਰੀ (ਦੀਪਕ ਸ਼ਰਮਾ ): ਲੰਘੇ ਦਿਨੀਂ ਪਿੰਡ ਬਹਿਮਣ ਦੀਵਾਨਾ ਨੇੜਿਓਂ ਲਾਲ ਰੰਗ ਦੇ ਸੂਟਕੇਸ ਵਿੱਚੋਂ ਮਿਲੀ ਕੁੜੀ ਦੀ ਲਾਸ਼ ਦੀ ਪਛਾਣ ਕਰਨ ਦੀ ਗੁੱਥੀ ਪੁਲਿਸ ਨੇ ਸੁਲਝਾ ਲਈ ਹੈ। ਮ੍ਰਿਤਕਾ ਦੀ ਪਛਾਣ ਮੋਗਾ ਜ਼ਿਲ੍ਹੇ ਦੇ ਕਸਬਾ ਬਾਘਾ ਪੁਰਾਣਾ ਦੀ ਰਹਿਣ ਵਾਲੀ ਮਲਿਕਾ ਵਜੋਂ ਹੋਈ ਹੈ। ਸਰੀਰ 'ਤੇ ਉੱਕਰੇ ਕਾਕੂ ਨਾਮ ਦੇ ਟੈਟੂ ਅਤੇ ਪੁਲਿਸ ਦੀ ਡੂੰਘੀ ਤਫਤੀਸ਼ ਨੇ ਅਖੀਰ ਮ੍ਰਿਤਕਾ ਦੇ ਪਛਾਣ ਕਰਵਾ ਦਿੱਤੀ ਹੈ, ਪਰ ਸਭ ਤੋਂ ਵੱਡਾ ਸਵਾਲ ਅਜੇ ਵੀ ਬਰਕਰਾਰ ਹੈ ਕਿ ਆਖਿਰ ਮਲਿਕਾ ਦਾ ਕਤਲ ਕਿਸ ਨੇ ਅਤੇ ਕਿਉਂ ਕੀਤਾ? ਬਠਿੰਡਾ ਪੁਲਿਸ ਵੱਲੋਂ ਇਸ ਮਾਮਲੇ ਦੀ ਡੂੰਗਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਮਿਲੀ ਜਾਣਕਾਰੀ ਅਨੁਸਾਰ ਕਰੀਬ 20 ਸਾਲਾ ਮਲਿਕਾ ਪਿਛਲੇ ਕੁਝ ਸਮੇਂ ਤੋਂ ਬਾਘਾ ਪੁਰਾਣਾ ਛੱਡ ਕੇ ਬਠਿੰਡਾ ਵਿੱਚ ਹੀ ਰਹਿ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਉਹ ਇੱਥੇ ਆਪਣੇ ਕਿਸੇ ਨਜ਼ਦੀਕੀ ਦੋਸਤ ਨਾਲ ਰਹਿ ਰਹੀ ਸੀ, ਜੋ ਫਿਲਹਾਲ ਪੁਲਿਸ ਦੀ ਪਹੁੰਚ ਤੋਂ ਬਾਹਰ ਹੈ। ਪੁਲਿਸ ਸੂਤਰਾਂ ਅਨੁਸਾਰ ਮਲਿਕਾ ਦਾ ਪਰਿਵਾਰਕ ਪਿਛੋਕੜ ਅਜੇ ਸਪੱਸ਼ਟ ਨਹੀਂ ਹੋ ਸਕਿਆ ਹੈ ਅਤੇ ਨਾ ਹੀ ਹੁਣ ਤੱਕ ਕੋਈ ਵਾਰਿਸ ਸਾਹਮਣੇ ਆਇਆ ਹੈ। ਦੂਜੇ ਪਾਸੇ ਪੁਲਿਸ ਟੀਮਾਂ ਵੱਲੋਂ ਘਟਨਾ ਵਾਲੀ ਜਗ੍ਹਾ ਅਤੇ ਆਲੇ–ਦੁਆਲੇ ਦੇ ਇਲਾਕਿਆਂ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਬਾਰੀਕੀ ਨਾਲ ਖੰਗਾਲਿਆ ਜਾ ਰਿਹਾ ਹੈ ਤਾਂ ਜੋ ਇਹ ਪਤਾ ਲੱਗ ਸਕੇ ਕਿ ਉਸ ਲਾਲ ਸੂਟਕੇਸ ਨੂੰ ਉੱਥੇ ਸੁੱਟਣ ਲਈ ਕੌਣ ਆਇਆ ਸੀ। ਪੁਲਿਸ ਨੂੰ ਸ਼ੱਕ ਹੈ ਕਿ ਮਲਿਕਾ ਦਾ ਕਤਲ ਉਸਦੇ ਕਿਸੇ ਨਜ਼ਦੀਕੀ ਨੇ ਹੀ ਰੰਜਿਸ਼ ਜਾਂ ਪ੍ਰੇਮ ਸਬੰਧਾਂ ਦੇ ਚੱਲਦਿਆਂ ਕੀਤਾ ਹੈ।ਜ਼ਿਕਰਯੋਗ ਹੈ ਕਿ 11 ਫਰਵਰੀ ਨੂੰ ਜਦੋਂ ਬਹਿਮਣ ਦੀਵਾਨਾ ਦੇ ਸੁੰਨਸਾਨ ਇਲਾਕੇ ਵਿੱਚੋਂ ਇਹ ਸੂਟਕੇਸ ਮਿਲਿਆ ਸੀ, ਤਾਂ ਪੂਰੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਸੀ। ਫੋਰੈਂਸਿਕ ਟੀਮ ਨੇ ਮੌਕੇ ਤੋਂ ਅਹਿਮ ਸਬੂਤ ਜੁਟਾ ਲਏ ਹਨ। ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੌਤ ਦੇ ਅਸਲ ਕਾਰਨਾਂ ਦਾ ਪਤਾ ਪੋਸਟਮਾਰਟਮ ਦੀ ਵਿਸਤ੍ਰਿਤ ਰਿਪੋਰਟ ਤੋਂ ਬਾਅਦ ਹੀ ਲੱਗੇਗਾ, ਜਿਸ ਦੇ ਆਧਾਰ 'ਤੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਫਿਲਹਾਲ ਪੁਲਿਸ ਉਸ ਦੋਸਤ ਦੀ ਭਾਲ ਵਿੱਚ ਜੁਟੀ ਹੋਈ ਹੈ ਜੋ ਇਸ ਕਤਲ ਕਾਂਡ ਦੀ ਸਭ ਤੋਂ ਅਹਿਮ ਕੜੀ ਸਾਬਿਤ ਹੋ ਸਕਦਾ ਹੈ। ਅਜੇ ਤੱਕ ਇਹ ਅਹਿਮ ਸਵਾਲ ਜਿਉਂ ਦਾ ਤਿਉਂ ਖੜ੍ਹਾ ਹੈ ਕੀ ਆਖਰ ਕਤਲ ਕਿਉਂ ਕੀਤਾ ਗਿਆ ਅਤੇ ਕਾਤਲ ਕੌਣ ਹੈ ਕੀ ਪੁਲਿਸ ਉਸ ਕਾਤਲ ਤੱਕ ਜਲਦੀ ਪਹੁੰਚ ਜਾਏਗੀ।

## ਕਿਸਾਨਾਂ 'ਤੇ ਕੀਤਾ ਲਾਠੀਚਾਰਜ ਸਰਕਾਰ ਦੇ ਤਾਬੂਤ ਵਿੱਚ ਆਖ਼ਰੀ ਕਿੱਲ ਸਾਬਤ ਹੋਵੇਗਾ : ਅਕਾਲੀ ਆਗੂ



ਲਹਿਰਾਗਾਗਾ, 12 ਫਰਵਰੀ (ਗੁਰਦੀਪ ਸਿੰਘ ): ਪਿਛਲੇ ਦਿਨੀਂ ਕਿਸਾਨ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੇ ਜਾ ਰਹੇ ਅੰਦੋਲਨ ਦੌਰਾਨ ਪੰਜਾਬ ਪੁਲਿਸ ਵੱਲੋਂ ਕੀਤਾ ਗਿਆ ਲਾਠੀਚਾਰਜ ਜਿੱਥੇ ਲੋਕਤੰਤਰ ਦਾ ਘਾਣ ਹੈ, ਉੱਥੇ ਹੀ ਪੰਜਾਬ ਸਰਕਾਰ ਦੇ ਤਾਬੂਤ ਵਿੱਚ ਆਖਰੀ ਕਿੱਲ ਸਾਬਤ ਹੋਵੇਗਾ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਚਮਕੌਰ ਸਿੰਘ ਬਾਦਲਗੜ੍ਹ ਸਾਬਕਾ ਚੇਅਰਮੈਨ ਅਤੇ ਰਾਮਪਾਲ ਸਿੰਘ ਸੁਰਜਨਭੈਣੀ ਸਾਬਕਾ ਸਰਪੰਚ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤਾਨਾਸ਼ਾਹੀ ਰੱਵਈਆ ਅਪਣਾਉਂਦੇ ਹੋਏ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਹਰ ਵਰਗ ਦੇ ਲੋਕਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣਾ ਚਾਹੁੰਦੀ ਹੈ, ਪਰ ਪੰਜਾਬ ਦੇ ਅਣਖੀ ਲੋਕ ਸਰਕਾਰ ਦੀ ਤਾਨਾਸ਼ਾਹੀ ਅੱਗੇ ਨਹੀਂ ਝੁਕਣਗੇ। ਉਨ੍ਹਾਂ ਕਿਹਾ ਕਿ ਦੇਸ਼ ਦਾ ਅੰਨਦਾਤਾ ਕਹਾਉਣ ਵਾਲਾ ਪੰਜਾਬ ਦਾ ਕਿਸਾਨ ਅੱਜ ਪੰਜਾਬ ਸਰਕਾਰ ਦੀ ਬੇਰੁਖੀ ਅਤੇ ਤਾਨਾਸ਼ਾਹੀ ਦਾ ਸ਼ਿਕਾਰ ਹੁੰਦਾ ਹੋਇਆ ਸੜਕਾਂ 'ਤੇ ਰੁਲ ਰਿਹੈ, ਪਰ ਪੰਜਾਬ ਅਤੇ ਕੇਂਦਰ ਦੀ ਸਰਕਾਰ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਬਜਾਏ ਉਹਨਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾ ਰਹੀਆਂ ਹਨ। ਇਸ ਤੋਂ ਇਲਾਵਾ ਪੁਨਰਸਰਜੀਤ ਅਕਾਲੀ ਦਲ ਦੇ ਸੀਨੀਅਰ ਆਗੂ ਰਵਿੰਦਰ ਸਿੰਘ ਕਾਲੀਆ ਨੇ ਗੱਲਬਾਤ ਕਰਦੇ ਹੋਏ ਆਖਿਆ ਕਿ ਪੰਜਾਬ ਅੰਦਰ ਜਦੋਂ ਵੀ ਅਕਾਲੀ ਦਲ ਦੀ ਸਰਕਾਰ ਆਈ ਤਾਂ ਹਰ ਵਰਗ ਲਈ ਵਿਸ਼ੇਸ਼ ਸਹੂਲਤਾਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ ਦਾ ਜਾਲ, 24 ਘੰਟੇ ਬਿਜਲੀ ਦੀ ਸਪਲਾਈ, ਨਹਿਰੀ ਪਾਣੀ ਦਾ ਪ੍ਰਬੰਧ , ਮੁਫਤ ਕਣਕ ਦਾਲ ਵਾਲੀ ਸਕੀਮ ਤੋਂ ਇਲਾਵਾ ਪਿੰਡਾਂ ਦੇ ਲੋਕਾਂ ਨੂੰ ਵਾਟਰ ਸਪਲਾਈ ਰਾਹੀਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨਾ ਅਕਾਲੀ ਸਰਕਾਰ ਦੀ ਦੇਣ ਹੈ, ਪਰ ਦੂਜੇ ਪਾਸੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਜਿਹੀਆਂ ਫ਼ਿਰਕਾਪ੍ਰਸਤ ਪਾਰਟੀਆਂ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਲਈ ਬਹੁਤ ਵੱਡਾ ਖਤਰਾ ਹਨ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਵੱਡੇ ਵੱਡੇ ਉਦਯੋਗਪਤੀ ਪੰਜਾਬ ਛੱਡ ਕੇ ਆਪਣਾ ਕਾਰੋਬਾਰ ਹੋਰਨਾ ਸੂਬਿਆਂ ਵਿੱਚ ਸ਼ਿਫਟ ਕਰ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਅੱਜ ਪੰਜਾਬ ਦੇ ਲੋਕ ਅਕਾਲੀ ਦਲ ਦੇ ਰਾਜ ਨੂੰ ਯਾਦ ਕਰ ਰਹੇ ਹਨ। 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਪੂਰਨ ਬਹੁਮਤ ਹਾਸਿਲ ਕਰਕੇ ਸੱਤਾ ਵਿੱਚ ਆਵੇਗਾ ਤੇ ਪੰਜਾਬ ਨੂੰ ਹਰ ਪੱਖੋਂ ਦੇਸ਼ ਦਾ ਨੰਬਰ ਇੱਕ ਸੂਬਾ ਬਣਾਵੇਗਾ। ਇਸ ਮੌਕੇ ਉਹਨਾਂ ਨਾਲ ਹੋਰ ਪਾਰਟੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

## ਬਿਜਲੀ ਸੋਧ ਬਿੱਲ ਨੂੰ ਰੱਦ ਕਰਵਾਉਣ ਲਈ ਰੋਸ ਦਿਖਾਵਾ



ਦਿੜ੍ਹਬਾ ਮੰਡੀ, 12 ਫਰਵਰੀ (ਸੁਖਵਿੰਦਰ ਸਿੰਘ ਵਿਰਕ): ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਸੱਦੇ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਵੱਖ ਵੱਖ ਬਿਜਲੀ ਮੁਲਾਜ਼ਮ ਜਥੇਬੰਦੀਆਂ, ਪੈਨਸ਼ਨਰ ਜਥੇਬੰਦੀਆਂ, ਠੇਕਾ ਅਧਾਰਤ ਮੁਲਾਜ਼ਮ ਅਤੇ ਇੰਜਨੀਅਰ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕਰਕੇ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਨੂੰ ਰੱਦ ਕਰਾਉਣ, ਬੀਜ ਬਿੱਲ ਰੱਦ ਕਰਾਉਣ। ਮਨਰੇਗਾ ਕਾਨੂੰਨ ਨੂੰ ਦੁਬਾਰਾ ਲਾਗੂ ਕਰਾਉਣ ਅਤੇ ਲੇਬਰ ਕੋਡ ਦੇ ਬਣੇ 29 ਕਾਨੂੰਨਾਂ ਨੂੰ ਰੱਦ ਕਰਕੇ 4 ਲੇਬਰ ਕੋਡ ਬਣਾਉਣ ਖਿਲਾਫ ਜ਼ੋਰਦਾਰ ਰੋਸ ਵਿਖਾਵਾ ਕਰਕੇ ਕੇਂਦਰ ਸਰਕਾਰ ਦਾ ਪੁਤਲਾ ਸਾੜਿਆ ਗਿਆ ਅਤੇ ਰੈਲੀ ਨੂੰ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾਂ, ਅਮਨਦੀਪ ਸਿੰਘ ਜ਼ਿਲ੍ਹਾ ਖਜਾਨਚੀ, ਭੁਪਿੰਦਰ ਸਿੰਘ ਕਾਲਾ, ਸੱਤਪਾਲ, ਹਰਦੀਪ ਸਿੰਘ, ਆਈ ਡੀ ਪੀ ਦੇ ਸੂਬਾਈ ਆਗੂ ਤਰਲੋਚਨ ਸਿੰਘ ਸੂਲਰ ਘਰਾਟ, ਇੰਪਲਾਈਜ ਫੈਡਰੇਸ਼ਨ ਪੰ ਰਾ ਬਿ ਬੋ ਦੇ ਸੂਬਾ ਆਗੂ ਗੁਰਧੀਰ ਸਿੰਘ, ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਚੰਦ ਸਿੰਘ ਰੋਗਲਾ, ਭਰਭੂਰ ਸਿੰਘ ਆਦਿ ਨੇ ਆਪਣੇ ਵਿਚਾਰ ਸਾਂਝੇ ਕੀਤੇ।

## ਤਰਨਜੋਤ ਵੈਲ.ਫੇਅਰ ਸੁਸਾਇਟੀ ਬੱਲ੍ਹੋ ਨੇ ਖਿਡਾਰਨ ਦੀ ਗੇਮ ਦਾ ਚੁੱਕਿਆ ਖਰਚਾ



ਬਠਿੰਡਾ, 12 ਫਰਵਰੀ (ਜਗਸੀਰ ਭੁੱਲਰ): ਸਾਧਾਰਨ ਪ੍ਰੀਵਾਰ ਦੀ ਧੀ ਵਿਸਵਜੀਤ ਕੌਰ ਨੇ ਜਲ ਖੇਡ (ਕਨੂ ਸਪ੍ਰਿੰਟ) ਚਲੂ ਚੰਗੇ ਮੈਡਲ ਪ੍ਰਾਪਤ ਕੀਤੇ ਪਰ ਸਰਕਾਰਾਂ ਨੇ ਬਾਂਹ ਨਾ ਫੜੀ । ਨੈਸ਼ਨਲ ਗੇਮ ਦੀ ਤਿਆਰੀ ਕਰਨ ਲਈ ਖਰਚੇ ਜੋਗੇ ਪੈਸਾ ਨਾ ਹੋਣ ਕਾਰਨ ਸੁਪਨਾ ਅਧੂਰਾ ਲੱਗਣ ਲੱਗਾ। ਜਦੋਂ ਇਸ ਖਿਡਾਰਨ ਵਾਰੇ ਤਰਨਜੋਤ ਵੈਲਫੇਅਰ ਸੁਸਾਇਟੀ ਬੱਲ੍ਹੋ ਨੂੰ ਪਤਾ ਲੱਗ ਤਾਂ ਇਨ੍ਹਾਂ ਨੇ ਇਸ ਕੁੜੀ ਦੀ ਨੈਸ਼ਨਲ ਗੇਮਾਂ ਦੀ ਤਿਆਰੀ ਲਈ ਖਰਚ ਕਰਨ ਦਾ ਜਿੰਮੇਵਾਰੀ ਲੈ ਲਈ ਤੇ ਮਹੀਨੇ ਭਰ ਦੇ ਖਰਚੇ ਦਾ 32 ਹਜ਼ਾਰ ਰੁਪਏ ਦਾ ਚੈਕ ਸੁਸਾਇਟੀ ਦੇ ਪ੍ਰਧਾਨ ਕਰਮਜੀਤ ਸਿੰਘ ਤੇ ਸਰਪੰਚ ਅਮਰਜੀਤ ਕੌਰ ਨੇ ਵਿਸਵਜੀਤ ਕੌਰ ਨੂੰ ਭੇਟ ਕੀਤਾ ਅਤੇ ਸਨਮਾਨਿਤ ਕੀਤਾ ਗਿਆ। ਬੱਲ੍ਹੋ ਪਿੰਡ ਦੇ ਪਿਛਕੋੜ ਵਾਲੀ ਅੰਤਰਰਾਸਟਰੀ ਖਿਡਾਰਨ ਸਾਧਾਰਨ ਪ੍ਰੀਵਾਰ ਵਿੱਚੋਂ ਉੱਠ ਕੇ ਪਾਣੀ ਦੀਆਂ ਖੇਡਾਂ ਚਲੂ ਆਪਣੀ ਵੱਖਰੀ ਪਛਾਣ ਬਣਾਈ ਹੈ। ਵਿਸਵਜੀਤ ਕੌਰ ਨੇ ਦੱਸਿਆ ਕਿ ਪਿਤਾ ਬਿਮਾਰ ਰਹਿਣ ਕਾਰਨ ਆਮਦਨ ਦੇ ਬਹੁਤੇ ਸਾਧਨ ਨਹੀ ਹਨ ਤੇ ਨੈਸ਼ਨਲ ਗੇਮ ਦੀ ਤਿਆਰੀ ਕਰਨੀ ਮੁਸ਼ਕਿਲ ਹੋ ਗਈ ਸੀ ਲੂ ਪਰ ਹੁਣ ਤਰਨਜੋਤ ਵੈਲਫੇਅਰ ਸੁਸਾਇਟੀ ਬੱਲ੍ਹੋ ਮੇਰੇ ਲਈ ਮਸੀਹਾ ਬਣ ਕੇ ਆਈ ਹੈ। ਵਿਸਵਜੀਤ ਕੌਰ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਤਰਫੋ ਆਪਣੀ ਖੇਡ ਵਿੱਚ ਸਟੇਟ ਪੱਧਰ ਦੇ ਗੋਲਡ 2 ਸਿਲਵਰ 6 ਅਤੇ ਬਰਾਊਨ ਦੇ 6 ਤਮਗੇ ਹਾਸਲ ਕੀਤੇ। ਆਲ ਇੰਡੀਆ ਯੂਨੀਵਰਸਿਟੀ ਚੋ ਗੋਲਡ 6 ਤੇ ਬਰਾਊਨ 1 ਤਗ਼ਮਾ ਅਤੇ ਸੀਨੀਅਰ ਨੈਸ਼ਨਲ 'ਚੋ ਸਿਲਵਰ ਇੱਕ ਤਗਮਾ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ 2 ਤੋਂ 5 ਫਰਵਰੀ ਤੱਕ ਭੁਪਾਲ ਵਿੱਚ ਹੋਈ 36 ਵੀ ਰਾਸਟਰੀ ਸੀਨੀਅਰ ਕੈਨੋ ਸਿਪਰਟ ਚੈਪੀਅਨਸਿਪ ਚਲੂ ਸਿਲਵਰ ਮੈਡਲ ਜਿੱਤਿਆ । ਇੱਥੇ ਹੀ ਇਸ ਨੇ ਅਸਮੀਤਾ ਕੈਕਿਗ ਐਡ ਕੈਨੋਈਗ ਲੀਗ ਵਿੱਚ ਗੋਲਡ ਦਾ ਇੱਕ ਅਤੇ ਬਰਾਊਨ ਦਾ ਇੱਕ ਤਗਮਾ ਹਾਸਲ ਕੀਤਾ । ਏਸ਼ੀਅਨ ਗੇਮਜ ਦੇ ਲਈ ਗਰੁੱਪ ਵਿੱਚੋ ਚੋਣ ਹੋ ਚੁੱਕੀ ਹੈ ਅਤੇ ਟਿਹਰੀ ਉੱਤਰਾਖੰਡ ਚਲੂ ਮਾਰਚ ਮਹੀਨੇ ਟਰਾਇਲ ਹੋਵੇਗਾ। ਸੁਸਾਇਟੀ ਦੇ ਸਰਪ੍ਰਸਤ ਤੇ ਸਮਾਜ ਸੇਵੀ ਗੁਰਮੀਤ ਸਿੰਘ ਮਾਨ ਦਾ ਕਹਿਣਾ ਹੈ ਕਿ ਵਿਸਵਜੀਤ ਕੌਰ ਨੇ ਨਾ ਸਿਰਫ ਪਾਣੀ ਦੀਆਂ ਲਹਿਰਾਂ ਤੇ ਫਤਿਹ ਪਾਈ ਹੈ, ਸਗੋ ਉਨ੍ਹਾਂ ਲੜਕੀਆਂ ਲਈ ਵੀ ਇੱਕ ਮਿਸਾਲ ਪੈਦਾ ਕੀਤੀ ਹੈ ਜੋ ਖੇਡਾਂ ਦੇ ਖੇਤਰ ਵਿੱਚ ਅੱਗੇ ਵੱਧਣਾ ਚਾਹੁੰਦੀਆਂ ਹਨ। ਪਿੰਡ ਦਾ ਨਾਮ ਰੋਸ਼ਨ ਕਰਨ ਲਈ ਇਹ ਧੀ ਵਧਾਈ ਦੀ ਪਾਤਰ ਹੈ । ਸਾਡੇ ਵੱਲੋ ਹਰ ਸੰਭਵ ਮੱਦਦ ਕੀਤੀ ਜਾਵੇਗੀ। ਇਸ ਮੌਕੇ ਅਮਰਜੀਤ ਕੌਰ ਸਰਪੰਚ ਲੂ ਪੰਚ ਹਰਵਿੰਦਰ ਕੌਰ ਲੂ ਕਰਮਜੀਤ ਸਿੰਘ –ਭੁਪਿੰਦਰ ਸਿੰਘ ਜਟਾਣਾਲੂ ਪ੍ਰਧਾਨ ਕੇਵਲ ਸਿੰਘ ਲੂ ਕਥਾ ਵਾਚਕ ਬਾਬਾ ਗੁਰਪ੍ਰੀਤ ਸਿੰਘ ਲੂ ਨਸੀਬ ਕੌਰ ਲੂ ਲਾਇਬਰੇਰੀਅਨ ਰਾਜਵਿੰਦਰ ਕੌਰ ਅਤੇ ਗੁਲਾਬ ਸਿੰਘ ਹਾਜ਼ਰ ਸਨ ।

## ਐਮ.ਏ. ਪੰਜਾਬੀ ਸਮੈਸਟਰ ਦੂਜਾ ਦਾ ਨਤੀਜਾ ਰਿਹਾ ਸ਼ਾਨਦਾਰ

ਬਰੇਟਾ, 12 ਫਰਵਰੀ (ਵਿਨੋਦ ਸਿੰਗਲਾ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿਚ ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ ਰੱਲੀ ਦੇ ਐਮ. ਏ. ਪੰਜਾਬੀ ਭਾਗ ਪਹਿਲਾ ਦੇ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ।ਜਿਸ ਵਿਚ ਬਲਜੀਤ ਕੌਰ ਨੇ ਅਤੇ ਸੁਖਜਿੰਦਰ ਕੌਰ ਨੇ ਪਹਿਲਾਂ ਸਥਾਨ ਅਤੇ ਸੁਖਜਿੰਦਰ ਕੌਰ ਅਤੇ ਕੇਵਲ ਸਿੰਘ ਨੇ ਦੂਜਾ ਸਥਾਨ ਅਤੇ ਨਿਰਮਲ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ ਪ੍ਰਕਾਸ਼ ਕੌਰ ਢਿੱਲੋਂ ਜੀ ਨੇ ਆਖਿਆ ਕਿ ਇਹ ਵਿਦਿਆਰਥੀਆਂ ਅਤੇ ਪੰਜਾਬੀ ਵਿਭਾਗ ਦੀ ਮਿਹਨਤ ਦਾ ਨਤੀਜਾ ਹੈ ਇਸ ਸਮੇਂ ਵਿਭਾਗ ਦੇ ਪ੍ਰੋ ਹਰਦੀਪ ਸਿੰਘ, ਪ੍ਰੋ ਲਖਵਿੰਦਰ ਕੌਰ, ਪ੍ਰੋ ਗੁਰਮੀਤ ਕੌਰ ਅਤੇ ਪ੍ਰੋ ਸਿਮਰਨਜੀਤ ਕੌਰ ਮੌਜੂਦ ਸਨ।ਇਸ ਮੌਕੇ 'ਤੇ ਕਾਲਜ ਮੈਨੇਜਮੈਂਟ ਕਮੇਟੀ ਵਿੱਚੋ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਪ੍ਰੀਤਇੰਦਰ ਸਿੰਘ ਚਾਹਲ ਜੀ ਅਤੇ ਪ੍ਰਧਾਨ ਡਾ ਵਿਜੈ ਸਿੰਗਲਾ ਜੀ ਵੱਲੋਂ ਵੀ ਸਮੂਹ ਪੰਜਾਬੀ ਵਿਭਾਗ ਨੂੰ ਵਿਸ਼ੇਸ਼ ਤੌਰ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਮਜੀਠੀਆ ਦੀ ਰਿਹਾਈ ਇਨਸਾਫ਼ ਦੀ ਜਿੱਤ : ਖੰਡੇਬਾਦ



ਲਹਿਰਾਗਾਗਾ, 12 ਫਰਵਰੀ (ਗੁਰਦੀਪ ਸਿੰਘ ):ਮਾਨਯੋਗ ਸੁਪਰੀਮ ਕੋਰਟ ਵੱਲੋਂ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਦਿੱਤੀ ਗਈ ਜ਼ਮਾਨਤ 'ਤੇ ਆਪਣੀ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਲਹਿਰਾ ਤੋਂ ਹਲਕਾ ਇੰਚਾਰਜ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਨੇ ਕਿਹਾ ਕਿ ਉਨਾਂ ਦੀ ਰਿਹਾਈ ਨੇ ਸਾਬਤ ਕਰ ਦਿੱਤਾ ਹੈ, ਰੱਬ ਦੇ ਘਰ ਦੇਰ ਹੈ, ਅੰਧੇਰ ਨਹੀਂ,ਜਿਸ ਦੇ ਚੱਲਦੇ ਬੁਰਾਈ ਉੱਤੇ ਸੱਚਾਈ ਦੀ ਜਿੱਤ ਯਕੀਨੀ ਹੈ।ਹਲਕੇ ਅੰਦਰ ਵੱਖ–ਵੱਖ ਸਮਾਗਮਾਂ ਵਿੱਚ ਸ਼ਿਰਕਤ ਕਰਨ ਉਪਰੰਤ ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਹੋਣ ਤੋਂ ਬਾਅਦ ਸਮੁੱਚੇ ਪੰਜਾਬ ਅੰਦਰ ਖ਼ੁਸ਼ੀ ਦਾ ਆਲਮ ਹੈ, ਉੱਥੇ ਹੀ ਵਿਰੋਧੀ ਪਾਰਟੀਆਂ ਵਿੱਚ ਬੁਖਲਾਹਟ ਦਿਖਾਈ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਤਾਨਾਸ਼ਾਹੀ ਰਵੱਈਆ ਅਪਨਾਉਂਦੇ ਹੋਏ ਵਿਜੀਲੈਂਸ ਅਤੇ ਪੰਜਾਬ ਪੁਲਿਸ ਦੀ ਦੁਰਵਰਤੋਂ ਕਰ ਰਹੀ ਹੈ।ਪਰ ਪੂਰੀ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰਿਕ ਦੇਸ਼ ਭਾਰਤ ਵਿੱਚ ਤਾਨਾਸ਼ਾਹੀ ਦੀ ਕੋਈ ਥਾਂ ਨਹੀਂ,ਆਪ ਦੇ ਪਾਪਾਂ ਦਾ ਘੜਾ ਭਰ ਚੁੱਕਿਐ ,ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਦੇ ਸਿਆਸੀ ਨਕਸ਼ੇ ਤੋਂ ਆਪ ਅਤੇ ਕਾਂਗਰਸ ਜਿਹੀਆਂ ਦੇਸ਼ ਅਤੇ ਲੋਕ ਵਿਰੋਧੀ ਪਾਰਟੀਆਂ ਦਾ ਦਾ ਨਾਮੋ ਨਿਸ਼ਾਨ ਖਤਮ ਹੋ ਜਾਵੇਗਾ, ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਅਤੇ ਪੰਜਾਬੀਆਂ ਦੀ ਆਪਣੀ ਪਾਰਟੀ ਦੱਸਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਤੋਂ ਬਹੁਤ ਉਮੀਦਾਂ ਹਨ। ਇਸ ਮੌਕੇਂ ਹੋਰ ਪਾਰਟੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

## ਫਰਦ ਕੇਂਦਰ ਮੁਲਾਜ਼ਮਾਂ ਨੇ ਕਾਲੇ ਬਿੱਲੇ ਲਗਾਕੇ ਰੋਸ ਪ੍ਰਦਰਸ਼ਨ ਕੀਤਾ



ਸਰਦੂਲਗੜ੍ਹ, 12 ਫਰਵਰੀ (ਲਛਮਣ ਸਿੱਧੂ): ਦੇਸ਼ ਭਰ ਵਿੱਚ ਹੋਈ ਦੇਸ਼ ਵਿਆਪੀ ਹੜਤਾਲ ਦੇ ਸੱਦੇ ਨੂੰ ਸਮਰਥਨ ਦਿੰਦੇ ਹੋਏ ਪੰਜਾਬ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਝੰਡੇ ਹੇਠ ਫਰਦ ਕੇਂਦਰ ਕੰਪਿਊਟਰ ਅਪਰੇਟਰ ਐਸੋਸੀਏਸ਼ਨ (ਰਜਿ.) ਪੰਜਾਬ, ਜ਼ਿਲ੍ਹਾ ਮਾਨਸਾ ਵੱਲੋਂ ਕਾਲੇ ਬਿੱਲੇ ਲਗਾਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸਮੂਹ ਜ਼ਿਲ੍ਹਾ ਮਾਨਸਾ ਦੇ ਫਰਦ ਕੇਂਦਰ ਮੁਲਾਜ਼ਮਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ, ਗਗਨਦੀਪ ਸਿੰਘ, ਗੁਰਵਿੰਦਰ ਸਿੰਘ, ਕੁਲਦੀਪ ਸਿੰਘ, ਕਰਮਜੀਤ ਸਿੰਘ ਬਪਿਆਣਾ ਅਤੇ ਸੂਬਾ ਪ੍ਰਧਾਨ ਰਮਨਦੀਪ ਸਿੰਘ ਨਾਲ ਸੂਬਾ ਖਜਾਨਚੀ ਰਾਜੇਸ਼ ਕੁਮਾਰ ਮੌਕੇ 'ਤੇ ਹਾਜ਼ਰ ਸਨ।ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ ਦੀ ਹਰ ਤਹਿਸੀਲ ਵਿੱਚ ਕਰਮਚਾਰੀਆਂ ਵੱਲੋਂ ਤਹਿਸੀਲ ਗੇਟਾਂ ਅੱਗੇ ਕਾਲੇ ਬਿੱਲੇ ਲਗਾਕੇ ਸਰਕਾਰ ਦੇ ਲੋਕ–ਮਾਰੂ ਬਿੱਲਾਂ, ਲੇਬਰ ਕੋਡ, ਨਿੱਜੀਕਰਨ ਅਤੇ ਠੇਕਾ ਪ੍ਰਥਾ ਦੇ ਵਿਰੋਧ ਵਿੱਚ ਜ਼ੋਰਦਾਰ ਨਾਰੇਬਾਜ਼ੀ ਕੀਤੀ ਗਈ।ਇਸ ਮੌਕੇ ਮੁਲਾਜ਼ਮਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ, ਕਿਸਾਨ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਤਿੱਖਾ ਰੋਸ ਪ੍ਰਗਟਾਇਆ। ਵਕਤਾਵਾਂ ਨੇ ਕਿਹਾ ਕਿ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ, ਮਜ਼ਦੂਰ ਅਧਿਕਾਰਾਂ ਵਿੱਚ ਕਟੌਤੀ ਅਤੇ ਠੇਕਾ ਪ੍ਰਥਾ ਨੂੰ ਵਧਾਵਾ ਦੇਣ ਵਾਲੇ ਫ਼ੈਸਲੇ ਮਜ਼ਦੂਰ ਵਰਗ ਲਈ ਘਾਤਕ ਸਾਬਤ ਹੋ ਰਹੇ ਹਨ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਆਪਣੀਆਂ ਨੀਤੀਆਂ ਵਿੱਚ ਤੁਰੰਤ ਸੁਧਾਰ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਅਤੇ ਵਿਸਤਾਰਿਤ ਕੀਤਾ ਜਾਵੇਗਾ। ਵਰਕਰਾਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਹੜਤਾਲ ਨੂੰ ਪੂਰੀ ਤਰ੍ਹਾਂ ਕਾਮਯਾਬ ਬਣਾਉਣ ਦਾ ਸੰਕਲਪ ਲਿਆ।ਅੰਤ ਵਿੱਚ ਮਜ਼ਦੂਰ ਏਕਤਾ ਜ਼ਿੰਦਾਬਾਦ, ਸਰਕਾਰੀ ਸੰਸਥਾਵਾਂ ਦੀ ਰੱਖਿਆ ਕਰੋ ਅਤੇ ਹੱਕਾਂ ਦੀ ਬਹਾਲੀ ਦੇ ਨਾਅਰੇ ਲਗਾਏ ਗਏ।

### ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਦੀ ਵੱਡੀ ਕਾਰਵਾਈ

## 42 ਦਿਨਾਂ ਦੌਰਾਨ ਨਸ਼ਿਆਂ ਖ਼ਿਲਾਫ਼ 155 ਮੁਕਦਮੇ ਦਰਜ, 234 ਦੋਸ਼ੀ ਕਾਬੂ



ਸ੍ਰੀ ਮੁਕਤਸਰ ਸਾਹਿਬ, 12 ਫਰਵਰੀ (ਐਚ ਐਸ ਕਪੂਰ): ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਰਾਜ ਪੱਧਰੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ, ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰਾਂ ਵਿਰੁੱਧ ਨਿਰੰਤਰ, ਠੋਸ ਅਤੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਐਸ.ਐਸ.ਪੀ. ਦੀ ਦੇਖ–ਰੇਖ ਹੇਠ ਜਿੱਥੇ ਇੱਕ ਪਾਸੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਅੰਦਰ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਦੂਜੇ ਪਾਸੇ ਨਸ਼ਾ ਤਸਕਰਾਂ, ਸੁਦਾਗਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਜੁੜੇ ਗਿਰੋਹਾਂ ਵਿਰੁੱਧ ਲਗਾਤਾਰ ਕਾਰਵਾਈ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਘਰੇ ਵਿੱਚ ਲਿਆਂਦਾ ਜਾ ਰਿਹਾ ਹੈ।**ਨਸ਼ਿਆਂ ਖ਼ਿਲਾਫ਼ ਕਾਰਵਾਈ ਅਤੇ ਰਿਕਵਰੀ**1ਜਨਵਰੀ ਤੋਂ ਅੱਜ ਤੱਕ (ਪਿੱਛਲੇ 42) ਦਿਨਾਂ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਿਆਂ ਖ਼ਿਲਾਫ਼ 155 ਮੁਕਦਮੇ ਦਰਜ ਕਰਕੇ 234 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ।ਇਸ ਦੌਰਾਨ ਪੁਲਿਸ ਵੱਲੋਂ ਹੇਠ ਲਿਖੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ:ਹੈਰੋਇਨ - 01ਕਿੱਲੋ 282 ਗ੍ਰਾਮ ਅਫ਼ੀਮ - 01 ਕਿਲੋਗ੍ਰਾਮਪੋਸਤ - 89.270 ਕਿਲੋਗ੍ਰਾਮਨਸ਼ੀਲੀਆਂ ਗੋਲੀਆਂ - 23878ਗਾਂਜਾ– 900 ਗ੍ਰਾਮ ਡਰੱਗ ਮਨੀ - 1,96,800 ਬੈਕਵਰਡ ਅਤੇ ਫਾਰਵਰਡ ਲਿੰਕੇਜ ਖੰਗਾਲ ਕੇ ਬਠਿੰਡਾ ਵਿੱਚ ਗੈਰਕਾਨੂੰਨੀ ਦਵਾਈ ਫੈਕਟਰੀ ਸੀਲ ਐਸ.ਐਸ.ਪੀ. ਨੇ ਦੱਸਿਆ ਕਿ ਮੁਕਦਮਾ ਨੰਬਰ 316 ਮਿਤੀ 26.11.2025 ਵਿੱਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਗਹਿਰਾਈ ਨਾਲ ਪੁੱਛਗਿੱਛ ਕਰਕੇ ਅਤੇ ਉਨ੍ਹਾਂ ਦੇ ਬੈਕਵਰਡ ਅਤੇ ਫਾਰਵਰਡ ਲਿੰਕੇਜ ਨੂੰ ਖੰਗਾਲਦਿਆਂ, ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜਨਵਰੀ ਮਹੀਨੇ ਦੌਰਾਨ ਨਸ਼ਾ ਤਸਕਰੀ ਦੇ ਨੈੱਟਵਰਕ ਦੇ ਉੱਪਰਲੇ ਪੱਧਰ ਤੱਕ ਪਹੁੰਚ ਬਣਾਈ ਗਈ। ਇਸ ਕਾਰਵਾਈ ਦੌਰਾਨ ਜਿੱਥੇ ਇੱਕ ਪਾਸੇ ਹੇਠਲੇ ਪੱਧਰ 'ਤੇ ਨਸ਼ੀਲੀਆਂ ਗੋਲੀਆਂ ਅਤੇ ਨਸ਼ੀਲਾ ਸਾਮਾਨ ਬਰਾਮਦ ਕੀਤਾ ਗਿਆ, ਉੱਥੇ ਹੀ ਦੂਜੇ ਪਾਸੇ ਬਠਿੰਡਾ ਵਿੱਚ ਗੈਰਕਾਨੂੰਨੀ ਤੌਰ 'ਤੇ ਨਸ਼ੀਲੀਆਂ ਦਵਾਈਆਂ ਤਿਆਰ ਕਰਨ ਵਾਲੀ ਫੈਕਟਰੀ ਦਾ ਪਰਦਾਫਾਸ਼ ਕਰਕੇ ਉਸਨੂੰ ਸੀਲ ਕੀਤਾ ਗਿਆ।ਉਕਤ ਰੇਡ ਦੌਰਾਨ ਬਰਾਮਦਗੀ:1,85,000 ਖੁੱਲ੍ਹੀਆਂ ਗੋਲੀਆਂ 42,350 ਜ਼ੈਂਟਾਡੋਲ ਗੋਲੀਆਂ 1,22,400 ਟੈਨੇਡੋਲ ਗੋਲੀਆਂ ਲੱਗਭੱਗ 10 ਕਿਲੋਗ੍ਰਾਮ ਕੱਚਾ ਮਾਲ ਪੁਲਿਸ ਦੀ ਕਾਰਵਾਈ ਸਿਰਫ਼ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਸੀਮਿਤ ਨਹੀਂ ਰਹੀ, ਸਗੋਂ ਨਸ਼ਾ ਕਰ ਰਹੇ ਵਿਅਕਤੀਆਂ ਨੂੰ ਇਲਾਜ ਅਤੇ ਕਾਉਂਸਲਿੰਗ ਰਾਹੀਂ ਮੁੜ ਸਹੀ ਜੀਵਨ ਧਾਰਾ ਵੱਲ ਲਿਆਂਦਾ ਜਾ ਰਿਹਾ ਹੈ। ਇਸ ਦੇ ਨਾਲ ਹੀ, NDPS ਐਕਟ ਅਧੀਨ ਗੰਭੀਰ ਦੋਸ਼ਾਂ ਵਿੱਚ ਸ਼ਾਮਲ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਦੀ ਜਾਂਚ ਕਰਕੇ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਸੰਪਤੀ ਨੂੰ ਵੈਰੀਫਾਈ ਕਰਵਾਇਆ ਜਾ ਰਿਹਾ ਹੈ ਅਤੇ ਕੰਪਟੈਂਟ ਅਥਾਰਟੀ ਤੋਂ ਫਰੀਜ਼ ਕਰਵਾਉਣ ਦੀ ਕਾਰਵਾਈ ਵੀ ਅਮਲ ਵਿੱਚ ਲਿਆਈ ਜਾ ਰਹੀ ਹੈ।**ਲੋਕਾਂ ਨੂੰ ਅਪੀਲ - ਇਹ ਲੜਾਈ ਸਾਂਝੀ ਹੈ***ਐਸ.ਐਸ.ਪੀ. ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ. ਨੇ ਲੋਕਾਂ ਨੂੰ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਸਿਰਫ਼ ਪੁਲਿਸ ਦੀ ਨਹੀਂ, ਸਗੋਂ ਸਮੂਹ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਅਪੀਲ ਕੀਤੀ ਕਿ ਨਸ਼ਾ ਵੇਚਣ ਜਾਂ ਵਰਤਣ ਵਾਲਿਆਂ ਬਾਰੇ ਜਾਣਕਾਰੀ ਪੁਲਿਸ ਨਾਲ ਗੁਪਤ ਤਰੀਕੇ ਨਾਲ ਸਾਂਝੀ ਕੀਤੀ ਜਾਵੇ। ਪੁਲਿਸ ਹਰ ਸੂਚਨਾ 'ਤੇ ਗੰਭੀਰਤਾ ਨਾਲ ਕਾਰਵਾਈ ਕਰੇਗੀ ਅਤੇ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਥਾਪਨਾ ਲਈ ਸ੍ਰੀ ਮੁਕਤਸਰ ਸਾਹਿਬ ਪੁਲਿਸ ਅੱਗੇ ਵੀ ਅਜਿਹੀਆਂ ਸਖ਼ਤ ਅਤੇ ਲਗਾਤਾਰ ਕਾਰਵਾਈਆਂ ਜਾਰੀ ਰੱਖੇਗੀ।

## ਭਾਰਤ ਬੰਦ ਦੌਰਾਨ ਸੁਨਾਮ 'ਚ ਲਾਇਆ ਧਰਨਾ



ਸੁਨਾਮ ਊਧਮ ਸਿੰਘ ਵਾਲਾ, 12 ਫਰਵਰੀ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਟਰੇਡ ਯੂਨੀਅਨਾਂ ਵੱਲੋਂ ਦਿੱਤੇ ਗਏ ਭਾਰਤ ਬੰਦ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ,ਲਾਲ ਭੱਠਾ ਮਜ਼ਦੂਰ ਮਜ਼ਦੂਰ ਯੂਨੀਅਨ (ਸੀਟੂ),ਲਾਲ ਝੰਡਾ ਮਿੱਡ–ਡੇ–ਮੀਲ ਵਰਕਰਜ ਯੂਨੀਅਨ (ਸੀਟੂ) ਅਤੇ ਆਂਗਣਵਾੜੀ ਵਰਕਰਜ਼ ਯੂਨੀਅਨ ਸਮੇਤ ਵੱਖ–ਵੱਖ ਟ੍ਰੇਡ ਯੂਨੀਅਨਾਂ ਵੱਲੋਂ ਹੜਤਾਲ ਨੂੰ ਲੈਕੇ ਸਥਾਨਕ ਸਿਵਲ ਹਸਪਤਾਲ ਦੇ ਸਾਹਮਣੇ ਫਲਾਈ ਓਵਰ 'ਤੇ ਚੱਕਾ ਜਾਮ ਕਰਕੇ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਕਿਸਾਨ ਆਗੂ ਦਰਬਾਰਾ ਸਿੰਘ ਛਾਜਲਾ,ਜਸਵੰਤ ਸਿੰਘ ਤੋਲਾਵਾਲ, ਸੁਖਪਾਲ ਸਿੰਘ ਮਾਣਕ ਕਣਕਵਾਲ, ਮੱਖਣ ਸਿੰਘ ਜਖੇਪਲ, ਬੀਬੀ ਊਸ਼ਾ ਰਾਣੀ ਕੌਮੀ ਪ੍ਰਧਾਨ ਆਂਗਣਵਾੜੀ ਵਰਕਰਜ਼ ਯੂਨੀਅਨ, ਬੀਬੀ ਜਸਮੇਲ ਕੌਰ ਬੀਰ ਕਲਾਂ,ਤ੍ਰਿਸ਼ਨਜੀਤ ਕੌਰ ਆਦਿ ਨੇ ਕਿਹਾ ਕਿ ਕੇਂਦਰ ਸਰਕਾਰ ਭਾਰਤ–ਅਮਰੀਕਾ ਸਮਝੌਤੇ ਜਰੀਏ ਛੋਟੇ ਕਿਸਾਨਾਂ, ਦੁਕਾਨਦਾਰਾਂ ਅਤੇ ਗਰੀਬ ਲੋਕਾਂ ਨੂੰ ਖਤਮ ਕਰਨ 'ਤੇ ਤੁਲੀ ਹੋਈ ਹੈ।ਆਗੂਆਂ ਨੇ ਭਾਰਤ–ਅਮਰੀਕਾ ਵਪਾਰਕ ਸਮਝੌਤਾ ਰੱਦ ਕਰਵਾਉਣ ਲਈ ਕਿਰਤੀ ਲੋਕਾਂ ਨੂੰ ਇਕ ਮੰਚ 'ਤੇ ਇਕੱਠੇ ਹੋਕੇ ਤਿੱਖਾ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ।ਇਸ ਸਮੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲੇ ਵੀ ਫੂਕੇ ਗਏ।ਭਾਵੇਂ ਭਾਰਤ ਬੰਦ ਦੇ ਸੱਦੇ ਦੌਰਾਨ ਸੁਨਾਮ ਸ਼ਹਿਰ ਦੇ ਬਜਾਰ ਆਮ ਦਿਨਾਂ ਵਾਂਗ ਖੁੱਲ੍ਹੇ ਰਹੇ ਪਰ ਸਥਾਨਕ ਫਲਾਈ ਓਵਰ 'ਤੇ ਚੱਕਾ ਜਾਮ ਹੋਣ ਕਾਰਨ ਸ਼ਹਿਰ ਦੇ ਬੱਸ ਸਟੈਂਡ ਵਿਚ ਬੱਸਾਂ ਨਾ ਆਉਣ–ਜਾਣ ਕਾਰਨ ਆਮ ਲੋਕ ਖੱਜਲ–ਖੁਵਾਰ ਜਰੂਰ ਹੁੰਦੇ ਰਹੇ।ਇਸ ਮੌਕੇ ਰਾਮਸਰਨ ਸਿੰਘ ਉਗਰਾਹਾਂ,ਪਾਲ ਸਿੰਘ ਦੌਲਾ ਸਿੰਘ ਵਾਲਾ,ਯਾਦਵਿੰਦਰ ਸਿੰਘ ਚੱਠੇ ਨੱਕਟੇ,ਨਿਰਮਲ ਕੌਰ ਸੁਨਾਮ,ਸੁਖਵਿੰਦਰ ਕੌਰ ਰਣੀਕੇ,ਪਰਮਜੀਤ ਕੌਰ ਹਸਨਪੁਰ,ਖੁਸ਼ਪ੍ਰੀਤ ਕੌਰ ਚੰਗਾਲ,ਜਸਪ੍ਰੀਤ ਕੌਰ ਕੜੈਲ,ਪਰਮਜੀਤ ਕੌਰ ਲੌਂਗੋਵਾਲ,ਗੁਰਵਿੰਦਰ ਕੌਰ,ਜਸਵਿੰਦਰ ਕੌਰ,ਹਰਪ੍ਰੀਤ ਕੌਰ ਅਤੇ ਸ਼ਿੰਦਰ ਕੌਰ ਆਦਿ ਮੌਜੂਦ ਸਨ।

## ਬਰਨਾਲਾ ਦੇ ਪਿੰਡ ਢਿੱਲਵਾਂ 'ਚ ਹਾਦਸਾ : ਨੀਂਹਾਂ ਧਸਣ ਕਾਰਨ ਦੋ ਮੰਜ਼ਿਲਾ ਮਕਾਨ ਮਲ਼ਬੇ ਦੇ ਢੇਰ 'ਚ ਤਬਦੀਲ



ਬਰਨਾਲਾ, 12 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਜ਼ਿਲ੍ਹਾ ਬਰਨਾਲਾ ਦੇ ਅਧੀਨ ਆਉਂਦੇ ਤਪਾ ਦੇ ਨੇੜਲੇ ਪਿੰਡ ਢਿੱਲਵਾਂ ਵਿਖੇ ਇਕ ਬੇਹੱਦ ਮੰਦਭਾਗੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇਕ ਹੱਸਦਾ-ਵਸਦਾ ਦੋ ਮੰਜ਼ਿਲਾ ਘਰ ਪਲਾਂ 'ਚ ਹੀ ਮਲ਼ਬੇ ਦੇ ਢੇਰ 'ਚ ਤਬਦੀਲ ਹੋ ਗਿਆ। ਜਾਣਕਾਰੀ ਅਨੁਸਾਰ ਘਰ ਦੀਆਂ ਨੀਹਾਂ ਅਚਾਨਕ ਧਸ ਜਾਣ ਕਾਰਨ ਇਹ ਹਾਦਸਾ ਵਾਪਰਿਆ। ਜਿਸ ਕਾਰਨ ਪਰਿਵਾਰ ਦਾ ਲੱਖਾਂ ਰੁਪਏ ਦਾ ਘਰੇਲੂ ਸਾਮਾਨ ਮਲਬੇ ਹੇਠ ਦੱਬ ਕੇ ਪੂਰੀ ਤਰ੍ਹਾਂ ਬਰਬਾਦ ਹੋ ਗਿਆ ਹੈ। ਪੀੜ੍ਹਤ ਘਰ ਦੇ ਮਾਲਕ ਪੂਰਨ ਸਿੰਘ ਪੁੱਤਰ ਬਲਵੀਰ ਸਿੰਘ ਨੇ ਭਰੇ ਮਨ ਨਾਲ ਦੱਸਿਆ ਕਿ ਲੰਘੀ 8 ਫਰਵਰੀ ਐਤਵਾਰ ਨੂੰ ਛੁੱਟੀ ਹੋਣ ਕਾਰਨ ਉਹ ਆਪਣੇ ਪਰਿਵਾਰ ਸਮੇਤ ਕਿਸੇ ਰਿਸ਼ਤੇਦਾਰ ਦੇ ਘਰ ਮਿਲਣ ਲਈ ਗਏ ਹੋਏ ਸਨ। ਰਾਤ ਕਰੀਬ 8 ਵਜੇ ਉਨ੍ਹਾਂ ਨੂੰ ਗੁਆਂਢੀਆਂ ਦਾ ਫੋਨ ਆਇਆ। ਜਿਸ ਤੋਂ ਪਤਾ ਲੱਗਿਆ ਕਿ ਉਨ੍ਹਾਂ ਦਾ ਘਰ ਜ਼ਮੀਨਦੋਜ਼ ਹੋ ਗਿਆ ਹੈ। ਇਸ ਖ਼ਬਰ ਨੇ ਪਰਿਵਾਰ ਦੇ ਪੈਰਾਂ ਹੇਠੋਂ ਜ਼ਮੀਨ ਖਿਸਕਾ ਦਿੱਤੀ। ਪੀੜਤ ਨੇ ਦੱਸਿਆ ਕਿ ਜਦੋਂ ਉਹ ਤੁਰੰਤ ਮੌਕੇ 'ਤੇ ਪਹੁੰਚੇ ਤਾਂ ਉੱਥੇ ਪਿੰਡ ਵਾਸੀਆਂ ਦਾ ਵੱਡਾ ਇਕੱਠ ਮੌਜੂਦ ਸੀ। ਗੁਆਂਢੀਆਂ ਮੁਤਾਬਕ ਰਾਤ ਦੇ ਸਮੇਂ ਅਚਾਨਕ ਇਕ ਜ਼ੋਰਦਾਰ ਧਮਾਕੇ ਵਰਗੀ ਆਵਾਜ਼ ਆਈ, ਜਦੋਂ ਉਹ ਘਰਾਂ ਤੋਂ ਬਾਹਰ ਨਿਕਲੇ ਤਾਂ ਦੇਖਿਆ ਕਿ ਪੂਰਨ ਸਿੰਘ ਦਾ ਦੋ ਮੰਜ਼ਿਲਾ ਮਕਾਨ ਨੀਹਾਂ ਬੈਠਣ ਕਾਰਨ ਪੂਰੀ ਤਰ੍ਹਾਂ ਡਿੱਗ ਚੁੱਕਾ ਸੀ। ਖੁਸ਼ਕਿਸਮਤੀ ਇਹ ਰਹੀ ਕਿ ਹਾਦਸੇ ਸਮੇਂ ਘਰ ਦੇ ਅੰਦਰ ਕੋਈ ਮੌਜੂਦ ਨਹੀਂ ਸੀ। ਜਿਸ ਕਾਰਨ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਆਫ਼ਤ ਨੇ ਪੀੜਤ ਪਰਿਵਾਰ ਨੂੰ ਆਰਥਿਕ ਤੌਰ 'ਤੇ ਵੱਡੀ ਸੱਟ ਮਾਰੀ ਹੈ। ਘਰ ਅੰਦਰ ਪਿਆ ਕੀਮਤੀ ਸਾਮਾਨ, ਫਰਨੀਚਰ, ਇਲੈਕਟ੍ਰਾਨਿਕ ਉਪਕਰਨ ਤੇ ਹੋਰ ਘਰੇਲੂ ਵਸਤਾਂ ਮਲਬੇ ਹੇਠ ਦੱਬ ਕੇ ਨਸ਼ਟ ਹੋ ਗਈਆਂ ਹਨ। ਪੀੜਤ ਪਰਿਵਾਰ ਨੇ ਪ੍ਰਸ਼ਾਸਨ ਤੇ ਸਰਕਾਰ ਤੋਂ ਗੁਹਾਰ ਲਗਾਈ ਹੈ ਕਿ ਉਨ੍ਹਾਂ ਦੇ ਹੋਏ ਇਸ ਭਾਰੀ ਨੁਕਸਾਨ ਦਾ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਹ ਮੁੜ ਸਿਰ ਢਕਣ ਲਈ ਛੱਤ ਤਿਆਰ ਕਰ ਸਕਣ।

## ਭਾਕਿਯੂ ਡਕੌਂਦਾ ਮਹਾਰਾਸ਼ਟਰ ਦੇ ਕਿਸਾਨਾਂ ਦੇ ਹੱਕ 'ਚ ਡਟੀ



ਖੁੱਡੀ ਕਲਾਂ\ ਬਰਨਾਲਾ, 12 ਫਰਵਰੀ (ਬਘੇਲ ਸਿੰਘ ਧਾਲੀਵਾਲ): ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਬਲਾਕ ਬਰਨਾਲਾ ਨੇ ਬਲਾਕ ਪ੍ਰਧਾਨ ਜਸਵੰਤ ਸਿੰਘ ਸੰਘੇੜਾ ਦੀ ਅਗਵਾਈ ਹੇਠ ਖੁੱਡੀ ਕਲਾਂ 16 ਦੇ ਮੱਠ ਨੇੜੇ ਸਥਿਤ ਮੇਘਰਾਜ ਗੋਇਲ ਐਂਡ ਸੰਨਜ਼ ਫੈਕਟਰੀ ਅੱਗੇ ਸੰਕੇਤਕ ਧਰਨਾ ਦਿੱਤਾ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰੈਸ ਸਕੱਤਰ ਇੰਦਰਪਾਲ ਸਿੰਘ,ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਉੱਗੋਕੇ,ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਹਰਚਰਨ ਸਿੰਘ ਸੁਖਪੁਰਾ,ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਮਹਿਤਾ ਹਾਜ਼ਰ ਹੋਏ। ਇਸ ਸਮੇਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਾਂਝੇ ਤੌਰ 'ਤੇ ਆਗੂਆਂ ਦਸਿਆ ਕਿ ਮਹਾਰਾਸ਼ਟਰ ਦੇ ਜ਼ਿਲ੍ਹਾ ਔਰੰਗਾਬਾਦ ਦੇ ਸੱਤ ਕਿਸਾਨ ਜਿੰਨ੍ਹਾਂ ਦੇ ਨਾਮ ਸੋਮੇਗੇ, ਲੱਛਮਣ ਰਾਮਦਾਸ, ਕਾਸੀਨਾਥ, ਸ਼ੰਕਰ, ਨਾਗਾਰਾਏ, ਵਾਸੂਦੇਵਾ, ਸੁਰੇਸ਼ ਸ਼ਿੰਦੇ ਨੇ ਮੱਕੀ ਕੱਟਰ ਮਸ਼ੀਨਾਂ ਉਕਤ ਫਰਮ ਤੋਂ ਖ੍ਰੀਦਿਆਂ ਸਨ ਜਿਨ੍ਹਾਂ ਦੀ ਤਕਰੀਬਨ 11 ਲੱਖ ਰੁਪਏ ਇੱਕ ਮਸ਼ੀਨ ਦੀ ਕੀਮਤ ਅਦਾ ਕੀਤੀ ਗਈ ਪ੍ਰੰਤੂ ਉਕਤ ਮਸ਼ੀਨਾਂ ਮਹਾਰਾਸ਼ਟਰ ਜਾਕੇ ਕਿਸਾਨਾਂ ਦੇ ਖੇਤਾਂ ਵਿੱਚ ਨਹੀਂ ਚੱਲੀਆ ਵਾਰ ਵਾਰ ਖ਼ਰਾਬ ਹੁੰਦੀਆਂ ਰਹੀਆਂ ਉਲਟਾ ਕਿਸਾਨਾਂ ਵੱਲੋਂ ਕਰਜ਼ਾ ਚੁੱਕ ਕੇ ਲਏ ਟਰੈਕਟਰ ਵੀ ਵੇਹਲੇ ਰਹੇ ਜਿੰਨਾਂ ਦੀਆਂ ਕਿਸ਼ਤਾਂ ਕਿਸਾਨਾਂ ਦੇ ਸਿਰ ਟੁੱਟ ਗਈਆਂ ਪ੍ਰੰਤੂ ਫੈਕਟਰੀ ਮਾਲਕ ਨੂੰ ਵਾਰ-ਵਾਰ ਕਹਿਣ 'ਤੇ ਵੀ ਕੋਈ ਠੋਸ ਹੱਲ ਨਹੀਂ ਕੱਢਿਆ ਗਿਆ ਜਿਸ ਤੋਂ ਬਾਅਦ ਜੱਥੇਬੰਦੀ ਕੋਲ ਮਾਮਲਾ ਆਇਆ ਤਾਂ ਫੈਕਟਰੀ ਮਾਲਕ ਨੇ ਨਵੀਆਂ ਮਸ਼ੀਨਾਂ ਬਦਲ ਦੇਣ ਦਾ ਲਿਖਤੀ ਸਮਝੌਤਾ ਕੀਤਾ ਪਰ ਦੋ ਵਾਰ ਸਮੇਂ ਦੇਣ ਤੋਂ ਬਾਅਦ ਵੀ ਆਪਣੇ ਵਾਅਦੇ ਤੇ ਖਰਾ ਨਹੀਂ ਉਤਰਿਆ, ਜਿਸ ਕਾਰਨ ਜੱਥੇਬੰਦੀ ਨੇ ਸੰਕੇਤਕ ਧਰਨਾ ਦੇ ਕੱਲ ਭਾਵ 13 ਫਰਵਰੀ ਦੇ ਸਵੇਰੇ 10 ਵਜੇ ਤੱਕ ਦਾ ਸਮਾਂ ਦੇਕੇ ਧਰਨਾ ਸਮਾਪਤ ਕੀਤਾ ਆਗੂਆਂ ਅੱਗੇ ਕਿਹਾ ਕੀ ਅਗਰ 10 ਵਜੇ ਤੱਕ ਮਸਲਾ ਹੱਲ ਨਾ ਹੋਇਆ ਤਾਂ ਮਹਾਰਾਸ਼ਟਰ ਦੇ ਕਿਸਾਨਾਂ ਦੇ ਹੱਕ ਵਿੱਚ ਦਿਨ ਰਾਤ ਦਾ ਪੱਕਾ ਮੋਰਚਾ ਲਾਇਆ ਜਾਵੇਗਾ। ਇਸ ਸਮੇਂ ਬਲਾਕ ਆਗੂ ਗੁਰਜੰਟ ਸਿੰਘ ਖੁੱਡੀ ਕਲਾਂ,ਰਣਜੀਤ ਭੂਰੇ,ਮੇਲਾ ਸਿੰਘ ਖੁੱਡੀ ਕਲਾਂ,ਜਰਨੈਲ ਹੰਡਿਆਇਆ, ਬਲਜਿੰਦਰ ਸਿੰਘ ਸੰਘੇੜਾ,ਦਰਸ਼ਨ ਸਿੰਘ ਠੀਕਰੀਵਾਲਾ,ਦੇਵ ਧੌਲਾ ਆਦਿ ਆਗੂ ਹਾਜ਼ਰ ਸਨ।

## ਬਰਨਾਲਾ ਵਿੱਚ ਤਿੰਨ ਰੋਜ਼ਾ 'ਪੰਜਾਬ ਸਖੀ ਸ਼ਕਤੀ ਮੇਲਾ' 24 ਤੋਂ : ਡਿਪਟੀ ਕਮਿਸ਼ਨਰ

### ਵਧੀਕ ਡਿਪਟੀ ਕਮਿਸ਼ਨਰ ਵੱਲੋਂ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗ




ਬਰਨਾਲਾ, 12 ਫਰਵਰੀ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਵਿੱਚ ਤਿੰਨ ਰੋਜ਼ਾ 'ਪੰਜਾਬ ਸਖੀ ਸ਼ਕਤੀ ਮੇਲਾ' 24, 25 ਅਤੇ 26 ਫਰਵਰੀ ਨੂੰ ਅਨਾਜ ਮੰਡੀ ਬਰਨਾਲਾ ਵਿੱਚ ਕਰਵਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਦੀ ਅਗਵਾਈ ਹੇਠ ਕਰਵਾਏ ਜਾਣ ਵਾਲੇ ਇਸ ਮੇਲੇ ਵਿੱਚ ਵੱਖ-ਵੱਖ ਸੈਲਫ ਹੈਲਪ ਗਰੁੱਪਾਂ, ਵਿਭਾਗਾਂ ਦੀਆਂ ਸਟਾਲਾਂ, ਬੱਚਿਆਂ ਦੀਆਂ ਸੱਭਿਆਚਾਰਕ ਪੇਸ਼ਕਾਰੀਆਂ, ਉੱਘੇ ਗਾਇਕਾਂ ਦੀਆਂ ਪੇਸ਼ਕਾਰੀਆਂ ਸਮੇਤ ਵੱਡੀ ਗਿਣਤੀ ਗਤੀਵਿਧੀਆਂ ਮੇਲੇ ਦੀ ਸ਼ਾਨ ਬਣਨਗੀਆਂ। ਇਸ ਸਬੰਧੀ ਅੱਜ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ ਦੀ ਅਗਵਾਈ ਹੇਠ ਵੱਖ -ਵੱਖ ਵਿਭਾਗਾਂ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਮੇਲੇ ਨੂੰ ਸੁਚਾਰੂ ਤਰੀਕੇ ਨਾਲ ਕਰਵਾਉਣ, ਸੁਰੱਖਿਆ ਪ੍ਰਬੰਧਾਂ ਤੇ ਵਿਭਾਗੀ ਤਾਲਮੇਲ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੇਲੇ ਦੀਆਂ ਤਿਆਰੀਆਂ ਸਮੇਂ-ਸਿਰ ਪੂਰੀਆਂ ਕਰਨ ਅਤੇ ਆਉਣ ਵਾਲੇ ਲੋਕਾਂ ਨੂੰ ਹਰ ਸੰਭਵ ਸਹੂਲਤ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਮੁੱਖ ਮਕਸਦ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ।

ਉਨ੍ਹਾਂ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮੇਲੇ ਵਾਲੀ ਥਾਂ 'ਤੇ ਸਾਫ਼-ਸਫਾਈ, ਪੀਣ ਵਾਲੇ ਪਾਣੀ ਅਤੇ ਬਿਜਲੀ ਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣ। ਸੁਰੱਖਿਆ ਦੇ ਲਿਹਾਜ਼ ਨਾਲ ਪੁਲਿਸ ਵਿਭਾਗ ਵੱਲੋਂ ਉਚਿਤ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸਵਿੰਦਰ ਸਿੰਘ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਵੈਲੇਨਟਾਈਨ ਡੇ ਦੇ ਨਾਮ 'ਤੇ ਅਸ਼ਲੀਲਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਵੀਐਚਪੀ



ਬਰਨਾਲਾ, 12 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵੀਐਚਪੀ ਬਜਰੰਗ ਦਲ ਬਰਨਾਲਾ ਨੇ ਅੱਜ ਇੱਕ ਮਹੱਤਵਪੂਰਨ ਮੀਟਿੰਗ ਕੀਤੀ, ਜਿੱਥੇ ਇਹ ਫੈਸਲਾ ਕੀਤਾ ਗਿਆ ਕਿ ਬਜਰੰਗ ਦਲ ਵੈਲੇਨਟਾਈਨ ਡੇ ਦੇ ਨਾਮ 'ਤੇ ਸਾਡੀਆਂ ਭੈਣਾਂ ਨਾਲ ਅਸ਼ਲੀਲਤਾ ਜਾਂ ਛੇੜਛਾੜ ਬਰਦਾਸ਼ਤ ਨਹੀਂ ਕਰੇਗਾ, ਕਿਉਂਕਿ ਵੈਲੇਨਟਾਈਨ ਡੇ ਦਾ ਅਰਥ ਅਸ਼ਲੀਲਤਾ ਫੈਲਾਉਣਾ ਨਹੀਂ ਹੈ, ਇਸ ਲਈ ਵੀਐਚਪੀ ਵਿਭਾਗ ਦੇ ਮੰਤਰੀ ਨੀਲਮਣੀ ਸਮਾਧੀਆ ਨੇ ਕਿਹਾ ਕਿ ਪਿਆਰ ਲਈ ਕੋਈ ਨਿਸ਼ਚਿਤ ਦਿਨ ਜਾਂ ਸੱਤ ਨਹੀਂ ਹੁੰਦੇ। ਇਸਦੇ ਲਈ ਕੋਈ ਨਿਸ਼ਚਿਤ ਦਿਨ ਨਹੀਂ ਹੁੰਦਾ। ਵੈਲੇਨਟਾਈਨ ਡੇ ਦੇ ਨਾਮ 'ਤੇ ਅਸ਼ਲੀਲਤਾ ਫੈਲਾਉਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਅਜਿਹਾ ਹੁੰਦਾ ਹੈ, ਜੇਕਰ ਕੋਈ ਕਾਲਜਾਂ ਜਾਂ ਸਕੂਲਾਂ ਦੇ ਬਾਹਰ ਸਾਡੀਆਂ ਭੈਣਾਂ ਨੂੰ ਅਸ਼ਲੀਲਤਾ ਫੈਲਾਉਂਦਾ ਹੈ ਜਾਂ ਪਰੇਸ਼ਾਨ ਕਰਦਾ ਹੈ, ਤਾਂ ਪ੍ਰਸ਼ਾਸਨ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ। ਪ੍ਰਸ਼ਾਸਨ ਨੂੰ ਸਾਰੇ ਪਾਰਕਾਂ, ਕਾਲਜਾਂ, ਸਕੂਲਾਂ ਅਤੇ ਰੈਸਟੋਰੈਂਟਾਂ 'ਤੇ ਸਖ਼ਤ ਨਜ਼ਰ ਰੱਖਣੀ ਚਾਹੀਦੀ ਹੈ। ਬਜਰੰਗ ਦਲ ਦੇ ਜ਼ਿਲ੍ਹਾ ਕਨਵੀਨਰ ਰਾਹੁਲ ਵਾਲੀ ਨੇ ਇਹ ਵੀ ਕਿਹਾ ਕਿ ਬਜਰੰਗ ਦਲ ਕਦੇ ਵੀ ਆਪਣੀਆਂ ਕਦਰਾਂ-ਕੀਮਤਾਂ ਤੋਂ ਪਰੇ ਨਹੀਂ ਜਾਂਦਾ। ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਸਹਿ-ਮੰਤਰੀ ਤੇਜੇਂਦਰ ਪਿੰਟਾ ਨੇ ਕਿਹਾ ਕਿ ਪ੍ਰਸ਼ਾਸਨ ਨੂੰ ਅਜਿਹੇ ਸ਼ਰਾਰਤੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਉਹ ਸਾਡੀਆਂ ਭੈਣਾਂ-ਧੀਆਂ ਨੂੰ ਪਰੇਸ਼ਾਨ ਨਾ ਕਰਨ ਅਤੇ ਸ਼ਹਿਰ ਦਾ ਮਾਹੌਲ ਕਿਸੇ ਵੀ ਤਰ੍ਹਾਂ ਖਰਾਬ ਨਾ ਹੋਵੇ। ਬਜਰੰਗ ਦਲ ਵਿਸ਼ਵ ਹਿੰਦੂ ਪ੍ਰੀਸ਼ਦ ਨੂੰ ਅਪੀਲ ਕਰਦਾ ਹੈ ਕਿ ਉਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਅਜਿਹੇ ਸ਼ਰਾਰਤੀ ਅਨਸਰਾਂ ਵਿਰੁੱਧ ਕਾਰਵਾਈ ਕਰੇ। ਇਸ ਮੀਟਿੰਗ ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਯਸ਼ਪਾਲ ਸ਼ਰਮਾ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਸੂਬਾ ਪ੍ਰਧਾਨ, ਮੰਦਰ ਦੇ ਪੁਜਾਰੀ ਅਚਾਰੀਆ ਸ੍ਰੀਨਿਵਾਸ, ਜ਼ਿਲ੍ਹਾ ਮੰਤਰੀ ਪ੍ਰੇਮ ਜੀ ਰਾਇਸਰ ਵਾਲੇ, ਜ਼ਿਲ੍ਹਾ ਮੀਤ ਪ੍ਰਧਾਨ ਰਾਜੇਸ਼ ਚੀਮਾ, ਬਜਰੰਗ ਦਲ ਦੇ ਜ਼ਿਲ੍ਹਾ ਕੋਆਰਡੀਨੇਟਰ ਵਿਮਲ ਕੁਮਾਰ, ਵੈਭਵ ਦੂਬੇ, ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।

## ਨਗਰ ਕੌਂਸਲ ਦੇ ਸ.ਫਾਈ ਕਰਮਚਾਰੀਆਂ ਦੇਸ਼ ਵਿਆਪੀ ਹੜ੍ਹਤਾਲ 'ਚ ਹਿੱਸਾ ਲਿਆ



ਤਪਾ ਮੰਡੀ, 12 ਫਰਵਰੀ (ਰਾਜੂ ਮਹਿਰਾ) : ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਨੇ ਦੇਸ਼ ਵਿਆਪੀ ਹੜਤਾਲ ਦੇ ਸੱਦੇ ਦਾ ਸਮਰਥਨ ਕਰਦਿਆਂ ਇੱਕ ਰੋਜ਼ਾ ਪੂਰਨ ਹੜਤਾਲ ਕੀਤੀ ਗਈ। ਇਸ ਦੌਰਾਨ ਸਫਾਈ ਕਰਮਚਾਰੀਆਂ ਨੇ ਸ਼ਹਿਰ ਦਾ ਸਾਰਾ ਕੰਮ ਕਾਜ ਬੰਦ ਰੱਖਦਿਆਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ। ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਰਾਜ ਕੁਮਾਰ ਰਫੀ ਨੇ ਦੱਸਿਆ ਕਿ ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ,ਠੇਕਾ ਪ੍ਰਥਾ ਖਤਮ ਕਰਨ, ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨ ਅਤੇ ਸ਼ਹਿਰ ਦੀ ਲੋੜ ਅਨੁਸਾਰ ਨਵੇਂ ਸਫਾਈ ਸੇਵਕ ਭਰਤੀ ਕਰਨ ਵਰਗੀਆਂ ਮੰਗਾਂ ਨੂੰ ਲੈ ਕੇ ਇਹ ਹੜਤਾਲ ਕੀਤੀ ਗਈ ਹੈ।ਉਨ੍ਹਾਂ ਨੇ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਪੂਰੇ ਨਹੀਂ ਕੀਤੇ ਜਾ ਰਹੇ ਅਤੇ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਨੂੰ ਅਣਡਿੱਠਾ ਕੀਤਾ ਜਾ ਰਿਹਾ ਹੈ। ਯੂਨੀਅਨ ਨੇ ਪੰਜਾਬ ਪੱਧਰ 'ਤੇ ਇਕਜੁੱਟ ਹੋ ਕੇ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ। ਹੜਤਾਲ ਕਾਰਨ ਦਿਨ ਭਰ ਸਫਾਈ ਨਾ ਹੋਣ ਨਾਲ ਸ਼ਹਿਰ ਵਿੱਚ ਕੂੜੇ ਦੇ ਢੇਰ ਲੱਗ ਗਏ ਅਤੇ ਗੰਦਗੀ ਫੈਲ ਗਈ, ਜਿਸ ਕਾਰਨ ਨਾਗਰਿਕਾਂ ਨੂੰ ਕਾਫੀ ਅਸੁਵਿਧਾਵਾਂ ਦਾ ਸਾਹਮਣਾ ਕਰਨਾ ਪਿਆ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਰਾਜ ਕੁਮਾਰ ਕਾਂਗੜਾ, ਜਗਤ ਕੁਮਾਰ, ਦੀਪਕ ਕੁਮਾਰ, ਤਾਰੀ ਸਿੰਘ, ਬੰਟੀ ਕੁਮਾਰ, ਲਵ ਕੁਮਾਰ, ਸੋਨਾ ਰਾਣੀ, ਸਿਕੰਦਰ ਕੁਮਾਰ, ਅਜੇ ਕੁਮਾਰ, ਨੇਹਾ ਰਾਣੀ ਆਦਿ ਸਫਾਈ ਸੇਵਕ ਹਾਜ਼ਰ ਸਨ।

## ਪ੍ਰੀਖਿਆ ਕੇਂਦਰਾਂ ਨੇੜੇ ਇਕੱਠ ਕਰਨ 'ਤੇ ਪਾਬੰਦੀ



ਬਰਨਾਲਾ, 12 ਫਰਵਰੀ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਬਰਨਾਲਾ ਅੰਦਰ ਫਰਵਰੀ/ਮਾਰਚ 2026 ਦੀਆਂ ਸਾਲਾਨਾ ਪ੍ਰੀਖਿਆਵਾਂ ਲਈ (ਸਮੇਤ ਓਪਨ ਸਕੂਲ) ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਤਰ ਹੋਣ 'ਤੇ ਮਿਤੀ 17 ਫਰਵਰੀ ਤੋਂ 4 ਅਪ੍ਰੈਲ 2026 ਤੱਕ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ, ਤਾਂ ਜੋ ਪ੍ਰੀਖਿਆ ਵਿੱਚ ਵਿਘਨ ਪਾਉਣ ਵਾਲੇ ਅਨਸਰਾਂ ਨੂੰ ਰੋਕਿਆ ਜਾ ਸਕੇ। ਉਹਨਾਂ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਮਾਤ 8ਵੀਂ 10ਵੀਂ ਅਤੇ 12ਵੀਂ ਦੀਆਂ ਪ੍ਰੀਖਿਆਵਾਂ ਮਿਤੀ 17 ਫਰਵਰੀ 2026 ਤੋਂ 4 ਅਪ੍ਰੈਲ 2026 ਤੱਕ ਕਰਵਾਈਆਂ ਜਾ ਰਹੀਆਂ ਹਨ। ਇਸ ਲਈ ਪ੍ਰੀਖਿਆ ਦੌਰਾਨ ਜ਼ਿਲ੍ਹਾ ਬਰਨਾਲਾ ਅੰਦਰ ਬੋਰਡ ਵੱਲੋਂ ਸਥਾਪਿਤ ਕੀਤੇ ਗਏ ਸਮੁੱਚੇ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਉਪਰੋਕਤ ਹੁਕਮ ਲਾਗੂ ਹੋਣਗੇ।

## ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਵਿਖੇ ਛੋਟੇ ਕਲਾਕਾਰਾਂ ਦੀ ਸਿਰਜਣਾਤਮਕ ਉਡਾਣ



ਬਰਨਾਲਾ, 12 ਫਰਵਰੀ (ਇਸ਼ੇਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ ਨੇ ਨਰਸਰੀ ਅਤੇ ਐਲਕੇਜੀ ਕਲਾਸਾਂ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ 'ਈਅਰਬਡ ਪੇਂਟਿੰਗ ਗਤੀਵਿਧੀ' ਦਾ ਆਯੋਜਨ ਕੀਤਾ, ਜਿਸਨੇ ਸਕੂਲ ਦੇ ਅਹਾਤੇ ਨੂੰ ਰੰਗਾਂ ਅਤੇ ਰਚਨਾਤਮਕਤਾ ਨਾਲ ਭਰ ਦਿੱਤਾ। ਇਸ ਨਵੀਨਤਾਕਾਰੀ ਗਤੀਵਿਧੀ ਦਾ ਉਦੇਸ਼ ਨੌਜਵਾਨ ਵਿਦਿਆਰਥੀਆਂ ਵਿੱਚ ਰਚਨਾਤਮਕ ਪ੍ਰਗਟਾਵੇ, ਵਧੀਆ ਮੋਟਰ ਹੁਨਰ ਅਤੇ ਰੰਗ ਪਛਾਣ ਨੂੰ ਵਿਕਸਤ ਕਰਨਾ ਸੀ। ਇਸ ਗਤੀਵਿਧੀ ਦੌਰਾਨ, ਬੱਚਿਆਂ ਨੇ ਕਾਟਨ ਬਡਸ ਦੀ ਵਰਤੋਂ ਕਰਕੇ ਵੱਖ-ਵੱਖ ਆਕਰਸ਼ਕ ਤਸਵੀਰਾਂ ਰੰਗੀਆਂ। ਉਨ੍ਹਾਂ ਦੇ ਛੋਟੇ ਹੱਥਾਂ ਅਤੇ ਅੱਖਾਂ ਵਿੱਚ ਉਤਸ਼ਾਹ ਸਾਫ਼-ਸਾਫ਼ ਦਿਖਾਈ ਦੇ ਰਿਹਾ ਸੀ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀ ਨਿਖਿਲ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ ਨੇ ਇਸ ਸਮਾਗਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਬੀਵੀਐਮ ਇੰਟਰਨੈਸ਼ਨਲ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ, ਪ੍ਰਾਇਮਰੀ ਕਲਾਸਾਂ ਵਿੱਚ ਅਜਿਹੀਆਂ ਰਚਨਾਤਮਕ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਦੀ ਨੀਂਹ ਹਨ।

## ਕਲਪਨਾ ਦੀ ਉਡਾਣ: ਐਮ.ਟੀ.ਐਸ. ਬਰਨਾਲਾ ਵਿੱਚ ਐਕਟ ਆਫ ਟੇਲਜ਼ ਨਾਲ ਕਹਾਣੀਆਂ ਬਣੀਆਂ




ਬਰਨਾਲਾ, 12 ਫਰਵਰੀ (ਇਸ਼ੇਨ ਕੰਗ) : MTS ਬਰਨਾਲਾ ਵਿੱਚ ਪਲੇ ਵੇ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਐਕਟ ਆਫ ਟੇਲਜ਼ ਨਾਂ ਦੀ ਕਹਾਣੀ ਕਹਿਣ ਦੀ ਵਿਸ਼ੇਸ਼ ਕਲਾਸਰੂਮ ਗਤੀਵਿਧੀ ਕਰਵਾਈ ਗਈ। ਇਸ ਦਾ ਮਕਸਦ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਬੋਲਣ ਦੀ ਕਲਾ ਨੂੰ ਨਿਖਾਰਨਾ ਸੀ। ਨੰਨੇ-ਮੁੰਨੇ ਵਿਦਿਆਰਥੀਆਂ ਨੇ ਰੰਗ-ਬਿਰੰਗੇ ਭੇਸਾਂ ਵਿੱਚ ਕਹਾਣੀਆਂ ਨੂੰ ਅਭਿਨੈ ਅਤੇ ਹਾਵ-ਭਾਵ ਨਾਲ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਇਸ ਗਤੀਵਿਧੀ ਨਾਲ ਬੱਚਿਆਂ ਦੀ ਭਾਸ਼ਾ-ਸ਼ਕਤੀ ਅਤੇ ਮੰਚ ਭਰੋਸਾ ਵਧਿਆ। ਅਧਿਆਪਕਾਂ ਦੀ ਮਿਹਨਤ ਅਤੇ ਪ੍ਰਬੰਧਨ ਦੀ ਸਰਾਹਨਾ ਕੀਤੀ ਗਈ। ਮਾਪਿਆਂ ਨੇ ਵੀ ਇਸ ਉਪਰਾਲੇ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਇਹ ਸਮਾਗਮ MTS ਬਰਨਾਲਾ ਦੀ ਗੁਣਵੱਤਾਪੂਰਨ ਅਤੇ ਰਚਨਾਤਮਕ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਕਾਵੜੀਆਂ ਦੀ ਸੇਵਾ ਕਰਕੇ ਮੈਨੂੰ ਸਕੂਨ ਮਿਲਦੈ : ਪੰਕਜ ਗੌਤਮ



ਧਨੌਲਾ, 12 ਫਰਵਰੀ (ਚਮਕੌਰ ਸਿੰਘ ਗੱਗੀ) : ਸ੍ਰੀ ਮਹਾਵੀਰ ਕਾਵੜ ਸੇਵਾ ਸੰਘ ਧਨੌਲਾ ਵੱਲੋਂ 24ਵਾਂ ਵਿਸ਼ਾਲ ਕਾਵੜ ਕੈਂਪ ਦਰਬਾਰ ਬਾਬਾ ਪੰਕਜ ਗੌਤਮ ਵਿਖੇ ਲਗਾਇਆ ਗਿਆ, ਜਿਸ ਦੀ ਸ਼ੁਰੂਆਤ ਬਾਬਾ ਗੌਤਮ ਜੀ ਨੇ ਜੋਤੀ ਪ੍ਰਚੰਡ ਕਰਨ ਉਪਰੰਤ ਆਰਤੀ ਕਰਕੇ ਕੀਤੀ ਗਈ। ਬਾਬਾ ਜੀ ਸੰਬੋਧਨ ਕਰਦਿਆਂ ਕਿਹਾ ਕਿ ਦੁਨੀਆ ਭਰ ਵਿੱਚ ਮਨਾਈ ਜਾ ਰਹੀ ਸ਼ਿਵਰਾਤਰੀ ਮੌਕੇ ਸ਼੍ਰੀ ਹਰਿਦੁਆਰ ਤੋਂ ਗੰਗਾ ਜਲ ਲੈ ਕੇ ਆ ਰਹੇ ਭਗਤਾਂ ਲਈ ਰਸਤੇ ਵਿੱਚ ਲੰਗਰ ਦੇਣਾ ਤੇ ਉਹਨਾਂ ਦੀ ਸੇਵਾ ਕਰਕੇ ਸਕੂਨ ਮਿਲਦਾ ਹੈ ਅਤੇ ਨੌਜਵਾਨਾਂ ਵੱਲੋਂ ਅਜਿਹੇ ਕੈਂਪ ਲਗਾ ਕੇ ਕਾਵੜੀਆਂ ਦੀ ਸੇਵਾ ਕਰਨ ਨਾਲ ਸ਼ੰਕਰ ਭਗਵਾਨ ਜੀ ਦਾ ਅਸ਼ੀਰਵਾਦ ਮਿਲਦਾ ਹੈ, ਬਾਬਾ ਪੰਕਜ ਜੀ ਨੇ ਕਿਹਾ ਕਿ ਇਹੀ ਉਦਮ ਹਰੇਕ ਆਦਮੀ ਇਕੱਲਾ ਨਹੀਂ ਕਰ ਸਕਦਾ ਇਹ ਨਗਰ ਨਿਵਾਸੀਆਂ ਤੇ ਸਮੂਹ ਭਾਰਾਵਾਂ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ ਇਸ ਮੌਕੇ ਜੈ ਸ਼੍ਰੀ ਦੁਰਗਾ ਭਜਨ ਮੰਡਲ ਦੇ ਸਮੂਹ ਮੈਂਬਰ ਦੇ ਪ੍ਰਧਾਨ ਕਰਮਜੀਤ ਸਿੰਘ ਸਾਗਰ , ਵਿਜੈ ਕੁਮਾਰ ਬੱਬੂ , ਕ੍ਰਿਸ਼ਨ ਕੁਮਾਰ ਤਾਰੀ, ਵਰਿੰਦਰ ਕੁਮਾਰ ਗੱਗੀ, ਨਵੀ ਗਰਗ, ਗੌਰਵ ਮਿੱਤਲ, ਰਾਕੇਸ਼ ਮਿੱਤਲ ਅਤੇ ਨਾਲ ਸ੍ਰੀ ਆਦਿ ਰਾਮਲੀਲਾ ਕਲੱਬ ਦੇ ਪ੍ਰਧਾਨ ਰਜਿੰਦਰ ਕੁਮਾਰ ਦੇ ਨਾਲ ਸਮੂਹ ਅਹੁਦੇਦਾਰਾਂ ਮੈਂਬਰ ਅਤੇ ਟਿੰਕੂ ਬਾਂਸਲ,ਹਰਸ ਬਾਂਸਲ ,ਬੰਟੀ, ਗੌਰਵ ਬਾਂਸਲ , ਪ੍ਰੈੱਸ ਤੋਂ ਪ੍ਰਧਾਨ ਚਮਕੌਰ ਸਿੰਘ ਗੱਗੀ, ਡਾ ਸੁਰਿੰਦਰ ਸਨੀ, ਸੰਜੀਵ ਕਾਲੀ ਹੋਰ ਬਹੁਤ ਸਾਰੇ ਭਗਤ ਜਨ ਹਾਜ਼ਰ ਸਨ।

## ਐਸ.ਬੀ.ਐਸ. ਸਕੂਲ 'ਚ ਬੱਚਿਆਂ ਨੂੰ ਸਬਜ਼ੀਆਂ ਸਬੰਧੀ ਗਤੀਵਿਧੀ ਕਰਵਾਈ



ਬਰਨਾਲਾ, 12 ਫਰਵਰੀ (ਇਸ਼ੇਨ ਕੰਗ) : ਸਬਜ਼ੀਆਂ ਜੋ ਪ੍ਰੋਟੀਨ ਵਿਟਾਮਿਨ ਦਾ ਖਜ਼ਾਨਾ ਹੁੰਦੀਆਂ ਹਨ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਸਹਾਈ ਹੁੰਦੀਆਂ ਹਨ। ਇਸ ਲਈ ਸਾਨੂੰ ਤਾਜ਼ਾ ਸਬਜੀਆਂ ਨੂੰ ਆਪਣੇ ਭੋਜਨ ਵਿੱਚ ਸ਼ਾਮਿਲ ਕਰਨਾ ਚਾਹੀਦਾ ਹੈ। ਇਸੇ ਲਈ ਸਬਜ਼ੀਆਂ ਬਾਰੇ ਭਰਪੂਰ ਜਾਣਕਾਰੀ ਦੇਣ ਲਈ ਐਸ ਬੀ ਐਸ ਪਬਲਿਕ ਸਕੂਲ, ਸੁਰਜੀਤਪੁਰਾ ਵਿਖੇ ਅਧਿਆਪਕਾ ਮਨਦੀਪ ਕੌਰ ਵੱਲੋ ਨਰਸਰੀ ਕਲਾਸ ਦੇ ਬੱਚਿਆਂ ਦੀ ਗਤੀਵਿਧੀ ਕਰਵਾਈ, ਜਿਸ ਵਿੱਚ ਬੱਚਿਆਂ ਨੂੰ ਸਬਜ਼ੀਆਂ ਦੇ ਨਾਮ, ਰੰਗ ਅਤੇ ਪੌਸ਼ਟਿਕ ਤੱਤਾਂ ਬਾਰੇ ਜਾਣਕਾਰੀ ਦਿੱਤੀ ਗਈ। ਅਧਿਆਪਕ ਨੇ ਬੱਚਿਆਂ ਨੂੰ ਵੱਖ-ਵੱਖ ਮੌਸਮੀ ਸਬਜੀਆਂ ਬਾਰੇ ਵੀ ਦੱਸਿਆ। ਉਨ੍ਹਾਂ ਦੱਸਿਆ ਕਿ ਕੁਝ ਸਬਜੀਆਂ ਜਿਵੇ ਮੂਲੀ, ਸਲਗਮ, ਗਾਜਰ, ਆਲੂ ਆਦਿ ਧਰਤੀ ਹੇਠਾ ਜੜ੍ਹ ਦੇ ਰੂਪ ਵਿੱਚ ਲੱਗਦੀਆਂ ਹਨ, ਕੱਦੂ, ਪੇਠਾ, ਤੋਰੀ ਆਦਿ ਵੇਲ ਉੱਪਰ ਲੱਗਦੇ ਹਨ, ਪਾਲਕ ਧਨੀਆਂ ਆਦਿ ਸਬਜੀਆਂ ਸਾਨੂੰ ਪੱਤਿਆਂ ਦੇ ਰੂਪ ਵਿੱਚ ਅਤੇ ਗੋਭੀ, ਭਿੰਡੀ, ਮਿਰਚ, ਟਮਾਟਰ ਅਦਿ ਛੋਟੇ ਬੂਟੇ ਉੱਪਰ ਲੱਗਦੇ ਹਨ। ਉਨ੍ਹਾਂ ਨੇ ਪੇਪਰ ਦੀ ਮੱਦਦ ਅਤੇ ਅਸਲੀ ਸਬਜੀਆਂ ਰਾਹੀ ਬੱਚਿਆਂ ਨੂੰ ਸਬਜੀਆਂ ਵਿੱਚ ਮੌਜੂਦ ਵਿਟਾਮਿਨ, ਪ੍ਰੋਟੀਨ ਤੇ ਕਾਰਬੋਹਾਈਡ੍ਰੇਟਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਅਧਿਆਪਕਾਂ ਨੇ ਕਿਹਾ ਕਿ ਬੱਚਿਆਂ ਦਾ ਰੁਝਾਨ ਫਾਸਟ ਫੂਡ ਵੱਲ ਜਿਆਦਾ ਹੋ ਰਿਹਾ ਜਿਸ ਨਾਲ ਮੋਟਾਪਾ, ਪੇਟ ਦੀਆਂ ਬਿਮਾਰੀਆਂ ਆਦਿ ਤੇਜ਼ੀ ਨਾਲ ਵੱਧ ਰਹੀਆਂ ਹਨ। ਇਸ ਲਈ ਸਾਨੂੰ ਫਾਸਟ ਫੂਡ ਤੋ ਪਰਹੇਜ਼ ਕਰਕੇ ਤਾਜ਼ੀਆਂ ਸਬਜੀਆਂ ਅਤੇ ਫਲਾਂ ਨੂੰ ਪਹਿਲ ਦੇਣੀ ਚਾਹੀਦੀ ਹੈ, ਜਿਸ ਨਾਲ ਅਸੀ ਆਪਣਾ ਸਵੱਸਥ ਜੀਵਨ ਬਤੀਤ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਇੱਕ ਨਰੋਆ ਅਤੇ ਸਿਹਤਮੰਦ ਸਮਾਜ ਸਿਰਜਣ ਲਈ ਬੱਚਿਆਂ ਨੂੰ ਜਾਗਰੂਕ ਕਰਨਾ ਬਹੁਤ ਜਰੂਰੀ ਹੈ ਇਸ ਲਈ ਸਕੂਲ ਵੱਲੋ ਬੱਚਿਆਂ ਦੀਆਂ ਅਜਿਹੀਆਂ ਗਤੀਵਿਧੀਆਂ ਸਮੇਂ-ਸਮੇਂ 'ਤੇ ਕਰਵਾਈਆਂ ਜਾਂਦੀਆ ਹਨ।

## ਹੰਡਿਆਇਆ ਵਿਖੇ ਮੁਰਹਾ ਪੀ.ਟੀ. ਸਕੀਮ ਤਹਿਤ ਕਾਫ਼ ਰੈਲੀ ਕਰਵਾਈ, ਪਸ਼ੂਆਂ ਦੀ ਨਸਲ ਸੁਧਾਰ ਬਾਰੇ ਜਾਗਰੂਕ ਕੀਤਾ




ਬਰਨਾਲਾ, 12 ਫਰਵਰੀ (ਬਘੇਲ ਸਿੰਘ ਧਾਲੀਵਾਲ) : ਮੁਰਹਾ ਪੀਟੀ ਸਕੀਮ ਤਹਿਤ ਕਾਫ਼ ਰੈਲੀ ਕਰਵਾਈ ਗਈ ਅਤੇ ਪਸ਼ੂਆਂ ਦੀ ਨਸਲ ਸੁਧਾਰ ਬਾਰੇ ਕੀਤਾ ਜਾਗਰੂਕ , ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਬਰਨਾਲਾ ਡਾਕਟਰ ਕਰਮਜੀਤ ਸਿੰਘ ਅਤੇ ਡਾਕਟਰ ਅਮਿਤ ਖੁਰਾਣਾ ਕੋ-ਆਰਡੀਨੇਟਰ ਮੁਰਹਾ ਪੀ.ਟੀ ਪ੍ਰੋਜੈਕਟ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਵੈਟਰਨਰੀ ਅਫਸਰ ਬਰਨਾਲਾ ਡਾਕਟਰ ਮੁਹੰਮਦ ਸਲੀਮ ਦੀ ਅਗਵਾਈ ਅਤੇ ਡਾਕਟਰ ਸੁਖਹਰਮਨਦੀਪ ਸਿੰਘ ਬਤੌਰ ਜ਼ਿਲ੍ਹਾ ਕੋ-ਆਰਡੀਨੇਟਰ ਪੀ.ਟੀ ਮੁਰਹਾ (RGM) ਸਕੀਮ ਬਰਨਾਲਾ ਦੀ ਦੇਖ-ਰੇਖ ਹੇਠ ਸਿਵਲ ਪਸ਼ੂ ਹਸਪਤਾਲ ਹੰਡਿਆਇਆ ਵਿਖੇ ਅੱਜ ਕਾਫ਼ ਰੈਲੀ ਕਰਵਾਈ ਗਈ।ਇਸ ਮੁਕਾਬਲੇ ਵਿੱਚ ਕੁੱਲ 46 ਸਰਕਾਰੀ ਸੀਮਨ ਤੋਂ ਪੈਂਦਾ ਹੋਈਆਂ ਕੱਟੀਆਂ ਨੂੰ ਲੈ ਕੇ ਪਸ਼ੂ ਪਾਲਕਾਂ ਵੀਰਾਂ ਨੇ ਭਾਗ ਲਿਆ ਗਿਆ ਪਸ਼ੂ ਪਾਲਕਾਂ ਵਿੱਚ ਰੈਲੀ ਨੂੰ ਲੈ ਕੇ ਉਤਸ਼ਾਹ ਦੇਖਿਆ ਗਿਆ। ਨਸਲ ਦੀ ਕੈਟਾਗਰੀ ਚੈੱਕ ਕਰਕੇ ਇਨਾਮ ਵੀ ਕੱਢੇ ਗਏ। ਜਿਸ ਵਿੱਚ ਭੋਲਾ ਖਾਨ ਪੁੱਤਰ ਭਿੱਲਾ ਖਾਨ ਦੀ ਕੱਟੀ ਨੇ ਪਹਿਲਾਂ,ਸੁਖਦੇਵ ਸਿੰਘ ਪੁੱਤਰ ਗੁਰਚਰਨ ਸਿੰਘ ਦੀ ਕੱਟੀ ਨੇ ਦੂਸਰਾ ਅਤੇ ਬਲਵਿੰਦਰ ਸਿੰਘ ਪੁੱਤਰ ਵਜ਼ੀਰ ਸਿੰਘ ਵਾਸੀ ਹੰਡਿਆਇਆ ਦੀ ਕੱਟੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਕਾਫ਼ ਰੈਲੀ ਵਿੱਚ ਪਹੁੰਚੇ ਪਸ਼ੂ ਪਾਲਕਾਂ ਨੂੰ ਸੰਬੋਧਨ ਕਰਦਿਆਂ ਡਾਕਟਰ ਮੁਹੰਮਦ ਸਲੀਮ ਜੀ ਐਸ.ਵੀ.ਓ. ਪਸ਼ੂ ਪਾਲਣ ਵਿਭਾਗ ਬਰਨਾਲਾ ਨੇ ਪਸ਼ੂਆਂ ਦੀ ਸਾਂਭ ਸੰਭਾਲ ਅਤੇ ਡੇਅਰੀ ਧੰਦੇ ਤੋਂ ਹੋਣ ਵਾਲੇ ਆਰਥਿਕ ਵਿਕਾਸ ਬਾਰੇ ਜਾਣੂ ਕਰਵਾਇਆ। ਡਾਕਟਰ ਸੁਖਹਰਮਨਦੀਪ ਸਿੰਘ ਜ਼ਿਲ੍ਹਾ ਕੋ-ਆਰਡੀਨੇਟਰ ਨੇ ਪਸ਼ੂਆਂ ਦੀ ਨਸਲ ਸੁਧਾਰ ਬਾਰੇ ਅਤੇ ਪ੍ਰੋਜੈਕਟ ਦੁਆਰਾ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਪਸ਼ੂ ਪਾਲਕਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਡਾਕਟਰ ਪ੍ਰੀਤ ਮਹਿੰਦਰਪਾਲ ਸਿੰਘ ਢੀਂਡਸਾ ਨੇ ਪਸ਼ੂਆ ਨੂੰ ਹੋਣ ਵਾਲੀਆਂ ਬਿਮਾਰੀਆਂ ਉਨ੍ਹਾਂ ਦੇ ਰੱਖ ਰੱਖਾਵ ਅਤੇ ਪਸ਼ੂਆਂ ਦੇ ਘਰੇਲੂ ਉਪਚਾਰ ਸੰਬੰਧੀ ਪਸ਼ੂ ਪਾਲਕਾਂ ਨਾਲ ਗੱਲਬਾਤ ਕੀਤੀ ਨਾਲ ਹੀ ਡਾਕਟਰ ਗਗਨਜੋਤ ਸਿੰਘ ਵੈਟਨਰੀ ਅਫਸਰ ਬਰਨਾਲਾ ਅਤੇ ਵੈਟਨਰੀ ਅਫਸਰ ਕੈਰੇ ਡਾਕਟਰ ਨਿਤੀਸ਼ ਕੁਮਾਰ ਨਾਲ ਮਿਲ ਕੇ ਬਤੌਰ ਜੱਜ ਅਹਿਮ ਭੂਮਿਕਾ ਨਿਭਾਈ। ਕਾਫ਼ ਰੈਲੀ ਦਾ ਪੂਰਾ ਪ੍ਰਬੰਧ ਸੁਚੱਜੇ ਢੰਗ ਨਾਲ ਮੁਕੰਮਲ ਵੈਟਨਰੀ ਅਫਸਰ ਹੰਡਿਆਇਆ ਡਾਕਟਰ ਹਰਮਨਦੀਪ ਕੌਰ ਅਤੇ ਵੈਟਨਰੀ ਇੰਸਪੈਕਟਰ ਹੰਡਿਆਇਆ ਸ੍ਰੀ ਸੁਰਿੰਦਰ ਸਿੰਘ ਨੇ ਕੀਤਾ। ਮੁਰਹਾ ਪੀ.ਟੀ ਸਕੀਮ ਵੱਲੋਂ ਆਪਣੀਆਂ ਯੋਗ ਸੇਵਾਵਾਂ ਦੇਣ ਬਦਲੇ ਵੈਟਨਰੀ ਅਫਸਰ ਹਰਮਨਦੀਪ ਕੌਰ ਅਤੇ ਵੈਟਨਰੀ ਇੰਸਪੈਕਟਰ ਸੁਰਿੰਦਰ ਸਿੰਘ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਨਾਲ ਹੀ ਪਿੰਡ ਦੇ ਮੌਜੂਦਾ ਪ੍ਰਧਾਨ ਨਗਰ ਪੰਚਾਇਤ ਹੰਡਿਆਇਆ ਨਰੰਜਣ ਸਿੰਘ ਅਵਤਾਰ ਸਿੰਘ ਸਾਬਕਾ ਪ੍ਰਧਾਨ , ਵਸਾਵਾ ਸਿੰਘ $3, ਸੂਬੇਦਾਰ ਕੁਲਦੀਪ ਸਿੰਘ ਗਰੇਵਾਲ ਸੀਨੀਅਰ ਪੱਤਰਕਾਰ ਹੰਡਿਆਇਆ ਦਾ ਪੀ ਟੀ ਪ੍ਰੋਜੈਕਟ ਅਤੇ ਪਸ਼ੂ ਪਾਲਣ ਵਿਭਾਗ ਵੱਲੋਂ ਉਚੇਚੇ ਤੌਰ ਤੇ ਸਨਮਾਨ ਕੀਤਾ ਗਿਆ। ਕਾਫ਼ ਰੈਲੀ ਮੌਕੇ ਵੈਟਨਰੀ ਇੰਸਪੈਕਟਰ ਸੁਰਿੰਦਰਪਾਲ ਸਿੰਘ ਰੁੜਕੇ ਕਲਾਂ ਪੀ.ਟੀ ਦਫ਼ਤਰ ਵੱਲੋਂ ਸੁਪਰਵਾਈਜ਼ਰ ਗਮਦੂਰ ਸਿੰਘ, ਸਤਨਾਮ ਸਿੰਘ, ਗੁਰਤੇਜ ਸਿੰਘ ਮਿਲਕ ਰਿਕਾਰਡਰ, ਅਮਰਜੀਤ ਸਿੰਘ ਹੈਪੀ, ਹਰਜਿੰਦਰ ਸਿੰਘ ਠੀਕਰੀਵਾਲਾ, ਹਰਜਿੰਦਰ ਸਿੰਘ ਧੌਲਾ, ਗੁਰਲਾਲ ਸਿੰਘ ਰੁੜਕੇ ਕਲਾਂ ਹਾਜਰ ਰਹੇ, ਇਸ ਤੋਂ ਇਲਾਵਾ ਨਗਰ ਹੰਡਿਆਇਆ ਦੇ ਪਤਵੰਤੇ ਸੱਜਣ ਪਸ਼ੂ ਪਾਲਕ ਵੀਰ ਸਿੰਘ ਤਾਜਪੁਰੀਆ,ਲਛਮਣ ਸਿੰਘ, ਨਿਰੰਜਣ ਸਿੰਘ,ਗੁਰਲਾਲ ਸਿੰਘ ਖਾਨੇਕਾ, ਕਰਮਜੀਤ ਸਿੰਘ ਖਾਨੇਕਾ, ਸੁਰਜੀਤ ਸਿੰਘ ਸੀਤਾ, ਜਗਸੀਰ ਸਿੰਘ ਔਲਖ, ਗੁਰਦੇਵ ਸਿੰਘ ਠੱਠੀਵਾਲੇ, ਜਸਪਾਲ ਸਿੰਘ ਭਦੌੜੀਆ, ਕੁਲਜੀਤ ਸਿੰਘ, ਬਿੰਦੀ ਕੋਠੇ ਚੁੰਘ ਅਤੇ ਸਮੂਹ ਨਗਰ ਨਿਵਾਸੀ ਪੰਚਾਇਤ ਮੈਂਬਰ ਹਾਜ਼ਰ ਸਨ।

## ਸੇ.ਫ ਸਕੂਲ ਵਾਹਨ ਨੀਤੀ ਤਹਿਤ ਸਕੂਲ ਵਾਹਨਾਂ ਦੀ ਚੈਕਿੰਗ



ਬਰਨਾਲਾ, 12 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਵੱਲੋਂ ਸੇਫ ਸਕੂਲ ਵਾਹਨ ਨੀਤੀ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਨ ਜ਼ਿਲ੍ਹਾ ਬਰਨਾਲਾ ਦੇ ਵੱਖ-ਵੱਖ ਸਕੂਲਾਂ ਵਿੱਚ ਸਕੂਲ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਹ ਚੈਕਿੰਗ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰ ਪਾਲ ਕੌਰ ਧਾਰੀਵਾਲ ਦੀ ਅਗਵਾਈ ਹੇਠ ਕੀਤੀ ਗਈ, ਜਿਸ ਦੌਰਾਨ ਬੱਚਿਆਂ ਦੀ ਸੁਰੱਖਿਆ ਨਾਲ ਸਬੰਧਤ ਨਿਯਮਾਂ ਦੀ ਪਾਲਣਾ ਦੀ ਜਾਂਚ ਕੀਤੀ ਗਈ। ਇਸ ਦੌਰਾਨ ਐਸ.ਐਸ ਇੰਟਰਨੈਸ਼ਲਨ ਸਕੂਲ, ਸੇਂਟ ਪਾਲ ਇੰਟਰਨੈਸ਼ਨਲ ਸਕੂਲ, ਸਰਵੋਤਮ ਅਕੈਡਮੀ ਖੁੱਡੀ ਕਲਾਂ ਅਤੇ ਸਪਰਿੰਗ ਵੈਲੀ ਪਬਲਿਕ ਸਕੂਲ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ 24 ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ ਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ 4 ਸਕੂਲ ਵਾਹਨਾਂ ਦੇ ਚਲਾਨ ਕੱਟੇ ਗਏ। ਜਾਂਚ ਸਮੇਂ ਕੁਝ ਵਾਹਨਾਂ ਵਿੱਚ ਅੱਗ ਬੁਝਾਉਣ ਵਾਲਾ ਜੰਤਰ ਮੌਜੂਦ ਨਾ ਹੋਣਾ, ਡਰਾਈਵਰ ਦਾ ਬਿਨਾਂ ਵਰਦੀ ਹੋਣਾ, ਬੱਸ 'ਤੇ ਸਕੂਲ ਦਾ ਨਾਮ ਸਪਸ਼ਟ ਤੌਰ 'ਤੇ ਦਰਜ ਨਾ ਹੋਣਾ, ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣਾ ਅਤੇ ਹੈਲਪਰ ਦੀ ਗੈਰ ਹਾਜ਼ਰੀ ਵਰਗੀਆਂ ਗੰਭੀਰ ਖਾਮੀਆਂ ਸਾਹਮਣੇ ਆਈਆਂ। ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਅਧਿਕਾਰੀਆਂ ਵੱਲੋਂ ਸਬੰਧਤ ਸਕੂਲ ਪ੍ਰਬੰਧਕਾਂ ਨੂੰ 15 ਦਿਨਾਂ ਦੇ ਅੰਦਰ ਸਾਰੀਆਂ ਕਮੀਆਂ ਦੂਰ ਕਰਕੇ ਨਿਯਮਾਂ ਦੀ ਪੂਰੀ ਪਾਲਣਾ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਮੌਕੇ ਟ੍ਰੈਫਿਕ ਵਿਭਾਗ ਤੋਂ ਗੁਰਚਰਨ ਸਿੰਘ (ਏ.ਐਸ.ਆਈ), ਗਗਨਦੀਪ ਸਿੰਘ (ਕਾਂਸਟੇਬਲ ) ਤੇ ਜਸਵਿੰਦਰ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋਂ ਹਰਪਾਲ ਸਿੰਘ(ਡੀ.ਈ.ਓ) ਵੀ ਹਾਜ਼ਰ ਰਹੇ। ਅਧਿਕਾਰੀਆਂ ਨੇ ਦੱਸਿਆ ਕਿ ਬੱਚਿਆਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਸਕੂਲ ਵਾਹਨਾਂ ਨਾਲ ਸਬੰਧਤ ਨਿਯਮਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਸਕੂਲ ਜਾਣ ਵਾਲੇ ਬੱਚਿਆਂ ਨੂੰ ਸੁਰੱਖਿਅਤ ਆਵਾਜਾਈ ਮੁਹੱਈਆ ਕਰਵਾਈ ਜਾ ਸਕੇ।

## ਗੁਰੂ ਗੋਬਿੰਦ ਸਿੰਘ ਕਾਲਜ ਅਤੇ ਸਕੂਲ ਆਫ਼ ਐਮੀਨੈਂਸ ਵਿੱਚ ਜਾਗਰੂਕਤਾ ਭਾਸ਼ਣ

### ਸੁਰੱਖਿਅਤ ਇੰਟਰਨੈੱਟ ਦਿਵਸ : ਲੋਕ ਆਪਣੇ ਆਪ ਨੂੰ ਡਿਜੀਟਲ ਤੌਰ 'ਤੇ ਸੁਰੱਖਿਅਤ ਰੱਖਣ, ਸ਼ੱਕੀ ਲਿੰਕ 'ਤੇ ਕਲਿਕ ਨਾ ਕਰਨ : ਜ਼ਿਲ੍ਹਾ ਸੂਚਨਾ ਅਤੇ ਵਿਗਿਆਨ ਅਫ਼ਸਰ




ਬਰਨਾਲਾ, 12 ਫਰਵਰੀ (ਬਘੇਲ ਸਿੰਘ ਧਾਲੀਵਾਲ) : ਦਸ ਫਰਵਰੀ ਨੂੰ ਸੁਰੱਖਿਅਤ ਇੰਟਰਨੈੱਟ ਦਿਨ ਵਜੋਂ ਮਨਾਉਂਦਿਆਂ ਰਾਸ਼ਟਰੀ ਸੂਚਨਾ ਅਤੇ ਵਿਗਿਆਨ ਦਫ਼ਤਰ (ਐਨਆਈਸੀ ਬਰਨਾਲਾ) ਵੱਲੋਂ ਸੁਰੱਖਿਅਤ ਤਰੀਕੇ ਨਾਲ ਇੰਟਰਨੈੱਟ ਦੀ ਵਰਤੋਂ ਕਰਨ ਸਬੰਧੀ ਜਾਗਰੂਕਤਾ ਭਾਸ਼ਣ ਦਿੱਤਾ ਗਿਆ

ਇਸ ਸਬੰਧੀ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਅਤੇ ਸਕੂਲ ਆਫ਼ ਐਮੀਨੈਂਸ, ਬਰਨਾਲਾ ਵਿਖੇ ਜਾਗਰੂਕਤਾ ਭਾਸ਼ਣ ਦਿੱਤੇ ਗਏ ਇਸ ਮੌਕੇ ਬੋਲਦਿਆਂ ਜ਼ਿਲ੍ਹਾ ਸੂਚਨਾ ਅਤੇ ਵਿਗਿਆਨ ਅਫਸਰ ਸ੍ਰੀ ਜੋਨੀ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ 'ਚ ਜਿੱਥੇ ਮੋਬਾਈਲ ਫੋਨ ਇਕ ਲੋੜ ਬਣ ਚੁੱਕੀ ਹੈ ਉੱਥੇ ਇਹ ਵੀ ਜ਼ਰੂਰੀ ਹੈ ਕਿ ਅਸੀਂ ਇਸ ਦੀ ਵਰਤੋਂ ਸਮਝਦਾਰੀ ਅਤੇ ਸੰਜਮ ਨਾਲ ਕਰੀਏ। ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਮ ਦੇ ਸ਼ੱਕੀ ਲਿੰਕ ਉੱਤੇ ਕਲਿਕ ਨਹੀਂ ਕਰਨਾ ਚਾਹੀਦਾ ਅਤੇ ਕਿਸੇ ਵੀ ਮੋਬਾਈਲ ਐਪ ਨੂੰ ਇੰਸਟਾਲ ਕਰਦੇ ਸਮੇਂ ਬੇਲੋੜੀ ਪਰਮਿਸ਼ਨ ਨਾ ਦਿੱਤੀ ਜਾਵੇ। ਕਿਸੇ ਵੀ ਮਾਧਿਅਮ ਰਾਹੀਂ ਅਣਜਾਣ ਨੰਬਰਾਂ ਤੋਂ ਪ੍ਰਾਪਤ ਹੋਣ ਵਾਲੀ .apk ਫਾਈਲ ਨੂੰ ਇੰਸਟਾਲ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਪਣੀ ਸੰਵੇਦਨਸ਼ੀਲ ਜਾਣਕਾਰੀ ਜਿਵੇਂ ਕਿ ਓ ਟੀ ਪੀ, ਆਧਾਰ, ਪੈਨ ਜਾਂ ਬੈਂਕ ਖਾਤਿਆਂ ਦੇ ਵੇਰਵੇ ਕਿਸੇ ਅਣਜਾਣ ਨੰਬਰਾਂ ਉੱਤੇ ਬਿਲਕੁਲ ਵੀ ਸਾਂਝੇ ਨਾ ਕੀਤੇ ਜਾਣ। ਉਨ੍ਹਾਂ ਸਕੂਲ ਆਫ ਐਮੀਨੈਂਸ ਬਰਨਾਲਾ ਦੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੱਚੇ ਆਪਣੀ ਨਿੱਜੀ ਜਾਣਕਾਰੀ ਕਿਸੇ ਵੀ ਸੋਸ਼ਲ ਮੀਡੀਆ ਅਕਾਊਂਟ ਉੱਤੇ ਨਾ ਪਾਉਣ ਅਤੇ ਨਾ ਹੀ ਸਾਂਝੀ ਕਰਨ। ਉਨ੍ਹਾਂ ਬੱਚਿਆਂ ਨੂੰ ਸਮਝਾਇਆ ਕਿ ਉਹ ਕਿਸੇ ਵੀ ਕਿਸਮ ਦੇ ਅਣਜਾਣ ਵਿਅਕਤੀ ਦੀਆਂ ਗੱਲਾਂ ਵਿੱਚ ਆ ਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਕੋਈ ਨਿੱਜੀ ਜਾਣਕਾਰੀ ਜਿਵੇ ਕੇ ਬੈਂਕ ਖਾਤੇ ਦੀ ਡਿਟੇਲ, ਓ.ਟੀ.ਪੀ., ਪੈਨ ਕਾਰਡ ਨੰ., ਏ.ਟੀ.ਐਮ. ਦਾ ਪਿੰਨ ਅਤੇ ਪਰਸਨਲ ਫੋਟੋਆਂ ਆਦਿ ਸਾਝੀਆਂ ਨਾ ਕਰਨ। ਇਸ ਮੌਕੇ ਸਹਾਇਕ ਜ਼ਿਲ੍ਹਾ ਸੂਚਨਾ ਅਤੇ ਵਿਗਿਆਨ ਅਫਸਰ ਮੰਜੂ ਪੰਵਾਰ, ਗੁਰੂ ਗੋਬਿੰਦ ਸਿੰਘ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਭੋਲਾ ਸਿੰਘ ਵਿਰਕ, ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ, ਕਾਲਜ ਵਾਈਸ ਪ੍ਰਿੰਸੀਪਲ ਮਨਦੀਪ ਕੌਰ ਜਵੰਧਾ, ਪ੍ਰੋ. ਡਾ. ਭੁਪਿੰਦਰ ਸਿੰਘ, ਸਕੂਲ ਪ੍ਰਿੰਸੀਪਲ ਡਾ. ਰਵਿੰਦਰ ਕੌਰ ਜਵੰਧਾ, ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਹਰੀਸ਼ ਬਾਂਸਲ, ਕੰਪਿਊਟਰ ਅਧਿਆਪਕ ਤਜਿੰਦਰ ਪਾਲ, ਕੰਪਿਊਟਰ ਅਧਿਆਪਕ ਪ੍ਰਦੀਪ ਕੁਮਾਰ, ਐਨ.ਆਈ.ਸੀ. ਸਟਾਫ ਸਤਨਾਮ ਸਿੰਘ, ਪਰਵੇਜ਼ ਅਖਤਰ, ਕਰਨਵੀਰ ਸਿੰਘ, ਸਕੂਲ ਤੇ ਕਾਲਜ ਦਾ ਸਟਾਫ਼ ਵੀ ਹਾਜ਼ਰ ਸੀ।

## ਪੰਜਾਬ ਪਬਲਿਕ ਸਕੂਲ ਵਿਖੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



ਧਨੌਲਾ, 12 ਫਰਵਰੀ (ਚਮਕੌਰ ਸਿੰਘ ਗੱਗੀ) : ਧਨੌਲਾ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਪਬਲਿਕ ਸਕੂਲ ਮਾਨਾਂ ਪਿੰਡੀ ਧਨੌਲਾ ਰੋਡ ਬਰਨਾਲਾ ਵਿਖੇ ਗਿਆਰਵੀਂ ਕਲਾਸ ਦੇ ਬੱਚਿਆਂ ਨੇ ਬਾਰ੍ਹਵੀਂ ਕਲਾਸ ਦੇ ਬੱਚਿਆਂ ਨੂੰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ।ਪ੍ਰੋਗਰਾਮ ਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਸ੍: ਅਮਰਜੀਤ ਸਿੰਘ ਚੀਮਾਂ ਦੀ ਅਗਵਾਈ ਵਿੱਚ ਸਕੂਲ ਦੇ ਮੈਨੇਜਮੈਂਟ ਮੈਂਬਰ ਮੈਡਮ ਚਰਨਜੀਤ ਕੌਰ ਅਤੇ ਐਮ ਡੀ ਸ੍. ਸੁਖਦੀਪ ਸਿੰਘ ਚੀਮਾ ਅਤੇ ਪ੍ਰਿੰਸੀਪਲ ਮੈਡਮ ਸਿਮਰਨ ਕੌਰ ਵੱਲੋਂ ਕੀਤੀ ਗਈ।ਮੈਡਮ ਕਮਲਜੀਤ ਕੌਰ ਅਤੇ ਮੈਡਮ ਪੂਜਾ ਯਾਦਵ ਦੀ ਦੇਖ-ਰੇਖ ਵਿੱਚ ਕਰਵਾਏ ਇਸ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਨੇ ਸ਼ਬਦ ਗਾਇਨ ਨਾਲ ਕੀਤੀ।ਇਸ ਉਪਰੰਤ ਵਿਦਿਆਰਥੀਆਂ ਨੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ। ਕੁਮੈਂਟਸ ਅਤੇ ਗਾਣਿਆਂ ਉੱਪਰ ਡਾਂਸ ਕੀਤਾ।ਪ੍ਰੋਗਰਾਮ ਵਿੱਚ ਵਧੀਆ ਪ੍ਰਦਸ਼ਨ ਕਰਨ 'ਤੇ ਨੂਰਪ੍ਰੀਤ ਕੌਰ ਨੂੰ ਮਿਸ ਪੀ ਪੀ ਐਸ ਅਤੇ ਕਮਲਜੋਤ ਸਿੰਘ ਨੂੰ ਮਿਸਟਰ ਪੀ ਪੀ ਐਸ ਦਾ ਖਿਤਾਬ ਦੇ ਕੇ ਨਿਵਾਜਿਆ। ਵਿਦਿਆਰਥੀਆਂ ਨੇ ਆਪਣੇ ਜਜਬਾਤਾਂ ਰਾਹੀਂ ਸਕੂਲ਼ ਤੋ ਪ੍ਰਾਪਤ ਕੀਤੀ ਸਿੱਖਿਆ ਅਤੇ ਸੁੱਚਜੀ ਅਗਵਾਈ ਨੂੰ ਆਪਣੇ ਜੀਵਨ ਦਾ ਕੀਮਤੀ ਸਰਮਾਇਆ ਦੱਸਿਆ।ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍. ਅਮਰਜੀਤ ਸਿੰਘ ਚੀਮਾਂ ਨੇ ਕਿਹਾ ਕਿ ਅਧਿਆਪਕਾਂ ਨੂੰ ਬੱਚਿਆਂ ਦੇ ਭਵਿੱਖ ਦੀ ਚਿੰਤਾ ਮਾਪਿਆਂ ਨਾਲੋ ਵੱਧ ਹੁੰਦੀ ਹੈ। ਉਨ੍ਹਾਂ ਨੇ ਕਿਹਾ ਕਿ ਸਕੂਲੀ ਸਿੱਖਿਆ ਵਿਦਿਆਰਥੀ ਜੀਵਨ ਦਾ ਇੱਕ ਅਹਿਮ ਪੜਾਅ ਹੈ।ਇਸ ਸਮੇਂ ਸ਼ਿੱਦਤ ਨਾਲ ਕੀਤੀ ਘਾਲਣਾ ਰੋਸ਼ਨ ਭਵਿੱਖ ਦਾ ਸਬੱਬ ਬਣਾਉਂਦੀ ਹੈ।ਉਨ੍ਹਾਂ ਨੇ ਪ੍ਰੀਖਿਆ ਵਿੱਚ ਬੈਠ ਰਹੇ ਬਾਰ੍ਹਵੀਂ ਸ਼੍ਰੇਣੀ ਵਿਦਿਆਰਥੀਆਂ ਦੇ ਸਨਹਿਰੇ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨਾ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰ ਉੱਚ ਵਿੱਦਿਆ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਕਿ ਮਾਤਾ ਪਿਤਾ ਅਤੇ ਅਧਿਆਪਕਾਂ ਦਾ ਸਾਨੂੰ ਹਮੇਸ਼ਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਅੰਤ ਵਿੱਚ ਡਾਇਰੈਕਟਰ ਸੁਖਦੀਪ ਸਿੰਘ ਚੀਮਾਂ ਵੱਲੋ ਪ੍ਰੋਗਰਾਮ ਨੂੰ ਸਫਲ ਬਣਾਉਣ ਅਤੇ ਬੱਚਿਆਂ ਦੇ ਡਸਿਪਲਨ ਬਣਾਈ ਰੱਖਣ ਲਈ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਯਾਦਗਾਰੀ ਗੁੱਰਪ ਫੋਟੋ ਖਿਚਵਾਈ ਅਤੇ ਯਾਦਗਾਰੀ ਚਿੰਨ ਦੇ ਕੇ ਬੱਚਿਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।



# ਪਟਿਆਲਾ-ਆਸ/ਪਾਸ



## ਲਾਲਜੀਤ ਸਿੰਘ ਭੁੱਲਰ ਵੱਲੋਂ ਬੰਦੀਆਂ ਨੂੰ ਪਿਛਲੀਆਂ ਗਲਤੀਆਂ ਸੁਧਾਰ ਕੇ ਨਵੀ ਜ਼ਿੰਦਗੀ ਦੀ ਸ਼ੁਰੂਆਤ ਕਰਨ ਦਾ ਸੱਦਾ

➢ਪਟਿਆਲਾ ਕੇਂਦਰੀ ਜੇਲ੍ਹ 'ਚ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਦੇ ਮੁਕਾਬਲੇ ਸੰਪਨ

➢ਜੇਲਾਂ ਦੀਆਂ ਖੇਡਾਂ ਦੌਰਾਨ ਪਟਿਆਲਾ ਜ਼ੋਨ ਦੇ ਬੰਦੀ ਓਵਰਆਲ ਜੇਤੂ ਰਹੇ

ਪਟਿਆਲਾ, 12 ਫਰਵਰੀ (ਰੁਪਾਣਾ) : ਪੰਜਾਬ ਦੇ ਜੇਲ੍ਹਾਂ ਅਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਦੀਆਂ ਜੇਲ੍ਹਾਂ ਵਿੱਚ ਬੰਦ ਕੈਦੀਆਂ ਤੇ ਹਵਾਲਾਤੀਆਂ ਨੂੰ ਪਿਛਲੀਆਂ ਗ਼ਲਤੀਆਂ ਸੁਧਾਰ ਕੇ ਨਵੀਂ ਜਿੰਦਗੀ ਦੀ ਸ਼ੁਰੂਆਤ ਕਰਨ ਦਾ ਸੱਦਾ ਦਿੱਤਾ ਹੈ। ਜੇਲ੍ਹ ਮੰਤਰੀ ਅੱਜ ਇੱਥੇ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਦੇ ਅੰਤਿਮ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡਣ ਪੁੱਜੇ ਹੋਏ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਏ.ਡੀ.ਜੀ.ਪੀ ਜੇਲ੍ਹਾਂ ਅਰੁਨਪਾਲ ਸਿੰਘ ਅਤੇ ਪ੍ਰਮੁੱਖ ਸਕੱਤਰ ਤੇ ਆਈ.ਜੀ. ਜੇਲਾਂ ਮੁਹੰਮਦ ਤਈਅਬ ਵੀ ਮੌਜੂਦ ਸਨ। ਇਨ੍ਹਾਂ ਮੁਕਾਬਲਿਆਂ ਦੌਰਾਨ ਸੂਬੇ ਦੀਆਂ ਜੇਲ੍ਹਾਂ ਦੇ ਬੰਦੀਆਂ ਦੇ ਰੱਸਾ ਕਸ਼ੀ, ਕਬੱਡੀ, ਵਾਲੀਬਾਲ, ਬੈਡਮਿੰਟਨ, ਚੈੱਸ, ਚਿਤਰਕਾਰੀ, ਅਥਲੈਟਿਕਸ, ਲੰਬੀ ਛਾਲ, ਸ਼ਾਟਪੁੱਟ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਜਦਕਿ ਮਹਿਲਾ ਬੰਦੀਆਂ ਦੇ ਵੀ ਚੈੱਸ, ਚਿਤਰਕਾਰੀ, ਬੈਡਮਿੰਟਨ



ਸਿੰਗਲਜ਼ ਤੇ ਡਬਲਸ, ਅਥਲੈਟਿਕਸ, ਲੰਬੀ ਛਾਲ ਤੇ ਸ਼ਾਟ ਪੁੱਟ ਦੇ ਮੁਕਾਬਲੇ ਕਰਵਾਏ ਗਏ ਸਨ। ਇਨ੍ਹਾਂ ਵਿੱਚ ਪਟਿਆਲਾ ਜੋਨ ਦੀਆਂ ਜੇਲ੍ਹਾਂ ਦੇ ਬੰਦੀ ਖਿਡਾਰੀ ਸਭ ਤੋਂ ਵਧ ਮੈਡਲ ਜਿੱਤ ਕੇ ਓਵਰਆਲ ਜੇਤੂ ਰਹੇ, ਜਦਕਿ ਫਰੀਦਕੋਟ ਜੋਨ ਦੀਆਂ ਜੇਲ੍ਹਾਂ ਦੇ ਬੰਦੀ ਖਿਡਾਰੀ ਦੂਜੇ ਅਤੇ ਕਪੂਰਥਲਾ ਜੋਨ ਦੀਆਂ ਜੇਲ੍ਹਾਂ ਦੇ ਬੰਦੀ ਖਿਡਾਰੀ ਤੀਜੇ ਸਥਾਨ 'ਤੇ ਰਹੇ। ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਬੰਦੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੁੱਟਣ ਵਾਲਿਆਂ ਦੇ ਘਰ ਸਦਾ ਹਨੇਰਾ ਰਹਿੰਦਾ ਹੈ, ਇਸ ਲਈ ਸਾਰੇ ਬੰਦੀ ਚੰਗੇ ਕੰਮ ਕਰਕੇ ਆਪਣਾ ਭਵਿੱਖ ਸੁਧਾਰਨ ਅਤੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਹੇਠ ਜੇਲ੍ਹਾਂ ਵਿੱਚ ਬੰਦੀਆਂ ਦੇ ਸੁਧਾਰ ਲਈ ਸ਼ੁਰੂ ਕੀਤੇ ਕੋਰਸ ਕਰਕੇ ਸਵੈ ਰੋਜ਼ਗਾਰ ਦੇ ਕਾਬਲ ਬਣਨ। ਇਸ ਮੌਕੇ ਕਬੱਡੀ ਤੇ ਰੱਸਾ ਕਸ਼ੀ ਦੇ ਮੁਕਾਬਲੇ ਕਰਵਾਏ ਗਏ, ਜਦਕਿ ਬੰਦੀ ਖਿਡਾਰੀਆਂ ਨੇ ਮਾਰਚ ਪਾਸਟ ਵਿੱਚ ਹਿੱਸਾ ਲਿਆ। ਅਗਲੀ ਓਲੰਪਿਕਸ ਕਪੂਰਥਲਾ ਜੇਲ੍ਹ ਵਿੱਚ ਕਰਵਾਉਣ ਦੇ ਵਚਨ ਨਾਲ ਪਟਿਆਲਾ ਜੇਲ੍ਹ 'ਚ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਦੇ ਮੁਕਾਬਲੇ ਸੰਪੰਨ ਹੋਏ।ਇਸ ਮੌਕੇ ਪਟਿਆਲਾ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਵੱਲੋਂ ਆਪਣੀ ਟੀਮ ਦੇ ਮੈਂਬਰਾਂ ਵਧੀਕ ਸੁਪਰਡੈਂਟ ਜੈਦੀਪ ਸਿੰਘ ਤੇ ਅਰਪਨਜੋਤ ਸਿੰਘ ਸਮੇਤ ਹੋਰ ਪਟਿਆਲਾ ਜੇਲ੍ਹ ਨਾਲ ਸਾਰੇ ਪ੍ਰਬੰਧ ਵਧੀਆ ਕਰਨ ਲਈ ਜੇਲ੍ਹ ਮੰਤਰੀ ਨੇ ਭਰਵੀਂ ਸ਼ਲਾਘਾ ਕੀਤੀ। ਮੰਚ ਸੰਚਾਲਨ ਸੁਮਨ ਬੱਤਰਾ ਨੇ ਕੀਤਾ। ਸਮਾਰੋਹ ਦੌਰਾਨ ਡੀ.ਆਈ.ਜੀ. ਐਸ.ਐਸ ਮੰਡ ਤੇ ਐਮ.ਕੇ. ਸ਼ਰਮਾ, ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਸਮੇਤ ਵੱਖ-ਵੱਖ ਜੇਲ੍ਹਾਂ ਦੇ ਸੁਪਰਡੈਂਟ ਤੇ ਹੋਰ ਅਧਿਕਾਰੀ ਮੌਜੂਦ ਸਨ।

### ਹਰਿਆਣਾ ਮਾਰਕਾ ਦੇਸੀ ਸ਼ਰਾਬ ਸਮੇਤ ਇੱਕ ਕਾਬੂ

ਸਮਾਣਾ, 12 ਫਰਵਰੀ (ਵਿਜੇ ਕੁਮਾਰ): ਸਿਟੀ ਪੁਲਿਸ ਨੇ ਸ਼ਰਾਬ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੇ ਇੱਕ ਵਿਅਕਤੀ ਨੂੰ ਹਰਿਆਣਾ ਮਾਰਕਾ ਦੇਸੀ ਸ਼ਰਾਬ ਦੀਆਂ 15 ਬੋਤਲਾਂ ਸਮੇਤ ਕਾਬੂ ਕਰਕੇ ਉਸ ਦੇ ਖ਼ਿਲਾਫ਼ ਐਕਸਾਈਜ਼ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਸਲੀਮ ਨਾਥ, ਨਿਵਾਸੀ ਸੁਨਾਮੀ ਪੱਤੀ, ਪਿੰਡ ਲੌਂਗੋਵਾਲ ਵਜੋਂ ਹੋਈ ਹੈ। ਸਿਟੀ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਏ.ਐਸ.ਆਈ. ਜਗਦੀਸ਼ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਅੰਬੇਡਕਰ ਚੌਂਕ, ਸਮਾਣਾ ਵਿਖੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਹਰਿਆਣਾ ਤੋਂ ਤਸਕਰੀ ਕਰਕੇ ਸ਼ਰਾਬ ਲਿਆ ਕੇ ਵੇਚਣ ਲਈ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਪੁਲਸ ਪਾਰਟੀ ਨੇ ਛਾਪੇਮਾਰੀ ਦੌਰਾਨ ਹਰਿਆਣਾ ਮਾਰਕਾ ਸ਼ਰਾਬ ਦੀਆਂ 15 ਬੋਤਲਾਂ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ। ਅਧਿਕਾਰੀ ਅਨੁਸਾਰ, ਮੁਲਜ਼ਮ ਨੂੰ ਮਾਨਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਜੇਲ੍ਹ ਭੇਜ ਦਿੱਤਾ ਗਿਆ ਹੈ।

## ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੱਲੋਂ ਮੁੱਖ ਮੰਤਰੀ ਮਾਨ ਨਾਲ ਮੁਲਾਕਾਤ

ਪਟਿਆਲਾ, 12 ਫਰਵਰੀ (ਰੁਪਾਣਾ) : ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਚੰਡੀਗੜ੍ਹ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਸੂਬੇ ਵਿੱਚ ਖੇਡਾਂ ਨੂੰ ਹੁਲਾਰਾ ਦੇਣ ਲਈ ਭਵਿੱਖੀ ਰੂਪ-ਰੇਖਾ ਤਿਆਰ ਕਰਨ ਬਾਰੇ ਵਿਆਪਕ ਚਰਚਾ ਕੀਤੀ ਗਈ। ਮੁੱਖ ਮੰਤਰੀ ਨੇ ਪ੍ਰਗਤੀਸ਼ੀਲ ਅਤੇ ਅਨੁਸ਼ਾਸਿਤ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਡਾ. ਗਿੱਲ ਨੂੰ ਜ਼ਮੀਨੀ ਪੱਧਰ 'ਤੇ ਢਾਂਚੇ ਨੂੰ ਮਜ਼ਬੂਤ ਕਰਨ, ਸ਼ੁਰੂਆਤੀ ਪੜਾਅ 'ਤੇ ਨੌਜਵਾਨ ਪ੍ਰਤਿਭਾ ਦੀ ਪਛਾਣ ਕਰਨ ਅਤੇ ਯੋਜਨਾਬੱਧ ਸਿਖਲਾਈ ਅਤੇ ਮਾਰਗਦਰਸ਼ਨ ਨੂੰ ਯਕੀਨੀ ਬਣਾ ਕੇ ਖੇਡਾਂ ਦੇ ਖੇਤਰ ਵਿੱਚ ਵਿਆਪਕ ਤਬਦੀਲੀ ਲਿਆਉਣ ਵਿੱਚ ਅਗਵਾਈ ਕਰਨ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਖੇਡ ਗਤੀਵਿਧੀਆਂ ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨਾ ਸਿਰਫ਼ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਜ਼ਰੂਰੀ ਹੈ, ਸਗੋਂ ਉਨ੍ਹਾਂ ਦੀ ਊਰਜਾ ਨੂੰ



ਸਕਾਰਾਤਮਕ ਦਿਸ਼ਾ ਵਿੱਚ ਲਗਾਉਣ ਦੇ ਨਾਲ -ਨਾਲ ਉਨ੍ਹਾਂ ਨੂੰ ਸਮਾਜ ਵਿੱਚ ਪ੍ਰਚਲਿਤ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਲਈ ਵੀ ਬੇਹੱਦ ਜ਼ਰੂਰੀ ਹੈ।ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਮੁੱਖ ਮੰਤਰੀ ਦਾ ਉਨ੍ਹਾਂ ਵਿੱਚ ਵਿਸ਼ਵਾਸ ਪ੍ਰਗਟਾਉਣ ਅਤੇ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਪੁਸ਼ਟੀ ਕੀਤੀ ਕਿ ਉਹ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੇ ਸਨਮਾਨ ਅਤੇ ਚੁਣੌਤੀ ਵਜੋਂ ਸਵੀਕਾਰ ਕਰਦੇ ਹਨ। ਸੂਬਾ ਸਰਕਾਰ ਦੀਆਂ ਨੀਤੀਆਂ ਅਤੇ ਦਿਸ਼ਾ-ਨਿਰਦੇਸ਼ਾਂ ਨਾਲ ਪੂਰੀ ਤਰ੍ਹਾਂ ਤਾਲਮੇਲ ਬਣਾਈ ਰੱਖਣ ਦਾ ਭਰੋਸਾ ਦਿੰਦਿਆਂ ਉਨ੍ਹਾਂ ਕਿਹਾ ਕਿ ਉਹ ਪੰਜਾਬ ਵਿੱਚ ਖੇਡਾਂ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਾਉਣ ਸਬੰਧੀ ਵਚਨਬੱਧਤਾਵਾਂ ਅਤੇ ਸਾਂਝੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।ਵਾਈਸ ਚਾਂਸਲਰ ਨੇ ਸੂਬੇ ਵਿੱਚ ਇੱਕ ਜੀਵੰਤ, ਸਮਾਵੇਸ਼ੀ ਅਤੇ ਪ੍ਰਦਰਸ਼ਨ ਅਧਾਰਤ ਖੇਡ ਸੱਭਿਆਚਾਰ ਦੀ ਸਿਰਜਣਾ ਲਈ ਭਾਈਵਾਲਾਂ, ਕੋਚਾਂ, ਸੰਸਥਾਵਾਂ ਅਤੇ ਖੇਡ ਭਾਈਚਾਰੇ ਨਾਲ ਮਿਲ ਕੇ ਕੰਮ ਕਰਨ ਦੇ ਆਪਣੇ ਦ੍ਰਿੜ੍ਹ ਸੰਕਲਪ ਨੂੰ ਉਜਾਗਰ ਕੀਤਾ। ਇਹ ਮੀਟਿੰਗ ਪੰਜਾਬ ਦੇ ਖੇਡ ਦ੍ਰਿਸ਼ਟੀਕੋਣ ਵਿੱਚ ਵਿਕਾਸ ਅਤੇ ਪ੍ਰਾਪਤੀਆਂ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦੇ ਸਾਂਝੇ ਸੰਕਲਪ ਨਾਲ ਸਮਾਪਤ ਹੋਈ।

## ਪਾਰਟੀ 'ਚ ਮੁੜ ਸ਼ਾਮਲ ਕਰਨ ਤੋਂ ਪਹਿਲਾਂ ਪਾਰਟੀ ਦੇ ਆਗੂਆਂ ਨਾਲ ਵਿਚਾਰ ਕਰਨ ਦੀ ਲੋੜ : ਜਥੇਦਾਰ ਲੋਟ

ਪਟਿਆਲਾ, 12 ਫਰਵਰੀ (ਗੁਰਮੁੱਖ ਰੁਪਾਣਾ) : ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਤੇ ਸਾਬਕਾ ਚੇਅਰਮੈਨ ਜਥੇਦਾਰ ਲਖਬੀਰ ਸਿੰਘ ਲੋਟ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਮੁੜ ਸ਼ਾਮਿਲ ਹੋਣ ਵਾਲੇ ਬਾਗ਼ੀਆਂ ਤੇ ਦਾਗ਼ੀਆਂ ਅਕਾਲੀ ਆਗੂਆਂ ਪ੍ਰਤੀ ਆਪਣੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ



ਲੀਡਰਸ਼ਿਪ ਇੱਕ ਵਾਰ ਇਹਨਾਂ ਨੂੰ ਮੁੜ ਤੋਂ ਸ਼ਾਮਿਲ ਕਰਨ ਤੋਂ ਪਹਿਲਾਂ ਚੰਗੀ ਤਰ੍ਹਾਂ ਵਿਚਾਰ ਕਰ ਲੈਣਾ ਚਾਹੀਦਾ ਹੈ ਕਿ ਜਿਨ੍ਹਾਂ ਲੋਕਾਂ ਨੇ ਪਾਰਟੀ ਅਤੇ ਬਾਦਲ ਪਰਿਵਾਰ ਨੂੰ ਖ਼ਤਮ ਕਰਨ ਲਈ ਸਾਜ਼ਿਸ਼ਾਂ ਰਚੀਆਂ, ਜਿਸ ਕਾਰਨ ਪਾਰਟੀ ਨੂੰ ਬਹੁਤ ਨਮੋਸ਼ੀ ਝੱਲਣੀ ਪਈ ਉਹ ਲੋਕ ਪਾਰਟੀ ਨੂੰ ਫਿਰ ਤਾਕਤ ਵਿੱਚ ਆਉਂਦਾ ਦੇਖ ਕੇ ਦੁਬਾਰਾ ਫਿਰ ਪਾਰਟੀ ਵਿੱਚ ਸ਼ਾਮਲ ਹੋਣ ਲਈ ਤਰਲੋ ਮੱਛੀ ਹੋ ਰਹੇ ਹਨ , ਜਦਕਿ ਅਕਾਲੀ ਦਲ ਤੋਂ ਬਾਗੀ ਹੋ ਕੇ ਪਾਰਟੀ ਪ੍ਰਤੀ ਹੀ ਕੂੜ ਪ੍ਰਚਾਰ ਕਰਨ ਵਾਲਿਆਂ ਨੂੰ ਮੁੜ ਸ਼ਾਮਿਲ ਕਰਨ ਤੋਂ ਪਹਿਲਾਂ ਪਾਰਟੀ ਨੂੰ ਵਿਚਾਰ ਕਰਨ ਦੀ ਲੋੜ ਹੈ, ਤਾਂ ਜੋ ਪਾਰਟੀ ਨਾਲ ਡਟ ਕੇ ਖੜ੍ਹਨ ਵਾਲਿਆਂ ਦੇ ਮਨਾਂ ਨੂੰ ਠੇਸ ਨਾ ਪਹੁੰਚੇ। ਜਥੇਦਾਰ ਲਖਬੀਰ ਸਿੰਘ ਲੋਟ ਨੇ ਕਿਹਾ ਕਿ ਅਕਸਰ ਹੀ ਵੇਖਣ ਵਿੱਚ ਆਇਆ ਹੈ, ਜਦੋਂ ਵੀ ਸ਼੍ਰੋਮਣੀ ਅਕਾਲੀ ਦਲ ਦਾ ਉਭਾਰ ਹੋਇਆ ਉਦੋਂ ਉਦੋਂ ਪਾਰਟੀ ਨੂੰ ਛੱਡ ਕੇ ਜਾਣ ਵਾਲਿਆਂ ਨੇ ਮੁੜ ਪਾਰਟੀ ਵਿੱਚ ਸ਼ਾਮਿਲ ਹੋਣ ਦੀ ਰੁਚੀ ਵਿਖਾਈ ਹੈ, ਜਦਕਿ ਪਾਰਟੀ ਨੂੰ ਜਦੋਂ ਆਪਣੇ ਆਗੂਆਂ ਤੇ ਵਰਕਰਾਂ ਦੀ ਸਮੇਂ 'ਤੇ ਵੱਡੀ ਲੋੜ ਸੀ । ਅੱਜ ਜਦੋਂ ਸ਼੍ਰੋਮਣੀ ਅਕਾਲੀ ਦਲ ਮੁੜ 2027 ਦੇ ਵਿੱਚ ਆਪਣੀ ਸਰਕਾਰ ਬਣਾਉਣ ਜਾ ਰਿਹਾ ਹੈ ਜਾਂ ਵਿਖਾਈ ਦੇ ਰਿਹਾ ਹੈ, ਤਾਂ ਇਹ ਲੋਕ ਮੁੜ ਸ਼ਿਰੋਮਣੀ ਅਕਾਲੀ ਦਲ ਵਿੱਚ ਵਾਪਸ ਆਉਣ ਲਈ ਤਰਲੋ ਮੱਛੀ ਹੋ ਰਹੇ ਹਨ। ਜਥੇਦਾਰ ਲੋਟ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਲੀਡਰਸ਼ਿਪ ਪਾਰਟੀ ਤੋਂ ਵੱਖ ਹੋ ਕੇ ਆਪਣਾ ਦਲ ਬਣਾ ਕੇ ਅਕਾਲੀ ਦਲ ਦਾ ਭੰਡੀ ਪ੍ਰਚਾਰ ਕਰਨ ਵਾਲਿਆਂ ਨੂੰ ਮੁੜ ਸ਼ਾਮਿਲ ਕਰਨ ਤੋਂ ਪਹਿਲਾਂ ਵਿਚਾਰ ਲੈਣ ਤਾਂ ਕਿ ਪਾਰਟੀ ਤੋਂ ਛੱਡ ਕੇ ਜਾਣ ਵਾਲਿਆਂ ਨੂੰ ਇੱਕ ਨਸੀਹਤ ਦਿੱਤੀ ਜਾ ਸਕੇ।

## ਨਾਨਕਸਰ ਕੁਟੀਆ ਵਿਖੇ ਸਮੂਹ ਸਿੰਘਾਂ ਦਾ ਸਨਮਾਨ



ਪਟਿਆਲਾ, 12 ਫਰਵਰੀ (ਚ.ਨ.ਸ.) : ਧੰਨ-ਧੰਨ-ਬਾਬਾ ਨੰਦ ਸਿੰਘ ਜੀ ਮਹਾਰਾਜ ਅਤੇ ਧੰਨ-ਧੰਨ ਬਾਬਾ ਈਸ਼ਰ ਸਿੰਘ ਜੀ ਮਹਾਰਾਜ ਨਾਨਕਸਰ ਕਲੇਰਿਆਂ ਵਾਲਿਆਂ ਦੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਕੁਟੀਆ ਤ੍ਰਿਪੜੀ ਟਾਊਨ ਪਟਿਆਲਾ ਵਿਖੇ 36 ਦਿਨ 36 ਬਾਣੀਆਂ 36 ਵਿਦਵਾਨਾਂ ਵੱਲੋਂ ਸੰਗਤਾਂ ਨੂੰ ਕਥਾ ਅਤੇ ਕੀਰਤਨ ਨਾਲ ਨਿਹਾਲ ਕੀਤਾ ਗਿਆ। ਇਹ ਮਹਾਨ ਉਪਰਾਲਾ ਬਾਬਾ ਹਰਚਰਨ ਸਿੰਘ ਜੀ ਨਾਨਕਸਰ ਕੁਟੀਆ ਵਾਲਿਆਂ ਵੱਲੋਂ ਕੀਤਾ ਗਿਆ ਅਤੇ ਸਮੂਹ ਸਿੰਘਾਂ ਦਾ ਸਨਮਾਨ ਵੀ ਕੀਤਾ ਗਿਆ। ਇਹਨਾਂ ਮਹਾਨ ਸਮਾਗਮਾਂ ਵਿੱਚ ਸਵਈਏ ਸਾਹਿਬ ਦੀ ਬਾਣੀ ਦੀ ਕਥਾ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ ਨੇ ਕੀਤੀ ਅਤੇ ਅੰਮ੍ਰਿਤ ਵੇਲੇ ਗੁਰੂਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਸਵੱਈਏ ਦੀ ਸੇਵਾ ਕਰਨ ਵਾਲੇ ਸਿੰਘਾਂ ਵੱਲੋਂ ਸਵੱਈਏ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਹਨਾਂ ਸਿੰਘਾਂ ਵਿੱਚ ਪ੍ਰੋਫ਼ੈਸਰ ਮਨਜੀਤ ਸਿੰਘ, ਪਰਵਿੰਦਰ ਸਿੰਘ, ਬਲਦੇਵ ਸਿੰਘ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ, ਗੁਰਪਾਲ ਸਿੰਘ, ਡਾ. ਕੁਲਵੰਤ ਸਿੰਘ ਵਾਲੀਆ, ਡਾ. ਦੀਪ ਸਿੰਘ, ਸ. ਹਰਜੀਤ ਸਿੰਘ ਖਾਲਸਾ ਜੱਜ ਸਾਬ ਅਤੇ ਹੋਰ ਸਿੰਘਾਂ ਵੱਲੋਂ ਸੇਵਾ ਨਿਭਾਈ ਗਈ।

## ਹਲਕਾ ਸਮਾਣਾ 'ਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਵੱਡੀ ਮਜ਼ਬੂਤੀ, ਦਰਜ਼ਨਾਂ ਪਰਿਵਾਰ ਪਾਰਟੀ 'ਚ ਸ਼ਾਮਲ

ਸਮਾਣਾ, 12 ਫਰਵਰੀ (ਜਵੰਦਾ) : ਹਲਕਾ ਸਮਾਣਾ ਦੇ ਪਿੰਡ ਰਣਬੀਰਪੁਰਾ ਵਿਖੇ ਅੱਜ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਸ੍ਰ ਸੁਰਜੀਤ ਸਿੰਘ ਰੱਖੜਾ ਖਾਸ ਤੌਰ 'ਤੇ ਪਹੁੰਚੇ। ਇਸ ਮੌਕੇ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਦਰਜ਼ਨਾਂ ਪਰਿਵਾਰਾਂ ਨੇ ਪਾਰਟੀ ਵਿੱਚ ਸ਼ਾਮਿਲ ਹੋ ਕੇ ਆਪਣਾ ਸਮਰਥਨ ਦਿੱਤਾ। ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਵਿੱਚ ਸਾਬਕਾ ਜੀ ਐਮ (ਪੀ ਆਰ ਟੀ ਸੀ) ਮਨਜਿੰਦਰ ਸਿੰਘ ਹੁੰਦਲ, ਸਾਬਕਾ ਜੇ. ਈ (ਬਿਜਲੀ ਬੋਰਡ) ਬਲਜਿੰਦਰ ਸਿੰਘ, ਬਾਬਾ ਅਮਰ ਸਿੰਘ ਅਤੇ ਹੋਰ ਕਈ ਪਰਿਵਾਰ ਸ਼ਾਮਿਲ ਸਨ। ਪਾਰਟੀ ਵਿੱਚ ਆਉਣ 'ਤੇ ਸੁਰਜੀਤ ਸਿੰਘ ਰੱਖੜਾ ਵੱਲੋਂ ਸਭ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ



ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਹਰ ਇੱਕ ਵਰਕਰ ਤੇ ਆਗੂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਂਦਾ ਹੈ। ਉਹਨਾਂ ਨੇ ਕਿਹਾ ਕਿ ਪਾਰਟੀ ਲੋਕਾਂ ਦੀ ਆਵਾਜ਼ ਬਣ ਕੇ ਮੈਦਾਨ ਵਿੱਚ ਡਟੀ ਹੋਈ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਮਜਬੂਤੀ ਨਾਲ ਉਭਰੇਗੀ। ਇਸ ਸਮਾਗਮ ਵਿੱਚ ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਕੁਲਦੀਪ ਸਿੰਘ ਆੜਤੀਆ, ਸੁਖਵਿੰਦਰ ਸਿੰਘ ਅੰਟਾਲ, ਇਕਬਾਲ ਸਿੰਘ ਰਣਬੀਰਪੁਰਾ, ਰਘਬੀਰ ਕਲਿਆਣ, ਰਣਜੀਤ ਸਿੰਘ, ਰਵਿੰਦਰ ਸਿੰਘ ਅੰਟਾਲ, ਸੁਖਵੰਤ ਸਿੰਘ ਗਿੱਲ, ਮੋਤੀ ਲਾਲ ਸ਼ਰਮਾ, ਰਿੰਕੂ ਗਿੱਲ, ਪ੍ਰਮਜੀਤ ਸਿੰਘ ਜੇ.ਈ, ਰਣਜੋਧ ਸਿੰਘ ਭਿੰਡਰ, ਗੁਰਦੇਵਜੀਤ ਸਿੰਘ ਮੈਂਬਰ, ਨਿਰਪਾਲ ਸਿੰਘ ਭਿੰਡਰ, ਗੁਰਬਖਸ਼ ਸਿੰਘ ਮੈਂਬਰ, ਸੁਖਵਿੰਦਰ ਸਿੰਘ ਮੈਂਬਰ, ਮਨਜੀਤ ਸਿੰਘ ਮੀਤਾ, ਰਾਜਵੀਰ ਸਿੰਘ ਰਿੰਕਲ,ਗਿੰਦਰ ਮੈਂਬਰ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਰਹੇ।

### ਪਟਿਆਲਾ ਹੈਰੀਟੇਜ ਫੈਸਟੀਵਲ-2026

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਨਸ਼ਿਆਂ ਵਿਰੁੱਧ ਯੁੱਧ ਲੜਨ ਦਾ ਸੱਦਾ

ਚੌਥਾ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਖ਼ਾਲਸਾ ਕਾਲਜ 'ਚ ਨੌਜਵਾਨਾਂ ਤੇ ਪਟਿਆਲਵੀਆਂ ਦੀ ਖਿੱਚ ਦਾ ਕੇਂਦਰ ਬਣਿਆ

ਪਟਿਆਲਾ, 12 ਫਰਵਰੀ (ਰੁਪਾਣਾ/ਅਮਰਜੀਤ) : ਪਟਿਆਲਾ ਹੈਰੀਟੇਜ ਫੈਸਟੀਵਲ 2025 ਤਹਿਤ ਖ਼ਾਲਸਾ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਚੌਥੀ ਵਾਰ ਸਫ਼ਲਤਾ ਪੂਰਵਕ ਕਰਵਾਏ ਗਏ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਨੇ ਫ਼ੌਜੀ ਸ਼ਾਨ-ਓ-ਸ਼ੌਕਤ ਨਾਲ ਪਟਿਆਲਵੀਆਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਮਿਲਟਰੀ ਇਤਿਹਾਸ ਤੋਂ ਵਾਕਫ਼ ਕਰਵਾਇਆ। ਇਸ ਮੌਕੇ ਫ਼ੌਜੀ ਟੈਂਕਾਂ, ਤੋਪਾਂ, ਜੰਗੀ ਹਥਿਆਰਾਂ ਦੀ ਪ੍ਰਦਰਸ਼ਨੀ, ਫ਼ੌਜੀ ਇਤਿਹਾਸ ਦੀਆਂ ਦਸਤਾਵੇਜੀ ਫ਼ਿਲਮਾਂ, ਘੋੜਿਆਂ ਦੇ ਕਰਤੱਬਾਂ ਤੇ ਤੀਰਅੰਦਾਜੀ ਨੇ ਦਰਸ਼ਕਾਂ ਨੂੰ ਕੀਲ ਲਿਆ। ਫ਼ੌਜੀ ਸਾਹਿਤ ਮੇਲੇ ਦਾ ਉਦਘਾਟਨ ਕਰਦਿਆਂ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਸੱਦਾ ਦਿੱਤਾ ਕਿ



ਉਹ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਅਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਸ਼ਾਮਲ ਹੋਕੇ ਨਸ਼ਿਆਂ ਵਿਰੁੱਧ ਯੁੱਧ ਲੜਨ। ਉਨ੍ਹਾਂ ਕਿਹਾ ਕਿ ਵਾਰ ਹੀਰੋਜ਼ ਤੇ ਵੀਰ ਨਾਰੀਆਂ ਨਸ਼ਿਆਂ ਵਿਰੁੱਧ ਵੀ ਸਾਡੇ ਹੀਰੋ ਬਣਨ। ਸਿਹਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ @ਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਫ਼ੌਜ ਤੇ ਫ਼ੌਜੀ ਇਤਿਹਾਸ ਦੇ ਗੌਰਵ ਬਾਰੇ ਜਾਣੂ ਕਰਵਾਉਣ ਲਈ ਅਜਿਹੇ ਮੇਲੇ ਕਰਵਾਏ ਜਾ ਰਹੇ ਹਨ, ਜਿਸ ਲਈ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਵਧਾਈ ਦੇ ਪਾਤਰ ਹਨ। ਜ਼ਿਲ੍ਹੇ ਦੇ ਵੱਖ-ਵੱਖ ਫ਼ੌਜੀ ਉਪਰੇਸ਼ਨਾਂ @ਚ ਸ਼ਹੀਦ ਹੋਏ ਸੈਨਿਕਾਂ ਦੀਆਂ 5 ਵੀਰ ਨਾਰੀ ਮਾਵਾਂ ਤੇ ਪਤਨੀਆਂ ਨੂੰ ਸਨਮਾਨਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇੱਕ ਜੰਗ ਸਰਹੱਦਾਂ @ਤੇ ਹੁੰਦੀ ਹੈ ਅਤੇ ਦੂਜੀ ਜੰਗ ਸੈਨਿਕਾਂ ਦੇ ਪਰਿਵਾਰ ਲੜਦੇ ਹਨ, ਜਿਸ ਲਈ ਪੰਜਾਬ ਸਰਕਾਰ ਆਪਣੇ ਸ਼ਹੀਦਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੀ ਹੈ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਫ਼ੌਜੀ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਏ ਫ਼ੌਜੀ ਸਾਹਿਤ ਮੇਲੇ ਦੀ ਸਫ਼ਲਤਾ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਅਤੇ ਭਾਰਤੀ ਫ਼ੌਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮੇਲਾ ਨੌਜਵਾਨਾਂ ਤੇ ਵਿਦਿਆਰਥੀਆਂ ਲਈ ਇੱਕ ਨਵੀਂ ਸ਼ੁਰੂਆਤ ਹੈ। ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਵਾਈਸ ਚੇਅਰਮੈਨ ਲੈਫ. ਜਨ. ਚੇਤਿੰਦਰ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਡੀ ਭਾਰਤੀ ਫ਼ੌਜ ਦੁਨੀਆਂ ਦੀ ਬਿਹਤਰੀਨ ਫ਼ੌਜ ਹੈ ਅਤੇ ਕਈ ਮੁਲਕਾਂ ਦੀ ਫ਼ੌਜ ਸਾਡੀ ਫ਼ੌਜ ਤੋਂ ਟ੍ਰੇਨਿੰਗ ਲੈਂਦੀ ਹੈ। ਮੇਲੇ ਦੇ ਨੋਡਲ ਅਫ਼ਸਰ ਏ.ਡੀ.ਸੀ. ਸ਼ਹਿਰੀ ਵਿਕਾਸ ਡਾ. ਇਸਮਤ ਵਿਜੇ ਸਿੰਘ ਅਤੇ ਆਰ.ਟੀ.ਓ. ਬਬਨਦੀਪ ਸਿੰਘ ਨੇ ਦੱਸਿਆ ਕਿ ਮਿਲਟਰੀ ਲਿਟਰੇਚਰ ਫੈਸਟੀਵਲ ਦੀ ਸਮਾਪਤੀ ਮੌਕੇ ਪੀ.ਪੀ.ਐਸ. ਨਾਭਾ ਸਕੂਲ ਦੇ ਵਿਦਿਆਰਥੀਆਂ ਨੇ ਵੀ ਜਾਂਬਾਜ ਖੇਡ ਘੋੜਸਵਾਰੀ ਦੇ ਕਰਤੱਬ ਦਿਖਾਏ। ਡਾ. ਇਸਮਤ ਨੇ ਦੱਸਿਆ ਕਿ ਬ੍ਰੇਵ-ਹਾਰਟ ਮੋਟਰਸਾਈਕਲ ਰੈਲੀ, ਭਾਰਤੀ ਫ਼ੌਜ ਦੇ ਇਤਿਹਾਸ ਸਮੇਤ ਜੋਸ਼ ਤੇ ਜਜ਼ਬੇ ਨੂੰ ਦਰਸਾਉਂਦੀਆਂ ਫ਼ਿਲਮਾਂ, ਬੈਂਡ ਡਿਸਪਲੇ, ਜਜ਼ਬੇ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਭੰਗੜਾ, ਸਰਕਾਰੀ ਕਾਲਜ ਲੜਕੀਆਂ ਦੀਆਂ ਵਿਦਿਆਰਥਣਾਂ ਵੱਲੋਂ ਗਿੱਧਾ, ਤੀਰ ਅੰਦਾਜੀ, ਪੁਲਿਸ ਤੇ ਫ਼ੌਜ ਭਰਤੀ ਬਾਰੇ ਕਾਊਂਸਲਿੰਗ ਤੇ ਫ਼ੂਡ ਕੋਰਟ ਵੀ ਸਥਾਪਤ ਕੀਤੇ ਗਏ ਸਨ, ਜਿਸ ਦਾ ਵੱਡੀ ਗਿਣਤੀ ਪਟਿਆਵਲੀਆਂ ਅਤੇ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਆਨੰਦ ਮਾਣਿਆ। ਇਸ ਮੌਕੇ ਐਨ.ਸੀ.ਸੀ., ਆਰਮੀ ਯੂਨਿਟ, ਵੱਡੀ ਗਿਣਤੀ ਅਧਿਆਪਕ, ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ, ਫ਼ੌਜ ਦੇ ਮੌਜੂਦਾ ਤੇ ਸਾਬਕਾ ਅਧਿਕਾਰੀਆਂ ਸਮੇਤ ਪਟਿਆਲਾ ਦੇ ਵਸਨੀਕ ਮੌਜੂਦ ਸਨ।

## ਮਨਰੇਗਾ ਬਚਾਓ ਸੰਗਰਾਮ ਤਹਿਤ ਰਾਏਪੁਰ ਮੰਡਲਾਂ ਤੇ ਮਾਡਲ ਟਾਊਨ 'ਚ ਭਾਰੀ ਇਕੱਠ

ਨਿਰਮਲ ਸਿੰਘ ਭੱਟੀਆਂ ਦੀ ਅਗਵਾਈ ਹੇਠ ਮਜ਼ਦੂਰਾਂ ਦੇ ਹੱਕਾਂ ਲਈ ਗੂੰਜੀ ਆਵਾਜ਼

ਦੇਵੀਗੜ੍ਹ, 12 ਫਰਵਰੀ (ਗੁਰਜੀਤ ਸਿੰਘ ਢੌਟ) : ਮਨਰੇਗਾ ਬਚਾਓ ਸੰਗਰਾਮ ਤਹਿਤ ਪਿੰਡ ਰਾਏਪੁਰ ਮੰਡਲਾਂ ਅਤੇ ਮਾਡਲ ਟਾਊਨ ਵਿੱਚ ਇੱਕ ਪ੍ਰਭਾਵਸ਼ਾਲੀ ਅਤੇ ਜੋਸ਼ ਭਰਪੂਰ ਇਕੱਠ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆ ਨੇ ਮੁੱਖ ਤੌਰ 'ਤੇ ਸ਼ਿਰਕਤ ਕੀਤੀ। ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਮਜ਼ਦੂਰ ਭਰਾਵਾਂ ਅਤੇ ਪਾਰਟੀ ਵਰਕਰਾਂ ਦੀ ਹਾਜ਼ਰੀ ਨੇ ਇਸ ਸੰਗਰਾਮ ਨੂੰ ਹੋਰ ਮਜ਼ਬੂਤੀ ਬਖ਼ਸ਼ੀ।ਇਸ ਦੌਰਾਨ ਸੰਬੋਧਨ ਕਰਦਿਆਂ ਨਿਰਮਲ ਸਿੰਘ ਭੱਟੀਆ ਨੇ ਕਿਹਾ ਕਿ ਮਨਰੇਗਾ ਗਰੀਬ ਅਤੇ ਮਜ਼ਦੂਰ ਵਰਗ ਲਈ ਜੀਵਨ ਰੇਖਾ ਹੈ। ਉਨ੍ਹਾਂ ਕਿਹਾ,



ਮਨਰੇਗਾ 'ਤੇ ਹਮਲਾ ਦਰਅਸਲ ਗਰੀਬਾਂ ਦੇ ਹੱਕਾਂ 'ਤੇ ਹਮਲਾ ਹੈ, ਜੋ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।' ਇਸ ਮੌਕੇ ਪਿੰਡ ਰਾਏਪੁਰ ਮੰਡਲਾਂ ਅਤੇ ਮਾਡਲ ਟਾਊਨ ਦੇ ਵਾਸੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਮਨਰੇਗਾ ਨੂੰ ਪੂਰੀ ਤਰ੍ਹਾਂ ਲਾਗੂ ਕਰਨ, ਸਮੇਂ ਸਿਰ ਮਜ਼ਦੂਰੀ ਦਾ ਭੁਗਤਾਨ ਕਰਨ ਅਤੇ ਪੂਰੇ ਦਿਨਾਂ ਦਾ ਕੰਮ ਯਕੀਨੀ ਬਣਾਉਣ ਦੀ ਮੰਗ ਕੀਤੀ। ਇਸ ਇਕੱਠ ਵਿੱਚ ਕਾਲਾ ਸਿੰਘ ਰਾਏਪੁਰ, ਸੰਜੀਵ ਸ਼ਰਮਾ, ਓਮ ਪ੍ਰਕਾਸ਼, ਵਿੱਕੀ (ਸਾਬਕਾ ਸਰਪੰਚ), ਹਰਭਜਨ ਸਿੰਘ, ਜਗਮੀਤ ਸਿੰਘ, ਕਾਹਨ ਸਿੰਘ ਰਾਣਾ ਮੰਜਾਲ, ਕੁਲਦੀਪ ਸਿੰਘ ਕਾਲਾ ਸਨੌਰ, ਗੁਰਮੀਤ ਬਾਵਾ, ਸੋਨੀ ਕਪੂਰੀ ਅਤੇ ਸਮੂਹ ਪਿੰਡ ਵਾਸੀ ਮੌਜੂਦ ਰਹੇ।

## ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਵੱਲੋਂ ਸੁਤੰਤਰਤਾ ਸੰਗਰਾਮੀ ਸੰਤੋਖ ਸਿੰਘ ਮਾਰਗ ਦਾ ਉਦਘਾਟਨ

ਪਟਿਆਲਾ, 12 ਫਰਵਰੀ (ਰੁਪਾਣਾ) : ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਸੁਤੰਤਰਤਾ ਸੰਗਰਾਮੀ ਸ੍ਰ ਸੰਤੋਖ ਸਿੰਘ ਮਾਰਗ ਦਾ ਵਿਧਿਵਤ ਉਦਘਾਟਨ ਕੀਤਾ। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀ ਅਤੇ ਇਲਾਕਾ ਵਾਸੀ ਹਾਜ਼ਰ ਰਹੇ। ਰਿਬਨ ਕੱਟਣ ਦੀ ਰਸਮ ਤੋਂ ਬਾਅਦ ਸੁਤੰਤਰਤਾ ਸੰਗਰਾਮੀਆਂ ਦੀ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ। ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਸੰਤੋਖ ਸਿੰਘ ਵਰਗੇ ਮਹਾਨ ਯੋਧਿਆਂ ਦੀ ਯਾਦ ਨੂੰ ਸਦੀਵੀ ਬਣਾਉਣ ਲਈ ਇਹ ਇੱਕ ਛੋਟਾ ਜਿਹਾ ਯਤਨ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਦੀ ਲੜਾਈ ਵਿੱਚ ਉਨ੍ਹਾਂ ਦਾ ਯੋਗਦਾਨ





ਸਾਡੀ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਣਾ ਸਰੋਤ ਰਹੇਗਾ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਦੇ ਨਾਲ-ਨਾਲ ਇਤਿਹਾਸਕ ਸ਼ਖ਼ਸੀਅਤਾਂ ਨੂੰ ਸਨਮਾਨ ਦੇਣਾ ਸਾਡੀ ਜ਼ਿੰਮੇਵਾਰੀ ਹੈ। ਇਸ ਮਾਰਗ ਦੇ ਬਣਨ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇਗੀ ਅਤੇ ਸ਼ਹਿਰ ਦੀ ਸੁੰਦਰਤਾ ਵਿੱਚ ਵੀ ਵਾਧਾ ਹੋਵੇਗਾ। ਇਸ ਮੌਕੇ ਗੁਰਪ੍ਰੀਤ ਸਿੰਘ ਕੋਹਲੀ, ਜਿਲ੍ਹਾ ਪ੍ਰਧਾਨ ਸ੍ਰ ਅਮਰਪ੍ਰੀਤ ਸਿੰਘ , ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ 234 (ਰਜਿਸਟਰਡ) , ਵਾਰਡ ਨੰਬਰ 46 ਤੋਂ ਐਮ ਸੀ ਜਗਤਾਰ ਸਿੰਘ ਤਾਰੀ, ਵਾਰਡ ਨੰਬਰ 51 ਤੋਂ ਐਮ ਸੀ ਕਿਰਨ ਅਹੂਜਾ ਅਤੇ ਜਸਬੀਰ ਸਿੰਘ ਬਿੱਟੂ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

## ਕਿਸਾਨ-ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਤੇ ਪੈਨਸ਼ਨਰ ਐਸੋਸੀਏਸ਼ਨਾਂ ਵੱਲੋਂ ਰੋਸ ਪ੍ਰਦਰਸ਼ਨ



ਨਾਭਾ, 12 ਫਰਵਰੀ (ਬਲਜਿੰਦਰ ਮਾਨ) : ਕੇਂਦਰੀ ਟਰੇਡ ਯੂਨੀਅਨ ਦੇ ਸੱਦੇ 'ਤੇ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਤੇ ਪੈਨਸ਼ਨਰ ਐਸੋਸੀਏਸ਼ਨਾਂ ਵੱਲੋਂ ਅੱਜ ਐਕਸੀਅਨ ਦਫਤਰ ਬਿਜਲੀ ਬੋਰਡ ਨਾਭਾ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬਿਜਲੀ ਬਿੱਲ, ਬੀਜ ਸੋਧ ਬਿੱਲ, ਲੇਬਰ ਕੋਡ ਬਿੱਲ,ਮਨਰੇਗਾ ਸੋਧ ਬਿੱਲ ਤੇ ਖੇਤੀਬਾੜੀ ਨੂੰ ਤਬਾਹ ਕਰਨ ਵਾਲਾ ਅਮਰੀਕਾ-ਭਾਰਤ ਦੇ ਸਮਝੌਤੇ ਨੂੰ ਰੱਦ ਕਰਵਾਉਣ ਤੱਕ ਸੰਘਰਸ਼ ਕੀਤਾ ਜਾਵੇਗਾ। ਬਿਜਲੀ ਬੋਰਡ ਦੀਆਂ ਜ਼ਮੀਨਾਂ ਪੰਜਾਬ ਸਰਕਾਰ ਵੇਚ ਰਹੀ ਹੈ। ਉਸ ਦਾ ਵਿਰੋਧ ਕਰਨ ਦੀ ਚਿਤਾਵਨੀ ਦਿੱਤੀ।ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ ਗਿਆ। ਇਸ ਪ੍ਰਦਰਸ਼ਨ ਵਿਚ ਰਾਜਵੀਰ ਸਿੰਘ, ਨਿਰਮਲ ਕੁਮਾਰ ਜਸਵਿੰਦਰ ਸਿੰਘ ਸਾਲੂਵਾਲ ਜਗਪਾਲ ਸਿੰਘ ਊਧਾ, ਕੁਲਵੰਤ ਸਿੰਘ, ਪਰਮਿੰਦਰ ਸਿੰਘ, ਪ੍ਰਿਤਪਾਲ ਸਿੰਘ, ਜਗਮੇਲ ਸਿੰਘ ਸੁਧੇਵਾਲ,ਗੁਰਮੀਤ ਸਿੰਘ ਛੱਜੂਭੱਟ, ਜਰਨੈਲ ਸਿੰਘ ਦੋਦਾ,ਹਰਜੀਤ ਸਿੰਘ ਅਗੋਲ, ਕੁਲਵਿੰਦਰ ਕੌਰ ਰਾਮਗੜ੍ਹ ਰਮਨਦੀਪ ਕੌਰ ਗੁਰਦਿੱਤ ਪੁਰਾ ,ਗੁਰਜੀਤ ਸਿੰਘ, ਸੰਜੀਵ ਭੱਲਾ ਤੇ ਸਾਥੀਆਂ ਨੇ ਧਰਨੇ ਨੂੰ ਸੰਬੋਧਨ ਕੀਤਾ।

## ਚੋਰੀ ਕੀਤੇ ਮੋਬਾਇਨ ਫੋਨ ਬ੍ਰਾਮਦ

ਪਟਿਆਲਾ, 12 ਫਰਵਰੀ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਨੇ ਕਥਿਤ ਦੋਸ਼ੀਆਂ ਗੁਰਪ੍ਰੀਤ ਸਿੰਘ ਵਾਸੀ ਸੁਖਰਾਮ ਕਲੋਨੀ ਪਟਿਆਲਾ, ਮਨਜੋਤ ਸਿੰਘ ਵਾਸੀ ਗਲੀ ਨੰ. 5 ਅਬਚਲ ਨਗਰ ਪਟਿਆਲਾ ਵਿਰੁੱਧ ਧਾਰਾ 303(2), 304,317(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਰਜਿੰਦਰ ਕੁਮਾਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਕੋਹਲੀ ਸਵੀਟਸ ਚੌਂਕ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਮੋਬਾਇਨ ਫੋਨ ਖੋਹਣ ਅਤੇ ਚੋਰੀ ਕਰਨ ਦੇ ਆਦੀ ਹਨ, ਜੋ ਅੱਜ ਵੀ ਖੋਹ ਕੀਤੇ/ਚੋਰੀ ਕੀਤੇ ਹੋਏ ਮੋਬਾਇਲ ਫੋਨਾਂ ਨੂੰ ਵੇਚਣ ਲਈ ਪੁੱਡਾ ਗਰਾਊਡ ਸਾਹਮਣੇ ਮੋਟਰਸਾਇਕਲ 'ਤੇ ਸਵਾਰ ਹੋ ਕੇ ਘੁੰਮ ਰਹੇ ਹਨ, ਜੋ ਰੇਡ ਕਰਨ 'ਤੇ ਕਾਬੂ ਆ ਸਕਦੇ ਹਨ।

## ਧਾਰਮਿਕ ਬਿਰਤੀ, ਨਿਮਰਤਾ ਵਾਲੇ ਤੇ ਨੇਕ ਦਿਲ ਸ਼ਖਸੀਅਤ ਸਨ ਮਾਤਾ ਨਿਰਮਲਾ ਦੇਵੀ ਮਿੱਤਲ

ਸਮਾਣਾ, 12 ਫਰਵਰੀ (ਜਵੰਦਾ/ਸੁਖਜਿੰਦਰ ਕੁਲਾਰਾਂ) : ਮੌਤ ਇਕ ਅਟੱਲ ਸੱਚ ਹੈ, ਦੁਨੀਆਂ 'ਚ ਜਨਮ ਲੈਣ ਵਾਲੇ ਹਰ ਇਨਸਾਨ ਨੂੰ ਇਕ ਦਿਨ ਸਦਾ ਲਈ ਦੁਨੀਆਂ ਛੱਡ ਕੇ ਜ਼ਰੂਰ ਜਾਣਾ ਪੈਂਦਾ ਹੈ, ਪਰ ਸੰਸਾਰ 'ਚ ਕੁਝ ਅਜਿਹੀਆਂ ਪਵਿੱਤਰ ਆਤਮਾਵਾਂ ਵੀ ਜਨਮ ਲੈਂਦੀਆਂ ਹਨ, ਜੋ ਜਾਣ ਮਗਰੋਂ ਵੀ ਲੋਕਾਂ ਦੇ ਦਿਲਾਂ ਵਿੱਚ ਹਮੇਸ਼ਾ ਯਾਦਾਂ ਬਣ ਤਾਜ਼ਾ ਰਹਿੰਦੀਆਂ ਹਨ। ਇਸੇ ਸ਼੍ਰੇਣੀ 'ਚ ਇੱਕ ਸ਼ਾਮਲ ਨਾਂਅ ਹੈ ਨਿਮਰਤਾ ਦੀ ਮੂਰਤ ਮਾਤਾ ਨਿਰਮਲਾ ਦੇਵੀ ਧਰਮਪਤਨੀ ਸਵ ਸ੍ਰੀ ਬਾਲ ਕ੍ਰਿਸ਼ਨ ਦਾਸ ਮਿੱਤਲ ਜੀ, ਜੋ ਕਿ ਸੁਰਿੰਦਰ ਮਿੱਤਲ, ਨਰੇਸ਼ ਮਿੱਤਲ, ਪ੍ਰਦੀਪ ਮਿੱਤਲ, ਜੁਗੇਸ਼ ਮਿੱਤਲ ਅਤੇ ਵਿਨੋਦ ਮਿੱਤਲ ਦੇ ਸਤਿਕਾਰਯੋਗ ਮਾਤਾ ਜੀ ਅਤੇ ਵਿਸ਼ਾਲ ਮਿੱਤਲ (ਐਕਸਿਸ ਬੈਂਕ ਵਿੱਚ ਮੈਨੇਜਰ,ਧੂਰੀ), ਰਿਸ਼ਵ ਮਿੱਤਲ ਪੱਤਰਕਾਰ, ਰਾਹੁਲ ਮਿੱਤਲ (ਬਿਜ਼ਨੈੱਸਮੈਨ) ਅਤੇ ਸ਼ੁਭਮ ਮਿੱਤਲ (ਐਚ ਡੀ ਐਫ ਸੀ ਬੈਂਕ ਸਮਾਣਾ ਵਿੱਚ ਡਿਪਟੀ ਮੈਨੇਜਰ) ਦੇ ਦਾਦੀ ਜੀ ਸਨ। ਕੁਦਰਤ ਦੇ ਬਣਾਏ ਨਿਯਮ ਅਨੁਸਾਰ ਮਾਤਾ ਜੀ ਬੀਤੀ 2 ਫਰਵਰੀ ਨੂੰ ਇਸ ਫ਼ਾਨੀ ਸੰਸਾਰ ਤੋਂ ਹਮੇਸ਼ਾ ਲਈ ਰੁਖ਼ਸਤ ਹੋ ਗਏ ਹਨ।ਮਾਤਾ ਨਿਰਮਲਾ ਦੇਵੀ ਜੀ ਨਮਿੱਤ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਤੇ ਸ਼ਰਧਾਂਜਲੀ ਸਮਾਗਮ ਅੱਜ ਮਿਤੀ 13 ਫਰਵਰੀ ਦਿਨ ਸ਼ੁੱਕਰਵਾਰ ਨੂੰ ਸਤੀ ਮੰਦਿਰ ਧਰਮਸ਼ਾਲਾ ਸਮਾਣਾ ਵਿਖੇ 1 ਤੋਂ ਦੁਪਿਹਰ 2 ਵਜੇ ਤੱਕ ਹੋਵੇਗਾ।



## 'ਯੁੱਧ ਨਸ਼ਿਆਂ ਵਿਰੁੱਧ' ਹਲਕਾ ਪੱਧਰੀ ਮੀਟਿੰਗ



ਸਮਾਣਾ, 12 ਫਰਵਰੀ (ਜਵੰਦਾ) : ਹਲਕੇ ਵਿੱਚ ਨਸ਼ਿਆਂ ਦੇ ਵਧਦੇ ਪ੍ਰਭਾਵ ਨੂੰ ਰੋਕਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇੱਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਸ ਚੇਤਨ ਸਿੰਘ ਜੋੜਾਮਾਜਰਾ, ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਐਸ ਡੀ ਐਮ ਮੈਡਮ ਰਿਚਾ ਗੋਇਲ ਅਤੇ ਡੀ ਐਸ ਪੀ ਸ ਫਤਿਹ ਸਿੰਘ ਬਰਾੜ ਸਮੇਤ ਪ੍ਰਸ਼ਾਸਨਿਕ ਅਧਿਕਾਰੀਆਂ, ਪੁਲਿਸ ਵਿਭਾਗ, ਪੰਚਾਇਤੀ ਨੁਮਾਇੰਦਿਆਂ, ਸਮਾਜ ਸੇਵੀਆਂ ਅਤੇ ਨੌਜਵਾਨਾਂ ਨੇ ਭਾਗ ਲਿਆ।ਮੀਟਿੰਗ ਦੌਰਾਨ ਨਸ਼ਾ ਤਸਕਰੀ ਨੂੰ ਰੋਕਣ, ਨਸ਼ਾ ਮੁਕਤੀ ਕੇਂਦਰਾਂ ਦੀ ਭੂਮਿਕਾ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਤੇ ਰੁਜ਼ਗਾਰ ਨਾਲ ਜੋੜਨ ਵਰਗੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਜੋੜਾਮਾਜਰਾ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਸਮਾਜ ਦੇ ਹਰ ਵਰਗ ਦੀ ਸਾਂਝੀ ਭੂਮਿਕਾ ਬਹੁਤ ਜ਼ਰੂਰੀ ਹੈ।ਮੈਡਮ ਰਿਚਾ ਗੋਇਲ ਅਤੇ ਡੀ ਐਸ ਪੀ ਸ ਬਰਾੜ ਵੱਲੋਂ ਭਰੋਸਾ ਦਿੱਤਾ ਗਿਆ ਕਿ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਕੁਲਦੀਪ ਸਿੰਘ ਵਿਰਕ, ਮਨਜੀਤ ਸਿੰਘ ਦਾਨੀਪੁਰ, ਸੰਜੇ ਮੰਤਰੀ, ਜਸਵੀਰ ਸਿੰਘ, ਰਾਜ ਸੱਚਦੇਵਾ ਅਤੇ ਸੰਜੇ ਸਾਹਨੀ ਆਦਿ ਵੀ ਹਾਜ਼ਰ ਰਹੇ।

## ਸਕਾਲਰ ਫੀਲਡਜ਼ ਪਬਲਿਕ ਸਕੂਲ 'ਚ ਬਾਰ੍ਹਵੀਂ ਜਮਾਤ ਦਾ ਵਿਦਾਇਗੀ ਸਮਾਰੋਹ

ਪਟਿਆਲਾ, 12 ਫਰਵਰੀ (ਰੁਪਾਣਾ) : ਖੁਸ਼ੀਆਂ, ਯਾਦਾਂ ਅਤੇ ਸੁਪਨਿਆਂ ਨਾਲ ਭਰਿਆ ਇਕ ਅਨਮੋਲ ਦਿਨ ਸਕਾਲਰ ਫੀਲਡਜ਼ ਪਬਲਿਕ ਸਕੂਲ ਦੇ ਵਿਹੜੇ ਵਿੱਚ 6 ਫਰਵਰੀ ਨੂੰ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰਵਾਇਆ ਗਿਆ। ਵਿਦਾਇਗੀ ਸਮਾਰੋਹ ਸਿਰਫ਼ ਇਕ ਸਮਾਗਮ ਨਹੀਂ ਸੀ। ਸਮਾਰੋਹ ਦੀ ਸ਼ੁਰੂਆਤ ਮਧੁਰ ਸੰਗੀਤ ਨਾਲ ਹੋਈ, ਜਿਸ ਨੇ ਮਾਹੌਲ ਨੂੰ ਸਕੂਨ ਅਤੇ ਖੁਸ਼ੀ ਨਾਲ ਭਰ ਦਿੱਤਾ। ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਰੈਂਪ ਵਾਕ ਕਰਵਾਇਆ ਗਿਆ। ਉਸ ਤੋਂ ਬਾਅਦ ਵਿਦਿਆਰਥੀਆਂ ਦੇ ਮਾਡਲਿੰਗ ਸੈਸ਼ਨ ਦੌਰਾਨ ਵਿਦਿਆਰਥੀ ਵੱਖ-ਵੱਖ ਪੁਸ਼ਾਕਾਂ ਵਿੱਚ ਨਾ ਸਿਰਫ਼ ਸੁੰਦਰ ਦਿਖ ਰਹੇ ਸਨ, ਬਲਕਿ ਉਨ੍ਹਾਂ ਦੇ ਚਿਹਰਿਆਂ 'ਤੇ ਭਵਿੱਖ ਦੇ ਸੁਪਨਿਆਂ ਦੀ ਚਮਕ ਵੀ



ਸਾਫ਼ ਝਲਕ ਰਹੀ ਸੀ। ਜੱਜਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਉੱਤਰ ਦੇ ਕੇ ਬੱਚਿਆਂ ਨੇ ਆਪਣੀ ਸੋਚ, ਆਤਮਵਿਸ਼ਵਾਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਮਾਡਲਿੰਗ ਦੇ ਨਤੀਜੇ ਘੋਸ਼ਿਤ ਕਰਦੇ ਹੋਏ ਮਿਸਟਰ ਸਕਾਲਰ ਤਨਮਨ ਸਿੰਘ ਅਤੇ ਮਿਸ ਸਕਾਲਰ ਅਵਨੀਤ ਕੌਰ ਮਿਸਟਰ ਸਕਾਲਰ ਪਹਿਲਾ ਰਨਰ-ਅਪ ਸਾਹਿਲਪ੍ਰੀਤ ਸਿੰਘ ਅਤੇ ਮਿਸ ਸਕਾਲਰ ਪਹਿਲੀ ਰਨਰ-ਅਪ ਦਿਵਿਆਂਸ਼ੀ ਮਿਸਟਰ ਸਕਾਲਰ ਦੂਜਾ ਰਨਰ-ਅਪ ਦਾਨਿਸ਼ ਅਤੇ ਮਿਸ ਸਕਾਲਰ ਦੂਜੀ ਰਨਰ-ਅਪ ਨਮਨੀਤ ਕੌਰ ਨੂੰ ਖਿਤਾਬਾਂ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਚੰਦਨਦੀਪ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਹਾਵਣੇ ਭਵਿੱਖ ਸਬੰਧੀ ਪ੍ਰੇਰਨਾਦਾਇਕ ਭਾਸ਼ਣ ਦਿੰਦੇ ਹੋਏ ਭਾਵੁਕਤਾ ਭਰੀ ਵਿਦਾਇਗੀ ਦਿੱਤੀ ।



# ਪਟਿਆਲਾ-ਆਸ/ਪਾਸ



## ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਅਹਿਮ ਇਕੱਤਰਤਾ

ਪਟਿਆਲਾ, 12 ਫਰਵਰੀ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ 'ਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਵੱਡਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਅੱਜ ਧਰਮ ਪ੍ਰਚਾਰ ਕਮੇਟੀ ਦੀ ਅਹਿਮ ਇਕੱਤਰਤਾ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਦੀ ਯੋਗ ਅਗਵਾਈ ਵਿਚ ਕੀਤੀ ਗਈ। ਇਕੱਤਰਤਾ ਦੌਰਾਨ ਮੀਤ ਸਕੱਤਰ ਸੁਖਬੀਰ ਸਿੰਘ, ਇੰਚਾਰਜ ਭੋਲਾ ਸਿੰਘ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ, ਜਗਜੀਤ ਸਿੰਘ ਇੰਚਾਰਜ ਮਾਲਵਾ ਜ਼ੋਨ, ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਦੇ ਸੰਚਾਲਕ ਸਤਨਾਮ ਸਿੰਘ ਸਲੋਪੁਰੀ, ਪ੍ਰਚਾਰਕ ਸਰਬਜੀਤ ਸਿੰਘ ਢੋਟੀਆਂ, ਮੈਨੇਜਰ ਭਾਗ ਸਿੰਘ ਆਦਿ ਨੇ ਸ਼ਿਰਕਤ ਕੀਤੀ ਗਈ। ਇਸ ਦੌਰਾਨ ਦੀਰਘ ਵਿਚਾਰਾਂ ਉਪਰੰਤ ਫੈਸਲਾ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਨਾਲ ਸਹਿਯੋਗ ਕਰਕੇ ਜਿੱਥੇ ਸੰਗਤਾ ਨੂੰ ਸਹਿਜ ਪਾਠ ਦ੍ਰਿੜ ਕਰਵਾਏਗੀ, ਉੱਥੇ ਹੀ ਅੰਮ੍ਰਿਤ ਸੰਚਾਰ ਦੀ ਲਹਿਰ ਨੂੰ ਵੀ ਪ੍ਰਚੰਡ ਰੂਪ ਵਿਚ ਚਲਾਇਆ ਜਾਵੇਗਾ। ਇਸ ਦੌਰਾਨ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਜਿਥੇ ਸ਼ਤਾਬਦੀਆਂ ਅਤੇ ਨਿਰੰਤਰ ਚੱਲਦੇ ਧਾਰਮਿਕ ਸਮਾਗਮਾਂ, ਸੈਮੀਨਾਰਾਂ ਵਿਚ ਪ੍ਰਚੰਡ ਕਰ ਰਹੀ ਹੈ, ਉਥੇ ਹੀ ਇਸ ਲਹਿਰ ਨੂੰ ਪਿੰਡ ਪੱਧਰ ਤੱਕ ਵੀ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਲਹਿਰ ਦੌਰਾਨ ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਦਾ ਅਹਿਮ ਸਹਿਯੋਗ ਲਿਆ ਜਾਵੇਗਾ, ਜੋ ਪਹਿਲਾਂ ਹੀ ਇਸ ਕਾਰਜ ਵਿਚ ਜੁਟੇ ਹੋਏ ਹਨ। ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਫੈਸਲਾ ਕੀਤਾ ਗਿਆ, ਜਿੱਥੇ ਧਾਰਮਿਕ ਸਮਾਗਮ ਕਰਵਾਏ ਜਾਣਗੇ, ਉਨ੍ਹਾਂ ਧਾਰਮਿਕ ਅਸਥਾਨਾਂ ਦੀ ਚੋਣ ਕੀਤੀ ਗਈ, ਜਿਸ ਵਿਚ ਗੁਰਦੁਆਰਾ ਬਹਿਰ ਸਾਹਿਬ ਪਾਤਸ਼ਾਹੀ ਨੌਵੀਂ, ਗੁਰਦੁਆਰਾ ਮਿਲਾਪਸਰ ਸਾਹਿਬ ਘੜਾਮ, ਗੁਰਦੁਆਰਾ ਸਿੰਘ ਸਭਾ ਭਾਖਰ, ਗੁਰਦੁਆਰਾ ਸਿੰਘ ਸਭਾ ਘੱਗਾ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਹਿਬ ਵਿਖੇ ਸਹਿਜ ਪਾਠ ਸੰਗਤਾਂ ਨੂੰ ਦ੍ਰਿੜ ਕਰਵਾਇਆ ਜਾਵੇਗਾ ਅਤੇ ਬਾਣੀ ਅਤੇ ਬਾਣੇ ਦਾ ਧਾਰਨੀ ਬਣਾਉਣ ਲਈ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਅਹਿਮ ਉਪਰਾਲਿਆਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਫਲਸਫੇ ਨਾਲ ਜੋੜਨ ਦੇ ਵੱਡੇ ਉਪਰਾਲੇ ਕਰ ਰਹੀ ਹੈ। ਇਸ ਮੌਕੇ ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਦੇ ਸੰਚਾਲਕ ਸਤਨਾਮ ਸਿੰਘ ਸਲੋਪੁਰੀ ਨੇ ਕਿਹਾ ਕਿ ਸਾਡੇ ਵੱਲੋਂ ਸਹਿਜ ਪਾਠ ਸੇਵਾ ਲਹਿਰ ਨੂੰ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਨਿਤਨੇਮੀ ਕਿਵੇਂ ਬਣੀਏ ? ਸੰਥਿਆ ਕਰਵਾਉਣ ਦਾ ਉਪਰਾਲਾ, ਆਨਲਾਈਨ ਸੰਖਿਆ, ਮੁਹਾਰਣੀ, ਗੁਰਬਾਣੀ ਦਾ ਸੰਕਲਪ ਕਿਵੇਂ ਪੈਦਾ ਹੋਵੇ ਵਰਗੇ ਵਿਸ਼ਿਆਂ ਨੂੰ ਲੈ ਕੇ ਸਕੂਲਾਂ ਵਿਚ ਵਰਕਸ਼ਾਪ, ਕਾਲਜਾਂ ਤੇ ਯੂਨੀਵਸਿਟੀ ਵਿਚ ਪਹੁੰਚ ਕਰਕੇ ਸਹਿਜ ਪਾਠ ਦ੍ਰਿੜ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਅਤੇ ਇਸ ਮਹਾਨ ਉਪਰਾਲੇ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਲਿਜਾਣ ਦਾ ਸੰਕਲਪ ਕੀਤਾ ਗਿਆ ਹੈ। ਇਕੱਤਰਤਾ ਦੌਰਾਨ ਮੀਤ ਸਕੱਤਰ ਸੁਖਬੀਰ ਸਿੰਘ ਨੇ ਪੁੱਜੇ ਪ੍ਰਚਾਰਕ ਤੇ ਢਾਡੀ ਕਵੀਸ਼ਰ ਸਾਹਿਬਾਨ ਤੇ ਗੁਰਦੁਆਰਾ ਪ੍ਰਬੰਧਕਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਸਕੱਤਰ ਪਰਮਜੀਤ ਸਿੰਘ ਸਰੋਆ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਸਰਬਜੀਤ ਸਿੰਘ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਗੁਰਪਿਆਰ ਸਿੰਘ ਜੌਹਰ, ਪਰਵਿੰਦਰ ਸਿੰਘ ਰਿਓਂਦ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ਼ ਮੈਂਬਰ ਆਦਿ ਵੀ ਸ਼ਾਮਲ ਸਨ।

## ਪੰਜਾਬੀ ਯੂਨੀਵਰਸਿਟੀ ਵਿਖੇ '16ਵਾਂ ਸ਼ਹੀਦ ਸਰਦਾਰ ਨਾਨਕ ਸਿੰਘ ਮੈਮੋਰੀਅਲ ਲੈਕਚਰ' ਕਰਵਾਇਆ

ਪਟਿਆਲਾ, 12 ਫਰਵਰੀ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਵਿਖੇ '16ਵਾਂ ਸ਼ਹੀਦ ਸਰਦਾਰ ਨਾਨਕ ਸਿੰਘ ਮੈਮੋਰੀਅਲ ਲੈਕਚਰ' ਕਰਵਾਇਆ ਗਿਆ। ਯੂਨੀਵਰਸਿਟੀ ਦੀ ਸ੍ਰੀ ਗੁਰੂ ਤੇਗ ਬਹਾਦਰ ਰਾਸ਼ਟਰੀ ਏਕਤਾ ਚੇਅਰ ਵੱਲੋਂ ਕਰਵਾਇਆ ਗਿਆ। ਇਹ ਵਿਸ਼ੇਸ਼ ਭਾਸ਼ਣ ਬਿਹਾਰ ਦੀ ਇੰਟਰਨੈਸ਼ਨਲ ਸੈਂਟਰ ਨਾਲੰਦਾ ਯੂਨੀਵਰਸਿਟੀ, ਰਾਜਗੀਰ ਤੋਂ ਪੁੱਜੇ ਪ੍ਰੋ. ਕੇ.ਟੀ.ਐਸ. ਸਰਾਓ ਵੱਲੋਂ ਦਿੱਤਾ ਗਿਆ।ਪ੍ਰੋ. ਕੇ.ਈ.ਐਸ. ਸਰਾਓ ਨੇ 'ਮੱਧ ਏਸ਼ੀਆ ਵਿੱਚ ਮੂਲ ਮੰਤਰ: ਬਾਕੂ ਦੇ ਆਤਿਸ਼ਗਾਹ ਵਿਖੇ ਮਿਲੇ ਦੋ ਸ਼ਿਲਾਲੇਖਾਂ ਦਾ ਅਧਿਐਨ ਵਿਸ਼ੇ 'ਤੇ ਦਿੱਤੇ ਆਪਣੇ ਭਾਸ਼ਣ ਵਿੱਚ ਸਬੰਧਤ ਸ਼ਿਲਾਲੇਖਾਂ ਦੀ ਵਿਆਖਿਆ ਕੀਤੀ ਅਤੇ ਇਸ ਦੀਆਂ ਵੱਖ-ਵੱਖ ਪਰਤਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਵੱਖ-ਵੱਖ ਇਤਿਹਾਸਕ ਸਰੋਤਾਂ ਦੀ ਮਦਦ ਨਾਲ ਦੱਸਿਆ ਕਿ ਗੁਰੂ ਨਾਨਕ ਦੇਵ ਜੀ ਆਪਣੀਆਂ ਉਦਾਸੀਆਂ ਦੌਰਾਨ ਪੂਰਬੀ ਅਫ਼ਰੀਕਾ ਵੀ ਗਏ ਸਨ ਅਤੇ ਲੋਕਾਂ ਨੂੰ ਸਿੱਖ ਧਰਮ ਵਿੱਚ ਲਿਆਂਦਾ ਸੀ।ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੱਧ ਏਸ਼ੀਆ ਵਿੱਚ ਸਿੱਖੀ ਦੇ ਨਿਸ਼ਾਨ ਮਿਲਣਾ ਸਾਡੀ ਅਮੀਰ ਸੱਭਿਆਚਾਰਕ ਅਤੇ ਧਾਰਮਿਕ ਪਹੁੰਚ ਦਾ ਪ੍ਰਮਾਣ ਹੈ।ਯੂਨੀਵਰਸਿਟੀ ਦੇ ਸਾਬਕਾ ਡੀਨ ਖੋਜ ਡਾ. ਜਸਪਾਲ ਕੌਰ ਧੰਜੂ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਇਤਿਹਾਸਕ ਘਟਨਾਵਾਂ ਦੀ ਵਿਆਖਿਆ ਕਰਨ ਵਿੱਚ ਸਰੋਤਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਸ੍ਰੀ ਗੁਰੂ ਤੇਗ ਬਹਾਦਰ ਰਾਸ਼ਟਰੀ ਏਕਤਾ ਚੇਅਰ ਦੇ ਮੁਖੀ ਡਾ. ਸੰਦੀਪ ਕੌਰ ਵੱਲੋਂ ਆਪਣੇ ਸਵਾਗਤੀ ਭਾਸ਼ਣ ਦੌਰਾਨ ਪ੍ਰੋਗਰਾਮ ਦੀ ਰੂਪ ਰੇਖਾ ਸਾਂਝੀ ਕਰਦਿਆਂ 'ਸ਼ਹੀਦ ਸਰਦਾਰ ਨਾਨਕ ਸਿੰਘ ਮੈਮੋਰੀਅਲ ਲੈਕਚਰ' ਲੜੀ ਬਾਰੇ ਜਾਣਕਾਰੀ ਪ੍ਰਦਾਨ ਕੀਤੀ।ਧੰਨਵਾਦੀ ਭਾਸ਼ਣ ਅੰਤਰਰਾਸ਼ਟਰੀ ਵਿਦਿਆਰਥੀ ਡਾਇਰੈਕਟੋਰੇਟ ਦੇ ਡੀਨ ਡਾ. ਦਮਨਜੀਤ ਸੰਧੂ ਵੱਲੋਂ ਦਿੱਤਾ ਗਿਆ। ਮੰਚ ਸੰਚਾਲਨ ਦਾ ਕਾਰਜ ਡਾ. ਬਲਰਾਜ ਸਿੰਘ ਨੇ ਕੀਤਾ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ 170 ਤੋਂ ਵੱਧ ਵਿਦਿਆਰਥੀਆਂ, ਖੋਜਾਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।



## ਵਿਧਾਇਕ ਕੋਹਲੀ ਨੇ ਹਰੀ ਝੰਡੀ ਦੇ ਕੇ ਮੁੱਖ ਮੰਤਰੀ ਤੀਰਥ ਯਾਤਰਾ ਦੀ ਸ਼ੁਰੂਆਤ ਕਰਵਾਈ



ਪਟਿਆਲਾ , 12 ਫਰਵਰੀ (ਰੁਪਾਣਾ): ਪੰਜਾਬ ਸਰਕਾਰ ਦੀ ਧਾਰਮਿਕ ਭਾਵਨਾਵਾਂ ਨਾਲ ਜੁੜੀ ਮਹੱਤਵਪੂਰਨ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਟਿਆਲਾ ਤੋਂ ਤੀਰਥ ਯਾਤਰੀਆਂ ਦੇ ਜੱਥੇ ਨੂੰ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਹਰੀ ਝੰਡੀ ਦੇ ਕੇ ਯਾਤਰਾ ਦੀ ਸ਼ੁਰੂਆਤ ਕਰਵਾਈ। ਉਹਨਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ , ਦੁਰਗਿਆਣਾ ਮੰਦਿਰ ਆਦਿ ਦੇ ਦਰਸ਼ਨ ਕਰਨਗੇ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ, ਸਥਾਨਕ ਨਿਵਾਸੀ, ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਖਾਸ ਕਰਕੇ ਉਹ ਲੋਕ ਜੋ ਆਰਥਿਕ ਕਾਰਨਾਂ ਕਰਕੇ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਕਲਿਆਣਕ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰ ਰਹੀ ਹੈ ਅਤੇ ਤੀਰਥ ਯਾਤਰਾ ਸਕੀਮ ਇਸ ਦੀ ਇੱਕ ਸ਼ਾਨਦਾਰ ਮਿਸਾਲ ਹੈ। ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਉਣ-ਜਾਣ, ਰਹਿਣ ਅਤੇ ਭੋਜਨ ਦੀ ਪੂਰੀ ਸੁਵਿਧਾ ਮੁਫ਼ਤ ਪ੍ਰਦਾਨ ਕੀਤੀ ਜਾਂਦੀ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਧਾਰਮਿਕ ਨਹੀਂ, ਸਗੋਂ ਸਮਾਜਿਕ ਸਾਂਝ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇੱਕ ਮਾਧਿਅਮ ਹੈ। ਉਨ੍ਹਾਂ ਦੱਸਿਆ ਕਿ ਪਟਿਆਲਾ ਹਲਕੇ ਤੋਂ ਭਵਿੱਖ ਵਿੱਚ ਵੀ ਹੋਰ ਜੱਥੇ ਵੱਖ-ਵੱਖ ਧਾਰਮਿਕ ਸਥਾਨਾਂ ਲਈ ਭੇਜੇ ਜਾਣਗੇ। ਇਸ ਮੌਕੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਜੀਵਨ ਭਰ ਦੀ ਯਾਦਗਾਰ ਯਾਤਰਾ ਹੋਵੇਗੀ। ਕਈ ਸ਼ਰਧਾਲੂਆਂ ਨੇ ਭਾਵੁਕ ਹੋ ਕੇ ਕਿਹਾ ਕਿ ਉਹ ਪਹਿਲੀ ਵਾਰ ਇਨ੍ਹਾਂ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨ ਜਾ ਰਹੇ ਹਨ। ਸਮਾਗਮ ਦੇ ਅੰਤ 'ਚ ਵਿਧਾਇਕ ਕੋਹਲੀ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸੁਰੱਖਿਆ ਅਤੇ ਸੁਵਿਧਾਵਾਂ ਦਾ ਪੂਰਾ ਧਿਆਨ ਰੱਖਣ ਲਈ ਹਦਾਇਤਾਂ ਦਿੱਤੀਆਂ। ਇਸ ਮੌਕੇ ਵਾਰਡ ਨੰਬਰ 59 ਤੋਂ ਇੰਚਾਰਜ ਵੀਰਪਾਲ ਕੌਰ ਚਾਹਲ , ਨਾਇਬ ਤਹਿਸੀਲਦਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ ।

## ਪਤੀ ਦੇ ਕਤਲ ਦੇ ਮਾਮਲੇ 'ਚ ਪਤਨੀ ਨੂੰ ਉਮਰ ਕੈਦ

ਪਟਿਆਲਾ, 12 ਫਰਵਰੀ (ਵਿਨੋਦ ਸ਼ਰਮਾ) : ਕਤਲ ਦੇ ਮਾਮਲੇ ਵਿੱਚ ਅਦਾਲਤ ਨੇ ਮਹਿਲਾ ਘੋਲੀ ਕੌਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਪੰਜਾਹ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਸਾਲ 2021 ਵਿੱਚ ਥਾਣਾ ਸਦਰ ਪਟਿਆਲਾ ਵਿਖੇ ਧਾਰਾ 302 ਆਈਪੀਸੀ ਦੇ ਤਹਿਤ ਮਾਮਲਾ ਦਰਜ ਕੀਤਾ ਸੀ। ਉਕਤ ਮਹਿਲਾ 'ਤੇ ਇਲਜ਼ਾਮ ਸੀ ਕਿ ਉਸ ਦੇ ਪਤੀ ਦੀ ਮੌਤ ਹੋ ਗਈ ਸੀ। ਇਸ ਸਬੰਧੀ ਮਾਮਲਾ ਦਰਜ ਕੀਤਾ ਸੀ।

## ਡਬਲ ਮਾਰਡਰ ਮਾਮਲੇ 'ਚੋਂ ਬਰੀ

ਪਟਿਆਲਾ, 12 ਫਰਵਰੀ (ਵਿਨੋਦ ਸ਼ਰਮਾ) : ਮਾਂ-ਬਾਪ ਦੇ ਕਤਲ ਦੇ ਮਾਮਲੇ ਵਿੱਚੋਂ ਇੱਕ ਵਿਅਕਤੀ ਸਾਹਿਲ ਸਿੰਗਲਾ ਵਾਸੀ ਤਫੱਜਲਪੁਰਾ ਨੂੰ ਵਧੀਕ ਸੈਸ਼ਨ ਜੱਜ ਵਰੁਣ ਨਾਗਪਾਲ ਦੀ ਅਦਾਲਤ ਨੇ ਬਰੀ ਕਰ ਦਿੱਤਾ ਹੈ। ਇਸ ਸਬੰਧੀ ਬਚਾਅਪੱਖ ਦੇ ਸੀਨੀਅਰ ਵਕੀਲ ਐਸਐਸ ਸੱਗੂ ਅਤੇ ਬੀਐਸ ਭੁੱਲਰ ਦੀਆਂ ਦਲੀਲਾਂ ਮੰਨਦਿਆਂ ਬਰੀ ਕਰ ਦਿੱਤਾ ਹੈ। ਇਸ ਸਬੰਧੀ ਥਾਣਾ ਅਰਬਨ ਅਸਟੇਟ ਪੁਲਿਸ ਨੇ ਸਾਲ 2019 ਮਾਮਲਾ ਦਰਜ ਕੀਤਾ ਸੀ।

## ਵਾਈ.ਪੀ.ਐਸ. ਚੌਂਕ 'ਚ ਜੰਗੀ ਯਾਦਗਾਰ ਸੈਨੋਟਾਫ਼ 'ਤੇ ਫ਼ੌਜੀ ਅਧਿਕਾਰੀਆਂ ਤੇ ਡੀ.ਸੀ. ਵੱਲੋਂ ਸ਼ਰਧਾਂਜਲੀਆਂ

ਪਟਿਆਲਾ, 12 ਫਰਵਰੀ (ਚ.ਨ.ਸ.) : ਪਟਿਆਲਾ ਦੇ ਚੌਥੇ ਮਿਲਟਰੀ ਲਿਟਰੇਚਰ ਫੈਸਟੀਵਲ ਦੀ ਸ਼ੁਰੂਆਤ ਮੌਕੇ ਅੱਜ ਸਵੇਰੇ ਇੱਥੇ ਵਾਈ.ਪੀ.ਐਸ. ਚੌਂਕ ਵਿਖੇ ਪਟਿਆਲਾ ਰਾਜ ਬਲ ਅਤੇ ਬਲੈਕ ਐਲੀਫੈਂਟ ਜੰਗੀ ਯਾਦਗਾਰ ਸਮਾਰਕ ਵਿਖੇ ਵੱਖ-ਵੱਖ ਜੰਗਾਂ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ। ਇਸ ਮੌਕੇ ਵਾਈ.ਪੀ.ਐਸ. ਸਕੂਲ ਤੋਂ ਸ਼ੁਰੂ ਕਰਵਾਈ ਗਈ ਬ੍ਰੇਵ ਹਾਰਟ ਮੋਟਰਸਾਈਕਲ ਰੈਲੀ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਤ, ਨਸ਼ਾ ਰਹਿਤ ਤੇ ਉਤਸ਼ਾਹ ਭਰਪੂਰ ਜ਼ਿੰਦਗੀ ਜਿਉਣ ਦਾ ਸੁਨੇਹਾ ਦਿੱਤਾ। ਇਸ ਮੌਕੇ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਵਾਈਸ ਚੇਅਰਮੈਨ ਲੈਫ.ਜਨ (ਰਿਟਾ.) ਚੇਤਿੰਦਰ ਸਿੰਘ, ਬ੍ਰਿਗੇਡੀਅਰ ਅਵਦਿੱਤਿਆ ਮਦਾਨ, ਭਾਰਤੀ ਸੈਨਾ ਦੀ 98 ਆਰਮਡ ਬ੍ਰਿਗੇਡ ਦੇ ਕਮਾਂਡਰ ਬ੍ਰਿਗੇਡੀਅਰ ਪਿਯੂਸ਼ ਬੱਬਰਵਾਲ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਏ.ਡੀ.ਸੀ.(ਯੂ.ਡੀ.) ਡਾ. ਇਸਮਤ ਵਿਜੇ ਸਿੰਘ, ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਸਮੇਤ ਹੋਰਨਾਂ ਨੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਇਸ ਤੋਂ ਬਾਅਦ ਵਾਈ.ਪੀ.ਐਸ. ਸਕੂਲ ਵਿਖੇ ਇਕੱਠੇ ਹੋਏ 100 ਦੇ ਕਰੀਬ ਵੱਖ-ਵੱਖ ਮੋਟਰਸਾਈਕਲ ਸਵਾਰਾਂ ਦੀ ਬ੍ਰੇਵ ਹਾਰਟ ਮੋਟਰਸਾਈਕਲ ਰੈਲੀ ਨੂੰ ਲੈਫ.ਜਨ (ਰਿਟਾ.) ਚੇਤਿੰਦਰ ਸਿੰਘ, ਬ੍ਰਿਗੇਡੀਅਰ ਅਵਦਿੱਤਿਆ ਮਦਾਨ, ਬ੍ਰਿਗੇਡੀਅਰ ਪਿਯੂਸ਼ ਬੱਬਰਵਾਲ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਵਾਈ.ਪੀ.ਐਸ. ਸਕੂਲ ਦੇ ਹੈਡਮਾਸਟਰ ਨਵੀਨ ਕੁਮਾਰ ਦੀਕਸ਼ਿਤ ਨੇ ਝੰਡੀ ਵਿਖਾ ਕੇ ਰਵਾਨਾ ਕੀਤਾ। ਇਹ ਰੈਲੀ ਪਟਿਆਲਾ ਸ਼ਹਿਰ ਵਿਖੇ ਕਰੀਬ 26 ਕਿੱਲੋਮੀਟਰ ਦਾ ਚੱਕਰ ਪੂਰਾ ਕਰਕੇ ਖ਼ਾਲਸਾ ਕਾਲਜ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ ਵਾਲੇ ਸਥਾਨ 'ਤੇ ਸਮਾਪਤ ਹੋਈ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ, ਭਾਰਤੀ ਫ਼ੌਜ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈ ਗਈ ਇਹ ਬ੍ਰੇਵ ਹਾਰਟ ਮੋਟਰਸਾਈਕਲ ਰਾਈਡ ਰੈਲੀ ਦਾ ਉਦੇਸ਼ ਜਿੱਥੇ ਦੇਸ਼ ਦੀ ਆਜ਼ਾਦੀ ਤੋਂ ਹੁਣ ਤੱਕ ਦੇ ਇਤਿਹਾਸ 'ਚ ਸ਼ਹੀਦ ਹੋਏ ਫ਼ੌਜੀਆਂ ਨੂੰ ਸ਼ਰਧਾਂਜਲੀ ਅਰਪਿਤ ਕਰਨਾ ਹੈ, ਉਥੇ ਹੀ ਨੌਜਵਾਨਾਂ ਨੂੰ ਐਡਵੈਂਚਰ ਲਈ ਉਤਸ਼ਾਹਤ ਕਰਕੇ ਨਸ਼ਿਆਂ ਤੋਂ ਰਹਿਤ ਇੱਕ ਅਨੁਸ਼ਾਸਤ ਤੇ ਸੁਰੱਖਿਅਤ ਭਵਿੱਖ ਜਿਉਣ ਲਈ ਪ੍ਰੇਰਤ ਕਰਨਾ ਵੀ ਹੈ। ਇਸ ਉਪਰੰਤ ਵਾਈ.ਪੀ.ਐਸ. ਸਕੂਲ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ ਦੇ ਹਿੱਸੇ ਵਜੋਂ ਕਰਵਾਏ ਗਏ ਇੱਕ ਬੌਧਿਕ ਸੈਸ਼ਨ ਮੌਕੇ ਪ੍ਰਸਿੱਧ ਬੁਲਾਰਿਆਂ ਬ੍ਰਿਗੇਡੀਅਰ ਅਦਵਿੱਤਿਆ ਮਦਾਨ ਅਤੇ ਮੇਜਰ ਜਨਰਲ ਹਰਵਿਜੇ ਸਿੰਘ ਨੇ ਵਾਈਪੀਐਸ ਵਿਦਿਆਰਥੀਆਂ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੌਜੂਦਾਂ ਸਮੇਂ ਸੰਸਾਰ ਵਿੱਚ ਚੱਲ ਰਹੇ ਯੁੱਧ ਵਰਗੇ ਹਾਲਾਤ ਉਤੇ ਆਪਣੇ ਵਿਚਾਰ ਪ੍ਰਗਟਾਏ। ਬ੍ਰਿਗੇਡੀਅਰ ਅਦਵਿੱਤਿਆ ਮਦਾਨ ਨੇ ਗ੍ਰੀਨਲੈਂਡ ਦੀ ਰਣਨੀਤਕ ਮਹੱਤਤਾ, ਅਮਰੀਕਾ-ਈਰਾਨ ਰੁਕਾਵਟ, ਅਤੇ ਗਾਜ਼ਾ ਸ਼ਾਂਤੀ ਸਮਝੌਤੇ ਨਾਲ ਸਬੰਧਤ ਵਿਕਾਸ ਸਮੇਤ ਮਹੱਤਵਪੂਰਨ ਗਲੋਬਲ ਫਲੈਸ਼ ਪੁਆਇੰਟਸ ਦਾ ਇੱਕ ਸੂਝਵਾਨ ਵਿਸ਼ਲੇਸ਼ਣ ਕੀਤਾ। ਮੇਜਰ ਜਨਰਲ ਹਰਵਿਜੇ ਸਿੰਘ ਨੇ ਵੈਨੇਜ਼ੁਏਲਾ ਸੰਕਟ 'ਤੇ ਇੱਕ ਵਿਆਪਕ ਬ੍ਰੀਫਿੰਗ ਕਰਦਿਆਂ, ਇਸਦੇ ਵਿਆਪਕ ਭੂ-ਰਾਜਨੀਤਿਕ ਪ੍ਰਭਾਵਾਂ ਨੂੰ ਉਜਾਗਰ ਕੀਤਾ। ਹੈੱਡਮਾਸਟਰ ਨਵੀਨ ਕੁਮਾਰ ਦੀਕਸ਼ਿਤ ਨੇ ਧੰਨਵਾਦ ਕਰਦਿਆਂ ਬੁਲਾਰਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ।



## 'ਮਹਿਫ਼ਲ-ਏ-ਸੁਖ਼ਨ' ਮੁਸ਼ਾਇਰਾ ਅੱਜ

ਪਟਿਆਲਾ, 12 ਫਰਵਰੀ (ਚ.ਨ.ਸ.) : ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਉਰਦੂ ਸ਼ਾਇਰੀ 'ਤੇ ਅਧਾਰਤ ਮੁਸ਼ਾਇਰੇ ਦਾ ਆਯੋਜਨ 'ਮਹਿਫ਼ਲ-ਏ-ਸੁਖ਼ਨ' ਦੇ ਸਿਰਲੇਖ ਅਧੀਨ 13 ਫਰਵਰੀ ਨੂੰ ਵਿਭਾਗ ਦੇ ਓਪਨ ਏਅਰ ਥੀਏਟਰ ਵਿੱਚ ਬਾਅਦ ਦੁਪਹਿਰ 2 ਵਜੇ ਕੀਤਾ ਜਾ ਰਿਹਾ ਹੈ। ਜਿਸ ਵਿੱਚ ਉਰਦੂ ਦੇ ਨਾਮਵਰ ਕਵੀ ਆਪਣੀ ਸ਼ਾਇਰੀ ਦੇ ਰੰਗ ਬਿਖੇਰਨਗੇ। ਮੁਸ਼ਾਇਰੇ ਦੇ ਆਯੋਜਕ ਸੰਯੁਕਤ ਨਿਰਦੇਸ਼ਕਾ ਚੰਦਨਦੀਪ ਕੌਰ ਤੇ ਖੋਜ ਅਫ਼ਸਰ ਸਤਪਾਲ ਸਿੰਘ ਚਹਿਲ ਨੇ ਦੱਸਿਆ ਕਿ ਇਸ ਮੁਸ਼ਾਇਰੇ ਦੀ ਪ੍ਰਧਾਨਗੀ ਜਨਾਬ ਸ਼ਮਸ ਤਬਰੇਜ਼ੀ ਕਰਨਗੇ। ਇਸ ਮੌਕੇ ਸ਼ਾਇਰ ਨਫ਼ਸ ਅੰਬਾਲਵੀ, ਮੁਕੇਸ਼ ਆਲਮ, ਪਰਵਿੰਦਰ ਸ਼ੋਖ, ਪ੍ਰੋ. ਰੂਬੀਨਾ ਸ਼ਬਨਮ, ਜਗਜੀਤ ਕਾਫ਼ਰ, ਅੰਮ੍ਰਿਤਪਾਲ ਸ਼ੈਦਾ, ਅਮਰਦੀਪ ਅਮਰ ਤੇ ਜਸਬੀਰ ਦਾਵਰ ਆਪਣੇ ਕਲਾਮ ਪੇਸ਼ ਕਰਨਗੇ।

## ਕੇਂਦਰ ਦੀਆਂ ਨੀਤੀਆਂ ਖ਼ਿਲਾਫ਼ ਸੜਕਾਂ 'ਤੇ ਉੱਤਰੇ ਕਿਸਾਨ-ਮਜ਼ਦੂਰ, ਸਰਕਾਰੀ ਬੱਸਾਂ ਰਹੀਆਂ ਬੰਦ

ਘਨੌਰ, 12 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਦੇਸ਼ ਵਿਆਪੀ ਹੜਤਾਲ ਦੇ ਸੱਦੇ ਨੂੰ ਘਨੌਰ ਵਿੱਚ ਭਰਪੂਰ ਸਮਰਥਨ ਮਿਲਿਆ। 10 ਕੇਂਦਰੀ ਟਰੇਡ ਯੂਨੀਅਨਾਂ, ਵੱਖ-ਵੱਖ ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਬੱਸ ਸਟੈਂਡ ਘਨੌਰ ਵਿਖੇ ਵਿਸ਼ਾਲ ਇਕੱਠ ਕੀਤਾ ਗਿਆ। ਰੋਸ ਪ੍ਰਦਰਸ਼ਨ ਵਿੱਚ ਕਾਮਰੇਡ ਧਰਮਪਾਲ ਸਿੰਘ ਸੀਲ, ਪਵਨ ਕੁਮਾਰ ਸੋਗਲਪੁਰ, ਡਾ. ਵਿਜੇਪਾਲ ਘਨੌਰ, ਕਾ. ਅਮਰਜੀਤ ਘਨੌਰ, ਮੇਜਰ ਸਿੰਘ ਮਰਦਾਂਪੁਰ, ਸੁਨੀਲ ਕੁਮਾਰ ਹਰਪਾਲਪੁਰ, ਪ੍ਰੇਮ ਸਿੰਘ ਘਨੌਰ, ਗੁਲਜ਼ਾਰ ਸਿੰਘ ਸਲੇਮਪੁਰ ਜੱਟਾਂ, ਮੁਲਾਜ਼ਮ ਆਗੂ ਸੰਗਤ ਸਿੰਘ, ਅਮਰਜੀਤ ਕੌਰ ਆਂਗਨਵਾੜੀ ਆਗੂ, ਦਵਿੰਦਰ ਸਿੰਘ ਸੀਲ, ਜਰਨੈਲ ਸਿੰਘ ਘਨੌਰ ਅਤੇ ਦੇਵ ਫੌਜੀ ਕਾਮੀ ਖੁਰਦ ਸਮੇਤ ਭਾਰੀ ਗਿਣਤੀ ਵਿੱਚ ਔਰਤਾਂ, ਕਿਸਾਨਾਂ, ਮਜ਼ਦੂਰਾਂ, ਪੀਆਰਟੀਸੀ ਅਤੇ ਬਿਜਲੀ ਕਾਮਿਆਂ ਨੇ ਸ਼ਿਰਕਤ ਕੀਤੀ। ਪ੍ਰਦਰਸ਼ਨਕਾਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲੇ ਸ਼ਹਿਰ ਦੇ ਬਾਜ਼ਾਰਾਂ ਵਿੱਚ ਘੁਮਾ ਕੇ ਸਾੜੇ ਅਤੇ ਕੇਂਦਰ ਸਰਕਾਰ ਦੀਆਂ ਆਰਥਿਕ ਨੀਤੀਆਂ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਨਿੱਜੀਕਰਨ ਦੀ ਪ੍ਰਕਿਰਿਆ ਰੋਕਣ, ਠੇਕੇਦਾਰੀ ਪ੍ਰਣਾਲੀ ਖਤਮ ਕਰਨ ਅਤੇ ਸਰਕਾਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਦੀ ਮੰਗ ਉਠਾਈ। ਆਗੂਆ ਨੇ ਕਿਹਾ ਕਿ ਬੇਲਗਾਮ ਖੁੱਲ੍ਹੇ ਵਪਾਰ ਅਤੇ ਆਯਾਤ-ਨਿਰਯਾਤ ਨੀਤੀਆਂ ਕਾਰਨ ਦੇਸੀ ਉਦਯੋਗਾਂ ਅਤੇ ਛੋਟੇ ਕਾਰੋਬਾਰਾਂ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ। ਸਸਤੇ ਵਿਦੇਸ਼ੀ ਸਮਾਨ ਨਾਲ ਦੇਸੀ ਉਤਪਾਦਨ ਪ੍ਰਭਾਵਿਤ ਹੋ ਰਿਹਾ ਹੈ, ਜਿਸ ਨਾਲ ਰੋਜ਼ਗਾਰ ਘਟ ਰਿਹਾ ਹੈ ਅਤੇ ਮਜ਼ਦੂਰ ਵਰਗ ਆਰਥਿਕ ਦਬਾਅ ਹੇਠ ਆ ਰਿਹਾ ਹੈ। ਖੇਤੀਬਾੜੀ ਖੇਤਰ ਵਿੱਚ ਉਤਪਾਦਾਂ ਦੀ ਕੀਮਤਾਂ ਵਿੱਚ ਅਸਥਿਰਤਾ ਅਤੇ ਵਧ ਰਹੀਆਂ ਲਾਗਤਾਂ ਨੂੰ ਵੀ ਆਗੂਆਂ ਨੇ ਖੁੱਲ੍ਹੇ ਵਪਾਰ ਦੀਆਂ ਨੀਤੀਆਂ ਨਾਲ ਜੋੜਿਆ ਅਤੇ ਸਰਕਾਰ ਤੋਂ ਸੁਰੱਖਿਆਤਮਕ ਕਦਮਾਂ ਦੀ ਮੰਗ ਕੀਤੀ। ਪ੍ਰਦਰਸ਼ਨ ਦੇ ਅੰਤ 'ਤੇ ਆਗੂਆਂ ਨੇ ਸਰਕਾਰ ਨੂੰ ਅੰਤਿਮ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਦੀਆਂ ਮੰਗਾਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ।



## ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



ਸਮਾਣਾ, 12 ਫਰਵਰੀ (ਵਿਜੇ ਕੁਮਾਰ) : ਸ਼ਹੀਦ ਬਾਬਾ ਦੀਪ ਸਿੰਘ ਦਲ ਪੰਜਾਬ ਦੇ ਪ੍ਰਧਾਨ ਜਥੇਦਾਰ ਦਲਜੀਤ ਸਿੰਘ ਪੰਜਰਥ ਦੇ ਉਪਰਾਲੇ ਨਾਲ ਅਨੋਖੇ ਅਮਰ ਸਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਪਿਛਲੇ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਛਤਰ ਛਾਇਆ ਹੇਠ ਸਿੱਖ ਟੈਂਪਲ ਵਿਸਕਾਨਸਨ (ਅਮਰੀਕਾ) ਵਿੱਚ ਬੜੀ ਸ਼ਰਧਾ ਭਾਵਨਾ ਮਨਾਇਆ ਗਿਆ। ਇਸ ਪਵਿੱਤਰ ਅਵਸਰ 'ਤੇ ਭਾਈ ਗੁਰਮੇਲ ਸਿੰਘ ਜੀ, ਹੈਡ ਗ੍ਰੰਥੀ ਗੁਰਦੁਆਰਾ ਸਿੱਖ ਟੈਂਪਲ ਵਿਸਕਾਨਸਨ, ਭਾਈ ਸੁਰਜੀਤ ਸਿੰਘ ਜੀ ਹਜ਼ੂਰੀ ਰਾਗੀ, ਭਾਈ ਭੁਪਿੰਦਰ ਸਿੰਘ ਜੀ ਦਾ ਰਾਗੀ ਜੱਥਾ ਅਤੇ ਭਾਈ ਪਰਮਜੀਤ ਸਿੰਘ ਜੀ ਕਥਾ ਵਾਚਕ ਨੇ ਹਾਜ਼ਰੀ ਭਰਦੇ ਹੋਏ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਕਥਾਵਾਚਕਾਂ ਨੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹਾਦਤ, ਸਿੱਖੀ ਲਈ ਉਨ੍ਹਾਂ ਦੇ ਅਟੁੱਟ ਜਜ਼ਬੇ ਅਤੇ ਬੇਮਿਸਾਲ ਬਲਿਦਾਨ ਬਾਰੇ ਵਿਸਥਾਰ ਨਾਲ ਚਾਨਣ ਪਾਇਆ। ਸੰਗਤਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼ਰਧਾ ਭਾਵ ਨਾਲ ਸਮਾਗਮ ਵਿੱਚ ਹਾਜ਼ਰੀ ਭਰੀ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਵਿਦੇਸ਼ ਦੀ ਧਰਤੀ 'ਤੇ ਇਸ ਪ੍ਰਕਾਰ ਦੇ ਧਾਰਮਿਕ ਸਮਾਗਮ ਨੇ ਸਿੱਖ ਕੌਮ ਦੀ ਏਕਤਾ, ਚੜ੍ਹਦੀਕਲਾ ਅਤੇ ਗੁਰੂ ਘਰ ਨਾਲ ਜੁੜੇ ਪਿਆਰ ਨੂੰ ਇੱਕ ਵਾਰ ਫਿਰ ਸਾਬਤ ਕੀਤਾ। ਇਹ ਸਮਾਗਮ ਵਿਸਕਾਨਸਨ ਦੀ ਧਰਤੀ 'ਤੇ ਸਿੱਖ ਕੌਮ ਲਈ ਇਕ ਯਾਦਗਾਰ ਪਲ ਸਾਬਤ ਹੋਇਆ, ਜਿਸ ਵਿਚ ਚੇਅਰਮੈਨ ਬਲਿਹਾਰ ਸਿੰਘ ਦਲਾਈ, ਸਮਾਜ ਸੇਵਕ ਸੁਖਵਿੰਦਰ ਸਿੰਘ ਘੱਗਰ,ਕੁਲਵੰਤ ਸਿੰਘ ਢਿੱਲੋਂ ਕਨਤਾ, ਮਨਦੀਪ ਧਵਨ,ਗੁਰਸਹਿਬ ਸਿੰਘ ਤੂਰ , ਗੁਰੂ ਘਰ ਦੇ ਪ੍ਰਧਾਨ ਬਲਵਿੰਦਰ ਸਿੰਘ, ਸੈਕਟਰੀ ਇੰਦਰਜੀਤ ਸਿੰਘ ਢਿੱਲੋਂ, ਪਰਮਿੰਦਰ ਸਿੰਘ ਗੋਲਡੀ, ਮਨਿੰਦਰ ਸਿੰਘ ਮੋਨਟੀ, ਹਰਜਿੰਦਰ ਸਿੰਘ ਜਿੰਦੀ, ਜਰਨੈਲ ਮੈਣੀ, ਮਨਜੀਤ ਸਿੰਘ ਮਿੱਟੂ, ਭੁਪਿੰਦਰ ਸਿੰਘ, ਬਿੰਦ ਸਿੰਘ ਸਣੇ ਸਾਰੇ ਪ੍ਰਚਾਰਕਾਂ ਦਾ ਪ੍ਰਧਾਨ ਪੰਜਰਥ ਸਨਮਾਨ ਕੀਤਾ। ਇਸ ਮੌਕੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।

## ਸੀਨੀ: ਵਕੀਲ ਕੁੰਦਨ ਸਿੰਘ ਨਾਗਰਾ, ਦੀਪਕ ਸੂਦ ਅਤੇ ਜਾਨਪਾਲ ਸਿੰਘ ਦੀਆਂ ਦਲੀਲਾਂ ਸੁਣ ਕੇ ਜੱਜ ਨੇ ਰਿਸ਼ਵਤ ਦੇ ਮਾਮਲੇ 'ਚੋਂ ਗੁਰਤੇਜ ਸਿੰਘ ਨੂੰ ਕੀਤਾ ਬਰੀ

ਪਟਿਆਲਾ, 12 ਫਰਵਰੀ (ਦੀਪਕ ਜੈਦਕਾ) : ਸ਼ਿਕਾਇਤਕਰਤਾ ਅਜੈਬ ਸਿੰਘ ਨੇ ਵਿਜੀਲੈਂਸ ਬਿਊਰੋ ਪਟਿਆਲਾ ਦੇ ਐਸਐਸਪੀ ਨੂੰ ਸ਼ਿਕਾਇਤ ਕੀਤੀ ਕਿ ਗੁਰਤੇਜ ਸਿੰਘ ਸੈਕਟਰੀ ਕੋਆਪਰੇਟਿਵ ਸੁਸਾਇਟੀ ਪਿੰਡ ਬਾਰਨ ਜ਼ਿਲ੍ਹਾ ਪਟਿਆਲਾ ਨੇ ਉਸ ਕੋਲੋਂ 50 ਫੀਸਦੀ ਕਰਜ਼ੇ ਦੀ ਰਕਮ ਦੀ ਜੋ ਪੰਜਾਬ ਸਰਕਾਰ ਵੱਲੋਂ ਮੁਆਫੀ ਆਈ ਸੀ, ਬਾਬਤ ਰਿਸ਼ਵਤ ਦੀ ਮੰਗ ਕਰ ਰਿਹਾ ਸੀ ਅਤੇ ਉਸ ਕੋਲੋਂ ਪਹਿਲਾਂ 35 ਹਜ਼ਾਰ ਰੁਪਏ ਵੀ ਲੈ ਗਏ ਹਨ ਅਤੇ ਉਸ ਦਿਨ ਉਹ 10 ਹਜ਼ਾਰ ਦੀ ਮੰਗ ਕਰ ਰਿਹਾ ਸੀ, ਜਿਸ 'ਤੇ ਡੀਐਸਪੀ ਵਿਜੀਲੈਂਸ ਬਿਊਰੋ ਨੇ ਗੁਰਤੇਜ ਸਿੰਘ ਸੈਕਟਰੀ ਨੂੰ ਜਦੋਂ ਉਹ ਸ਼ਿਕਾਇਤਕਰਤਾ ਅਜੈਬ ਸਿੰਘ ਕੋਲੋਂ ਮੰਗ ਕੇ 10 ਹਜ਼ਾਰ ਰੁਪਏ ਲੈ ਰਿਹਾ ਸੀ, ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਉਸ ਖਿਲਾਫ ਪੀਸੀ ਐਕਟ ਅਤੇ ਧਾਰਾ 384 ਆਈਪੀਸੀ ਤਹਿਤ 23 ਫਰਵਰੀ 2018 ਥਾਣਾ ਵਿਜੀਲੈਂਸ ਬਿਊਰੋ ਵਿਚ ਮਾਮਲਾ ਦਰਜ ਕੀਤਾ ਗਿਆ ਸੀ। ਚਲਾਨ ਅਦਾਲਤ ਵਿਚ ਪੇਸ਼ ਹੋਣ ਤੋਂ ਬਾਅਦ ਇਸ ਦੀ ਸੁਣਵਾਈ ਹੋਈ। ਅੱਜ ਮਾਨਯੋਗ ਅਦਾਲਤ ਸ੍ਰੀਮਤੀ ਹਰਿੰਦਰ ਕੌਰ ਸਿੱਧੂ ਸਪੈਸ਼ਲ ਜੱਜ ਨੇ ਸੀਨੀਅਰ ਵਕੀਲ ਸ. ਕੁੰਦਨ ਸਿੰਘ ਨਾਗਰਾ, ਸ੍ਰੀ ਦੀਪਕ ਸੂਦ ਅਤੇ ਸ. ਜਾਨਪਾਲ ਸਿੰਘ ਐਡਵੋਕੇਟਸ ਦੀਆਂ ਦਲੀਲਾਂ ਸੁਣ ਕੇ ਇਸਤਗਾਸਾ ਪੱਖ ਇਹ ਕੇਸ ਸਾਬਤ ਨਹੀਂ ਕਰ ਸਕਿਆ ਅਤੇ ਦੋਸ਼ੀ ਨਿਰਦੋਸ਼ ਹੈ, ਜਿਸ ਬਾਬਤ ਅਦਾਲਤ ਨੇ ਇਨ੍ਹਾਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਦੋਸ਼ੀ ਗੁਰਤੇਜ ਸਿੰਘ ਸੈਕਟਰੀ ਵੂਕਤ ਨੂੰ ਉਸ ਖਿਲਾਫ ਜੋ ਦੋਸ਼ ਲੱਗੇ ਸਨ, ਉਨ੍ਹਾਂ ਤੋਂ ਬਰੀ ਕਰ ਦਿੱਤਾ।

## ਹੁਣ ਸਿਵਲ ਹਸਪਤਾਲ 'ਚ ਵੀ ਹੋ ਸਕੇਗਾ ਪਿੱਤੇ ਦੀ ਪੱਥਰੀ ਦਾ ਦੂਰਬੀਨ ਰਾਹੀਂ ਇਲਾਜ

ਸਮਾਣਾ, 12 ਫਰਵਰੀ (ਵਿਜੇ ਕੁਮਾਰ) : ਸਿਵਲ ਹਸਪਤਾਲ ਸਮਾਣਾ 'ਚ ਸਿਹਤ ਵਿਭਾਗ ਵੱਲੋਂ ਡਾਕਟਰਾਂ ਦੀ ਚੱਲ ਰਹੀ ਕਮੀ ਨੂੰ ਪੂਰਾ ਕਰਨ ਲਈ ਕਈ ਨਵੇਂ ਡਾਕਟਰ ਤੈਨਾਤ ਕੀਤੇ ਗਏ ਹਨ। ਇਨ੍ਹਾਂ ਡਾਕਟਰਾਂ ਵਿਚ ਐਮ.ਐਸ.ਜਨਰਲ ਸਰਜਰੀ ਦੇ ਮਾਹਿਰ ਡਾ: ਸੋਨਾਲੀਕਾ ਸ਼ਰਮਾ ਨੂੰ ਪਟਿਆਲਾ ਤੋਂ ਬਦਲ ਕੇ ਸਮਾਣਾ ਲਗਾਇਆ ਗਿਆ। ਡਾ: ਸ਼ਰਮਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਹੁਣ ਸਿਵਲ ਹਸਪਤਾਲ ਵਿਚ ਵੀ ਦੂਰਬੀਨ ਨਾਲ ਪੀਤੇ ਪਥਰੀ ਦਾ ਇਲਾਜ ਕੀਤਾ ਜਾਵੇਗਾ।



## ਨੌਜਵਾਨਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ



ਘਨੌਰ, 12 ਫ਼ਰਵਰੀ (ਮਦਨ ਲਾਲ) : ਰਿਟਾਇਰ ਇੰਸਪੈਕਟਰ ਪ੍ਰੇਮ ਸਿੰਘ ਭੰਗੂ ਪ੍ਰਧਾਨ ਸ਼ਹੀਦ ਬਾਬਾ ਜੀਵਨ ਸਿੰਘ ਭਾਈ ਜੈਤਾ ਜੀ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਪੰਜਾਬ ਨੇ ਪਿੰਡ ਦੇ ਨੌਜਵਾਨਾ,ਪਿੰਡ ਵਾਸੀਆਂ ਅਤੇ ਆਮ ਜਨਤਾ ਨੂੰ ਨਸ਼ੇ ਦੇ ਖ਼ਿਲਾਫ਼ ਜਾਗਰੂਕ ਕੀਤਾ ਉਨਾਂ ਕਿਹਾ ਕਿ ਨਸ਼ੇ ਵਿਰੁੱਧ ਮੁਹਿੰਮ ਦਾ ਹਿੱਸਾ ਬਣਨਾ ਸਮਾਜ ਲਈ ਮਜ਼ਬੂਤੀ ਦਾ ਸੰਦੇਸ਼ ਹੈ। ਇਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਨਸ਼ੇ ਵਰਗੀ ਸਮਾਜਿਕ ਬੁਰਾਈ ਦੇ ਖ਼ਿਲਾਫ਼ ਹੁਣ ਪੂਰਾ ਸਮਾਜ ਇਕਜੁੱਟ ਹੋ ਰਿਹਾ ਹੈ। ਪ੍ਰੇਮ ਸਿੰਘ ਨੇ ਵਿਸ਼ਵਾਸ ਜਤਾਇਆ ਕਿ ਸਾਨੂੰ ਪਿੰਡ ਵਾਸੀਆਂ ਨੂੰ ਅਜਿਹੀਆਂ ਕੋਸ਼ਿਸ਼ਾਂ ਕਰਨ ਨਾਲ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਵੱਲ ਠੋਸ ਕਦਮ ਹੋਵੇਗਾ। ਇਸ ਮੌਕੇ ਕਰਨੈਲ ਸਿੰਘ ਭੰਗੂ ਸਾਬਕਾ ਸਰਪੰਚ ਸਲੇਮਪੁਰ ਸੇਖਾ,ਜਗੀਰ ਸਿੰਘ, ਮਾਲਕ ਸਿੰਘ, ਮੋਹਨ ਸਿੰਘ, ਗੁਰਨਾਮ ਸਿੰਘ, ਇੰਦਰਜੀਤ ਸਿੰਘ, ਹਰਮਨਜੋਤ ਸਿੰਘ ਭੰਗੂ, ਜਸ਼ਨਪ੍ਰੀਤ ਸਿੰਘ ,ਦਲਜੀਤ ਕੌਰ ਸਾਬਕਾ ਸਰਪੰਚ ਸਲੇਮਪੁਰ ਸੇਖਾ, ਹੈਪੀ ਸਿੰਘ ਭੰਗੂ ਸਮੇਤ ਹੋਰ ਵੀ ਪਿੰਡ ਵਾਸੀ ਤੇ ਇਲਾਕਾ ਵਾਸੀ ਹਾਜ਼ਰ ਸਨ।

## ਅੱਜ ਬਿਜਲੀ ਬੰਦ ਰਹੇਗੀ

ਘਨੌਰ, 12 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਆਮ ਅਤੇ ਖਾਸ ਬਿਜਲੀ ਖਪਤਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 66 ਕੇ ਵੀ ਗਰੀਡ ਪਿੰਡ ਮੋਹੀ ਕਲਾਂ ਦੀ 24 ਘੰਟੇ ਵਾਲੀ ਬਿਜਲੀ ਦੀ ਸਪਲਾਈ ਮਿਤੀ 13 ਫਰਵਰੀ ਦਿਨ ਸ਼ੁੱਕਰਵਾਰ ਨੂੰ ਸਵੇਰੇ 11ਵਜੇ ਤੋਂ ਸ਼ਾਮ 6 ਵਜੇ ਤੱਕ ਬੰਦ ਰਹੇਗੀ। ਇਸ ਦੀ ਜਾਣਕਾਰੀ ਦਿੰਦਿਆ ਮੇਜਰ ਸਿੰਘ ਐਸ ਡੀ ਓ ਬਨੂੜ,ਜੇ ਈ ਦਲਵੀਰ ਸਿੰਘ ਨੇ ਦੱਸਿਆ ਕਿ ਬਿਜਲੀ ਦੇ ਨਵੇਂ ਖੰਬੇ ਲਾਉਣ ਕਰਕੇ ਇਸ ਦੇ ਨੇੜਲੇ ਇਲਾਕੇ ਪਿੰਡ ਥੂਹਾ ,ਅਲਮਪੁਰ ਨੇਪਰਾ, ਗਾਰਦੀ ਨਗਰ ,ਮੋਹੀ ਖੁਰਦ ਸਵੇਰੇ 11 ਵਜੇ ਤੋਂ ਸ਼ਾਮੀ 6 ਵਜੇ ਤੱਕ ਬੰਦ ਰਹੇਗੀ।

## ਕਾਰ-ਮੋਟਰਸਾਈਕਲ ਟੱਕਰ 'ਚ ਮੋਟਰਸਾਈਕਲ ਸਵਾਰ ਦੀ ਮੌਤ



ਸਮਾਣਾ, 12 ਫਰਵਰੀ (ਵਿਜੇ ਕੁਮਾਰ): ਪਿੰਡ ਗਲੋਲੀ ਨੇੜੇ ਕਾਰ ਦੀ ਟੱਕਰ ਕਾਰਨ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋ ਜਾਣ 'ਤੇ ਉਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ, ਜਦੋਂਕਿ ਕਾਰ ਚਾਲਕ ਕਾਰ ਸਮੇਤ ਫ਼ਰਾਰ ਹੋ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਠਰੂਆ ਪੁਲਸ ਚੌਂਕੀ ਦੇ ਇੰਚਾਰਜ ਏ.ਐੱਸ.ਆਈ. ਜੈ ਪ੍ਰਕਾਸ਼ ਨੇ ਦੱਸਿਆ ਕਿ ਮ੍ਰਿਤਕ ਭੁਪਿੰਦਰ ਸਿੰਘ (30) ਪੁੱਤਰ ਸਤਨਾਮ ਸਿੰਘ, ਵਾਸੀ ਪਿੰਡ ਗੁਲਾਹੜ ਦੇ ਭਰਾ ਹਰਜਿੰਦਰ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਬੁੱਧਵਾਰ ਦੁਪਹਿਰ ਤੋਂ ਬਾਅਦ ਉਸ ਦਾ ਭਰਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਗਲੋਲੀ ਨੇੜਿਓਂ ਜਾ ਰਿਹਾ ਸੀ। ਸਾਹਮਣੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਦੇ ਚਾਲਕ ਨੇ ਲਾਪਰਵਾਹੀ ਨਾਲ ਆਪਣੀ ਕਾਰ ਮੋਟਰਸਾਈਕਲ ਵਿੱਚ ਮਾਰ ਦਿੱਤੀ। ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ ਕਾਰਨ ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਪੁਲਿਸ ਅਧਿਕਾਰੀ ਅਨੁਸਾਰ, ਅਣਪਛਾਤੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ, ਜਦਕਿ ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਸ੍ਰੀਮਦ ਭਾਗਵਤ ਕਥਾ ਅਬਲੋਵਾਲ ਵਿਖੇ ਕਰਵਾਈ

ਪਟਿਆਲਾ, 12 ਫਰਵਰੀ (ਚ.ਨ.ਸ.) : ਟੀਮ ਹਿਊਮਨ ਸਰਵਿਸ ਸੋਸਾਇਟੀ ਦੇ ਚੇਅਰਮੈਨ ਹਰਿਓਮ ਵੱਲੋਂ ਸ੍ਰੀਮਦ ਭਾਗਵਤ ਕਥਾ ਸਰਬਤ ਦੇ ਭਲੇ ਲਈ ਅਬਲੋਵਾਲ ਵਿਖੇ ਕਰਵਾਈ ਗਈ। ਪੰਡਿਤ ਸੰਜੈ ਕ੍ਰਿਸ਼ਨ ਗੋਸਵਾਮੀ ਜੀ ਮਹਾਰਾਜ ਸ੍ਰੀ ਬਰਿੰਦਾਬਨ ਮੱਥੁਰਾ ਵਾਲਿਆਂ ਨੇ 8 ਤੋਂ 15 ਫਰਵਰੀ ਤੱਕ ਇਹ ਕਥਾ ਦਾ ਗੁਣਗਾਨ ਕੀਤਾ ਜਾਵੇਗਾ। ਇਸ ਮੌਕੇ ਸੁਸਾਇਟੀ ਜਤਿੰਦਰ ਸ਼ਰਮਾ ਨੇ ਦੱਸਿਆ ਕਿ 15 ਤਰੀਕ ਨੂੰ ਜ਼ਰੂਰਤਮੰਦ ਗਰੀਬ ਪਰਿਵਾਰਾਂ ਦੀਆਂ ਲੜਕੀਆਂ ਦਾ ਵਿਆਹ ਅਬਲੋਵਾਲ ਤੇ ਚੰਡੀਗੜ੍ਹ ਗਰਾਊਂਡ ਮੇਲੇ ਵਿੱਚ ਕਰਵਾਏ ਜਾਣਗੇ। ਰੋਜ਼ਾਨਾ ਅਤੁੱਟ ਲੰਗਰ ਵੀ ਵਰਤਾਇਆ ਜਾਦਾ ਹੈ। ਇਸ ਮੌਕੇ 'ਤੇ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਜਤਿੰਦਰ ਸ਼ਰਮਾ, ਚੇਅਰਮੈਨ ਹਰਿਓਮ ਸਿੰਘ, ਰੰਧਾਵਾ ਸਿੰਘ ਪੰਡਿਤ, ਸੰਜੇ ਕ੍ਰਿਸ਼ਨ ਗੋਸਵਾਮੀ, ਮੁੱਖ ਪੁਜਾਰੀ ਰਾਜੇਂਦਰ ਕੌਸ਼ਿਕ, ਅਸ਼ੋਕ ਕੁਮਾਰ, ਬਲਜੀਤ ਸਿੰਘ ਤੇ ਭਾਰੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਰਹੇ।

## ਯਾਦਗਾਰੀ ਹੋ ਨਿਬੜਿਆ ਦਸਵੀਂ ਦੇ ਵਿਦਿਆਰਥੀਆਂ ਦਾ ਵਿਦਾਇਗੀ ਸਮਾਰੋਹ




ਸਮਾਣਾ, 12 ਫਰਵਰੀ (ਵਿਜੇ ਕੁਮਾਰ) : ਸਮਾਣਾ ਦੇ ਪਿੰਡ ਧਨੇਠਾ-ਰਤਨਹੇੜੀ ਸੜਕ 'ਤੇ ਸਥਿਤ 'ਜੀਓ ਪਲਾਨੈਂਟ ਕੋ-ਐਜੂਕੇਸ਼ਨ ਸਕੂਲ' (ਜੀ.ਪੀ.ਐਸ.) 'ਚ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਫੇਅਰਵੈੱਲ ਪਾਰਟੀ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਕੁਲਵਿੰਦਰ ਕੌਰ ਵਿਰਕ ਖਹਿਰਾ ਦੀ ਅਗਵਾਈ ਵਿਚ ਆਯੋਜਿਤ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੇ ਮਨੋਰੰਜਨ ਲਈ ਕਈ ਪ੍ਰਕਾਰ ਦੀਆਂ ਫਨੀ ਖੇਡਾਂ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਪੇਸ਼ ਕੀਤੀ ਕੋਰੀਓਗ੍ਰਾਫਰੀ ਆਪਣੀ ਇਕ ਅਮਿੱਟ ਛਾਪ ਛੱਡ ਗਈ। ਵਿਦਿਆਰਥੀਆਂ ਨੇ ਆਪਣੀਆਂ ਸਕੂਲ ਨਾਲ ਜੁੜੀਆਂ ਯਾਦਾਂ ਨੂੰ ਭਾਸ਼ਣ ਅਤੇ ਕਵਿਤਾਵਾਂ ਰਾਹੀ ਪ੍ਰਗਟ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਬਹੁਤ ਸਾਰੇ ਖਿਤਾਬਾਂ ਨਾਲ ਨਿਵਾਜਿਆ ਗਿਆ। ਇਸ ਮੌਕੇ ਸੀਨੀਅਰ ਵੈਟਰਨਰੀ ਅਫਸਰ ਡਾ. ਦੀਪਇੰਦਰ ਸਿੰਘ ਖਹਿਰਾ, ਪ੍ਰਿੰਸੀਪਲ ਕੁਲਵਿੰਦਰ ਕੌਰ ਵਿਰਕ ਖਹਿਰਾ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਅਤੇ ਸਫ਼ਲਤਾ ਲਈ ਸ਼ੁਭ ਕਾਮਨਾਵਾਂ ਦਿੱਤੀਆਂ ।

## ਸੁੱਖੇਵਾਲ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ

ਨਾਭਾ, 12 ਫਰਵਰੀ (ਬਲਜਿੰਦਰ ਮਾਨ) : ਪਿਛਲੇ ਦਿਨੀਂ 28 ਸਾਲਾਂ ਸਿਕੰਦਰ ਸਿੰਘ ਪੁੱਤਰ ਜੱਗਾ ਸਿੰਘ ਦੇ ਹੋਏ ਕਤਲ ਤੋਂ ਬਾਅਦ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਕੁਲਵਿੰਦਰ ਸਿੰਘ ਸੁੱਖੇਵਾਲ ਚੇਅਰਮੈਨ ਕਾਂਗਰਸ ਐਸਸੀ ਵਿਭਾਗ ਪਹੁੰਚੇ ਪਰਿਵਾਰ ਨੇ ਚੇਅਰਮੈਨ ਕੁਲਵਿੰਦਰ ਸਿੰਘ ਕੋਲ ਆਪਣਾ ਦੁੱਖ ਦੱਸਦਿਆਂ ਨਾਲ ਦੇ ਡਰਾਈਵਰ 'ਤੇ ਕਤਲ ਦਾ ਕਥਿਤ ਇਲਜ਼ਾਮ ਲਗਾਇਆ ਅਤੇ ਪੁਲਿਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਵੀ ਸਵਾਲ ਚੁੱਕੇ । ਕੁਲਵਿੰਦਰ ਸਿੰਘ ਸੁੱਖੇਵਾਲ ਨੇ ਦੱਸਿਆ ਕਿ ਉਹਨਾਂ ਉੱਥੋਂ ਦੇ ਸਰਪੰਚ ਗੁਰਜੰਟ ਸਿੰਘ ਅਤੇ ਐਸ ਐਚ ਓ ਕੋਤਵਾਲੀ ਨਾਲ ਫੋਨ ਤੇ ਗੱਲ ਬਾਤ ਕੀਤੀ ਐਸਐਚ ਓ ਨੇ ਕਿਹਾ ਕਿ ਮੈਨੂੰ ਉਸ ਦਿਨ ਤੋਂ ਬਾਅਦ ਕੋਈ ਅਪਡੇਟ ਨਹੀਂ। ਬਲਵਿੰਦਰ ਸਿੰਘ ਏ ਐਸ ਆਈ ਕੇਸ ਨੂੰ ਡੀਲ ਕਰ ਰਹੇ ਹਨ, ਲੇਕਿਨ ਪਰਿਵਾਰ ਦਾ ਕਹਿਣਾ ਹੈ ਕਿ ਏ ਐਸ ਆਈ ਬਲਵਿੰਦਰ ਸਿੰਘ ਨੇ ਕੋਈ ਕਾਰਵਾਈ ਨਹੀਂ ਕੀਤੀ। ਸੁੱਖੇਵਾਲ ਨੇ ਅੱਗੇ ਕਿਹਾ ਕਿ ਪਰਿਵਾਰ ਨੂੰ ਇਨਸਾਫ ਮਿਲਣਾ ਚਾਹੀਦਾ ਹੈ, ਕਿਉਂਕਿ ਉਹਨਾਂ ਨੇ ਨੌਜਵਾਨ ਪੁੱਤਰ ਖੋਹਿਆ ਹੈ ਸਿਕੰਦਰ ਸਿੰਘ ਦੇ ਇੱਕ ਛੋਟੀ ਦੋ ਢਾਈ ਸਾਲ ਦੀ ਧੀ ਵੀ ਹੈ ਅਤੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਜੇਕਰ ਪੋਸਟਮਾਰਟਮ ਦੀ ਰਿਪੋਰਟ ਵਿੱਚ ਕੁਝ ਅਜਿਹਾ ਆਉਂਦਾ ਹੈ, ਤਾਂ ਉਹ ਪਰਿਵਾਰ ਦੇ ਨਾਲ ਡੱਟ ਕੇ ਖੜਨਗੇ ਅਤੇ ਜੋ ਵੀ ਕਰਨਾ ਹੋਇਆ ਕਰਕੇ ਕਥਿਤ ਦੋਸ਼ੀਆਂ ਨੂੰ ਸਜ਼ਾ ਦਿਵਾਉਣਗੇ।

